ਮੰਗਲਵਾਰ, 24 ਮਾਰਚ, 2026
11 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 292

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 24 MARCH, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57
E-mail : nawanzamana@gmail.com www.nawanzamana.in


'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

# ਅਮਰੀਕਾ ਦੀ ਗੁੰਡਾਗਰਦੀ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਨਾ ਸਮੇਂ ਦੀ ਲੋੜ : ਬੰਤ ਸਿੰਘ ਬਰਾੜ

## ਖੱਬੀਆਂ ਪਾਰਟੀਆਂ ਵੱਲੋਂ ਖਟਕੜ ਕਲਾਂ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ

**ਬੰਗਾ (ਅਵਤਾਰ ਕਲੇਰ)**

ਭਾਰਤੀ ਕਮਿਊਨਿਸਟ ਪਾਰਟੀ ਅਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵਲੋਂ ਭਾਰਤ ਦੀ ਅਜ਼ਾਦੀ ਸੰਗਰਾਮ ਦੇ ਕੌਮੀ ਹੀਰੋ, ਨੌਜਵਾਨਾਂ ਦੇ ਰਾਹ-ਦਸੇਰਾ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦ 'ਚ ਖਟਕੜ ਕਲਾਂ ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਗਿਆ। ਸ਼ਰਧਾਂਜਲੀ ਸਮਾਗਮ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਅਸ਼ੋਕ ਓਮਕਾਰ (ਆਂਧਰਾ ਪ੍ਰਦੇਸ਼) ਜਨਰਲ ਸਕੱਤਰ (ਐੱਮ ਸੀ ਪੀ ਆਈ ਯੂ), ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਆਦਿ ਆਗੂਆਂ ਨੇ ਸੰਬੋਧਨ ਕੀਤਾ। ਸ਼ਹੀਦੀ ਸਮਾਗਮ



ਦੀ ਪ੍ਰਧਾਨਗੀ ਨਰੰਜਣ ਦਾਸ ਮੇਹਲੀ ਅਤੇ ਹਰਪਾਲ ਸਿੰਘ ਜਗਤਪੁਰ ਨੇ ਸਾਂਝੇ ਤੌਰ 'ਤੇ ਕੀਤੀ। ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਭਰ ਜਵਾਨੀ 'ਚ ਭਾਰਤ ਨੂੰ • ਬਾਕੀ ਸਫਾ 2 'ਤੇ



# ਸ਼ਹੀਦ-ਏ-ਆਜ਼ਮ ਭਗਤ ਸਿੰਘ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਦੇਸ਼ ਦੇ ਹਾਲਾਤ ਅੱਜ ਕੁਝ ਹੋਰ ਹੁੰਦੇ : ਮਾਨ

**ਹੁਸੈਨੀਵਾਲਾ (ਫਿਰੋਜ਼ਪੁਰ) :** ਫਿਰੋਜ਼ਪੁਰ ਦੇ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦਾਂ ਦੇ ਸਨਮਾਨ ਵਜੋਂ ਉਨ੍ਹਾਂ ਦੇ ਸੁਪਨਿਆਂ ਦਾ 'ਰੰਗਲਾ ਪੰਜਾਬ' ਬਣਾਉਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਇੱਥੇ ਇਤਿਹਾਸਕ ਕੌਮੀ ਸ਼ਹੀਦ ਸਮਾਰਕ 'ਤੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸ਼ਹੀਦਾਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਅਤੇ 24.99 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ। ਦੇਸ਼ ਦੇ ਮਹਾਨ ਇਨਕਲਾਬੀਆਂ ਦੀ ਸ਼ਾਨਾਮੱਤੀ ਵਿਰਾਸਤ ਨੂੰ ਯਾਦ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਮੌਕਾ ਸਿਰਫ਼ ਉਨ੍ਹਾਂ ਯੋਧਿਆਂ ਦੀ ਕੁਰਬਾਨੀ ਨੂੰ ਯਾਦ ਕਰਨ ਦਾ ਨਹੀਂ, ਸਗੋਂ ਉਨ੍ਹਾਂ ਦੇ ਆਦਰਸ਼ਾਂ ਅਤੇ ਬੇਇਨਸਾਫ਼ੀ ਵਿਰੁੱਧ ਆਢਾ ਲੈਣ ਵਾਲੇ ਦ੍ਰਿੜ੍ਹ ਇਰਾਦਿਆਂ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦਾ ਹੈ। ਉਨ੍ਹਾ ਸ਼ਹੀਦਾਂ ਦੀ ਮਹਾਨ ਸੋਚ ਅਨੁਸਾਰ ਪੰਜਾਬ ਅਤੇ ਦੇਸ਼ ਦੀ ਸੇਵਾ ਕਰਨ ਦੇ ਆਪਣੇ ਇਰਾਦੇ ਨੂੰ ਦੁਹਰਾਇਆ ਅਤੇ ਨਾਲ ਹੀ ਇਨ੍ਹਾਂ ਮਹਾਨ ਆਜ਼ਾਦੀ ਘੁਲਾਟੀਆਂ ਨੂੰ ਹਾਲੇ ਤੱਕ ਭਾਰਤ ਰਤਨ ਨਾ ਦਿੱਤੇ ਜਾਣ 'ਤੇ ਵੀ ਸਵਾਲ ਉਠਾਇਆ। ਉਨ੍ਹਾ ਕਿਹਾ ਕਿ ਆਜ਼ਾਦੀ ਦੇ ਸ਼ੁਰੂਆਤੀ ਸਾਲਾਂ ਦੌਰਾਨ ਜੇਕਰ ਦੇਸ਼ ਦੀ ਵਾਗਡੋਰ ਅਜਿਹੇ ਦਲੇਰ ਨੌਜਵਾਨਾਂ ਦੇ ਹੱਥ ਹੁੰਦੀ ਤਾਂ ਭਾਰਤ ਦਾ ਚਿਹਰਾ-ਮੋਹਰਾ ਹੋਰ ਹੀ ਹੁੰਦਾ।

ਇਕੱਠ ਨੂੰ ਸੰਬੋਧਨ ਕਰਦਿਆਂ ਮਾਨ ਨੇ ਕਿਹਾ, 'ਇਸ ਦੇਸ਼ ਦੇ ਲਾਲਚੀ ਤੇ ਸਵਾਰਥੀ ਆਗੂਆਂ ਨੇ ਜਿਉਂਦੇ ਜੀਅ ਆਪਣੇ ਨਾਵਾਂ 'ਤੇ ਸਟੇਡੀਅਮ ਬਣਾਏ ਹਨ, ਪਰ ਸ਼ਹੀਦ ਭਗਤ ਸਿੰਘ, ਸ਼ਹੀਦ ਰਾਜਗੁਰੂ ਅਤੇ ਸ਼ਹੀਦ ਸੁਖਦੇਵ ਵਰਗੇ ਸੱਚੇ ਸ਼ਹੀਦਾਂ ਨੂੰ ਸਨਮਾਨਤ • ਬਾਕੀ ਸਫਾ 2 'ਤੇ

# ਲਾਲਜੀਤ ਭੁੱਲਰ ਤੇ ਪੀ ਏ ਗ੍ਰਿਫਤਾਰ

**ਅੰਮ੍ਰਿਤਸਰ :** ਪੰਜਾਬ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਦੇ ਖੁਦਕੁਸ਼ੀ ਕੇਸ ਵਿੱਚ ਨਾਮਜ਼ਦ ਕੀਤੇ ਗਏ ਪੱਟੀ ਤੋਂ ਵਿਧਾਇਕ ਤੇ ਸਾਬਕਾ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਉਸ ਦੇ ਪੀ ਏ ਦਿਲਬਾਗ ਸਿੰਘ ਨੂੰ ਅੰਮ੍ਰਿਤਸਰ ਪੁਲਸ ਨੇ ਸੋਮਵਾਰ ਮੰਡੀ ਗੋਬਿੰਦਗੜ੍ਹ ਤੋਂ ਗ੍ਰਿਫਤਾਰ ਕਰ ਲਿਆ।

ਲਾਲਜੀਤ ਭੁੱਲਰ ਅਤੇ ਉਸ ਦੇ ਪਿਤਾ ਸੁਖਦੇਵ ਸਿੰਘ ਭੁੱਲਰ ਤੇ ਪੀ ਏ ਦਿਲਬਾਗ ਸਿੰਘ ਖਿਲਾਫ ਕੇਸ ਥਾਣਾ ਰਣਜੀਤ ਐਵੇਨਿਊ ਦੀ ਪੁਲਸ ਵੱਲੋਂ ਮ੍ਰਿਤਕ ਗਗਨਦੀਪ ਦੀ ਪਤਨੀ ਉਪਿੰਦਰ ਕੌਰ ਦੀ ਸ਼ਿਕਾਇਤ ਦੇ ਆਧਾਰ 'ਤੇ ਦਰਜ ਕੀਤਾ ਸੀ। ਭੁੱਲਰ ਨੇ ਗ੍ਰਿਫਤਾਰੀ ਤੋਂ ਪਹਿਲਾਂ ਸੋਸ਼ਲ ਮੀਡੀਆ 'ਤੇ ਪੋਸਟ ਸਾਂਝੀ ਕਰਕੇ ਆਤਮਸਮਰਪਣ ਦੀ ਗੱਲ ਕਹੀ। ਭੁੱਲਰ ਨੇ ਕਿਹਾ, 'ਮੈਨੂੰ ਦੇਸ਼ ਦੇ ਕਾਨੂੰਨ' ਉੱਤੇ ਪੂਰਾ ਭਰੋਸਾ ਹੈ ਅਤੇ ਨਿਆਂ ਪ੍ਰਣਾਲੀ 'ਤੇ ਅਟੱਲ ਵਿਸ਼ਵਾਸ ਹੈ। ਮੈਂ ਕਿਤੇ ਵੀ ਨਹੀਂ ਭੱਜਿਆ, ਮੈਂ ਆਪਣੇ ਪੰਜਾਬ ਵਿੱਚ ਹੀ ਹਾਂ। ਸਚਾਈ ਅਤੇ ਇਨਸਾਫ਼ 'ਤੇ ਯਕੀਨ ਰੱਖਦਿਆਂ ਮੈਂ ਖ਼ੁਦ ਮੰਡੀ ਗੋਬਿੰਦਗੜ੍ਹ ਵਿਖੇ ਆਤਮਸਮਰਪਣ ਕਰ ਰਿਹਾ ਹਾਂ।'

ਇਸੇ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ, "ਮੇਰੇ ਲਈ ਸਾਰਾ ਪੰਜਾਬ ਹੀ ਇੱਕ ਪਰਿਵਾਰ ਹੈ...ਪੰਜਾਬ 'ਚ ਕੋਈ ਵੀ ਜੇਕਰ ਕਾਨੂੰਨ ਦੀ ਉਲੰਘਣਾ ਕਰੇਗਾ ਉਸ ਵਿਰੁੱਧ ਸਖ਼ਤ ਕਾਰਵਾਈ ਹੋਵੇਗੀ ਭਾਵੇਂ ਉਹ ਕਿਸੇ ਵੀ ਅਹੁਦੇ ਉੱਤੇ ਜਾਂ ਮੇਰਾ ਕੋਈ ਸਕਾ-ਸੰਬੰਧੀ ਜਾਂ ਰਸੂਖਦਾਰ ਹੋਵੇ...ਕਿਸੇ ਦੀ ਪੁਸ਼ਤਪਨਾਹੀ ਕਰਨੀ ਸਾਡੀ ਪਾਰਟੀ ਦਾ ਏਜੰਡਾ ਨਹੀਂ ਹੈ...ਕੈਸ਼ ਅਤੇ ਫਰਮਾਇਸ਼ ਦੀ ਸਖ਼ਤ ਮਨਾਹੀ ਹੈ ...।"

ਰੰਧਾਵਾ ਨੇ ਲਾਲਜੀਤ ਸਿੰਘ ਭੁੱਲਰ 'ਤੇ ਕਈ ਤਰ੍ਹਾਂ ਦੇ ਦੋਸ਼ ਲਗਾਉਂਦਿਆਂ ਖੁਦਕੁਸ਼ੀ ਕਰ ਲਈ ਸੀ। ਇਸ ਮਾਮਲੇ ਦੀ ਜਾਣਕਾਰੀ ਮਿਲਦਿਆਂ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਾਲਜੀਤ ਭੁੱਲਰ ਤੋਂ ਕੈਬਨਿਟ ਮੰਤਰੀ ਦੇ ਅਹੁਦੇ ਤੋਂ • ਬਾਕੀ ਸਫਾ 2 'ਤੇ

# ਟਰੰਪ ਪਲਟਿਆ, 5 ਦਿਨ ਹਮਲੇ ਨਾ ਕਰਨ ਦਾ ਐਲਾਨ

**ਵਾਸ਼ਿੰਗਟਨ :** ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸੋਮਵਾਰ ਕਿਹਾ ਕਿ ਅਮਰੀਕਾ ਦੀ ਈਰਾਨ ਨਾਲ ਚੰਗੀ ਅਤੇ ਉਸਾਰੂ ਗੱਲਬਾਤ ਹੋਈ ਹੈ। ਉਨ੍ਹਾ ਨੇ ਫੌਜ ਨੂੰ ਹੁਕਮ ਦਿੱਤਾ ਹੈ ਕਿ ਈਰਾਨੀ ਪਾਵਰ ਪਲਾਂਟਾਂ ਅਤੇ ਊਰਜਾ ਦੇ ਬੁਨਿਆਦੀ ਢਾਂਚੇ 'ਤੇ ਕੀਤੇ ਜਾਣ ਵਾਲੇ ਕਿਸੇ ਵੀ ਫੌਜੀ ਹਮਲੇ ਨੂੰ ਪੰਜ ਦਿਨਾਂ ਲਈ ਮੁਲਤਵੀ ਕਰ ਦਿੱਤਾ ਜਾਵੇ। ਟਰੰਪ ਦਾ ਇਹ ਬਿਆਨ ਈਰਾਨ ਦੀ ਉਸ ਧਮਕੀ ਤੋਂ ਬਾਅਦ ਆਇਆ ਹੈ, ਜਿਸ ਵਿੱਚ ਈਰਾਨ ਨੇ ਕਿਹਾ ਸੀ ਕਿ ਜੇ ਅਮਰੀਕਾ ਨੇ ਉਸ ਦੇ ਬਿਜਲੀ ਨੈੱਟਵਰਕ ਨੂੰ ਨਿਸ਼ਾਨਾ ਬਣਾਇਆ ਤਾਂ ਉਹ ਇਜ਼ਰਾਈਲ ਦੇ ਪਾਵਰ ਪਲਾਂਟਾਂ ਅਤੇ ਖਾੜੀ ਖੇਤਰ ਵਿੱਚ ਅਮਰੀਕੀ ਬੇਸਾਂ ਨੂੰ ਸਪਲਾਈ ਦੇਣ ਵਾਲੇ ਪਲਾਂਟਾਂ 'ਤੇ ਹਮਲਾ ਕਰੇਗਾ। ਹਾਲਾਂਕਿ ਅਮਰੀਕਾ ਨੇ ਈਰਾਨ ਦੇ ਫੌਜੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਹੈ, ਪਰ ਦੁਨੀਆ ਭਰ ਵਿੱਚ ਤੇਲ ਦੇ ਸੰਕਟ ਅਤੇ ਕੀਮਤਾਂ ਵਧਣ ਦੇ ਡਰੋਂ ਉਸ ਨੇ ਈਰਾਨ ਦੇ ਤੇਲ ਟਰਮੀਨਲਾਂ (ਜਿੱਥੋਂ ਤੇਲ ਭੇਜਿਆ ਜਾਂਦਾ ਹੈ) 'ਤੇ ਸਿੱਧਾ ਹਮਲਾ ਨਹੀਂ ਕੀਤਾ। ਇਸ ਦਾ ਫਾਇਦਾ ਉਠਾਉਂਦੇ ਹੋਏ ਈਰਾਨ ਨੇ ਆਪਣੇ ਤੇਲ ਦੇ ਅੱਡੇ ਚਾਲੂ ਰੱਖੇ ਹਨ ਅਤੇ ਚੋਰੀ-ਛਿਪੇ ਚੱਲਣ ਵਾਲੇ ਜਹਾਜ਼ਾਂ ਰਾਹੀਂ ਚੀਨ ਨੂੰ ਲਗਾਤਾਰ ਤੇਲ ਦੀ ਸਪਲਾਈ ਜਾਰੀ ਰੱਖੀ ਹੋਈ ਹੈ। ਅਮਰੀਕਾ ਦੇ ਖਜ਼ਾਨਾ ਮੰਤਰੀ ਸਕਾਟ ਬੇਸੈਂਟ ਨੇ ਕਿਹਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਮੱਧ ਪੂਰਬ ਵਿੱਚ ਅਮਨ ਕਾਇਮ ਕਰਨ ਲਈ • ਬਾਕੀ ਸਫਾ 2 'ਤੇ

# ਸਿਆਸਤਦਾਨਾਂ ਨੇ ਆਪਣੇ ਆਗੂਆਂ ਦੇ ਨਾਂਅ 'ਤੇ ਯਾਦਗਾਰਾਂ ਬਣਾਈਆਂ ਪਰ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਅੱਖੋਂ ਪਰੋਖੇ ਕੀਤਾ : ਭਗਵੰਤ ਮਾਨ

**ਖਟਕੜ ਕਲਾਂ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਹੀਦ-ਏ-ਆਜ਼ਮ ਭਗਵਤ ਸਿੰਘ ਦੇ ਸ਼ਹੀਦੀ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਦੇਸ਼ ਵਿੱਚ ਕਈ ਸਿਆਸਤਦਾਨਾਂ ਨੇ ਆਪਣੇ ਆਗੂਆਂ ਦੇ ਨਾਂਅ 'ਤੇ ਸ਼ਾਨਦਾਰ ਯਾਦਗਾਰਾਂ ਬਣਾਈਆਂ ਹਨ, ਪਰ ਭਗਤ ਸਿੰਘ ਵਰਗੇ ਮਹਾਨ ਸ਼ਹੀਦਾਂ ਨੂੰ ਅਕਸਰ ਅਣਡਿੱਠਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਜੇਕਰ ਸ਼ਹੀਦ ਭਗਤ ਸਿੰਘ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਹੁੰਦੇ ਤਾਂ ਦੇਸ਼ ਦੀ ਤਸਵੀਰ ਬਿਲਕੁਲ ਵੱਖਰੀ ਹੁੰਦੀ। ਉਨ੍ਹਾਂ ਇਹ ਵੀ ਕਿਹਾ ਕਿ ਜੇ ਆਜ਼ਾਦੀ ਤੋਂ ਬਾਅਦ ਦੇਸ਼ ਦੀ ਵਾਗਡੋਰ ਨੌਜਵਾਨਾਂ ਨੂੰ



ਸੌਂਪੀ ਜਾਂਦੀ ਤਾਂ ਭਾਰਤ ਅੱਜ ਵਿਸ਼ਵ ਪੱਧਰ 'ਤੇ ਅਗੇਤਰ ਦੇਸ਼ ਬਣ ਸਕਦਾ ਸੀ।ਖਟਕੜ ਕਲਾਂ ਅਤੇ ਹੁਸੈਨੀਵਾਲਾ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕਰਨ • ਬਾਕੀ ਸਫਾ 2 'ਤੇ

## ਹਿਮਾਚਲ ਦੀਆਂ ਕਮਰਸ਼ੀਅਲ ਗੱਡੀਆਂ 'ਤੇ ਐਂਟਰੀ ਟੈਕਸ ਲਾਉਣ 'ਤੇ ਵਿਚਾਰ : ਬੈਂਸ

**ਰੋਪੜ :** ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਪਹਿਲੀ ਅਪਰੈਲ ਤੋਂ ਐਂਟਰੀ ਟੈਕਸ ਵਧਾਉਣ ਦੇ ਫੈਸਲੇ ਦੇ ਜਵਾਬ ਵਿੱਚ ਪੰਜਾਬ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੋਮਵਾਰ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੀ ਹਿਮਾਚਲ ਪ੍ਰਦੇਸ਼ ਵਿੱਚ ਰਜਿਸਟਰਡ ਕਮਰਸ਼ੀਅਲ ਗੱਡੀਆਂ 'ਤੇ ਐਂਟਰੀ ਟੈਕਸ ਲਗਾਉਣ ਦੀ ਯੋਜਨਾ ਬਣਾ ਰਹੀ ਹੈ। ਉਨ੍ਹਾ ਕਿਹਾ ਕਿ ਹਾਲਾਂਕਿ ਸਰਕਾਰ ਆਮ ਲੋਕਾਂ 'ਤੇ ਬੋਝ ਨਹੀਂ ਪਾਉਣਾ ਚਾਹੁੰਦੀ, ਪਰ ਹਿਮਾਚਲ ਦੀਆਂ ਕਮਰਸ਼ੀਅਲ ਗੱਡੀਆਂ 'ਤੇ ਟੈਕਸ ਲਗਾ ਕੇ ਉੱਥੋਂ ਦੀ ਸਰਕਾਰ ਨੂੰ ਲੋਕਾਂ ਦੀ ਤਕਲੀਫ ਦਾ ਅਹਿਸਾਸ ਕਰਵਾਇਆ ਜਾਵੇਗਾ। ਬੈਂਸ ਨੇ ਕਿਹਾ ਕਿ ਹਿਮਾਚਲ ਸਰਕਾਰ ਵੱਲੋਂ ਨੈਸ਼ਨਲ ਹਾਈਵੇਅ 'ਤੇ ਟੈਕਸ ਲਗਾਉਣਾ ਪੂਰੀ ਤਰ੍ਹਾਂ ਗੈਰ-ਕਾਨੂੰਨੀ ਹੈ, ਕਿਉਂਕਿ ਇਹ ਸੜਕਾਂ ਨੈਸ਼ਨਲ ਹਾਈਵੇਅ ਅਥਾਰਟੀ ਆਫ ਇੰਡੀਆ ਅਧੀਨ ਆਉਂਦੀਆਂ ਹਨ। ਪੰਜਾਬ ਸਰਕਾਰ ਇਸ ਮਾਮਲੇ ਨੂੰ ਲੈ ਕੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਣ ਦੀ ਤਿਆਰੀ ਕਰ ਰਹੀ ਹੈ।

## ਬੈਂਕ ਗਾਰਡ ਗੰਭੀਰ ਜ਼ਖਮੀ

**ਤਲਵਾੜਾ :** ਬੀ ਬੀ ਐੱਮ ਬੀ ਕਾਲੋਨੀ ਸੈਕਟਰ-2 ਸਥਿਤ ਪੰਜਾਬ ਨੈਸ਼ਨਲ ਬੈਂਕ ਵਿੱਚ ਦੁਨਾਲੀ ਬੰਦੂਕ ਵਿੱਚੋਂ ਅਚਾਨਕ ਗੋਲੀ ਚੱਲਣ ਕਾਰਨ ਸੁਰੱਖਿਆ ਗਾਰਡ ਗੁਰਮੇਲ ਸਿੰਘ (48) ਵਾਸੀ ਦਸੂਹਾ ਗੰਭੀਰ ਜ਼ਖਮੀ ਹੋ ਗਿਆ। ਉਸ ਨੂੰ ਜਲੰਧਰ ਦੇ ਹਸਪਤਾਲ ਲਈ ਰੈਫਰ ਕਰਨਾ ਪਿਆ।

## ਜਹਾਜ਼ 'ਚ ਗੱਡੀ ਵੱਜੀ, ਪਾਇਲਟ ਤੇ ਕੋ-ਪਾਇਲਟ ਦੀ ਮੌਤ




**ਨਿਊਯਾਰਕ :** ਇੱਥੋਂ ਦੇ ਲਾ ਗਾਰਡੀਆ ਹਵਾਈ ਅੱਡੇ 'ਤੇ ਏਅਰ ਕੈਨੇਡਾ ਐਕਸਪ੍ਰੈਸ ਦਾ ਮਾਂਟ੍ਰੀਅਲ ਤੋਂ ਆਇਆ ਜਹਾਜ਼ ਉਤਰਨ ਤੋਂ ਬਾਅਦ ਰਨਵੇਅ 'ਤੇ ਫਾਇਰ ਬ੍ਰਿਗੇਡ ਦੀ ਗੱਡੀ ਨਾਲ ਟਕਰਾ ਗਿਆ। ਇਸ ਟੱਕਰ ਵਿੱਚ ਪਾਇਲਟ ਅਤੇ ਕੋ-ਪਾਇਲਟ ਦੀ ਮੌਤ ਹੋ ਗਈ। ਦਰਜਨਾਂ ਹੋਰ ਸਵਾਰੀਆਂ ਵੀ ਜ਼ਖ਼ਮੀ ਹੋ ਗਈਆਂ।

# ਸਾਮਰਾਜ ਦੇ ਦਲਾਲਾਂ ਖਿਲਾਫ ਜ਼ੋਰਦਾਰ ਪ੍ਰਦਰਸ਼ਨ





**ਲੁਧਿਆਣਾ (ਐੱਮ ਐੱਸ ਭਾਟੀਆ)**

ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਮੌਕੇ ਲੁਧਿਆਣਾ ਵਿੱਚ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਵੱਲੋਂ ਸਾਂਝੇ ਤੌਰ 'ਤੇ ਜਗਰਾਉਂ ਪੁਲ 'ਤੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਬੁੱਤਾਂ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਸ਼ਾਮਲ ਲੋਕਾਂ ਨੇ ਉਨ੍ਹਾਂ ਵੱਲੋਂ ਦਰਸਾਏ ਗਏ ਸਾਮਰਾਜ ਵਿਰੋਧੀ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦਾ ਪ੍ਰਣ ਲਿਆ।

ਬੁਲਾਰਿਆਂ ਨੇ ਕਿਹਾ ਕਿ ਅੱਜ ਦੇ ਜੰਗਾਂ, ਅਸਮਾਨਤਾ ਅਤੇ ਬੇਰੋਜ਼ਗਾਰੀ ਭਰੇ ਸਮੇਂ ਵਿੱਚ ਭਗਤ ਸਿੰਘ ਦੀ ਸੋਚ ਵਿਸ਼ਵ ਸ਼ਾਂਤੀ, ਆਰਥਿਕ ਬਰਾਬਰੀ ਅਤੇ ਸਮਾਜਿਕ ਨਿਆਂ ਲਈ ਰਾਹ ਦਿਖਾਉਂਦੀ ਹੈ। ਉਨ੍ਹਾਂ ਨੇ ਸਮਾਜਵਾਦ, ਧਰਮਨਿਰਪੱਖਤਾ ਅਤੇ ਹਿੰਦੂ-ਮੁਸਲਿਮ ਏਕਤਾ ਨੂੰ ਮਜ਼ਬੂਤ ਕਰਨ ਦੀ ਲੋੜ ਉੱਤੇ ਜ਼ੋਰ ਦਿੱਤਾ। ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀ ਕਦੇ ਵੀ ਹਿੰਸਾ ਦੇ ਹਾਮੀ ਨਹੀਂ ਰਹੇ, ਬਲਕਿ ਉਹਨਾਂ ਨੇ ਇਨਕਲਾਬ ਨੂੰ ਚੇਤਨਾ ਨਾਲ ਜੋੜ ਕੇ ਸਮਝਾਇਆ ਕਿ ਇਸ ਦਾ ਮਤਲਬ ਵਿਚਾਰਾਂ ਵਿੱਚ ਤਬਦੀਲੀ ਹੈ, ਜਿਸ ਵਿੱਚ ਸਮਾਜਿਕ ਤੇ ਆਰਥਿਕ ਨਿਆਂ ਦੀ ਬੜੀ ਮਹੱਤਤਾ ਹੈ।

ਬੁਲਾਰਿਆਂ ਨੇ ਚੇਤਾਵਨੀ ਦਿੱਤੀ ਕਿ ਸਾਮਰਾਜੀ ਅਤੇ ਸੱਜੇ ਪੱਖੀ ਤਾਕਤਾਂ ਦੁਨੀਆ ਵਿੱਚ ਜੰਗਾਂ ਅਤੇ ਤਣਾਅ ਵਧਾ ਰਹੀਆਂ ਹਨ ਤੇ ਹਿੰਸਾ ਦੇ ਮਾਹੌਲ ਨੂੰ ਉਭਾਰ ਰਹੀਆਂ ਹਨ। ਇਸ ਨਾਲ ਵਿਸ਼ਵ ਯੁੱਧ ਦਾ ਖ਼ਤਰਾ ਵਧ ਰਿਹਾ ਹੈ। ਸੱਤਾ 'ਤੇ ਬੈਠੀਆਂ ਸ਼ਕਤੀਆਂ ਜੋ ਕਿ ਇੱਕ ਸਮੇਂ ਅੰਗਰੇਜ਼ਾਂ ਦੀਆਂ ਦਲਾਲ ਸਨ, ਵੱਲੋਂ ਭਾਰਤ ਵਿੱਚ ਸਮਾਜ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੀ ਪੂਰੀ ਸਾਜ਼ਿਸ਼ ਕੀਤੀ ਜਾ ਰਹੀ ਹੈ। ਘੱਟ ਗਿਣਤੀਆਂ 'ਤੇ ਹਮਲੇ ਹੋ ਰਹੇ ਹਨ, ਦਲਿਤਾਂ ਅਤੇ ਇਸਤਰੀਆਂ ਪ੍ਰਤੀ ਨਾਂਹ-ਪੱਖੀ ਮਾਨਸਿਕਤਾ ਫੈਲਾਈ ਜਾ ਰਹੀ ਹੈ।ਵਿਗਿਆਨਕ ਦ੍ਰਿਸ਼ਟੀਕੋਣ ਨੂੰ ਸਮਾਪਤ ਕਰਨ ਦੀਆਂ ਸਾਜ਼ਿਸ਼ਾਂ ਚੱਲ ਰਹੀਆਂ ਹਨ। ਰੂੜੀਵਾਦ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਵੱਡੀ ਸਰਮਾਏਦਾਰੀ ਪ੍ਰਫੁੱਲਿਤ ਹੋ ਰਹੀ ਹੈ ਪਰ ਛੋਟੇ ਆਰਥਿਕ ਤੌਰ 'ਤੇ ਕਮਜ਼ੋਰ ਤਬਕਿਆਂ ਦੇ ਲੋਕ ਔਖੀ ਜ਼ਿੰਦਗੀ ਗੁਜ਼ਾਰ ਰਹੇ ਹਨ। ਅੱਜ ਫ਼ਿਰਕੂ ਵੰਡ ਦੇ ਖ਼ਿਲਾਫ਼ ਲੜਦਿਆਂ ਲੋਕਤੰਤਰ ਅਤੇ ਧਰਮਨਿਰਪੱਖਤਾ ਦੀ ਰੱਖਿਆ ਜ਼ਰੂਰੀ ਹੈ। ਆਰਥਿਕ ਨੀਤੀਆਂ ਵਿੱਚ ਅਤਿ ਵੱਡੇ ਧੰਨ ਕੁਬੇਰਾਂ ਦੀ ਸੇਵਾ ਕੀਤੀ ਜਾ ਰਹੀ ਹੈ ਤੇ ਬਾਕੀ ਲੋਕ ਬਹੁਤ ਮਾਰ ਖਾ ਰਹੇ ਹਨ।

ਇਸ ਮੌਕੇ ਵੱਡੀ ਗਿਣਤੀ ਵਿੱਚ ਨੌਜਵਾਨ, ਵਿਦਿਆਰਥੀ ਅਤੇ ਮਿਹਨਤਕਸ਼ ਲੋਕ ਸ਼ਾਮਲ ਹੋਏ। ਜਿਨ੍ਹਾਂ ਬੁਲਾਰਿਆਂ ਨੇ ਸੰਬੋਧਨ ਕੀਤਾ, ਉਹਨਾਂ ਵਿੱਚ ਕਾਮਰੇਡ ਡੀ ਪੀ ਮੌੜ, ਰਘਬੀਰ ਸਿੰਘ ਬੈਨੀਪਾਲ, ਸੁਖਵਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਡਾ: ਅਰੁਣ ਮਿੱਤਰਾ, ਚਮਕੌਰ ਸਿੰਘ, ਰਾਮ ਲਾਲ, ਐੱਮ ਐੱਸ ਭਾਟੀਆ, ਪਰਮਜੀਤ ਸਿੰਘ, ਅਮਰਨਾਥ ਕੂਮ ਕਲਾਂ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ ਆਦਿ ਸ਼ਾਮਲ ਸਨ।

**ਛੇਹਰਟਾ (ਮਨੋਜ ਕੁਮਾਰ) :** ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਰੋਸ ਪ੍ਰਦਰਸ਼ਨ ਟਰੇਡ ਯੂਨੀਅਨਾਂ ਤੇ ਸੰਯੁਕਤ ਕਿਸਾਨ ਮੋਰਚੇ ਵੱਲੋਂ ਅੰਮ੍ਰਿਤਸਰ ਦੇ ਭੰਡਾਰੀ ਪੁਲ 'ਤੇ ਕੀਤਾ ਗਿਆ। ਇਸ ਦਿਨ ਨੂੰ 'ਸਾਮਰਾਜ ਤੇ ਜੰਗ ਵਿਰੋਧੀ ਦਿਨ' ਵਜੋਂ ਮਨਾਉਂਦਿਆਂ ਬੁਲਾਰਿਆਂ ਨੇ ਕੇਂਦਰ ਤੇ ਰਾਜ ਸਰਕਾਰ ਦੀਆਂ ਕਾਰਪੋਰੇਟ-ਪੱਖੀ ਨੀਤੀਆਂ ਵਿਰੁੱਧ ਤਿੱਖਾ ਹਮਲਾ ਬੋਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਨੇ ਕਿਹਾ ਕਿ ਮੌਜੂਦਾ ਕੇਂਦਰ ਸਰਕਾਰ ਨੇ ਅਮਰੀਕਾ ਅੱਗੇ ਗੋਡੇ ਟੇਕ ਦਿੱਤੇ ਹਨ ਤੇ ਦੇਸ਼ ਦੀ ਪ੍ਰਭੂਸੱਤਾ ਨੂੰ ਖ਼ਤਰੇ ਵਿਚ ਪਾ ਦਿੱਤਾ ਹੈ। ਉਨ੍ਹਾ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਸੂਬਾ ਕਰਜ਼ੇ ਦੀ ਪੰਡ ਹੇਠ ਦੱਬਿਆ ਹੋਇਆ ਹੈ, ਜਿਸ ਕਾਰਨ ਵਿਕਾਸ ਦੇ ਸਾਰੇ ਦਾਅਵੇ ਖੋਖਲੇ ਸਾਬਤ ਹੋ ਰਹੇ ਹਨ।

ਟਰੇਡ ਯੂਨੀਅਨ ਆਗੂਆਂ ਕਾਮਰੇਡ ਸੁੱਚਾ ਸਿੰਘ ਅਜਨਾਲਾ, ਅਮਰਜੀਤ ਸਿੰਘ ਆਸਲ ਤੇ ਸੁਰਿੰਦਰ ਪਾਲ ਸ਼ਰਮਾ ਨੇ ਕਿਹਾ ਕਿ ਚਾਰ ਨਵੇਂ ਲੇਬਰ ਕੋਡ ਲਾਗੂ ਕਰਕੇ ਮਜ਼ਦੂਰਾਂ ਨੂੰ ਗੁਲਾਮੀ ਵੱਲ ਧੱਕਿਆ ਜਾ ਰਿਹਾ ਹੈ। ਮਜ਼ਦੂਰਾਂ ਦੀ ਦਿਹਾੜੀ 8 ਘੰਟੇ ਤੋਂ ਵਧਾ ਕੇ 12 ਘੰਟੇ ਕਰਨਾ ਸਰਾਸਰ ਧੱਕੇਸ਼ਾਹੀ ਹੈ। ਯੂਨੀਅਨ ਬਣਾਉਣ ਦੇ ਜਮਹੂਰੀ ਹੱਕ ਨੂੰ ਖੋਹਿਆ ਜਾ ਰਿਹਾ ਹੈ।

ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਲਖਬੀਰ ਸਿੰਘ ਨਿਜ਼ਾਮਪੁਰਾ, ਸਵਿੰਦਰ ਸਿੰਘ ਮੀਰਾਂਕੋਟ ਤੇ ਗੁਰਦੇਵ ਸਿੰਘ ਵਰਪਾਲ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਤੁਰੰਤ ਰੱਦ • ਬਾਕੀ ਸਫਾ 2 'ਤੇ

# ਕਮਿਊਨਿਸਟ ਆਗੂਆਂ ਵੱਲੋਂ ਗਗਨਦੀਪ ਰੰਧਾਵਾ ਦੇ ਪਰਵਾਰ ਨੂੰ ਪੂਰਨ ਸਹਿਯੋਗ ਦਾ ਭਰੋਸਾ

**ਅੰਮ੍ਰਿਤਸਰ :** ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਵੇਅਰ ਹਾਊਸ ਕਾਰਪੋਰੇਸ਼ਨ ਅੰਮ੍ਰਿਤਸਰ / ਤਰਨ ਤਾਰਨ ਦੇ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਵੱਲੋਂ ਆਪਣੀ ਜ਼ਿੰਦਗੀ ਖਤਮ ਕਰ ਲੈਣ 'ਤੇ ਪਰਵਾਰ ਨੂੰ ਮਿਲਣ ਵਾਸਤੇ ਪਹੁੰਚੇ। ਰੰਧਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਪਿਰਥੀਪਾਲ ਸਿੰਘ ਮਾੜੀਮੇਘਾ ਅਤੇ ਅਮਰਜੀਤ ਸਿੰਘ ਦਾ ਭਾਣਜਾ ਸੀ।ਪਰਵਾਰ ਨੂੰ ਮਿਲਣ ਉਪਰੰਤ ਕਮਿਊਨਿਸਟ ਆਗੂ ਸਥਾਨਕ ਈ ਐੱਮ ਸੀ ਹਸਪਤਾਲ ਪੁੱਜੇ, ਜਿਥੇ ਮ੍ਰਿਤਕ ਦਾ ਸਰੀਰ ਰੱਖਿਆ ਗਿਆ ਸੀ। ਪਰਵਾਰ ਅਤੇ ਮ੍ਰਿਤਕ ਦੇ ਮਹਿਕਮੇ ਦੀਆਂ ਜਥੇਬੰਦੀਆਂ ਵੱਲੋਂ ਇਨਸਾਫ ਲਈ ਹਸਪਤਾਲ ਦੇ ਬਾਹਰ ਲਗਾਤਾਰ ਧਰਨਾ ਚੱਲ ਰਿਹਾ ਸੀ। ਇਸ ਧਰਨੇ ਵਿੱਚ ਸ਼ਾਮਲ ਹੋ ਕਿ ਉਥੇ ਬੈਠੇ ਹੋਏ ਇਨਸਾਫ ਦੀ ਲੜਾਈ ਲਈ ਜੂਝ ਰਹੇ ਸਾਥੀਆਂ ਨੂੰ ਸੰਬੋਧਨ ਕਰਦਿਆਂ ਕਾਮਰੇਡ ਅਰਸ਼ੀ ਨੇ ਦੋਸ਼ੀਆਂ ਦੀ ਤੁਰੰਤ ਗਿਰਫਤਾਰੀ ਅਤੇ ਇਸ ਕੇਸ ਦੀ ਸੀ ਬੀ ਆਈ ਤੋਂ ਇਨਕੁਆਰੀ ਦੀ ਮੰਗ ਕਰਦਿਆਂ ਪਰਵਾਰ ਅਤੇ ਮੁਲਾਜ਼ਮ ਸਾਥੀਆਂ ਨਾਲ ਸੰਪੂਰਨ ਸਹਿਯੋਗ ਕਰਨ ਅਤੇ ਇਨਸਾਫ ਪ੍ਰਾਪਤੀ ਤੱਕ ਹਰ ਕੁਰਬਾਨੀ ਦਾ ਐਲਾਨ ਕੀਤਾ।ਧਰਨੇ 'ਤੇ ਬੈਠਿਆਂ ਹੀ ਅਚਾਨਕ ਲਾਲਜੀਤ ਸਿੰਘ ਭੁੱਲਰ ਅਤੇ ਉਸ ਦੇ ਪੀ ਏ ਦਿਲਬਾਗ ਸਿੰਘ ਦੀ ਗ੍ਰਿਫਤਾਰੀ ਦੀ ਖਬਰ ਆਉਣ 'ਤੇ ਇਕੱਠ ਅੰਦਰ ਹਾਜ਼ਰ ਇਨਸਾਫਪਸੰਦ ਲੋਕਾਂ ਨੇ ਇਹਨਾਂ ਗ੍ਰਿਫਤਾਰੀਆਂ ਨੂੰ ਇਨਸਾਫ ਦੀ ਲੜਾਈ ਦਾ ਪਹਿਲਾ ਕਦਮ ਦੱਸਿਆ।ਪਰਵਾਰ ਅਤੇ ਕਮਿਊਨਿਸਟ ਪਾਰਟੀ ਦੀ ਮੰਗ ਹੈ ਕਿ ਮ੍ਰਿਤਕ ਦਾ ਪੋਸਟ ਮਾਰਟਮ ਪੀ ਜੀ ਆਈ ਚੰਡੀਗੜ੍ਹ ਜਾਂ ਏਮਜ਼ ਬਠਿੰਡਾ ਦੇ ਡਾਕਟਰਾਂ ਵੱਲੋਂ ਮੈਜਿਸਟਰੇਟ ਦੀ ਹਾਜ਼ਰੀ ਵਿੱਚ ਕੀਤਾ ਜਾਵੇ, ਫਿਰ ਹੀ ਅੰਤਮ ਸੰਸਕਾਰ ਕੀਤਾ ਜਾਵੇਗਾ। ਇਸ ਮੌਕੇ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਅਮਰਜੀਤ ਸਿੰਘ ਆਸਲ, ਦਸਵਿੰਦਰ ਕੌਰ, ਲਖਬੀਰ ਸਿੰਘ ਨਿਜ਼ਾਮਪੁਰ, ਨਰਿੰਦਰ ਬੱਲ, ਮਨਜੀਤ ਸਿੰਘ, ਬਲਦੇਵ ਸਿੰਘ ਵੇਰਕਾ, ਮੰਗਲ ਸਿੰਘ ਖਜਾਲਾ, ਪੂਰਨ ਸਿੰਘ ਮਾੜੀਮੇਘਾ ਅਤੇ ਕੁਲਬੀਰ ਸਿੰਘ ਕਸੇਲ ਆਦਿ ਹਾਜ਼ਰ ਸਨ।




## ਅੱਜ-ਨਾਮਾ

ਭਾਖੜਾ ਬੋਰਡ ਆ ਛੇੜਿਆ ਨਵਾਂ ਰੱਫੜ,
ਇੱਕਦਮ ਚਾਬੀ ਹੈ ਨਵੀਂ ਘੁਮਾਈ ਬੇਲੀ।
ਜ਼ਮੀਨ ਪੰਜਾਬ ਦੀ ਡੈਮ ਦੇ ਨਾਲ ਲਗਦੀ,
ਲੀਜ਼ 'ਤੇ ਦੇਣ ਲਈ ਬਾਤ ਚਲਾਈ ਬੇਲੀ।
ਹੋਏ ਆ ਦਸਾਂ ਤੋਂ ਵੱਧ ਫਿਰ ਸਾਲ ਬੇਲੀ,
ਇਹਦੇ ਬਾਰੇ ਰਿਪੋਰਟ ਜਦ ਆਈ ਬੇਲੀ।
ਜ਼ਮੀਨ ਏਦਾਂ ਦੀ ਡੈਮਾਂ ਦੇ ਨਾਲ ਜਿਹੜੀ,
ਖਾਤੇ ਸੂਬਿਆਂ ਦੇ ਗਈ ਆ ਪਾਈ ਬੇਲੀ।
ਨਵੀਂ ਬੋਰਡ ਨੇ ਸ਼ੁਰਲੀ ਆ ਕਿਉਂ ਛੱਡੀ,
ਸਕਿਆ ਕਾਰਨ ਨਾ ਕੋਈ ਹੈ ਬੁੱਝ ਬੇਲੀ।
ਜਦ ਥੀਂ ਸ਼ਾਂਤ ਵਿਵਾਦ ਇਹ ਹੋਊਗਾ ਈ,
ਸ਼ਰਾਰਤ ਹੋਰ ਕੁਝ ਜਾਊਗੀ ਸੁੱਝ ਬੇਲੀ।

-ਤੀਸ ਮਾਰ ਖਾਂ

# ਬੇਗਮਪੁਰੇ ਦਾ ਸੰਕਲਪ ਦੁਨੀਆ ਨੂੰ ਇਕਸਾਰਤਾ ਦਾ ਸੰਦੇਸ਼ : ਡਾ. ਸਰਬਜੀਤ ਸਿੰਘ

## ਅਧਿਆਤਮਕ ਸ਼ਕਤੀ ਨਾਲ ਗੁਰੂ ਰਵਿਦਾਸ ਨੇ ਸਮਕਾਲ ਦੇ ਰਾਜੇ-ਰਾਣੀਆਂ ਨੂੰ ਗੁਰ ਸ਼ਬਦ ਨਾਲ ਜੋੜਿਆ : ਡਾ. ਕਮਲਜੀਤ ਸਿੰਘ

**ਲੁਧਿਆਣਾ :** ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਵੱਲੋਂ ਸੂਬੇ ਭਰ ਵਿਚ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਸੈਮੀਨਾਰ ਦੇ ਕੀਤੇ ਫ਼ੈਸਲੇ ਦੇ ਸੰਬੰਧ ਵਿਚ ਇਸ ਲੜੀ ਤਹਿਤ ਪਹਿਲਾ ਸੈਮੀਨਾਰ 'ਗੁਰੂ ਰਵਿਦਾਸ ਦੇ ਜੀਵਨ ਫ਼ਲਸਫ਼ੇ ਤੇ ਸੰਵਾਦ, ਸਮਾਜ ਤੇ ਵਿਚਾਰ' ਵਿਸ਼ੇ 'ਤੇ ਲੁਧਿਆਣਾ ਦੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਿਦਿਆਰਥੀ ਭਵਨ ਵਿਚ ਮਿਲਕਫੈੱਡ ਪੰਜਾਬ ਦੇ ਸਾਬਕਾ ਜੀ ਐੱਮ ਬਲਵਿੰਦਰ ਸਿੰਘ ਜਾਤੀਵਾਲ ਦੀ ਪ੍ਰਧਾਨਗੀ ਵਿਚ ਕਰਾਇਆ ਗਿਆ। ਇਸ ਸੈਮੀਨਾਰ ਵਿਚ ਵਿਸ਼ੇਸ਼ ਪੇਪਰ ਪੜ੍ਹਨ ਲਈ ਦਿੱਲੀ ਯੂਨੀਵਰਸਿਟੀ ਦੇ ਦਿਆਲ ਕਾਲਜ ਦੇ ਪ੍ਰੋਫੈਸਰ ਡਾ. ਕਮਲਜੀਤ ਸਿੰਘ ਪੁੱਜੇ, ਉਨ੍ਹਾ ਤੋਂ ਇਲਾਵਾ ਸਾਬਕਾ ਪ੍ਰਿੰਸੀਪਲ ਦੇ ਗੁਰੂ ਰਵਿਦਾਸ ਦੀ ਬਾਣੀ ਤੇ ਜੀਵਨ ਤੇ ਵਿਸ਼ੇਸ਼ ਖੋਜਕਾਰ ਡਾ. ਗੁਰਮੀਤ ਸਿੰਘ ਕੱਲਰਮਾਜਰੀ ਨੇ ਵੀ ਪੇਪਰ ਪੜ੍ਹਿਆ। ਸੈਮੀਨਾਰ ਵਿਚ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਤੇ ਪੰਜਾਬ ਯੂਨੀਵਰਸਿਟੀ ਦੇ ਪ੍ਰੋ. ਡਾ. ਸਰਬਜੀਤ ਸਿੰਘ ਨੇ ਕੁੰਜੀਵਤ ਭਾਸ਼ਣ ਦਿੱਤਾ। ਸੈਮੀਨਾਰ ਦੇ ਮੁੱਖ ਮਹਿਮਾਨ ਡਾ. ਸੁਰਜੀਤ ਸਿੰਘ ਭਦੌੜ ਤੇ ਵਿਸ਼ੇਸ਼ ਮਹਿਮਾਨ ਦਲਜੀਤ ਸਿੰਘ ਜੀ



ਐੱਮ ਵੇਰਕਾ ਮਿਲਕ ਪਲਾਂਟ ਲੁਧਿਆਣਾ ਸਨ।

ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਦੇ ਮੁੱਖ ਕੋਆਰਡੀਨੇਟਰ ਗੁਰਨਾਮ ਸਿੰਘ ਅਕੀਦਾ ਦੀ ਅਗਵਾਈ ਵਿਚ ਕਰਾਏ ਜਾ ਰਹੇ ਸੈਮੀਨਾਰਾਂ ਦੀ ਲੜੀ ਵਿਚ ਪਹਿਲੇ ਸੈਮੀਨਾਰ ਵਿਚ ਕੁੰਜੀਵਤ ਭਾਸ਼ਣ ਦਿੰਦਿਆਂ ਡਾ. ਸਰਬਜੀਤ ਸਿੰਘ ਨੇ ਕਿਹਾ ਸ੍ਰੀ ਗੁਰੂ ਰਵਿਦਾਸ ਦੀ ਬਾਣੀ ਵਿਚ ਬੇਗਮਪਰੇ ਦਾ ਸੰਕਲਪ ਦੁਨੀਆ ਨੂੰ ਇਕਸਾਰਤਾ ਦਾ ਸੰਦੇਸ਼ ਦਿੰਦਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਗੁਰੂ ਰਵਿਦਾਸ ਦੀ ਬਾਣੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੀ ਬਾਣੀ ਹੈ, ਜਿਸ ਵਿਚ ਉਨ੍ਹਾ ਜਿੱਥੇ ਕ੍ਰਾਂਤੀਕਾਰੀ ਵਿਚਾਰਾਂ ਵਿਚ ਰਾਜਨੀਤੀ ਦਾ ਗਿਆਨ ਵੀ ਦਿੱਤੇ ਤੇ ਅਧਿਆਤਮਿਕਤਾ ਦੀ ਗੱਲ ਵੀ 'ਗੁਰਪ੍ਰਸਾਦ' ਦਾ ਸੰਦੇਸ਼ ਦਿੰਦਿਆਂ 'ਸ਼ਬਦ ਗੁਰੂ' ਦੀ ਦੁਨੀਆ ਵਿਚ ਅਹਿਮੀਅਤ ਦੱਸੀ। ਡਾ. ਕਮਲਜੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜਿੱਥੇ ਜਾਤ-ਪਾਤ ਨੂੰ ਮੁੱਢੋਂ ਰੱਦ ਕਰਦੇ ਹਨ, ਉੱਥੇ ਉਹ ਆਪਣੀ ਅਧਿਆਤਮਕ ਸ਼ਕਤੀ ਨਾਲ ਉਨ੍ਹਾਂ ਦੇ ਸਮਕਾਲ ਦੇ ਰਾਜਿਆਂ ਦੇ ਰਾਣੀਆਂ ਦੇ ਗੁਰੂ ਬਣੇ ਤੇ ਉਨ੍ਹਾ ਨੂੰ ਗੁਰਸ਼ਬਦ ਨਾਲ ਜੋੜਿਆ। ਡਾ. ਗੁਰਮੀਤ ਸਿੰਘ ਕਲਰਮਾਜਰੀ ਨੇ ਪੇਪਰ ਪੜ੍ਹਦਿਆਂ ਕਿਹਾ ਕਿ ਗੁਰੂ ਰਵਿਦਾਸ ਵੱਲੋਂ ਚਲਾਏ ਜਾ ਰਹੇ ਮਿਸ਼ਨ ਅਤੇ ਉਨ੍ਹਾ ਦੇ ਸੰਕਲਪ ਤੋਂ ਸੇਧ ਲੈਂਦਿਆਂ ਹੁਣ ਦੁਨੀਆ ਵਿਚ ਮਾਨਵਤਾ ਦੀ ਏਕਤਾ ਦੀ ਗੱਲ ਕੀਤੀ ਜਾ ਰਹੀ ਹੈ, ਉਹ ਇਨਸਾਨ ਨਾਲ ਇਨਸਾਨ ਹੋ ਰਹੀਆਂ ਲੜਾਈਆਂ ਨੂੰ ਇਨਸਾਨੀਅਤ ਦਾ ਨਾਸ ਕਰਨ ਵਾਲੀ ਖ਼ਤਰਨਾਕ ਪਿਰਤ ਦੱਸਦੇ ਹਨ।

ਸਵਾਲਾਂ-ਜਵਾਬ ਦੇ ਚੱਲੇ ਸੈਸ਼ਨ ਵਿਚ ਉੱਘੇ ਲੇਖਕ ਨਵਤੇਜ ਗੜ੍ਹਦੀਵਾਲਾ, ਪਰਮਜੀਤ ਸਿੰਘ ਜਾਗ੍ਰਿਤੀ, ਸੰਤ ਸਤਵਿੰਦਰ ਸਿੰਘ ਹੀਰਾ, ਪਰਮਿੰਦਰ ਸਿੰਘ ਪਟਿਆਲਾ, ਲੇਖਕ ਜਸਵੰਤ ਸਿੰਘ, ਅਮਰਜੀਤ ਸ਼ੇਰਪੁਰੀ ਆਦਿ ਹੋਰ ਕਈਆਂ ਵੱਲੋਂ ਉਠਾਏ ਸਵਾਲਾਂ ਦੇ ਵਿਦਵਾਨਾਂ ਨੇ ਜਵਾਬ ਦਿੱਤੇ। ਸੰਸਥਾ ਦੇ ਮੁੱਖ ਸਰਪ੍ਰਸਤ ਬਲਵਿੰਦਰ ਸਿੰਘ ਜਾਤੀਵਾਲ ਨੇ ਕਿਹਾ ਕਿ ਜੋ ਸਵਾਲ ਇੱਥੇ ਉਠਾਏ ਗਏ ਹਨ ਉਨ੍ਹਾਂ ਦਾ ਅਗਲੇ ਸੈਮੀਨਾਰਾਂ ਵਿਚ ਕੋਰ ਕਮੇਟੀ ਵਿਚ ਵਿਚਾਰ ਕਰਕੇ ਜਵਾਬ ਦਿੱਤਾ ਜਾਵੇਗਾ।

ਗੁਰਨਾਮ ਸਿੰਘ ਅਕੀਦਾ ਨੇ ਕਿਹਾ ਕਿ ਇਨ੍ਹਾਂ ਸੈਮੀਨਾਰਾਂ ਵਿਚ ਸਿਰਫ਼ ਰਵਿਦਾਸ ਨਾਮ ਲੇਵਾ ਕੌਮ ਦੇ ਵਿਦਵਾਨ ਹੀ ਪੇਪਰ ਨਹੀਂ ਪੜ੍ਹਨਗੇ, ਸਗੋਂ ਇਨ੍ਹਾਂ ਸੈਮੀਨਾਰ ਵਿਚ ਹੋਰ ਵਿਦਵਾਨ ਵੀ ਪੇਪਰ ਪੜ੍ਹਨ ਲਈ ਸੱਦੇ ਜਾ ਰਹੇ ਹਨ।ਅਗਲਾ ਸੈਮੀਨਾਰ ਜਲੰਧਰ ਵਿਖੇ 5 ਅਪਰੈਲ ਨੂੰ ਹੋਵੇਗਾ। ਇਸ ਮੌਕੇ ਲੋਕ ਸੰਪਰਕ ਪੰਜਾਬ ਦੇ ਡਿਪਟੀ ਡਾਇਰੈਕਟਰ ਪ੍ਰਭਜੀਤ ਸਿੰਘ ਨੱਥੂਵਾਲ, ਐੱਨ ਬੀ ਟੀ ਤੋਂ ਮਿਸਰਦੀਪ ਸਿੰਘ ਦਿੱਲੀ ਤੋਂ, ਪ੍ਰੋ. ਲਾਲ ਬਹਾਦਰ ਭਾਟੀਆ ਜਲੰਧਰ, ਇੰਜ. ਜਗਦੀਸ਼ ਲਾਲ ਬੱਧਣ ਹੁਸ਼ਿਆਰਪੁਰ, ਕੁਲਦੀਪ ਚੰਦ ਨੰਗਲ (ਰੋਪੜ), ਡਾ. ਸੰਤੋਖ ਸੁੱਖੀ ਪਟਿਆਲਾ, ਸਤਨਾਮ ਸਿੰਘ ਡਿਪਟੀ ਡਾਇਰੈਕਟਰ ਭਾਸ਼ਾ ਵਿਭਾਗ, ਹਰਦੇਵ ਸਿੰਘ ਬੋਪਾਰਾਏ ਆਦਿ ਨੇ ਵੀ ਸਵਾਲ ਖੜੇ ਕੀਤੇ।

# ਵੱਖ-ਵੱਖ ਸੰਗਠਨਾਂ ਵੱਲੋਂ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾ ਦੇ ਫੁੱਲ ਭੇਟ



**ਜਲਾਲਾਬਾਦ (ਜੀਤ ਕੁਮਾਰ)**

ਭਾਰਤੀ ਆਜ਼ਾਦੀ ਸ਼ੰਗਰਾਮ ਦੇ ਮਹਾਨ ਸੂਰਮੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦਾ ਸ਼ਹੀਦੀ ਦਿਹਾੜਾ ਇਥੇ ਸ਼ਹੀਦ ਭਗਤ ਸਿੰਘ ਯਾਦਗਾਰ ਸਭਾ, ਕਿਰਤੀ ਕਿਸਾਨ ਯੂਨੀਅਨ, ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ, ਸੀ.ਪੀ.ਆਈ.ਐੱਮ., ਪਸਸਫ ਫੈਡਰੇਸ਼ਨ (ਵਿਗਿਆਨਿਕ) ਸਮੇਤ ਹੋਰ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਸਵੇਰੇ ਸਭ ਤੋਂ ਪਹਿਲਾਂ ਮਹਾਨ ਸ਼ਹੀਦ ਭਗਤ ਸਿੰਘ ਦੇ ਆਦਮ-ਕੱਦ-ਏ-ਬੁੱਤ ਨੂੰ ਸ਼ਰਧਾ ਦੇ ਫੁੱਲ ਭੇਟ ਕਰਕੇ ਸ਼ਰਧਾਂਜਲੀ ਦਿੱਤੀ ਗਈ ਤੇ ਇਨਕਲਾਬ ਜ਼ਿੰਦਾਬਾਦ ਦੇ ਨਾਰੇ ਲਗਾਏ ਗਏ।

ਇਸ ਮੌਕੇ ਗੁਰਚਰਨ ਸਿੰਘ ਅਰੋੜਾ, ਸੀ.ਪੀ.ਆਈ.ਐਮ. ਰੇਸ਼ਮ ਸਿੰਘ, ਪਸਸਫ ਫੈਡਰੇਸ਼ਨ ਵਿਗਿਆਨਿਕ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਕੰਬੋਜ, ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਕੁੰਦਨ ਸਿੰਘ, ਹਰਭਜਨ ਠਠੇਰਾਂ, ਗੁਰਿੰਦਰ ਸਿੰਘ, ਅਸ਼ੋਕ ਕੁਮਾਰ, ਰਾਜ ਕੁਮਾਰ, ਰਾਜ ਕੁਮਾਰ ਮਹਾਮੂਜੋਈਆ, ਰਾਮ ਲੁਭਾਇਆ, ਨਰਿੰਦਰ ਖੁੰਗਰ, ਪਰਮਜੀਤ ਸਿੰਘ, ਫੁੰਮਣ ਸਿੰਘ ਕਾਠਗੜ੍ਹ ਤੇ ਕ੍ਰਿਸ਼ਨ ਬਲਦੇਵ, ਪਰਮਜੀਤ ਸਿੰਘ ਸੋਹਣਾ ਸਾਂਦੜ, ਬਲਦੇਵ ਰਾਜ, ਨਰਿੰਦਰ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਸੁਖਚੈਨ ਸਿੰਘ, ਜਿਲ੍ਹਾ ਜਨਰਲ ਸਕੱਤਰ ਮਨਦੀਪ ਸਿੰਘ, ਪ੍ਰਕਾਸ਼ ਦੋਸ਼ੀ, ਨਿਰਮਲਜੀਤ ਸਿੰਘ ਬਰਾੜ, ਸੂਬਾ ਸਿੰਘ ਨੰਬਰਦਾਰ, ਪ੍ਰੇਮ ਪ੍ਰਕਾਸ਼ ਬਿੰਦ ਆਦਿ ਸ਼ਖ਼ਸੀਅਤਾਂ ਵੱਲੋਂ ਮਹਾਨ ਸ਼ਹੀਦ ਨੂੰ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਦਿੰਦੇ ਹੋਏ ਮਹਾਨ ਸ਼ਹੀਦਾਂ ਦੀ ਵਿਚਾਰਧਾਰਾ ਵਾਲਾ ਸਮਾਜ ਬਣਾਉਣ ਦਾ ਅਹਿਦ ਲਿਆ।

ਉਧਰ, ਸਿਟੀਜਨ ਵੈੱਲਫੇਅਰ ਕੌਂਸਲ (ਰਜਿ.) ਜਲਾਲਾਬਾਦ ਵੱਲੋਂ ਪ੍ਰਧਾਨ ਸਤੀਸ਼ ਕੁਮਾਰ ਚਰਾਇਆ ਦੀ ਪ੍ਰਧਾਨਗੀ ਹੇਠ ਮਹਾਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਇਸ ਮੌਕੇ ਸ਼ਹੀਦਾਂ ਦੇ ਸੁਪਨਿਆਂ ਨੂੰ ਸਕਾਰ ਕਰਨ ਲਈ ਨਾਰੇ ਲਗਾਏ ਗਏ। ਇਸ ਮੌਕੇ ਪ੍ਰਧਾਨ ਸਤੀਸ਼ ਚਰਾਇਆ, ਸਰਪ੍ਰਸਤ ਕੇਦਾਰ ਨਾਥ ਨਾਗਪਾਲ, ਅਸ਼ੋਕ ਗਗਨੇਜਾ ਖਜਾਨਚੀ ਗੁਰਬਖਸ਼ ਸਿੰਘ ਖੁਰਾਣਾ, ਮਦਨ ਲਾਲ ਗੁੰਬਰ, ਗੁਰਦੀਪ ਸਿੰਘ ਛਾਬੜਾ, ਪ੍ਰਵੇਸ਼ ਖੰਨਾ, ਰਾਜ ਕੁਮਾਰ ਗਗਨੇਜਾ, ਗੁਰਜਿੰਦਰ ਸਿੰਘ ਧਮੀਜਾ, ਬਲਵੀਰ ਸਿੰਘ ਪੁਆਰ, ਪੂਰਨ ਭਗਤ ਮੱਕੜ, ਸਤੀਸ਼ ਕੁਮਾਰ ਚੁਚਰਾ, ਦੇਸ ਰਾਜ ਗਾਂਧੀ, ਮਾਰਕਿਟ ਕਮੇਟੀ ਜਲਾਲਾਬਾਦ ਦੇ ਚੇਅਰਮੈਨ ਦੇਵ ਰਾਜ ਸ਼ਰਮਾ ਆਦਿ ਮੌਜੂਦ ਸਨ।

## ਪੰਜਾਬ 'ਚ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ : ਭੋਲਾ ਸਿੰਘ ਸਮਾਧ ਭਾਈ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਇਲਾਕੇ ਦੇ ਸੀਨੀਅਰ ਕਾਂਗਰਸੀ ਆਗੂ ਭੋਲਾ ਸਿੰਘ ਸਮਾਧ ਭਾਈ ਨੇ ਦਾਅਵਾ ਕੀਤਾ ਹੈ ਕਿ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣੇਗੀ, ਕਿਉਂਕਿ ਲੋਕ ਹੁਣ ਸਮਝ ਚੁੱਕੇ ਹਨ ਕਿ ਉਨ੍ਹਾਂ ਦਾ ਭਵਿੱਖ ਸਿਰਫ਼ ਕਾਂਗਰਸ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਿਆਸੀ ਹਾਲਾਤਾਂ ਤੋਂ ਨਿਰਾਸ਼ ਹੋ ਚੁੱਕੇ ਹਨ ਤੇ ਬਦਲਾਅ ਦੀ ਲੋੜ ਮਹਿਸੂਸ ਕਰ ਰਹੇ ਹਨ।ਭੋਲਾ ਸਿੰਘ ਸਮਾਧ ਭਾਈ ਨੇ ਮੌਜੂਦਾ ਸੱਤਾਧਾਰੀ ਆਮ ਆਦਮੀ ਪਾਰਟੀ 'ਤੇ ਨਿਸ਼ਾਨੇ ਸਾਧਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨਾਲ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿੱਚ ਆਈ ਸੀ, ਪਰ ਉਨ੍ਹਾਂ ਵਿੱਚੋਂ ਜ਼ਿਆਦਾਤਰ ਵਾਅਦੇ ਅਜੇ ਤੱਕ ਪੂਰੇ ਨਹੀਂ ਹੋ ਸਕੇ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਹਰ ਮੋਰਚੇ 'ਤੇ ਫੇਲ੍ਹ ਸਾਬਿਤ ਹੋਈ ਹੈ, ਚਾਹੇ ਉਹ ਰੋਜ਼ਗਾਰ ਦੇ ਮੌਕੇ ਹੋਣ, ਕਿਸਾਨਾਂ ਦੇ ਮਸਲੇ ਹੋਣ ਜਾਂ ਕਾਨੂੰਨ-ਵਿਵਸਥਾ ਦੀ ਸਥਿਤੀ ਹੋਵੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨੂੰ ਸੁਪਨੇ ਦਿਖਾ ਕੇ ਵੋਟਾਂ ਤਾਂ ਹਾਸਲ ਕਰ ਲਈਆਂ, ਪਰ ਜਦੋਂ ਉਨ੍ਹਾਂ ਨੂੰ ਹਕੀਕਤ ਵਿੱਚ ਬਦਲਣ ਦੀ ਵਾਰੀ ਆਈ ਤਾਂ ਸਰਕਾਰ ਪਿੱਛੇ ਰਹਿ ਗਈ।ਇਸ ਕਾਰਨ ਲੋਕਾਂ ਵਿੱਚ ਗੁੱਸਾ ਤੇ ਨਿਰਾਸ਼ਾ ਦੋਵੇਂ ਵੱਧ ਰਹੇ ਹਨ।ਭੋਲਾ ਸਿੰਘ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਆਮ ਆਦਮੀ ਪਾਰਟੀ ਨੂੰ ਸੂਬੇ ਵਿੱਚੋਂ ਚੱਲਦਾ ਕਰਨ ਲਈ ਮਨ ਬਣਾ ਚੁੱਕੇ ਹਨ। ਕਾਂਗਰਸ ਪਾਰਟੀ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਕਾਂਗਰਸ ਦਾ ਇਤਿਹਾਸ ਲੋਕ ਸੇਵਾ ਤੇ ਵਿਕਾਸ ਨਾਲ ਭਰਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਕਾਂਗਰਸ ਸਰਕਾਰਾਂ ਨੇ ਹਮੇਸ਼ਾ ਸੂਬੇ ਵਿੱਚ ਢਾਂਚਾਗਤ ਵਿਕਾਸ, ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ ਹੈ।ਭੋਲਾ ਸਿੰਘ ਨੇ ਕਿਹਾ ਕਿ ਕਾਂਗਰਸ ਪਾਰਟੀ ਕੋਲ ਤਜਰਬੇਕਾਰ ਨੇਤ੍ਰਿਤਵ ਹੈ, ਜੋ ਪੰਜਾਬ ਨੂੰ ਮੁੜ ਤਰੱਕੀ ਦੇ ਰਾਹ 'ਤੇ ਲਿਆ ਸਕਦੀ ਹੈ।ਅੰਤ ਵਿੱਚ ਭੋਲਾ ਸਿੰਘ ਸਮਾਧ ਭਾਈ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਪਾਰਟੀ ਦਾ ਸਾਥ ਦੇਣ ਤੇ ਆਉਣ ਵਾਲੇ ਸਮੇਂ ਵਿੱਚ ਇੱਕ ਮਜ਼ਬੂਤ ਸਰਕਾਰ ਬਣਾਉਣ ਵਿੱਚ ਯੋਗਦਾਨ ਪਾਉਣ।

## ਦਿਹਾਤੀ ਮਜ਼ਦੂਰ ਸਭਾ ਨੇ ਸ਼ਹੀਦੀ ਦਿਹਾੜਾ ਮਨਾਇਆ




**ਮੁਕਤਸਰ (ਸ਼ਮਿੰਦਰਪਾਲ, ਪੂਜਾ)**-ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਦਿਹਾਤੀ ਮਜ਼ਦੂਰ ਸਭਾ ਨੇ ਤਿੰਨ ਪਿੰਡਾਂ ਵਿੱਚ ਮਜ਼ਦੂਰਾਂ ਦੇ ਵਿਸ਼ਾਲ ਇਕੱਠ ਕਰਕੇ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਪਿੰਡ ਅਕਾਲਗੜ੍ਹ, ਧਿਗਾਣਾ ਤੇ ਰਾਮਗੜ੍ਹ ਚੂੰਘਾਂ ਵਿੱਚ ਮਜ਼ਦੂਰਾਂ ਦੇ ਭਰਵੇਂ ਇਕੱਠ ਕੀਤੇ ਗਏ। ਇਸ ਸਮੇਂ ਇਕੱਠਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਸ਼ਹੀਦਾਂ ਦੇ ਅਧੂਰੇ ਕਾਜ ਪੂਰੇ ਕਰਨ ਤੇ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਬਾਰੇ ਜ਼ਿਕਰ ਕੀਤਾ। ਉਕਤ ਆਗੂਆਂ ਨੇ ਕਿਹਾ ਸ਼ਹੀਦਾਂ ਵੱਲੋਂ ਸਾਮਰਾਜਵਾਦੀ ਅੰਗਰੇਜ਼ਾਂ ਨੂੰ ਭਾਰਤ ਵਿੱਚੋਂ ਬਾਹਰ ਕੱਢਣ ਲਈ ਨੌਜਵਾਨ ਭਾਰਤ ਸਭਾ ਬਣਾਈ ਤੇ ਦੇਸ਼ ਦੇ ਹੋਰ ਗਦਰੀ ਸੂਰਬੀਰਾਂ ਤੋਂ ਸੇਧ ਲੈ ਕੇ ਆਪਣਾ ਸਾਰਾ ਜੀਵਨ ਲੋਕਾਂ ਲਈ ਅਤੇ ਦੇਸ਼ਵਾਸੀਆਂ ਲਈ ਸਮਰਪਣ ਕਰ ਦਿੱਤਾ। ਉਨ੍ਹਾਂ ਕਿਹਾ ਕਿ ਜਿੰਨਾ ਚਿਰ ਦੇਸ਼ ਵਿੱਚ ਇਨਕਲਾਬ ਸਮਾਜਵਾਦ ਨਹੀਂ ਸਥਾਪਤ ਹੋ ਜਾਂਦਾ ਸੰਘਰਸ਼ ਜਾਰੀ ਰਹੇਗਾ, ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਦਿਹਾਤੀ ਮਜ਼ਦੂਰ ਸਭਾ ਵੱਲੋਂ 8 ਅਪ੍ਰੈਲ ਨੂੰ ਜਲੰਧਰ ਵਿਖੇ ਵਿਸ਼ਾਲ ਮਜ਼ਦੂਰ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ।

## ਨਰੇਸ਼ ਕਟਾਰੀਆ ਵੱਲੋਂ ਸਤਲੁਜ ਦੇ ਬੰਨ੍ਹਾਂ ਦਾ ਦੌਰਾ



**ਮੱਖੂ (ਰਛਪਾਲ ਸਿੰਘ ਸੰਧੂ)**-ਵਿਧਾਨ ਸਭਾ ਹਲਕਾ ਜ਼ੀਰਾ ਦੇ ਵਿਧਾਇਕ ਨਰੇਸ਼ ਕਟਾਰੀਆ ਵੱਲੋਂ ਸਬੰਧਤ ਮਹਿਕਮੇ ਦੇ ਅਧਿਕਾਰੀਆਂ ਨਾਲ ਸਤਲੁਜ ਦਰਿਆ ਦੇ ਨਜ਼ਦੀਕ ਪਿੰਡ ਗੱਟਾ ਬਾਦਸ਼ਾਹ, ਅਰਾਜੀ ਸਭਰਾ, ਵਾੜਾ ਕਾਲੀ ਰਾਓ ਦੇ ਬੰਨ੍ਹਾਂ ਦਾ ਦੌਰਾ ਕੀਤਾ ਗਿਆ।ਇਸ ਮੌਕੇ ਸਤਲੁਜ ਦਰਿਆ ਦੇ ਪਿੰਡ ਰੁਕਨੇ ਵਾਲਾ ਦਾ ਬੰਨ੍ਹ 023260 ਦੀ ਨਾਜ਼ੁਕ ਸਥਿਤੀ ਬਾਰੇ ਪਿੰਡ ਰੁਕਨੇ ਵਾਲਾ ਦੇ ਸਰਪੰਚ ਤ੍ਰਿਲੋਕ ਸਿੰਘ, ਪਿੰਡ ਚੱਕੀਆਂ ਦੇ ਸਰਪੰਚ ਨਿਸ਼ਾਨ ਸਿੰਘ, ਪਿੰਡ ਭੂਤੀਵਾਲਾ ਦੇ ਸਰਪੰਚ ਸੇਵਕ ਸਿੰਘ ਵੱਲੋਂ ਵਿਧਾਇਕ ਨਰੇਸ਼ ਕਟਾਰੀਆ ਨੂੰ ਬੰਨ੍ਹ ਦੀ ਸਥਿਤੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਰਸ਼ ਦੇ ਦਿਨਾਂ ਵਿੱਚ ਸਤਲੁਜ ਦਰਿਆ ਵਿੱਚ ਪਾਣੀ ਦਾ ਪੱਧਰ ਵਧਣ ਸਤਲੁਜ ਦਰਿਆ ਦੇ ਨਾਲ ਦੇ ਪਿੰਡਾਂ ਵਾਲਿਆਂ ਦੀ ਫ਼ਸਲ ਦਾ ਭਾਰੀ ਨੁਕਸਾਨ ਹੁੰਦਾ ਹੈ।ਇਸ ਮੌਕੇ ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਪਿੰਡ ਰੁਕਨੇ ਵਾਲਾ ਦੇ ਜਿਸ ਸਥਾਨ ਤੇ ਦਰਿਆ ਦੇ ਪਾਣੀ ਦਾ ਖੋਰਾ ਲੱਗ ਰਿਹਾ ਹੈ। ਇਸ ਸਥਾਨ ਦੇ ਲਹਿੰਦੇ ਪਾਸੇ 2500 ਫੁੱਟ ਦੋ ਵੱਡੀਆਂ ਨੋਚਾ ਪੱਥਰ ਦੇ ਸੱਪਰ 200 ਫੁੱਟ ਅੱਗੇ ਬਣਾਏ ਜਾਣਗੇ, ਜੋ ਬੰਨ੍ਹ ਦੀ ਪੱਕੀ ਸੇਫਟੀ ਕਰਨਗੇ ਚੜ੍ਹਦੇ ਪਾਸੇ ਬੰਨ੍ਹ ਦੇ ਨਾਲ 3400 ਫੁੱਟ ਤੇ 1500 ਫੁੱਟ ਪੱਥਰ ਦੀ ਦੀਵਾਰ ਬਣਾਈ ਜਾਵੇਗੀ।ਵਿਧਾਇਕ ਨਰੇਸ਼ ਕਟਾਰੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਰਕਾਰ ਵੇਲੇ ਵਿਧਾਨ ਸਭਾ ਹਲਕਾ ਜ਼ੀਰਾ ਵਿੱਚ ਵਿਕਾਸ ਹੋਏ ਇਸ ਤੋਂ ਪਹਿਲਾਂ ਕਦੇ ਨਹੀਂ ਹੋਏ।ਇਸ ਮੌਕੇ ਗੁਰਸੇਵਕ ਸਿੰਘ, ਭਗਵੰਤ ਸਿੰਘ, ਮੈਂਬਰ ਪੰਚਾਇਤ ਸੌਦਾਗਰ ਸਿੰਘ, ਰੁਕਨੇ ਵਾਲਾ, ਤਜਿੰਦਰ ਸਿੰਘ, ਮੇਜਰ ਸਿੰਘ, ਕਰਨੈਲ ਸਿੰਘ ਰੁਕਨੇ ਵਾਲਾ ਆਦਿ ਹਾਜ਼ਰ ਸਨ।

## ਕੈਂਬ੍ਰਿਜ ਦਾ ਸਾਲਾਨਾ ਇਨਾਮ ਵੰਡ ਸਮਾਰੋਹ ਅਮਿੱਟ ਯਾਦਾਂ ਛੱਡਦਾ ਸੰਪੰਨ



**ਕੋਟ ਈਸੇ ਖਾਂ (ਅਰੋੜਾ)**-ਮੋਗਾ ਜ਼ਿਲ੍ਹੇ ਦੇ ਪ੍ਰਸਿੱਧ ਕੈਂਬ੍ਰਿਜ ਕਾਨਵੈਂਟ ਸਕੂਲ ਵਿੱਚ ਸਾਲਾਨਾ ਇਨਾਮ ਵੰਡ ਸਮਾਰੋਹ ਬਹੁਤ ਹੀ ਧੂਮਧਾਮ ਤੇ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ।ਇਸ ਸਮਾਰੋਹ ਨੇ ਨਾ ਸਿਰਫ਼ ਵਿਦਿਆਰਥੀਆਂ ਦੀ ਮਿਹਨਤ ਨੂੰ ਸਨਮਾਨਤ ਕੀਤਾ, ਸਗੋਂ ਮਾਪਿਆਂ ਤੇ ਅਧਿਆਪਕਾਂ ਦੇ ਚਿਹਰਿਆਂ 'ਤੇ ਖ਼ੁਸ਼ੀ ਤੇ ਮਾਣ ਦੀ ਚਮਕ ਵੀ ਸਪੱਸ਼ਟ ਤੌਰ 'ਤੇ ਵੇਖਣ ਨੂੰ ਮਿਲੀ।ਸਮਾਰੋਹ ਦੀ ਸ਼ੁਰੂਆਤ ਰੰਗਾਰੰਗ ਪ੍ਰੋਗਰਾਮਾਂ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਤੋਂ ਬਾਅਦ ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਵੱਲੋਂ ਸਾਰੇ ਮਾਪਿਆਂ ਦਾ ਸਕੂਲ 'ਤੇ ਭਰੋਸਾ ਕਰਨ ਲਈ ਦਿਲੋਂ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਸਕੂਲ ਦੀ ਇਹ ਪ੍ਰਗਤੀ ਮਾਪਿਆਂ ਦੇ ਸਹਿਯੋਗ ਤੇ ਵਿਸ਼ਵਾਸ ਤੋਂ ਬਿਨਾਂ ਸੰਭਵ ਨਹੀਂ ਸੀ।ਪੂਰੇ ਸਾਲ ਦੌਰਾਨ ਕੀਤੀ ਗਈ ਸਖ਼ਤ ਮਿਹਨਤ ਦਾ ਫਲ ਜਦੋਂ ਵਿਦਿਆਰਥੀਆਂ ਨੂੰ ਇਨਾਮਾਂ ਦੇ ਰੂਪ ਵਿੱਚ ਮਿਲਿਆ, ਤਾਂ ਮਾਪਿਆਂ ਦੀ ਖ਼ੁਸ਼ੀ ਦੇਖਣ ਯੋਗ ਸੀ।ਮਾਪਿਆਂ ਨੇ ਖੁੱਲ੍ਹ ਕੇ ਸਕੂਲ ਦੀ ਪ੍ਰਸ਼ੰਸਾ ਕੀਤੀ ਤੇ ਇਸ ਨੂੰ ਇੱਕ ਯਾਦਗਾਰ ਤਜਰਬਾ ਕਰਾਰ ਦਿੱਤਾ।ਪੜ੍ਹਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵੀ ਸਨਮਾਨਤ ਕੀਤਾ ਗਿਆ, ਜਿਸ ਨਾਲ ਸਮਾਰੋਹ ਦੀ ਮਹੱਤਤਾ ਹੋਰ ਵੀ ਵੱਧ ਗਈ।ਸਮਾਰੋਹ ਦੇ ਅੰਤ ਵਿੱਚ ਮਾਪਿਆਂ, ਅਧਿਆਪਕਾਂ ਤੇ ਵਿਦਿਆਰਥੀਆਂ ਨੇ ਇਸ ਯਾਦਗਾਰ ਦਿਨ ਨੂੰ ਲੰਬੇ ਸਮੇਂ ਤੱਕ ਯਾਦ ਰੱਖਣ ਦੀ ਗੱਲ ਕਹੀ।

## ਰੋਡਵੇਜ਼ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੈਨਸ਼ਨਰ ਭਵਨ ਲੁਧਿਆਣਾ ਵਿਖੇ ਰੋਡਵੇਜ਼ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ (ਰਜਿ:) ਦੀ ਮੀਟਿੰਗ ਰਾਜਿੰਦਰ ਸਿੰਘ ਲਲਤੋਂ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੈਨਸ਼ਨ ਭਵਨ ਦੇ ਸਾਬਕਾ ਚੇਅਰਮੈਨ ਦਲੀਪ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਪ੍ਰਧਾਨ ਨੇ ਦੱਸਿਆ ਕਿ ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਨਾਲ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਮੀਟਿੰਗ ਸਮੇਂ ਗੱਲਬਾਤ ਵਿੱਚ ਉਸ ਦੇ ਬੇਰੁੱਖੀ ਵਾਲੇ ਰਵੱਈਏ ਨੂੰ ਦੇਖਦੇ ਹੋਏ ਉਸ ਨੂੰ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ 14 ਦਿਨ ਅੰਦਰ ਪੂਰੀਆਂ ਕਰਨ ਦਾ ਨੋਟਿਸ ਦਿੱਤਾ ਗਿਆ, ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ ਜਥੇਬੰਦੀ ਜ਼ੋਰਦਾਰ ਸੰਘਰਸ਼ ਵਿੱਢੇਗੀ, ਜਿਸ ਦੀ ਜ਼ਿੰਮੇਵਾਰੀ ਜਨਰਲ ਮੈਨੇਜਰ ਪੰਜਾਬ ਰੋਡਵੇਜ਼ ਲੁਧਿਆਣਾ ਦੀ ਹੋਵੇਗੀ। ਜਥੇਬੰਦੀ ਨੇ ਵੇਅਰ ਹਾਊਸਿੰਗ ਦੇ ਡੀ ਐੱਮ ਗਗਨਦੀਪ ਸਿੰਘ ਰੰਧਾਵਾ ਦੇ ਆਤਮਹੱਤਿਆ ਕਰਨ 'ਤੇ ਪਰਵਾਰ ਨਾਲ ਹਮਦਰਦੀ ਤੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਤੇ ਮੰਗ ਕੀਤੀ ਕਿ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣ।ਮੀਟਿੰਗ ਵਿੱਚ ਗੁਰਮੱਖ ਸਿੰਘ ਘੁਡਾਣੀ ਸੀਨੀਅਰ ਮੀਤ ਪ੍ਰਧਾਨ, ਹਰਮਿੰਦਰ ਕੁਮਾਰ ਉੱਚ ਪੱਧਰੀ ਕਮੇਟੀ ਮੈਂਬਰ, ਬੀਰਾ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਵੀਰ ਸਿੰਘ ਸੀਨੀਅਰ ਆਗੂ, ਗੁਰਜੀਤ ਸਿੰਘ ਕੈਸ਼ੀਅਰ, ਰੂਪ ਸਿੰਘ ਮੀਤ ਪ੍ਰਧਾਨ, ਬਖ਼ਸ਼ੀ ਲਾਲ ਸੀਨੀਅਰ ਆਗੂ, ਮੋਹਨਜੀਤ ਸਿੰਘ ਸੀਨੀਅਰ ਆਗੂ, ਹਰਮਿੰਦਰ ਸਿੰਘ ਵਧੀਕ ਜਨਰਲ ਸਕੱਤਰ, ਚੂਹੜ ਸਿੰਘ ਸੀਨੀਅਰ ਕੈਸ਼ੀਅਰ ਤੇ ਹੋਰ ਮੈਂਬਰ ਸਾਹਿਬਾਨ ਹਾਜ਼ਰ ਸਨ।ਅਖੀਰ ਵਿੱਚ ਪ੍ਰਧਾਨ ਰਾਜਿੰਦਰ ਸਿੰਘ ਲਲਤੋਂ ਨੇ ਆਏ ਸਭਨਾਂ ਦਾ ਧੰਨਵਾਦ ਕੀਤਾ।

## ਕਿਰਤੀਆਂ ਨੂੰ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨਾ ਹੋਵੇਗਾ : ਕਸ਼ਮੀਰ ਗਦਾਈਆ



**ਨਾਭਾ (ਵਰਿੰਦਰ ਵਰਮਾ)**-ਦੇਸ਼ ਦੇ ਸਮੂਹ ਕਿਰਤੀ ਲੋਕਾਂ ਨੂੰ 23 ਮਾਰਚ ਦੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਦਰਸਾਏ ਰਾਹ 'ਤੇ ਚੱਲਦਿਆਂ ਉਨ੍ਹਾਂ ਦੇ ਸੁਪਨਿਆਂ ਦੇ ਸਮਾਜ ਦੀ ਉਸਾਰੀ ਕਰਨੀ ਹੋਵੇਗੀ ਤਾਂ ਕਿਰਤੀ ਵਰਗ ਆਪਣੀਆਂ ਮੁਸ਼ਕਲਾਂ ਤੋਂ ਮੁਕਤੀ ਪਾ ਕੇ ਖ਼ੁਸ਼ਹਾਲ, ਦੁੱਖਾਂ ਤੋਂ ਮੁਕਤ ਜ਼ਿੰਦਗੀ ਬਾਰੇ ਸੋਚ ਸਕਦਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਵੱਲੋਂ ਨਰੇਗਾ ਕਾਮਿਆਂ ਵੱਲੋ 23 ਮਾਰਚ ਦੇ ਸ਼ਹੀਦਾਂ ਦੀ ਯਾਦ ਵਿੱਚ ਆਯੋਜਿਤ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਦੇਸ਼ ਦੀ ਲੋਕਾਈ ਨੇ ਵਿਸਾਰ ਦਿੱਤਾ ਹੈ, ਤਾਂ ਹੀ ਅੱਜ ਸਾਡੇ ਦੇਸ਼ ਹਾਕਮ ਸਾਡੇ ਮੁਲਕ ਨੂੰ ਮੁੜ ਗਹਿਣੇ ਨਾ ਰਹੇ ਹਨ, ਤਾਂ ਹੀ ਅੱਜ ਸਾਡੇ ਮੁਲਕ ਵਿੱਚ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਨਸ਼ੀਬ ਨਹੀਂ ਹੋ, ਜਿਸ ਕਰ ਕੇ ਸਾਡੇ ਦੇਸ਼ ਦੀ ਜਵਾਨੀ ਰੁਜ਼ਗਾਰ ਦੀ ਭਾਲ਼ ਵਿੱਚ ਬਾਹਰਲੇ ਮੁਲਕਾਂ ਨੂੰ ਦੌੜ ਰਹੀ ਹੈ, ਤਾਂ ਹੀ ਸਾਡੇ ਦੇਸ਼ ਗ਼ਰੀਬ ਲੋਕਾਂ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋ ਰਿਹਾ ਹੈ, ਸਾਡੇ ਦੇਸ਼ ਦਾ ਅੰਨਦਾਤਾ ਕਿਸਾਨ ਵੀ ਖ਼ੁਦਕਸ਼ੀਆਂ ਕਰਨਾ ਲਈ ਮਜਬੂਰ ਹੈ, ਪੇਂਡੂ ਤੇ ਸ਼ਹਿਰੀ ਮਜ਼ਦੂਰਾਂ ਦੀ ਹਾਲਤ ਵੀ ਬਹੁਤ ਤਰਸਯੋਗ ਹੈ, ਕੇਂਦਰ ਦੀ ਮੋਦੀ ਹਕੂਮਤ ਨੇ ਚਾਰ ਲੇਬਰ ਕੋਡ ਬਣਾ ਕੇ ਕਿਰਤੀਆਂ ਨੂੰ ਹੋਰ ਮੁਸ਼ਕਲਾਂ ਵੱਲ ਧੱਕ ਦਿੱਤਾ ਹੈ, ਬੀਜ਼ ਬਿੱਲ 2025 ਲਿਆ ਕੇ ਪਹਿਲਾਂ ਹੀ ਪ੍ਰੇਸ਼ਾਨ ਕਿਸਾਨੀ ਨੂੰ ਹੋਰ ਪ੍ਰੇਸ਼ਾਨ ਕਰ ਦਿੱਤਾ ਹੈ, ਬਿਜਲੀ ਬਿੱਲ 2025 ਰਾਹੀਂ ਰਾਹੀਂ ਬਿਜਲੀ ਹੋਰ ਮਹਿੰਗੀ ਤੇ ਪ੍ਰਾਈਵੇਟ ਕੰਪਨੀਆਂ ਹਵਾਲੇ ਹੋਣ ਨਾਲ਼ ਖ਼ਪਤ ਕਾਰ ਹੋਰ ਮੁਸ਼ਕਲਾਂ ਆਉਣਗੀਆਂ।ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਲਈ ਮੋਦੀ ਹਕੂਮਤ ਹਰ ਸਰਕਾਰੀ ਅਦਾਰੇ, ਜੋ ਮੁਨਾਫ਼ੇ ਵਿੱਚ ਸਨ, ਨੂੰ ਕੌਡੀਆਂ ਦੇ ਭਾਅ ਕਾਰਪੋਰੇਟ ਘਰਾਣਿਆਂ ਹਵਾਲੇ ਕਰ ਰਹੀ ਹੈ, ਸਿੱਖਿਆ ਦੇ ਸੇਹਤ ਖ਼ੇਤਰ ਵੀ ਪ੍ਰਾਈਵੇਟ ਲੋਕਾਂ ਹਵਾਲੇ ਕੀਤੇ ਜਾ ਰਹੇ ਹਨ।ਇਸ ਸਮਾਗਮ ਨੂੰ ਪੰਜਾਬ ਇਸਤਰੀ ਸਭਾ ਦੀ ਆਗੂ ਬਲਜੀਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੜਕੀਆਂ ਤੇ ਔਰਤਾਂ 'ਤੇ ਬਹੁਤ ਜੁਰਮ ਵਧ ਗਿਆ, ਬਹੁਤ ਛੋਟੀ ਉਮਰ ਦੀਆਂ ਲੜਕੀਆਂ ਨੂੰ ਜ਼ਾਲਮਾਂ ਵੱਲੋ ਬਲਾਤਕਾਰ ਕਰਕੇ ਮਾਰਿਆ ਜਾਂਦਾ ਹੈ, ਇਨਸਾਫ਼ ਮੰਗਣ ਤੇ ਪਰਿਵਾਰ ਨੂੰ ਮਾਰ ਦਿੱਤਾ ਜਾਂਦਾ ਹੈ। ਇਸ ਲਈ ਸਾਨੂੰ ਇਸ ਜ਼ਾਲਮ ਪ੍ਰਬੰਧ ਨੂੰ ਬਦਲਨ ਲਈ ਇੱਕਜੁੱਟ ਹੋ ਕੇ ਸੰਘਰਸ਼ ਕਰਨਾ ਪਵੇਗਾ ਤੇ ਸ਼ਹੀਦਾਂ ਦੇ ਸੁਪਨਿਆਂ ਦਾ ਦੇਸ਼ ਉਸਾਰਨਾ ਹੋਵੇਗਾ, ਇਹੋ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਸਫਾ 1 ਦੇ ਬਾਕੀ...

### ਸ਼ਹੀਦ-ਏ-ਆਜ਼ਮ ...

ਕਰਨ ਲਈ ਹਾਲੇ ਤੱਕ ਕੋਈ ਵੀ ਮੂਹਰੇ ਨਹੀਂ ਆਇਆ।ਮੁੱਖ ਮੰਤਰੀ ਨੇ ਕਿਹਾ, 'ਇਨ੍ਹਾਂ ਮਹਾਨ ਕ੍ਰਾਂਤੀਕਾਰੀਆਂ ਨੇ ਛੋਟੀ ਉਮਰ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ, ਪਰ ਆਜ਼ਾਦੀ ਤੋਂ ਬਾਅਦ ਕੁਰਸੀ ਦੇ ਲੋਭੀਆਂ ਨੇ ਸੱਤਾ 'ਤੇ ਕਬਜ਼ਾ ਕਰ ਲਿਆ ਅਤੇ ਲਹੂ ਡੋਲ੍ਹ ਕੇ ਹਾਸਲ ਕੀਤੀ ਉਸ ਆਜ਼ਾਦੀ ਦਾ ਸਿਹਰਾ ਆਪਣੇ ਸਿਰ ਬੰਨ੍ਹ ਲਿਆ, ਜਿਸ ਲਈ ਉਹ ਕਦੇ ਲੜੇ ਵੀ ਨਹੀਂ।' ਉਹਨਾ ਕਿਹਾ, 'ਕੁਝ ਨਾਸ਼ੁਕਰੇ ਨੇਤਾ ਹੁਣ ਦਾਅਵਾ ਕਰਦੇ ਹਨ ਕਿ ਭਾਰਤ ਨੂੰ ਸੱਚੀ ਆਜ਼ਾਦੀ ਸਿਰਫ਼ 2014 ਵਿੱਚ ਮਿਲੀ ਹੈ, ਜੋ ਕਿ ਸਾਡੇ ਸ਼ਹੀਦਾਂ ਦਾ ਘੋਰ ਅਪਮਾਨ ਹੈ।' ਉਨ੍ਹਾ ਕਿਹਾ ਕਿ ਇਹ ਹੈਰਾਨ ਕਰਨ ਵਾਲੀ ਗੱਲ ਹੈ ਕਿ ਕੁਝ ਲੋਕ ਸ਼ਹੀਦ ਭਗਤ ਸਿੰਘ ਨੂੰ ਸਿਰਫ਼ ਇੱਕ 'ਸਮਾਜ ਸੇਵਕ' ਵਜੋਂ ਪੇਸ਼ ਕਰਦੇ ਹਨ, ਸ਼ਹੀਦ ਨਹੀਂ ਮੰਨਦੇ। ਅਜਿਹੇ ਸਰਟੀਫਿਕੇਟ ਦੇਣ ਵਾਲੇ ਇਹ ਲੋਕ ਕੌਣ ਹਨ? ਉਨ੍ਹਾ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਸਾਨੂੰ ਮੁਹਾਲੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਰੱਖਣ ਲਈ ਵੀ ਸੰਘਰਸ਼ ਕਰਨਾ ਪਿਆ, ਕਿਉਂਕਿ ਕੇਂਦਰ ਵੱਲੋਂ ਵਾਰ-ਵਾਰ ਸਾਡੀਆਂ ਬੇਨਤੀਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ, ਪਰ ਅੰਤ ਵਿੱਚ ਸਾਡੀਆਂ ਲਗਾਤਾਰ ਕੋਸ਼ਿਸ਼ਾਂ ਸਦਕਾ ਅਸੀਂ ਇਸ ਦਾ ਨਾਂਅ ਉਨ੍ਹਾ ਦੇ ਸਨਮਾਨ ਵਿੱਚ ਰੱਖਣ ਵਿੱਚ ਕਾਮਯਾਬ ਹੋਏ। ਉਨ੍ਹਾ ਕਿਹਾ ਕਿ ਮੈਨੂੰ ਬਹੁਤ ਦੁੱਖ ਹੁੰਦਾ ਹੈ, ਜਦੋਂ ਲੋਕ ਵਾਹਨਾਂ 'ਤੇ ਉਨ੍ਹਾ ਦੀ ਤਸਵੀਰ ਲਾ ਕੇ ਕਹਿੰਦੇ ਹਨ ਕਿ ਉਹ ਵਾਪਸ ਆ ਜਾਣਗੇ। ਉਨ੍ਹਾ ਦੇ ਵਾਪਸ ਆਉਣ ਦੀ ਉਡੀਕ ਕਰਨ ਦੀ ਬਜਾਏ ਸਾਨੂੰ ਉਨ੍ਹਾ ਦੇ ਦਿਖਾਏ ਰਸਤੇ 'ਤੇ ਚੱਲਣਾ ਚਾਹੀਦਾ ਹੈ ਅਤੇ ਦੇਸ਼ ਦੀ ਸੇਵਾ ਕਰਨੀ ਚਾਹੀਦੀ ਹੈ। ਮੌਜੂਦਾ ਸਮੇਂ ਬੰਬਾਂ ਅਤੇ ਹਥਿਆਰਾਂ ਦੀ ਲੋੜ ਨਹੀਂ। ਵੋਟ ਦੀ ਸ਼ਕਤੀ ਸਭ ਤੋਂ ਵੱਡੀ ਤਾਕਤ ਹੈ ਅਤੇ ਸਹੀ ਆਗੂਆਂ ਦੀ ਚੋਣ ਕਰਕੇ ਲੋਕ ਅਸਲ ਮਾਇਨੇ 'ਚ ਤਬਦੀਲੀ ਲਿਆ ਸਕਦੇ ਹਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਹੁਸੈਨੀਵਾਲਾ ਵਿਰਾਸਤੀ ਕੰਪਲੈਕਸ ਦਾ ਨੀਂਹ ਪੱਥਰ ਰੱਖਦਿਆਂ ਕਿਹਾ ਕਿ 24.99 ਕਰੋੜ ਰੁਪਏ ਦੀ ਲਾਗਤ ਵਾਲਾ ਇਹ ਪ੍ਰੋਜੈਕਟ ਸਾਡੇ ਮਹਾਨ ਸ਼ਹੀਦਾਂ ਦਾ ਸਨਮਾਨ ਕਰਨ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਉਨ੍ਹਾਂ ਦੀ ਵਿਰਾਸਤ ਨੂੰ ਸੰਭਾਲਣ ਦਾ ਇੱਕ ਨਿਮਾਣਾ ਜਿਹਾ ਯਤਨ ਹੈ। ਇਸ ਕੰਪਲੈਕਸ ਵਿੱਚ ਇੱਕ ਸ਼ਾਨਦਾਰ ਵਿਰਾਸਤੀ ਪ੍ਰਵੇਸ਼ ਦੁਆਰ, ਸ਼ਹੀਦਾਂ ਦੇ ਜੀਵਨ ਨੂੰ ਸਮਰਪਤ ਗਲਿਆਰਾ, ਕੰਧ ਚਿੱਤਰਕਾਰੀ, ਪਾਰਕਾਂ ਅਤੇ ਯਾਦਗਾਰੀ ਖੇਤਰਾਂ ਦਾ ਸੁੰਦਰੀਕਰਨ ਅਤੇ ਲੈਂਡਸਕੇਪਿੰਗ ਸ਼ਾਮਲ ਹੋਵੇਗੀ। ਇਸ ਵਿੱਚ ਇਤਿਹਾਸਕ ਘਟਨਾਵਾਂ ਨਾਲ ਸੰਬੰਧਤ ਵਿਸ਼ਾਗਤ ਚਿੱਤਰ, ਪੁਰਾਣੇ ਪੁਲ 'ਤੇ 3-ਡੀ ਮੈਪਿੰਗ ਸ਼ੋਅ, ਇੱਕ ਸੰਗੀਤਕ ਫੁਹਾਰਾ, ਬੱਚਿਆਂ ਲਈ ਖੇਡਣ ਦਾ ਖੇਤਰ, ਬਜ਼ੁਰਗ ਨਾਗਰਿਕਾਂ ਲਈ ਆਰਾਮਦਾਇਕ ਸਥਾਨ, ਇੱਕ ਆਨ-ਗਰਿੱਡ ਸੋਲਰ ਪਾਵਰ ਪਲਾਂਟ ਅਤੇ ਸਾਫ਼ ਪੀਣ ਵਾਲੇ ਪਾਣੀ ਲਈ ਇੱਕ ਆਰ ਓ ਪਲਾਂਟ ਲਗਾਉਣਾ ਵੀ ਸ਼ਾਮਲ ਹੈ।

### ਟਰੰਪ ਪਲਟਿਆ, 5...

ਕੰਮ ਕਰ ਰਹੇ ਹਨ। ਉਨ੍ਹਾ ਮੁਤਾਬਕ ਜੇ ਟਰੰਪ ਸਖ਼ਤ ਕਦਮ ਨਾ ਚੁੱਕਦੇ ਤਾਂ ਅਗਲੇ ਇੱਕ-ਦੋ ਸਾਲਾਂ ਵਿਚ ਈਰਾਨ ਨੂੰ ਪ੍ਰਮਾਣੂ ਹਥਿਆਰ ਹਾਸਲ ਕਰਨ ਤੋਂ ਰੋਕਣਾ ਅਸੰਭਵ ਹੋ ਜਾਣਾ ਸੀ। ਬੇਸੈਂਟ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਸੁਰੱਖਿਆ ਤੋਂ ਬਿਨਾਂ ਖ਼ੁਸ਼ਹਾਲੀ ਸੰਭਵ ਨਹੀਂ ਹੈ ਅਤੇ ਪਹਿਲਾਂ ਜੋ ਸੁਰੱਖਿਆ ਮਹਿਸੂਸ ਹੋ ਰਹੀ ਸੀ, ਉਹ ਸਿਰਫ ਇੱਕ ਭਰਮ ਸੀ। ਉਨ੍ਹਾ ਦਾ ਮੰਨਣਾ ਹੈ ਕਿ ਟਰੰਪ ਦੇ ਫੈਸਲਿਆਂ ਕਾਰਨ ਹੁਣ ਪੂਰੀ ਦੁਨੀਆ ਪਹਿਲਾਂ ਨਾਲੋਂ ਜ਼ਿਆਦਾ ਸੁਰੱਖਿਅਤ ਮਹਿਸੂਸ ਕਰ ਰਹੀ ਹੈ ਅਤੇ ਇਸ ਮੁਹਿੰਮ ਵਿੱਚ ਫਰਾਂਸ, ਜਰਮਨੀ ਅਤੇ ਇਟਲੀ ਵਰਗੇ ਮਿੱਤਰ ਦੇਸ਼ ਵੀ ਅਮਰੀਕਾ ਦਾ ਸਾਥ ਦੇਣ ਲਈ ਅੱਗੇ ਆ ਰਹੇ ਹਨ। ਇਸੇ ਦੌਰਾਨ ਇਜ਼ਰਾਈਲੀ ਫੌਜਾਂ ਨੇ ਲਿਬਨਾਨ ਨੂੰ ਜੋੜਨ ਵਾਲੇ ਅਹਿਮ 'ਕਾਸਮੀਆ ਪੁਲ' 'ਤੇ ਹਮਲਾ ਕਰਕੇ ਉਸ ਨੂੰ ਤਬਾਹ ਕਰ ਦਿੱਤਾ ਹੈ, ਜਿਸ ਨੂੰ ਜ਼ਮੀਨੀ ਹਮਲੇ ਦੀ ਸ਼ੁਰੂਆਤ ਵਜੋਂ ਦੇਖਿਆ ਜਾ ਰਿਹਾ ਹੈ। ਇਜ਼ਰਾਈਲ ਦੇ ਰੱਖਿਆ ਮੰਤਰੀ ਨੇ ਆਪਣੀ ਫੌਜ ਨੂੰ ਸਰਹੱਦ ਦੇ ਨੇੜੇ ਸਾਰੇ ਰਸਤੇ ਅਤੇ ਘਰ ਤਬਾਹ ਕਰਨ ਦੇ ਹੁਕਮ ਦਿੱਤੇ ਹਨ, ਜਿਸ ਕਾਰਨ ਪੂਰੇ ਖੇਤਰ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।

### ਸਿਆਸਤਦਾਨਾਂ ਨੇ ਆਪਣੇ ...

ਉਪਰੰਤ ਬੰਗਾ ਵਿੱਚ ਇਕ ਜਨ ਸਭਾ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ 23 ਮਾਰਚ ਸਿਰਫ਼ ਇਕ ਤਾਰੀਖ਼ ਨਹੀਂ, ਸਗੋਂ ਇਹ ਉਹ ਦਿਨ ਹੈ ਜਦੋਂ ਤਿੰਨ ਨੌਜਵਾਨਾਂ ਨੇ ਦੇਸ਼ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਸਾਨੂੰ ਅਨਿਆਂ ਅਤੇ ਜ਼ੁਲਮ ਵਿਰੁੱਧ ਡੱਟਣ ਦੀ ਪ੍ਰੇਰਨਾ ਦਿੰਦੀ ਹੈ ਅਤੇ ਹਰ ਨਾਗਰਿਕ ਦਾ ਫਰਜ਼ ਹੈ ਕਿ ਉਹ ਸਮਾਜਿਕ ਬੁਰਾਈਆਂ ਦੇ ਖਿਲਾਫ ਆਵਾਜ਼ ਉਠਾਏ।ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿੱਖਿਆ ਹੀ ਗਰੀਬੀ ਅਤੇ ਸਮਾਜਿਕ ਅਸਮਾਨਤਾ ਨੂੰ ਖਤਮ ਕਰਨ ਦਾ ਸਭ ਤੋਂ ਵੱਡਾ ਸਾਧਨ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ।ਮੁੱਖ ਮੰਤਰੀ ਨੇ ਦੱਸਿਆ ਕਿ ਰਾਜ ਵਿੱਚ ਹੁਣ ਤੱਕ ਲਗਭਗ 65 ਹਜ਼ਾਰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਅਤੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੋਹਾਲੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ 'ਤੇ ਰੱਖਣ ਲਈ ਕੇਂਦਰ ਸਰਕਾਰ ਨਾਲ ਸੰਘਰਸ਼ ਕੀਤਾ ਗਿਆ ਹੈ ਅਤੇ ਹਲਵਾਰਾ ਹਵਾਈ ਅੱਡੇ ਦਾ ਨਾਂਅ ਕਰਤਾਰ ਸਿੰਘ ਸਰਾਭਾ ਦੇ ਨਾਂਅ 'ਤੇ ਰੱਖਣ ਲਈ ਗੱਲਬਾਤ ਜਾਰੀ ਹੈ। ਅੰਤ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸ਼ਹੀਦਾਂ ਦੇ ਸੁਪਨਿਆਂ ਦਾ ਪੰਜਾਬ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਰਾਜ ਨੂੰ ਦੇਸ਼ ਦਾ ਅਗੇਤਰ ਸੂਬਾ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

### ਲਾਲਜੀਤ ਭੁੱਲਰ...

ਅਸਤੀਫਾ ਲੈ ਲਿਆ ਸੀ ਅਤੇ ਮਾਮਲੇ ਦੀ ਜਾਂਚ ਪੰਜਾਬ ਦੇ ਮੁੱਖ ਸਕੱਤਰ ਨੂੰ ਸੌਂਪ ਦਿੱਤੀ ਸੀ। ਗਗਨਦੀਪ ਸਿੰਘ ਦੀ ਪਤਨੀ ਉਪਿੰਦਰ ਕੌਰ ਨੇ ਸੋਮਵਾਰ ਸਵੇਰੇ ਅੰਮ੍ਰਿਤਸਰ 'ਚ ਪ੍ਰੈੱਸ ਕਾਨਫਰੰਸ 'ਚ ਕਿਹਾ ਸੀ ਕਿ ਜੇ ਲਾਲਜੀਤ ਸਿੰਘ ਭੁੱਲਰ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫਤਾਰ ਨਾ ਕੀਤਾ ਤਾਂ ਉਹ ਆਪਣੇ ਬੱਚਿਆਂ ਨਾਲ ਸੜਕਾਂ 'ਤੇ ਬੈਠ ਜਾਵੇਗੀ। ਘਟਨਾ ਤੋਂ ਬਾਅਦ ਤੀਜੇ ਦਿਨ ਵੀ ਮ੍ਰਿਤਕ ਗਗਨਦੀਪ ਦਾ ਪੋਸਟਮਾਰਟਮ ਨਹੀਂ ਕਰਵਾਇਆ ਗਿਆ। ਸਾਂਸਦ ਗੁਰਜੀਤ ਸਿੰਘ ਔਜਲਾ ਨੇ ਜਦੋਂ ਲੋਕ ਸਭਾ ਵਿੱਚ ਅੰਮ੍ਰਿਤਸਰ 'ਚ ਵੇਅਰਹਾਊਸ ਦੇ ਅਧਿਕਾਰੀ ਗਗਨਦੀਪ ਸਿੰਘ ਰੰਧਾਵਾ ਦੀ ਖ਼ੁਦਕੁਸ਼ੀ ਦਾ ਮਾਮਲਾ ਚੁੱਕਿਆ ਤਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਇਸ ਸੰਬੰਧ ਵਿੱਚ ਸੰਸਦ ਮੈਂਬਰ ਲਿਖ ਕੇ ਦੇਣ ਤਾਂ ਉਹ ਇਹ ਮਾਮਲਾ ਸੀ ਬੀ ਆਈ ਦੇ ਹਵਾਲੇ ਕਰ ਦੇਣਗੇ।ਸ਼ਾਹ ਨੇ ਕਿਹਾ ਕਿ ਇਹ ਮਾਮਲਾ ਪੰਜਾਬ ਦਾ ਹੈ ਤੇ ਇਸ ਸੰਬੰਧ ਵਿੱਚ ਪੰਜਾਬ ਦੇ ਸਾਰੇ ਸੰਸਦ ਮੈਂਬਰ ਲਿਖ ਕੇ ਦੇਣ ਤਾਂ ਉਹ ਇਹ ਮਾਮਲਾ ਸੀ ਬੀ ਆਈ ਨੂੰ ਸੌਂਪ ਦੇਣਗੇ।

### ਸਾਮਰਾਜ ਦੇ ਦਲਾਲਾਂ...

ਕਰਨ ਦੀ ਮੰਗ ਕੀਤੀ। ਉਨ੍ਹਾ ਸਪੱਸ਼ਟ ਕੀਤਾ ਕਿ ਸ਼ਹੀਦਾਂ ਦੇ ਸੁਪਨਿਆਂ ਦਾ ਸਮਾਜ ਸਿਰਜਣ ਲਈ ਸਾਮਰਾਜਵਾਦ ਵਿਰੁੱਧ ਲੜਾਈ ਨੂੰ ਪਿੰਡ-ਪਿੰਡ ਤੱਕ ਲਿਜਾਇਆ ਜਾਵੇਗਾ। ਸਮਾਗਮ ਦੌਰਾਨ ਅਹਿਮ ਮਤਾ ਸਰਬਸੰਮਤੀ ਨਾਲ ਪਾਸ ਕੀਤਾ ਗਿਆ।

ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਵੇਅਰਹਾਊਸ ਦੇ ਐੱਮ.ਡੀ. ਗਗਨਦੀਪ ਸਿੰਘ ਰੰਧਾਵਾ ਨੂੰ ਖ਼ੁਦਕੁਸ਼ੀ ਲਈ ਮਜਬੂਰ ਕਰਨ ਦੇ ਦੋਸ਼ ਹੇਠ ਸਾਬਕਾ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੇ ਉਨ੍ਹਾਂ ਦੇ ਪਰਵਾਰ ਦੀ ਤੁਰੰਤ ਗ੍ਰਿਫ਼ਤਾਰੀ ਕਰਨ ਅਤੇ ਪੂਰੇ ਮਾਮਲੇ ਦੀ ਸੀ.ਬੀ.ਆਈ. ਤੋਂ ਨਿਰਪੱਖ ਪੜਤਾਲ ਕਰਵਾਉਣ ਦੀ ਮੰਗ ਕੀਤੀ। ਇਸ ਮੌਕੇ ਚਰਨਜੀਤ ਮਜੀਠਾ, ਦਸਵਿੰਦਰ ਕੌਰ, ਬਲਦੇਵ ਸਿੰਘ ਵੇਰਕਾ, ਸ਼ਮਸ਼ੇਰ ਸਿੰਘ ਹੇਰ, ਬਲਬੀਰ ਸਿੰਘ ਮੂਧਲ, ਕਿਰਪਾ ਰਾਮ, ਭੁਪਿੰਦਰਜੀਤ ਸਿੰਘ ਛੀਨਾ ਅਤੇ ਕੁਲਵੰਤ ਸਿੰਘ ਮੀਰਾਂਕੋਟ ਸਮੇਤ ਵੱਡੀ ਗਿਣਤੀ ਵਿਚ ਵਰਕਰ ਤੇ ਅਹੁਦੇਦਾਰ ਹਾਜ਼ਰ ਸਨ।

### ਅਮਰੀਕਾ ਦੀ ਗੁੰਡਾਗਰਦੀ ...

ਅਜ਼ਾਦ ਕਰਵਾਉਣ ਲਈ ਆਪਣੀ ਕੁਰਬਾਨੀ ਦਿੱਤੀ ਅਤੇ ਫਾਂਸੀ ਦੇ ਰੱਸੇ ਚੁੰਮੇ। ਇਨਕਲਾਬੀਆਂ, ਗ਼ਦਰੀ ਬਾਬਿਆਂ ਨੇ ਅੰਗਰੇਜ਼ਾਂ ਵਿਰੁੱਧ ਲੰਮੀ ਲੜਾਈ ਲੜੀ, ਤਸੀਹੇ ਝੱਲੇ ਅਤੇ ਕੁਰਬਾਨੀਆਂ ਦਿੱਤੀਆਂ ਤਾਂ ਸਾਡਾ ਦੇਸ਼ ਅਜ਼ਾਦ ਹੋਇਆ। ਦੇਸ਼ ਅਜ਼ਾਦ ਹੋਏ ਨੂੰ ਸੱਤ ਦਹਾਕਿਆਂ ਤੋਂ ਵੀ ਵੱਧ ਸਮਾਂ ਹੋ ਗਿਆ। ਸ਼ਹੀਦਾਂ, ਗ਼ਦਰੀ ਬਾਬਿਆਂ ਦੇ ਸੁਪਨੇ ਸਾਕਾਰ ਨਹੀਂ ਹੋਏ। ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਸਰਕਾਰਾਂ ਨਾਕਾਮ ਰਹੀਆਂ। ਪੰਜਾਬ ਦੀ ਗੱਲ ਕਰਦਿਆਂ ਆਗੂਆਂ ਨੇ ਕਿਹਾ ਕਿ ਇੱਥੇ ਨਸ਼ਿਆਂ ਦਾ ਦੌਰ ਚੱਲ ਰਿਹਾ ਹੈ। ਕੁਰੱਪਸ਼ਨ ਜ਼ੋਰਾਂ 'ਤੇ ਹੈ। ਥਾਂ-ਥਾਂ ਗੋਲੀਆਂ ਚੱਲ ਰਹੀਆਂ ਹਨ। ਪੰਜਾਬ ਉਜੜ ਰਿਹਾ ਹੈ। ਰੁਜ਼ਗਾਰ ਦਾ ਕੋਈ ਪ੍ਰਬੰਧ ਨਹੀਂ। ਨੌਜਵਾਨ ਪੀੜ੍ਹੀ ਵਿਦੇਸ਼ਾਂ ਵੱਲ ਜਾ ਰਹੀ ਹੈ। ਪਿੰਡ ਦੇ ਪਿੰਡ ਖਾਲੀ ਹੋ ਰਹੇ ਹਨ। ਲੱਖਾਂ ਲੋਕ ਇਲਾਜ ਦੁੱਖੋਂ ਮਰ ਰਹੇ ਹਨ। ਪੰਜਾਬ ਸਰਕਾਰ ਲਾਰਿਆਂ ਦੀ ਸਰਕਾਰ ਸਾਬਤ ਹੋਈ। ਸਾਰੇ ਦੇਸ਼ ਅੰਦਰ ਅੱਜ ਸਾਮਰਾਜ ਵਿਰੋਧੀ ਦਿਨ ਮਨਾਇਆ ਜਾ ਰਿਹਾ ਹੈ। ਅਮਰੀਕਾ ਦੀ ਗੁੰਡਾਗਰਦੀ ਦਾ ਦੌਰ ਜਾਰੀ ਹੈ। ਈਰਾਨ 'ਤੇ ਹਮਲੇ ਕੀਤੇ ਜਾ ਰਹੇ ਹਨ, ਬੇਦੋਸ਼ੇ ਲੋਕ ਮਰ ਰਹੇ ਹਨ। ਅਮਰੀਕਾ ਈਰਾਨ ਦੇ ਤੇਲ 'ਤੇ ਕਬਜ਼ਾ ਕਰਨਾ ਚਾਹੁੰਦਾ ਹੈ। ਈਰਾਨ ਸਾਮਰਾਜ ਦੇ ਵਿਰੁੱਧ ਲੜਾਈ ਲੜ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਮਰੀਕਾ ਅੱਗੇ ਗੋਡੇ ਟੇਕ ਚੁੱਕਾ ਹੈ। ਮੋਦੀ ਭਾਰਤੀ ਸੱਭਿਅਤਾ ਨੂੰ ਖਤਮ ਕਰਨ 'ਤੇ ਤੁਲਿਆ ਹੋਇਆ ਹੈ। ਮੋਦੀ ਸਰਕਾਰ ਅਮਰੀਕਾ ਨਾਲ ਸਮਝੌਤਾ ਕਰ ਲਿਆ ਹੈ, ਜਿਸ ਨਾਲ ਭਾਰਤੀ ਖੇਤੀ ਤਬਾਹ ਹੋ ਜਾਵੇਗੀ। ਕੇਂਦਰ ਸਰਕਾਰ ਅਮਰੀਕਾ ਨਾਲ ਸੰਧੀ ਕਰ ਰਹੀ ਹੈ, ਜੋ ਵੀ ਤੁਹਾਡੇ ਕੋਲ ਸਮਾਨ ਵਾਧੂ ਹੈ, ਸਾਨੂੰ ਦਿਓ ਅਤੇ ਉਸ ਸਮਾਨ 'ਤੇ ਕੋਈ ਵੀ ਟੈਕਸ ਨਹੀਂ ਲੱਗੇਗਾ। ਮੋਦੀ ਸਰਕਾਰ ਭਾਰਤੀ ਸੰਵਿਧਾਨ ਨੂੰ ਖਤਮ ਕਰ ਕੇ ਮਨੂਵਾਦੀ ਸਿਸਟਮ ਲਿਆਉਣ ਚਾਹੁੰਦੇ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਅਮਰੀਕਾ ਦੀ ਗੁੰਡਾਗਰਦੀ ਐਨੀ ਵਧ ਗਈ ਹੈ ਕਿ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਅਤੇ ਉਸ ਦੀ ਪਤਨੀ ਨੂੰ ਬੈੱਡਰੂਮ ਤੋਂ ਘੜੀਸ ਕੇ ਉਨ੍ਹਾਂ ਦਾ ਕੁੱਟ-ਕਟਾਪਾ ਕੀਤਾ ਅਤੇ ਤੋਂ ਵੀ ਅੱਗੇ ਉਹਨਾਂ ਨੂੰ ਨਿਊ ਯਾਰਕ ਦੀਆਂ ਸੜਕਾਂ 'ਤੇ ਘੁਮਾਇਆ। ਅਮਰੀਕਾ ਦਾ ਰਾਸ਼ਟਰਪਤੀ ਟਰੰਪ ਕਹਿ ਰਿਹਾ ਹੈ ਮੈਂ ਕੁਝ ਵੀ ਕਰ ਸਕਦਾ ਹਾਂ। ਮੋਦੀ ਹੁਣ ਤੱਕ ਦਾ ਸਭ ਤੋਂ ਮਾੜਾ ਪ੍ਰਧਾਨ ਮੰਤਰੀ ਸਾਬਤ ਹੋਇਆ। ਮੋਦੀ ਦੇ ਪੁਰਖੇ ਵੀ ਅੰਗਰੇਜ਼ਾਂ ਦੇ ਪਿੱਠੂ ਸਨ। ਉਹ ਪਿੱਠੂ ਅੰਗਰੇਜ਼ਾਂ ਦੀਆਂ ਮਿੰਨਤਾਂ ਕਰਦੇ ਸਨ ਕਿ ਸਾਨੂੰ ਕਾਲੇ ਪਾਣੀਆਂ ਵਿੱਚੋਂ ਕੱਢ ਦਿਓ। ਮੋਦੀ ਸਰਕਾਰ ਵੀ ਟਰੰਪ ਦੇ ਮਿੰਨਤਾਂ-ਤਰਲੇ ਕਰ ਰਹੇ ਹਨ। ਅਮਰੀਕਾ ਸੰਸਾਰ ਚੌਧਰ ਮੁੜ ਸਥਾਪਤ ਕਰਨ ਲਈ ਵੱਖਰੇ-ਵੱਖਰੇ ਦੇਸ਼ਾਂ ਨੂੰ ਡਰਾਉਣ ਧਮਕਾਉਣ, ਰਾਜ ਪਲਟੇ ਕਰਵਾਉਣ ਅਤੇ ਲੋਕਾਂ ਵੱਲੋਂ ਚੁਣੇ ਗਏ ਮੁਖੀਆਂ ਨੂੰ ਮਾਰਨ ਜਾਂ ਗ੍ਰਿਫ਼ਤਾਰ ਕਰਨ ਦੀ ਮੁਹਿੰਮ ਵਿੱਚ ਜੁਟਿਆ ਹੋਇਆ ਹੈ। ਇਸ ਤੋਂ ਪਹਿਲਾਂ ਵੀ ਇਰਾਕ ਵਿੱਚ ਜਨਤਕ ਤਬਾਹੀ ਦੇ ਹਥਿਆਰ ਜਮ੍ਹਾਂ ਕਰਨ ਦਾ ਇਲਜ਼ਾਮ ਲਾ ਕੇ ਇਰਾਕ ਉੱਪਰ ਹਮਲਾ ਕੀਤਾ ਗਿਆ ਅਤੇ ਇਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੂੰ ਫਾਂਸੀ ਲਾਇਆ ਗਿਆ। ਲਿਬੀਆ ਵਿੱਚ ਰਾਜ ਪਲਟਾ ਕਰਵਾ ਕੇ ਕਰਨਲ ਗੱਦਾਫੀ ਨੂੰ ਮਾਰ ਦਿੱਤਾ ਗਿਆ। ਆਗੂਆਂ ਕਿਹਾ ਕਿ ਇੱਕ ਪਾਸੇ ਅਮਰੀਕਾ, ਈਰਾਨ ਨਾਲ ਪ੍ਰਮਾਣੂ ਪ੍ਰੋਗਰਾਮ ਸਬੰਧੀ ਗੱਲਬਾਤ ਕਰ ਰਿਹਾ ਸੀ ਅਤੇ ਦੂਜੇ ਪਾਸੇ ਬਿਨਾਂ ਭੜਕਾਹਟ ਤੋਂ ਇਰਾਨ ਉਪਰ ਹਮਲਾ ਕਰਕੇ ਸੰਸਾਰ ਅਮਨ ਲਈ ਖਤਰਾ ਪੈਦਾ ਕੀਤਾ ਗਿਆ ਹੈ। ਅਮਰੀਕੀ ਰਾਸ਼ਟਰਪਤੀ ਦੋਸ਼ ਮੜ੍ਹ ਰਿਹਾ ਕਿ ਈਰਾਨ ਅਜਿਹੀਆਂ ਮਿਜ਼ਾਇਲ ਪ੍ਰਣਾਲੀਆਂ ਅਤੇ ਪ੍ਰਮਾਣੂ ਹਥਿਆਰ ਵਿਕਸਤ ਕਰ ਰਿਹਾ ਸੀ, ਜਿਨ੍ਹਾਂ ਦੀ ਪਹੁੰਚ ਅਮਰੀਕਾ ਤੱਕ ਹੋ ਸਕਦੀ ਸੀ। ਇਸ ਨੂੰ ਖਤਰਾ ਦਰਸਾ ਕੇ ਇਹ ਹਮਲਾ ਕੀਤਾ ਗਿਆ ਹੈ। ਅਸਲ ਵਿੱਚ ਪੱਛਮੀ ਏਸ਼ੀਆ ਵਿੱਚ ਆਪਣੀ ਚੌਧਰ ਸਥਾਪਤ ਕਰਨ ਅਤੇ ਆਪਣੇ ਸਾਮਰਾਜੀ ਪ੍ਰਬੰਧ ਦੇ ਸੰਕਟ ਨੂੰ ਹੱਲ ਕਰਨ ਲਈ ਅਜਿਹੇ ਹਮਲੇ ਆਪਣੇ ਪੱਖੀ ਸਰਕਾਰਾਂ ਬਣਾਉਣ ਖ਼ਾਤਰ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੀ ਗੁੰਡਾਗਰਦੀ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

ਆਗੂਆਂ ਕਿਹਾ ਕਿ ਅੱਜ ਲੋੜ ਹੈ ਕਿ ਖੱਬੀਆਂ ਧਿਰਾਂ ਇਕੱਠੀਆਂ ਹੋ ਕੇ ਜਮਹੂਰੀ ਪਸੰਦ ਲੋਕਾਂ ਨੂੰ ਨਾਲ ਲੈ ਕੇ ਲੜਾਈ ਲੜਨ। ਇਸ ਲੜਾਈ 'ਚ ਸਾਨੂੰ ਡਾ. ਅੰਬੇਡਕਰ ਦੇ ਪੈਰੋਕਾਰਾਂ, ਬਾਬੇ ਨਾਨਕ ਨੂੰ ਮੰਨਣ ਵਾਲੇ ਲੋਕ ਇਕੱਠੇ ਕਰਨੇ ਪੈਣਗੇ, ਤਾਂ ਹੀ ਇਹ ਲੋਕ ਵਿਰੋਧੀ ਸਰਕਾਰ ਨੂੰ ਚੱਲਦਾ ਕਰ ਸਕਦੇ ਹਾਂ। ਸਮਾਜਿਕ ਸੰਘਰਸ਼ ਕਮੇਟੀ ਦੀ ਕੌਮੀ ਪ੍ਰਧਾਨ ਹਰਵਿੰਦਰ ਕੌਰ ਨੇ ਵੀ ਸੰਬੋਧਨ ਕੀਤਾ।ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦੀ ਟੀਮ ਵੱਲੋਂ ਇਨਕਲਾਬੀ ਨਾਟਕ ਅਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਜਸਵਿੰਦਰ ਸਿੰਘ ਭੰਗਲ, ਕੁਲਦੀਪ ਸਿੰਘ ਦੌੜਕਾ, ਹਰਪਾਲ ਸਿੰਘ ਜਗਤਪੁਰ, ਨਰੰਜਣ ਦਾਸ ਮੇਹਲੀ, ਪਰਮਿੰਦਰ ਮੇਨਕਾ, ਗੁਰਮੁੱਖ ਸਿੰਘ ਫਰਾਲਾ, ਦਸੌਂਧਾ ਸਿੰਘ, ਜਗਤਾਰ ਸਿੰਘ ਪੁੰਨੂੰ ਮਜਾਰਾ, ਜੁਝਾਰ ਸਿੰਘ ਕੁੱਕੜ ਮਜਾਰਾ, ਹੁਸਨ ਲਾਲ ਰਾਣਾ, ਅਮਰਜੀਤ ਮੇਹਲੀ, ਕੁਲਦੀਪ ਸਿੰਘ ਸੁੱਜੋਂ, ਸਤਨਾਮ ਸਿੰਘ ਸੁੱਜੋਂ, ਸਤਨਾਮ ਸਿੰਘ ਗੁਲਾਟੀ, ਸੋਮ ਲਾਲ ਥੋਪੀਆਂ, ਰਾਮ ਲੁਭਾਇਆ, ਹਰੀ ਬਿਲਾਸ, ਜਸਵੀਰ ਸਿੰਘ ਮੋਰੋਂ, ਬਲਿਹਾਰ ਸਿੰਘ ਬਾਰ੍ਹਾ, ਸੁਰਿੰਦਰ ਭੱਟੀ ਰਾਹੋਂ, ਰਾਮ ਸਾਹਿਲ ਰਾਹੋਂ, ਪ੍ਰਿੰਸੀ. ਇਕਬਾਲ ਸਿੰਘ, ਰਾਮਪਾਲ, ਰੇਸ਼ਮ ਲਾਲ, ਸੋਢੀ ਰਾਮ, ਸ਼ਿੰਗਾਰਾ ਰਾਮ, ਪਰਮਾ ਨੰਦ ਹੀਓਂ, ਪਰਮਜੀਤ ਗਿੱਲ, ਬਲਿਹਾਰ ਪੰਚ, ਬਿਮਲ ਬਖਲੌਰ ਸਾਬਕਾ ਸਰਪੰਚ, ਮਾ. ਗੁਰਦਿਆਲ ਸਿੰਘ, ਮੋਹਣ ਸਿੰਘ ਪੂਨੀਆ, ਸੋਢੀ ਰਾਮ, ਹਰਨੇਕ ਬੀਕਾ, ਪ੍ਰਸ਼ੋਤਮ ਲਾਲ, ਬੂਟਾ ਰਾਮ, ਚਰਨ ਦਾਸ, ਗੁਰਦੀਪ ਬੀਕਾ, ਸੁਰਜੀਤ ਨੂਰਪੁਰ ਅਤੇ ਕਰਨੈਲ ਚੰਦ ਚੱਕ ਬਿਲਗਾ ਆਦਿ ਹਾਜ਼ਰ ਸਨ।

## ਹਾਰਵਰਡ ਸਕੂਲ ਦਾ ਨਰਸਰੀ ਤੋਂ ਦੂਸਰੀ ਕਲਾਸ ਦਾ ਨਤੀਜਾ ਸ਼ਾਨਦਾਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦਾ ਨਰਸਰੀ ਤੋਂ ਲੈ ਕੇ ਦੂਸਰੀ ਕਲਾਸ ਦਾ ਨਤੀਜਾ ਸ਼ਾਨਦਾਰ ਰਿਹਾ।ਇਸ ਸਮੇਂ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਤੇ ਡਾਇਰੈਕਟਰ ਇੰਜੀਨੀਅਰ ਜਗਦੀਪ ਸਿੰਘ ਬਰਾੜ ਨੇ ਸਕੂਲ ਪਹੁੰਚੇ ਹੋਏ ਮਾਪਿਆਂ ਦਾ ਧੰਨਵਾਦ ਕੀਤਾ ਤੇ ਪਹਿਲੀਆਂ ਪੁਜ਼ੀਸ਼ਨਾਂ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕੀਤਾ।ਇਸ ਸਮੇਂ ਯੂ. ਕੇ. ਜੀ. ਕਲਾਸ ਦੇ ਬੱਚਿਆਂ ਦੀ ਕਨਵੋਕੇਸ਼ਨ ਕੀਤੀ ਗਈ, ਜਿਸ ਵਿੱਚ ਬੱਚਿਆਂ ਨੂੰ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ 100% ਹਾਜ਼ਰੀ ਵਾਲੇ ਬੱਚਿਆਂ ਨੂੰ ਵੀ ਸਨਮਾਨਤ ਕੀਤਾ ਗਿਆ।ਇਸ ਸਮੇਂ ਸਕੂਲ ਡਾਇਰੈਕਟਰ ਇੰਜੀਨੀਅਰ ਜਗਦੀਪ ਸਿੰਘ ਬਰਾੜ ਨੇ ਬੱਚਿਆਂ ਨੂੰ ਉਨ੍ਹਾਂ ਦੀ ਮਾਣਮੱਤੀ ਪ੍ਰਾਪਤੀ ਉੱਪਰ ਵਧਾਈ ਦਿੱਤੀ।ਉਨ੍ਹਾਂ ਮਾਪਿਆਂ ਨੂੰ ਦੱਸਿਆ ਕਿ ਹਾਰਵਰਡ ਕਾਨਵੈਂਟ ਸਕੂਲ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਹਮੇਸ਼ਾ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਹਾਰਵਰਡ ਸਕੂਲ ਪੜ੍ਹਾਈ, ਖੇਡਾਂ ਤੇ ਪਾਠ ਸਹਾਇਕ ਕਿਰਿਆਵਾਂ ਵਿੱਚ ਹਮੇਸ਼ਾ ਮੋਹਰੀ ਰਿਹਾ ਹੈ।ਸਕੂਲ ਵਿੱਚ ਹਰ ਕਲਾਸ ਵਿੱਚ ਏ. ਸੀ., ਫੂਡ ਵਾਰਮਰ, ਸਮਾਰਟ ਪੈਨਲ ਦੀ ਸਹੂਲਤ ਮੁਹੱਈਆ ਕਰਵਾਉਂਦਾ ਹੈ।ਬੱਚਿਆਂ ਨੂੰ ਪੜ੍ਹਾਉਣ ਲਈ ਤਜਰਬੇਕਾਰ ਅਧਿਆਪਕਾਂ ਦੀ ਟੀਮ ਹੈ।ਬੱਚਿਆਂ ਲਈ ਸਾਲਾਨਾ ਸਮਾਗਮ, ਵਿੱਦਿਅਕ ਟੂਰਾਂ ਤੇ ਪਿਕਨਿਕ ਦਾ ਪ੍ਰਬੰਧ ਵੀ ਸਕੂਲ ਵੱਲੋਂ ਕੀਤਾ ਜਾਂਦਾ ਹੈ।ਇਸ ਦਿਨ ਛੋਟੇ ਬੱਚਿਆਂ ਲਈ ਪਿਕਨਿਕ ਦਾ ਖ਼ਾਸ ਪ੍ਰਬੰਧ ਕੀਤਾ ਗਿਆ।ਬੱਚਿਆਂ ਦੇ ਮਾਪਿਆਂ ਨੇ ਅਧਿਆਪਕਾਂ ਨਾਲ ਗੱਲਬਾਤ ਕਰਕੇ ਆਪਣੇ ਬੱਚੇ ਦਾ ਰਿਜ਼ਲਟ ਪ੍ਰਾਪਤ ਕੀਤਾ ਤੇ ਅਗਲੀਆਂ ਕਲਾਸਾਂ ਲਈ ਦਾਖਲੇ ਵੀ ਕਰਵਾਏ।

## ਸਹਾਰਾ ਫਾਊਂਡੇਸ਼ਨ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀਆਂ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਆਜ਼ਾਦੀ ਲਈ ਹੱਸਦੇ-ਹੱਸਦੇ ਫਾਂਸੀ ਦਾ ਫੰਦਾ ਚੁੰਮਣ ਵਾਲੇ ਮਹਾਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸਥਾਨਕ ਬੱਸ ਸਟੈਂਡ ਵਿਖੇ ਸਥਿਤ ਸ਼ਹੀਦ ਸਮਾਰਕਾਂ 'ਤੇ ਸਹਾਰਾ ਫਾਊਂਡੇਸ਼ਨ ਵੱਲੋਂ ਇੱਕ ਵਿਸ਼ੇਸ਼ ਤੇ ਸੰਖੇਪ ਸਮਾਗਮ ਕਰਵਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸਹਾਰਾ ਫਾਊਂਡੇਸ਼ਨ ਦੇ ਚੇਅਰਮੈਨ ਸਰਬਜੀਤ ਸਿੰਘ ਰੇਖੀ, ਜਨਰਲ ਸਕੱਤਰ ਵਰਿੰਦਰਜੀਤ ਸਿੰਘ ਬਜਾਜ ਤੇ ਕੋਆਰਡੀਨੇਟਰ ਸੁਰਿੰਦਰ ਪਾਲ ਸਿੰਘ ਸਿਦਕੀ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਦੇਸ਼ ਦੀ ਆਜ਼ਾਦੀ ਵਿੱਚ ਪਾਏ ਅਮੋਲਕ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਅਸੀਂ ਅੱਜ ਜੋ ਆਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਉਹ ਇਨ੍ਹਾਂ ਸੂਰਬੀਰਾਂ ਦੀ ਕੁਰਬਾਨੀ ਦਾ ਨਤੀਜਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨਸ਼ਾ-ਰਹਿਤ ਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਆਪਣੀ ਜਵਾਨੀ ਨੂੰ ਸਮਾਜ ਸੇਵਾ ਵਿੱਚ ਲਗਾਇਆ ਜਾਵੇ ਤੇ ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਯਤਨ ਕੀਤੇ ਜਾਣ।ਡਾ. ਸੁਮਿੰਦਰ ਸਿੰਘ (ਡਾਇਰੈਕਟਰ ਹਿਊਮਨ ਰਾਇਟਸ ਸਹਾਰਾ), ਡਾ. ਦਿਨੇਸ਼ ਗਰੋਵਰ (ਸਹਾਰਾ ਮੈਡੀਕਲ ਵਿੰਗ) ਤੇ ਮਨਪ੍ਰੀਤ ਸਿੰਘ ਸੇਠੀ (ਮੀਤ ਪ੍ਰਧਾਨ, ਖੱਤਰੀ ਮਹਾਂਸਭਾ ਪੰਜਾਬ) ਨੇ ਕਿਹਾ ਕਿ ਸਾਡਾ ਫਰਜ ਬਣਦਾ ਹੈ ਕਿ ਅਸੀਂ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਈਏ ਤੇ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਦੇਸ਼ ਦੀ ਤਰੱਕੀ ਲਈ ਸੱਚੇ ਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰੀਏ।ਸਹਾਰਾ ਬਲੱਡ ਡੋਨਰਜ਼ ਵਿੰਗ ਦੇ ਡਾਇਰੈਕਟਰ ਸੁਭਾਸ਼ ਕਰਾੜੀਆ ਨੇ ਹਰ ਸਾਲ ਮਨਾਏ ਜਾਂਦੇ ਸ਼ਹੀਦੀ ਸਮਾਰੋਹ ਦੀ ਸ਼ਲਾਘਾ ਕੀਤੀ।ਇਸ ਮੌਕੇ ਸਹਾਰਾ ਮੈਂਬਰ ਗੁਰਤੇਜ ਖੇਤਲਾ (ਪ੍ਰੈੱਸ ਸਕੱਤਰ), ਅਭਿਨੰਦਨ ਚੌਹਾਨ, ਸੁਖਵਿੰਦਰ ਕਰਾੜੀਆ ਤੇ ਰਿਕਸ਼ਾ ਚਾਲਕ-ਮਾਲਕ ਯੂਨੀਅਨ ਦੇ ਮੈਂਬਰਾਂ ਨੇ ਦੇਸ਼ ਭਗਤੀ ਦੇ ਨਾਅਰਿਆਂ ਭਾਰਤ ਮਾਤਾ ਦੀ ਜੈ ਤੇ ਵੰਦੇ ਮਾਤਰਮ ਦੀ ਗੂੰਜ ਵਿੱਚ ਸ਼ਹੀਦਾਂ ਨੂੰ ਫੁੱਲ ਮਾਲਾਵਾਂ ਅਰਪਿਤ ਕਰਦਿਆਂ ਨਮਨ ਕੀਤਾ।

## ਸ੍ਰੀ ਬਜਰੰਗ ਭਵਨ ਮੰਦਰ ਵਿਖੇ ਸ੍ਰੀਮਦ ਭਗਵਤ ਕਥਾ ਆਰੰਭ



**ਜ਼ੀਰਾ (ਨਰਿੰਦਰ ਅਨੇਜਾ)**-ਸ੍ਰੀ ਸਨਾਤਨ ਧਰਮ ਮਹਾਂਵੀਰ ਦਲ ਤੇ ਸ੍ਰੀ ਬਜਰੰਗ ਭਵਨ ਮੰਦਰ ਜ਼ੀਰਾ ਵਿਖੇ 46ਵਾਂ ਸਨਾਤਨ ਧਰਮ ਸੰਮੇਲਨ ਤੇ ਸ੍ਰੀਮਦ ਭਗਵਤ ਕਥਾ ਸਪਤਾਹ ਗਿਆਨ ਯੱਗ ਸਮਾਗਮ ਝੰਡਾ ਪੂਜਨ ਉਪਰੰਤ ਆਰੰਭ ਹੋ ਗਿਆ।ਸੰਮੇਲਨ ਦੀ ਅਰੰਭਤਾ ਰਾਜੇਸ਼ ਕੁਮਾਰ ਗਰੋਵਰ ਫਰੂਟ ਵਾਲਿਆਂ ਦੇ ਪਰਿਵਾਰ ਵੱਲੋਂ ਝੰਡਾ ਪੂਜਨ ਕੀਤੀ ਗਿਆ ਤੇ ਸ੍ਰੀਮਦ ਭਗਵਤ ਪੁਰਾਣ ਦੀ ਆਰਤੀ ਉਪਰੰਤ ਕਥਾਵਾਚਕ ਪੰਡਤ ਗੌਰਵ ਕਿਸ਼ਨ ਦੀਕਸ਼ਤ ਨੇ ਕਥਾ ਪ੍ਰਵਾਹ ਦੀ ਅਰੰਭਤਾ ਕਰਦਿਆਂ ਕਿਹਾ ਕਿ ਭਗਵਾਨ ਦੀ ਕਥਾ ਸੁਣਨ ਲਈ ਆਪਣਾ ਆਪਾ ਸਮਰਪਣ ਕਰਨਾ ਪੈਂਦਾ ਹੈ, ਨਾਰਦ ਜੀ ਨੇ ਜਨ ਪ੍ਰਚਾਰ ਕਰਨ ਲਈ ਆਪਣੇ ਪਿਤਾ ਬ੍ਰਹਮਾ ਜੀ ਤੋਂ ਪੁੱਛਿਆ ਸਤਸੰਗ ਸਰਵਣ ਕਰਨ ਦੀ ਵਿਧੀ ਕੀ ਹੁੰਦੀ ਹੈ, ਨਾਰਦ ਜੀ ਨੂੰ ਉਨ੍ਹਾਂ ਦੱਸਿਆ ਕਿ ਜਿਸ ਅਸਥਾਨ 'ਤੇ ਬਾਹਰ ਦੀ ਆਵਾਜ਼ ਅੰਦਰ ਨਾ ਆਏ, ਪ੍ਰੰਤੂ ਅੰਦਰ ਦੀ ਆਵਾਜ਼ ਬਾਹਰ ਦੂਰ ਦੂਰ ਤੱਕ ਚਲੀ ਜਾਵੇ, ਉਹ ਬੜਾ ਸੁੰਦਰ ਅਸਥਾਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਧਿਆਨ ਪੂਰਵਕ ਸ਼੍ਰਵਣ ਕੀਤੀ ਕਥਾ ਹੀ ਆਪਣੇ ਹਿਰਦੇ ਵਿੱਚ ਉਤਰੇਗੀ।ਉਨ੍ਹਾਂ ਕਿਹਾ ਕਿਹਾ ਭਗਵਾਨ ਸੁਖਦੇਵ ਨੇ ਮਦ ਭਗਵਤ ਪੁਰਾਣ ਦਾ ਨਿਰਮਾਣ ਮਾਨਵਤਾ ਦੇ ਕਲਿਆਣ ਲਈ ਕੀਤਾ ਹੈ ਤੇ ਇਸ ਵਿੱਚ ਸ਼ਾਖਸ਼ਾਤ ਤ੍ਰਿਲੋਕੀ ਨਾਥ ਭਗਵਾਨ ਕ੍ਰਿਸ਼ਨ ਜੀ ਹਾਜ਼ਰ ਰਹਿੰਦੇ ਹਨ।ਕਥਾ ਸਮਾਪਤੀ ਦੌਰਾਨ ਸ੍ਰੀਮਦ ਭਗਵਤ ਪੁਰਾਣ ਜੀ ਦੀ ਆਰਤੀ ਉਤਾਰੀ ਗਈ।ਇਸ ਸੰਮੇਲਨ ਵਿੱਚ ਡਾ. ਸੁਭਾਸ਼ ਉੱਪਲ, ਧਰਮਪਾਲ ਚੁੱਘ, ਲੱਕੀ ਪਾਸੀਂ, ਪ੍ਰਵੀਨ ਉਪਲ, ਵਿਜੇ ਸ਼ਰਮਾ, ਗੁਰਦੇਵ ਸਿੰਘ ਸਿੱਧੂ, ਕਿਸ਼ਨ ਹਾਡਾ, ਸੁਨੀਲ ਗਰੋਵਰ, ਵਿਕਾਸ ਗਰੋਵਰ, ਐਡਵੋਕੇਟ ਲਵਪ੍ਰੀਤ ਸਿੰਘ ਸਿੱਧੂ, ਡਾ. ਰਾਮੇਸ਼ ਚੰਦਰ, ਰਾਜ ਅਰੋੜਾ, ਵਿਪਨ ਸੇਠੀ, ਮੋਹਣ ਲਾਲ ਅਨੇਜਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀਆਂ ਨੇ ਕਥਾ ਦਾ ਅਨੰਦ ਮਾਣਿਆ।ਉਪਰੰਤ ਸੰਸਥਾ ਵੱਲੋਂ ਲਗਾਏ ਲੰਗਰ ਭੰਡਾਰੇ ਦਾ ਸ਼ਰਧਾਲੂਆਂ ਨੇ ਪੰਗਤਾਂ ਵਿੱਚ ਬੈਠ ਕੇ ਛਕਿਆ।

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਸਮਾਗਮ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਸੀ ਪੀ ਆਈ, ਏਟਕ, ਕਿਸਾਨ ਜਥੇਬੰਦੀਆਂ, ਮੁਲਾਜ਼ਮ ਜਥੇਬੰਦੀਆਂ, ਵਪਾਰ ਮੰਡਲ, ਨੌਜਵਾਨ ਸਭਾ ਤੇ ਵਿਥਿਆਰਥੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਾਂਝੇ ਤੌਰ 'ਤੇ ਸ਼ਰਧਾਂਜਲੀ ਸਮਾਗਮ ਕਾਮਰੇਡ ਕਾਲਾ ਬੁੱਲ੍ਹਾ ਹਾਲ ਸੀ ਪੀ ਆਈ ਦਫ਼ਤਰ ਮਾਲੇਰਕੋਟਲਾ ਵਿਖੇ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸ੍ਰ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਪੈਰੋਕਾਰ ਇਕੱਠੇ ਹੋਏ ਤੇ ਭਾਵਪੂਰਨ ਸ਼ਰਧਾਂਜਲੀ ਭੇਟ ਕੀਤੀ ਅਤੇ ਸ਼ਹੀਦਾਂ ਦੇ ਰਹਿੰਦੇ ਅਧੂਰੇ ਸੁਪਨੇ ਪੂਰੇ ਕਰਨ ਦਾ ਅਹਿਦ ਲਿਆ ਗਿਆ। ਅੱਜ ਦੇ ਦਿਨ ਨੂੰ ਸਾਮਰਾਜੀ ਵਿਰੋਧੀ ਦਿਵਸ ਦੇ ਰੂਪ 'ਚ ਮਨਾਇਆ। ਇਸ ਸਮਾਗਮ ਵਿੱਚ ਸੀ ਪੀ ਆਈ ਆਗੂ ਕਾਮਰੇਡ ਭਰਪੂਰ ਸਿੰਘ ਬੁਲਾਪੁਰ, ਦਿਨੇਸ਼ ਭਾਰਦਵਾਜ, ਮੁਜੀਬ ਉਰ ਰਹਿਮਾਨ, ਏਟਕ ਆਗੂ ਮੁਹੰਮਦ ਖ਼ਲੀਲ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾਈ ਆਗੂ ਰਣਜੀਤ ਸਿੰਘ ਰਾਣਵਾਂ, ਬਿਜਲੀ ਮੁਲਾਜ਼ਮ ਆਗੂ ਰਾਜਵੰਤ ਸਿੰਘ, ਨਰਿੰਦਰ ਕੁਮਾਰ, ਖੇਤ ਮਜ਼ਦੂਰ ਆਗੂ ਸੁਰਿੰਦਰ ਭੈਣੀ, ਵਪਾਰ ਮੰਡਲ ਆਗੂ ਰਾਜਿੰਦਰ ਕੁਮਾਰ ਰਾਜ਼ੀ ਅਮਰਗੜ੍ਹ, ਕਿਸਾਨ ਆਗੂ ਪ੍ਰਦੁੱਮਣ ਸਿੰਘ ਬਾਗੜੀਆਂ, ਮੁਹੰਮਦ ਸਾਬਰ ਨੇ ਸੰਬੋਧਨ ਕੀਤਾ।

## ਬੱਸ ਸਹੂਲਤਾਂ ਦੀ ਕਮੀ 'ਤੇ ਸ਼ੈਰੀ ਰਿਆੜ ਨੇ ਸਰਕਾਰ ਨੂੰ ਲੰਮੇ ਹੱਥੀਂ ਲਿਆ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ 'ਚ ਕਾਂਗਰਸ ਦੇ ਸੀਨੀਅਰ ਆਗੂ ਮਨਸਿਮਰਤ ਸਿੰਘ ਸ਼ੈਰੀ ਰਿਆੜ ਵੱਲੋਂ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਦੌਰਾਨ ਉਨ੍ਹਾਂ ਪੰਜਾਬ ਦੀ ਮਾਨ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ।ਉਨ੍ਹਾਂ ਕਿਹਾ ਕਿ ਹਲਕਾ ਸਨੌਰ ਵਿੱਚ ਆਮ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਤੋਂ ਵੀ ਵਾਂਝਾ ਰੱਖਿਆ ਜਾ ਰਿਹਾ ਹੈ, ਖਾਸ ਕਰਕੇ ਸਰਕਾਰੀ ਬੱਸ ਸੇਵਾ ਬਹੁਤ ਹੀ ਖਰਾਬ ਹਾਲਤ 'ਚ ਹੈ।ਸ਼ੈਰੀ ਰਿਆੜ ਨੇ ਦੱਸਿਆ ਕਿ ਰਾਠੀਆ, ਬੋਲੜ, ਅਸਰਪੁਰ, ਕਰਤਾਰਪੁਰ, ਬਰਕਤਪੁਰ, ਬਡਲਾ, ਸ਼ੰਕਰਪੁਰ, ਮੁਹੱਬਤਪੁਰ ਤੇ ਹੋਰ ਕਈ ਪਿੰਡਾਂ ਤੋਂ ਵੱਖ-ਵੱਖ ਰੂਟਾਂ ਲਈ ਸਰਕਾਰੀ ਬੱਸਾਂ ਦਾ ਕੋਈ ਪ੍ਰਬੰਧ ਨਹੀਂ ਹੈ, ਜਿਸ ਕਾਰਨ ਵਿਦਿਆਰਥੀਆਂ, ਮਜ਼ਦੂਰਾਂ ਤੇ ਆਮ ਯਾਤਰੀਆਂ ਨੂੰ ਦਿਨ-ਚੜ੍ਹਦੇ ਸਮੇਂ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪ੍ਰਾਈਵੇਟ ਵਾਹਨਾਂ 'ਤੇ ਨਿਰਭਰ ਹੋਣਾ ਪੈ ਰਿਹਾ ਹੈ, ਜੋ ਮਹਿੰਗੇ ਵੀ ਹਨ ਤੇ ਹਰ ਕਿਸੇ ਲਈ ਉਪਲਬਧ ਨਹੀਂ।ਉਨ੍ਹਾਂ ਸਨੌਰ ਬੱਸ ਸਟੈਂਡ ਦੀ ਮੰਦਹਾਲੀ ਉਤੇ ਵੀ ਗੰਭੀਰ ਚਿੰਤਾ ਜਤਾਈ।ਉਨ੍ਹਾਂ ਦੱਸਿਆ ਕਿ ਬੱਸ ਸਟੈਂਡ 'ਚ ਬੇਤਰਤੀਬੀ ਨਾਲ ਰੇਹੜੀਆਂ ਖੜੀਆਂ ਹੋਈਆਂ ਹਨ ਤੇ ਰੇਹੜੀ ਵਾਲਿਆਂ ਤੋਂ 100 ਰੁਪਏ ਤੱਕ ਵਸੂਲੇ ਜਾਂਦੇ ਹਨ।ਉਨ੍ਹਾਂ ਸਵਾਲ ਉਠਾਇਆ ਕਿ ਇਹ ਪੈਸਾ ਕਿੱਥੇ ਜਾ ਰਿਹਾ ਹੈ, ਕਿਉਂਕਿ ਬੱਸ ਸਟੈਂਡ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਦਿਖਾਈ ਦੇ ਰਿਹਾ ਸ਼ੈਰੀ ਰਿਆੜ ਨੇ ਇਹ ਵੀ ਕਿਹਾ ਕਿ ਬੱਸ ਸਟੈਂਡ ਦਾ ਲੈਂਟਰ ਟੁੱਟਿਆ ਹੋਇਆ ਹੈ, ਜੋ ਕਿਸੇ ਵੀ ਸਮੇਂ ਹਾਦਸੇ ਦਾ ਕਾਰਨ ਬਣ ਸਕਦਾ ਹੈ।ਉਨ੍ਹਾਂ ਦੱਸਿਆ ਕਿ ਹਲਕਾ ਸਨੌਰ ਦੇ ਕਈ ਪਿੰਡਾਂ 'ਚ ਲੋਕਾਂ ਨੂੰ ਸਰਕਾਰੀ ਬੱਸ ਸਹੂਲਤ ਨਾ ਮਿਲਣ ਕਾਰਨ 3 ਕਿਲੋਮੀਟਰ ਤੱਕ ਪੈਦਲ ਤੁਰਨਾ ਪੈਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਕਾਰਨ ਵਿਦਿਆਰਥੀਆਂ, ਬਜ਼ੁਰਗਾਂ ਤੇ ਮਜ਼ਦੂਰਾਂ ਨੂੰ ਵੱਡੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਰਸੋਈ ਗੈਸ ਨਾ ਮਿਲਣ 'ਤੇ ਲੋਕਾਂ ਸਾਮਰਾਜ ਵਿਰੋਧੀ ਪੁਤਲੇ ਫੂਕੇ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਪਿੰਡ ਮੂਸੇ ਵਿਖੇ ਅਤੇ ਝਬਾਲ ਗੈਸ ਏਜੰਸੀ ਦੇ ਸਾਹਮਣੇ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਨ ਨੂੰ ਯਾਦ ਕਰਦਿਆਂ ਸਾਮਰਾਜ ਵਿਰੋਧੀ ਦਿਨ ਮਨਾਇਆ ਗਿਆ।ਇਸ ਮੌਕੇ ਕਿਸਾਨਾਂ ਤੇ ਮਜ਼ਦੂਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਦਵਿੰਦਰ ਸੋਹਲ ਨੇ ਕਿਹਾ ਕਿ ਅੱਜ ਦੇਸ਼ ਦੀ ਸਰਕਾਰ ਸਾਮਰਾਜ ਦੇ ਹੱਥਾਂ 'ਚ ਖੇਡ ਕੇ ਮਜ਼ਦੂਰਾਂ ਤੇ ਕਿਸਾਨਾਂ ਨਾਲ ਧੱਕਾ ਕਰ ਰਹੀ ਹੈ।ਇਹ ਸਾਮਰਾਜ ਦੀ ਹੀ ਖੇਡ ਹੈ ਕਿ ਅੱਜ ਲੋਕਾਂ ਨੂੰ ਚੁੱਲ੍ਹਾ ਬਾਲਣ ਲਈ ਰਸੋਈ ਗੈਸ ਨਹੀਂ ਮਿਲ ਰਹੀ ਅਤੇ ਤੇਲ ਮਹਿੰਗਾ ਹੋ ਰਿਹਾ ਹੈ। ਉਨਾਂ ਕਿਹਾ ਕਿ ਅੱਜ ਤੋਂ 95 ਸਾਲ ਪਹਿਲਾਂ ਸ਼ਹੀਦ ਭਗਤ ਸਿੰਘ ਤੇ ਉਹਦੇ ਸਾਥੀਆਂ ਨੇ ਸਾਮਰਾਜਵਾਦ ਮੁਰਦਾਬਾਦ ਦਾ ਨਾਹਰਾ ਤਾਂ ਹੀ ਲਾਇਆ ਸੀ ਕਿਉਂਕਿ ਉਨ੍ਹਾਂ ਨੂੰ ਪਤਾ ਸੀ ਕਿ ਪੂੰਜੀਵਾਦੀ ਰਾਜ ਪ੍ਰਬੰਧ ਅਧੀਨ ਦੁਨੀਆ ਦੇ ਮਜ਼ਦੂਰ ਕਿਸਾਨ ਵਾਰ-ਵਾਰ ਲੁੱਟੇ ਜਾਂਦੇ ਰਹਿਣਗੇ ਅਤੇ ਉਨ੍ਹਾਂ ਦੇ ਸਾਂਝੇ ਸੰਘਰਸ਼ ਹੀ ਉਨ੍ਹਾਂ ਦੀ ਅਸਲੀ ਆਜ਼ਾਦੀ ਦੀ ਜ਼ਾਮਨੀ ਦੇ ਸਕਦੇ ਹਨ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਮਿਹਨਤਕਸ਼ ਲੋਕਾਂ ਨੇ ਜੇਕਰ ਅਸਲੀ ਆਜ਼ਾਦੀ ਲੈਣੀ ਹੈ ਜਿਸ ਵਿੱਚ ਉਨ੍ਹਾਂ ਦਾ ਬਚਪਨ, ਉਨ੍ਹਾਂ ਦੀ ਜਵਾਨੀ, ਬੁਢਾਪਾ ਖੁਸ਼ਹਾਲ ਹੋਵੇ ਤਾਂ ਹਰ ਬੱਚੇ ਨੂੰ ਪੜ੍ਹਨ, ਵਿਗਸਣ, ਕੰਮ ਕਰਨ ਦਾ ਬਰਾਬਰ ਮੌਕਾ ਮਿਲੇ।ਇਹੋ ਜਿਹਾ ਰਾਜ ਪ੍ਰਬੰਧ ਬਣਾਉਣ ਲਈ ਹੀ ਇਨਕਲਾਬ ਜ਼ਿੰਦਾਬਾਦ ਦਾ ਨਾਹਰਾ ਲਾਇਆ ਸੀ ਕਿਉਂਕਿ ਸਮਾਜਵਾਦੀ ਰਾਜ ਪ੍ਰਬੰਧ ਹੀ ਲੋਕਾਂ ਲਈ ਬਰਾਬਰ ਮੌਕੇ ਦਿੰਦਿਆਂ ਖੁਸ਼ਹਾਲ ਜੀਵਨ ਦੇ ਸਕਦਾ ਹੈ ।ਅੱਜ ਕਾਰਪੋਰੇਟ ਘਰਾਣਿਆਂ ਰਾਹੀਂ ਸਾਮਰਾਜ ਸਾਰੀ ਦੁਨੀਆ ਦੀ ਦੌਲਤ 'ਤੇ ਕਬਜ਼ਾ ਕਰਨ ਲਈ ਹਲਕਿਆ ਪਿਆ।ਟਰੰਪ ਉਸ ਦਾ ਮੁਖੀ ਬਣਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਮੂਸੇ, ਕੁਲਦੀਪ ਸਿੰਘ, ਰਤਨ ਸਿੰਘ ਢੰਡ, ਗੁਰਵਿੰਦਰ ਸਿੰਘ ਸੋਹਲ, ਬਿੱਲਾ ਖੂਹ ਵਾਲਾ, ਸੂਬਾ ਸਿੰਘ ਗੱਗੋ ਬੂਹਾ, ਕੰਵਲ ਢਿੱਲੋਂ, ਅਵਤਾਰ ਚਾਹਲ, ਅਰਵਿੰਦ ਗੁਪਤਾ, ਜਗਤਾਰ ਸਿੰਘ ਜੱਗਾ, ਕਾਰਜ ਸਿੰਘ,ਰਾਜੂ ਸਿੰਘ ਨੇ ਵੀ ਸੰਬੋਧਨ ਕੀਤਾ।

# ਮਜ਼ਦੂਰ ਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਚਾਰ ਲੇਬਰ ਕੋਡ ਰੱਦ ਕਰਵਾਉਣ ਲਈ ਲੁਧਿਆਣਾ 'ਚ ਵਿਸ਼ਾਲ ਰੈਲੀ ਤੇ ਮੁਜ਼ਾਹਰਾ

**ਸ਼ਾਹਕੋਟ (ਗਿਆਨ ਸੈਦਪੁਰੀ)**-ਮਜ਼ਦੂਰ ਅਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਐਤਵਾਰ ਨੂੰ ਲੁਧਿਆਣਾ ਦੇ ਜਲੰਧਰ ਬਾਈਪਾਸ ਨੇੜੇ ਸਬਜ਼ੀ ਮੰਡੀ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕੀਤੀ ਗਈ।ਇਸ ਮੌਕੇ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫਟੂ) ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵਡੀ ਅਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਅੱਜ ਦੀ ਰੈਲੀ ਚਾਰ ਲੇਬਰ ਕੋਡ ਰੱਦ ਕਰਨ, ਬਿਜਲੀ ਸੋਧ ਬਿੱਲ 2025 ਰੱਦ ਕਰਨ, ਮਗਨਰੇਗਾ ਕਾਨੂੰਨ ਬਹਾਲ ਕਰਨ, ਠੇਕਾ ਵਰਕਰ ਪੱਕੇ ਕਰਨ, ਸਕੀਮ ਆਊਟਸੋਰਸ ਵਰਕਰ, ਠੇਕਾ ਮੁਲਾਜ਼ਮ, ਮਗਨਰੇਗਾ ਮੁਲਾਜ਼ਮ ਸਮੇਤ ਮਗਨਰੇਗਾ ਮੇਟ, ਆਸ਼ਾ, ਮਿੱਡ ਡੇ ਮੀਲ,ਆਂਗਨਵਾੜੀ, ਜੰਗਲਾਤ, ਬਿਜਲੀ ਕਰਮਚਾਰੀ ਅਤੇ ਸਫਾਈ ਵਰਕਰਾਂ ਨੂੰ ਪੱਕਾ ਕਰਨ, ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਅਤੇ ਮਹੀਨਾ 26 ਦਿਨ ਦਾ ਮੰਨਕੇ ਮਾਸਿਕ ਉਜਰਤ 26 ਹਜਾਰ ਰੁਪਏ ਤੈਅ ਕਰਨ,ਆਟੋਜ਼ ਦੇ ਆਨ ਲਾਈਨ ਚਲਾਨ ਕਰਨੇ ਬੰਦ ਕਰਨ ਅਤੇ ਟੈਸਟ ਪਾਸਿੰਗ ਫੀਸਾਂ ਵਿੱਚ ਕੀਤਾ ਵਾਧਾ ਵਾਪਸ ਲੈਣ ਆਦਿ ਮੰਗਾਂ ਨੂੰ ਲੈਕੇ ਕੀਤੀ ਜਾ ਰਹੀ ਹੈ।ਆਗੂਆਂ ਨੇ ਕਿਹਾ ਕਿ ਚਾਰ ਲੇਬਰ ਕੋਡ ਮਜ਼ਦੂਰ ਵਰਗ ਲਈ ਬਹੁਤ ਘਾਤਕ ਹਨ ਇਹਨਾਂ ਦੇ ਲਾਗੂ ਹੋਣ ਨਾਲ ਮਜ਼ਦੂਰਾਂ ਦੀ 300 ਦੀ ਗਿਣਤੀ ਤੱਕ ਦੀਆਂ ਫੈਕਟਰੀਆਂ ਬੰਦ ਹੋ ਜਾਣਗੀਆਂ,12 ਘੰਟੇ ਦਾ ਕੰਮ ਮਜ਼ਦੂਰਾਂ ਨੂੰ ਮਸ਼ੀਨ ਬਣਾ ਦੇਵੇਗਾ,ਮਜ਼ਦੂਰਾਂ ਨੂੰ ਕੰਮ ਤੋਂ ਕਦੇ ਵੀ ਕੱਢਣਾ ਅਸਾਨ ਹੋ ਜਾਵੇਗਾ, ਸਮਾਜਿਕ ਸੁਰੱਖਿਆ ਸਿਰਫ ਕਾਗਜ਼ਾਂ ਵਿੱਚ ਰਹਿ ਜਾਵੇਗੀ ਤੇ ਯੂਨੀਅਨ ਬਣਾਉਣ ਤੇ ਹੜਤਾਲ ਕਰਨ ਦਾ ਅਧਿਕਾਰ ਸੀਮਤ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਜਨਤਕ ਅਦਾਰਿਆਂ



ਦਾ ਧੜਾਧੜ ਨਿੱਜੀਕਰਨ ਕਰ ਰਹੀ ਹੈ। ਇਸ ਦਾ ਬਿਜਲੀ ਸੋਧ ਬਿੱਲ 2025 ਬਿਜਲੀ ਦੇ ਵੰਡ ਖ਼ੇਤਰ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨਾ ਹੈ। ਜਿਸ ਨਾਲ ਸਬਸਿਡੀਆਂ ਘੱਟ ਜਾਣਗੀਆਂ ਜਾਂ ਖਤਮ ਹੋ ਜਾਣਗੀਆਂ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ ਖਤਮ ਕਰਕੇ ਲਿਆਂਦੇ ਗਏ ਕਾਨੂੰਨ ਨਾਲ ਰੁਜ਼ਗਾਰ ਦੀ ਕਾਨੂੰਨੀ ਸੁਰੱਖਿਆ ਖ਼ਤਮ ਹੋਵੇਗੀ। ਉਨ੍ਹਾਂ ਅੱਗੇ ਆਖਿਆ ਕਿ ਕੇਂਦਰ ਸਰਕਾਰ ਦੇ ਨਾਲ ਨਾਲ ਪੰਜਾਬ ਦੀ ਮਾਨ ਸਰਕਾਰ ਵੀ ਜਨਤਕ ਜਥੇਬੰਦੀਆਂ ਦੇ ਸੰਘਰਸ਼ਾਂ ਉੱਤੇ ਜਬਰ ਢਾਹ ਰਹੀ ਹੈ, ਆਗੂਆਂ ਨੂੰ ਝੂਠੇ ਕੇਸਾਂ ਤਹਿਤ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ। ਜਿਸਨੂੰ ਸਹਿਣ ਨਹੀਂ ਕੀਤਾ ਜਾਵੇਗਾ।ਰੈਲੀ ਦੀ ਸਮਾਪਤੀ ਉਪਰੰਤ ਰੋਹ ਭਰਪੂਰ ਮੁਜ਼ਾਹਰਾ ਕਰਕੇ ਐਲਾਨ ਕੀਤਾ ਗਿਆ ਕਿ ਜੇਕਰ ਸਰਕਾਰ ਵਲੋਂ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ 1 ਅਪ੍ਰੈਲ ਨੂੰ ਲਾਗੂ ਕੀਤੇ ਗਏ ਤਾਂ ਪੰਜਾਬ ਭਰ ਚ ਜ਼ਿਲ੍ਹਾ/ਇਲਾਕਾ ਪੱਧਰ ਉੱਪਰ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਨਿਭਾਈ।

ਇਸ ਮੌਕੇ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨਜ਼ ਇਫਟੂ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਅਤੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਵਰਕਰ ਹਜ਼ਾਰਾਂ ਦੀ ਗਿਣਤੀ ਵਿੱਚ ਇਸ ਰੈਲੀ ਵਿੱਚ ਪਹੁੰਚੇ।ਇਸ ਮੌਕੇ ਡੈਮੋਕ੍ਰੇਟਿਕ ਆਸ਼ਾ ਅਤੇ ਫੈਸਿਲੀਟੇਟਰ ਵਰਕਰਜ਼ ਯੂਨੀਅਨ ਦੇ ਸਕੁੰਤਲਾ ਸਰੋਏ, ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਦੇ ਲਖਵਿੰਦਰ ਕੌਰ ਫਰੀਦਕੋਟ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਮੰਗਾ ਸਿੰਘ ਵੈਰੋਕੇ ਅਤੇ ਹੰਸਰਾਜ ਪੱਬਵਾਂ,ਜ਼ਮੀਨ ਪ੍ਰਾਪਤ ਸੰਘਰਸ਼ ਕਮੇਟੀ ਦੇ ਬਿੱਕਰ ਸਿੰਘ ਹੱਥੋਆ ਅਤੇ ਧਰਮਵੀਰ ਹਰੀਗੜ੍ਹ, ਇਫਟੂ ਦੇ ਜੋਗਿੰਦਰ ਪਾਲ ਗੁਰਦਾਸਪੁਰ, ਅਵਤਾਰ ਸਿੰਘ ਤਾਰੀ ਨੇ ਸੰਬੋਧਨ ਕੀਤਾ।ਇਸ ਮੌਕੇ ਜਸਵੀਰ ਸਿੰਘ ਦੀਪ,ਰੁਪਿੰਦਰਪਾਲ, ਸੁਖਵਿੰਦਰ ਸਿੰਘ, ਪ੍ਰਵੀਨ ਕੁਮਾਰੀ, ਗੁਰਪ੍ਰੀਤ ਕੌਰ, ਬਿਕਰਮਦੇਵ ਸਿੰਘ, ਹਰਦੀਪ ਟੋਡਰਪੁਰ, ਮਮਤਾ ਸਰਮਾ, ਅਵਤਾਰ ਸਿੰਘ ਰਸੂਲਪੁਰ,ਸੁਖਦੇਵ ਮਾਣੂਕੇ ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਮਜ਼ਦੂਰ ਮੁਲਾਜ਼ਮ ਹਾਜ਼ਰ ਸਨ।

## ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਿਟੀ ਗੁਰਦਾਸਪੁਰ ਦੇ ਏ. ਐੱਸ. ਟਾਈ. ਜਗਜੀਤ ਸਿੰਘ ਨੇ ਸਮੇਤ ਪੁਲਸ ਪਾਰਟੀ ਗੁਰਦਾਸਪੁਰ ਤੋਂ ਅਨਿਲ, ਸੂਰਜ ਪੁੱਤਰ ਰਵਿੰਦਰ ਕੁਮਾਰ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਨ੍ਹਾਂ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 7 ਗ੍ਰਾਮ 220 ਮਿਲੀਗ੍ਰਾਮ ਹੈਰੋਇਨ ਬ੍ਰਾਮਦ ਹੋਈ ਹੈ। ਥਾਣਾ ਦੀਨਾਨਗਰ ਦੇ ਏ. ਐੱਸ. ਆਈ. ਰਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਖੋਜੇਪੁਰ ਤੋਂ ਸਾਜਨ ਪੁੱਤਰ ਬਲਵਿੰਦਰ ਵਾਸੀ ਪਾਹੜਾ ਨੂੰ ਸ਼ੱਕ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਦੀਨਾਨਗਰ ਦੇ ਏ. ਐੱਸ. ਆਈ. ਨਰੇਸ਼ ਕੁਮਾਰ ਨੇ ਸਮੇਤ ਪੁਲਸ ਗੁਲਸਨ ਪੁੱਤਰ ਮਲਕੀਤ ਵਾਸੀ ਡੀਡਾ ਸਾਂਸੀਆਂ ਦੇ ਘਰ ਰੇਡ ਕਰਕੇ ਉਕਤ ਵਿਅਕਤੀ ਨੂੰ 7500 ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਤਿੱਬੜ ਦੇ ਏ. ਐੱਸ. ਆਈ. ਵਿਜੇ ਕੁਮਾਰ ਨੇ ਸਮੇਤ ਪੁਲਸ ਪਾਰਟੀ ਗੁਰਦਾਸਪੁਰ ਤੋਂ ਮੋਹਿਤ ਕਪਿਲ ਪੁੱਤਰ ਬਲਬੀਰ ਚੰਦ ਵਾਸੀ ਗੁਰਦਾਸਪੁਰ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈੱਕ ਕੀਤਾ ਜਿਸ ਵਿੱਚੋਂ 3 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਪੁਲਸ ਨੇ ਉਕਤ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਪੁਲਸ ਵੱਲੋਂ ਨਸ਼ੇ ਦਾ ਸੇਵਨ ਕਰਦਾ ਵਿਅਕਤੀ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਨਸ਼ਿਆਂ ਵਿਰੁੱਧ ਛੇੜੀ ਮੁਹਿੰਮ ਤਹਿਤ ਇਕ ਵਿਅਕਤੀ ਨੂੰ ਨਸ਼ੇ ਦਾ ਸੇਵਨ ਕਰਦਿਆਂ ਗ੍ਰਿਫਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਰਕੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਪੁਰਾਣਾ ਸ਼ਾਲਾ ਨੇੜੇ ਦਾਨਾ ਮੰਡੀ ਤੋਂ ਪ੍ਰਦੀਪ ਸਿੰਘ ਪੁੱਤਰ ਅਰਜਿੰਦਰਪਾਲ ਸਿੰਘ ਵਾਸੀ ਨੌਸ਼ਹਿਰਾ ਜੋ ਪੁਰਾਣੇ ਟੁੱਟੇ ਹੋਏ ਕਮਰੇ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ ਜਿਸ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਇਕ ਸਿਲਵਰ ਪੇਪਰ, ਲਾਇਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਐਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਸੰਤ ਬਾਬਾ ਭਾਗ ਸਿੰਘ 'ਵਰਸਿਟੀ 'ਚ ਗੈਸਟ ਲੈਕਚਰ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**

ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਦੀ



ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਪ੍ਰੋ. (ਡਾ.) ਵਿਜੈ ਧੀਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ, ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਚੈਰੀਟੇਬਲ ਸੁਸਾਇਟੀ) ਅਤੇ ਡੀਨ ਡਾ.ਪੂਜਾ ਬਾਲੀ ਯੂਨੀਵਰਸਿਟੀ ਇੰਸਟੀਚਿਊਟ ਆਫ ਲਾਅ ਦੀ ਰਹਿਨੁਮਾਈ ਵਿੱਚ 20 ਮਾਰਚ ਨੂੰ 'ਮੁਕੱਦਮੇ ਤੋਂ ਪਹਿਲਾਂ ਦੀ ਜਾਂਚ ਤੋਂ ਅਦਾਲਤ ਵਿੱਚ ਨਿਰਣੇ ਤੱਕ: ਮੁਕੱਦਮੇ ਦੇ ਰਸਤੇ 'ਤੇ ਚੱਲਣਾ' ਵਿਸ਼ੇ 'ਤੇ ਇੱਕ ਮਹੱਤਵਪੂਰਨ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਲੈਕਚਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਭਾਰਤੀ ਅਪਰਾਧਿਕ ਪ੍ਰਕਿਰਿਆ ਪ੍ਰਣਾਲੀ ਬਾਰੇ ਗਹਿਰਾਈ ਨਾਲ ਜਾਣੂ ਕਰਵਾਉਣਾ ਤੇ ਉਨ੍ਹਾਂ ਨੂੰ ਅਦਾਲਤੀ ਕਾਰਵਾਈ ਦੇ ਵੱਖ-ਵੱਖ ਪੜਾਵਾਂ ਦੀ ਸਮਝ ਦੇਣਾ ਸੀ।ਮੁੱਖ ਵਕਤਾ ਵਜੋਂ ਪ੍ਰੋ. ਡਾ. ਸ਼ੋਭਾ ਗੁਲਾਟੀ ਨੇ ਆਪਣੇ ਵਿਸਤ੍ਰਿਤ ਵਿਆਖਿਆਨ ਵਿੱਚ ਭਾਰਤੀ ਨਿਆਂ ਪ੍ਰਣਾਲੀ ਦੇ ਜਟਿਲ ਪੱਖਾਂ 'ਤੇ ਰੋਸ਼ਨੀ ਪਾਈ। ਉਨ੍ਹਾਂ ਨੇ ਅਪਰਾਧਿਕ ਕਾਨੂੰਨ ਦੀ ਪ੍ਰਕਿਰਿਆ ਦੇ ਮੂਲ ਸਿਧਾਂਤਾਂ ਨੂੰ ਸਮਝਾਉਂਦੇ ਹੋਏ ਉਸ ਦੀ ਇਤਿਹਾਸਕ ਵਿਕਾਸ ਯਾਤਰਾ ਵੀ ਦਰਸਾਈ। ਉਨ੍ਹਾਂ ਨੇ ਖਾਸ ਤੌਰ 'ਤੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੇ ਤਹਿਤ ਅਦਾਲਤੀ ਪ੍ਰਕਿਰਿਆ ਵਿੱਚ ਆਏ ਬਦਲਾਵਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਨੇ ਮਾਮਲਿਆਂ ਦੀ ਫਾਈਲਿੰਗ, ਸੁਣਵਾਈ ਅਤੇ ਫੈਸਲਾ ਕਰਨ ਦੀ ਪ੍ਰਕਿਰਿਆ ਵਿੱਚ ਅੰਤਰ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਇਹ ਅੰਤਰ ਨਿਆਂ ਦੀ ਗਤੀ ਅਤੇ ਗੁਣਵੱਤਾ 'ਤੇ ਕਿਵੇਂ ਅਸਰ ਪਾਂਦੇ ਹਨ। ਉਦਾਹਰਣਾਂ ਰਾਹੀਂ ਉਨ੍ਹਾਂ ਨੇ ਕਤਲ, ਚੋਰੀ ਅਤੇ ਜਾਇਦਾਦ ਨਾਲ ਸੰਬੰਧਿਤ ਮਾਮਲਿਆਂ ਵਿੱਚ ਅਧਿਕਾਰ ਖੇਤਰ ਦੇ ਬਦਲਾਅ ਨੂੰ ਵੀ ਸਪਸ਼ਟ ਕੀਤਾ।

## ਬਾਕਸਰ ਜਗਤੇਸ਼ਵਰ ਸਿੰਘ ਗਿੱਲ ਬਣਿਆ ਸਟੇਟ ਟਾਪਰ



**ਧਾਰੀਵਾਲ, (ਮਨਦੀਪ ਵਿੱਕੀ)**-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚੱਲ ਰਹੇ ਜੀ. ਜੀ. ਐੱਸ. ਬਾਕਸਿੰਗ ਕਲੱਬ ਦੇ ਖਿਡਾਰੀ ਜਗਤੇਸ਼ਵਰ ਸਿੰਘ ਗਿੱਲ ਨੇ ਸਟੇਟ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਆਪਣੇ ਮਾਤਾ-ਪਿਤਾ ਅਤੇ ਕਲੱਬ ਦਾ ਨਾਂਅ ਰੌਸ਼ਨ ਕੀਤਾ ਹੈ। ਇਸ ਬਾਬਤ ਸਕੂਲ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਮਾਹਾਰਾਜਾ ਰਣਜੀਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਤਰਨਤਾਰਨ ਵਿਖੇ ਹੋਏ 7ਵੇਂ ਸਬ-ਜੂਨੀਅਰ ਓਪਨ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਕਲੱਬ ਦੇ ਖਿਡਾਰੀ ਜਗਤੇਸ਼ਵਰ ਸਿੰਘ ਨੇ 58-61 ਕਿਲੋ ਭਾਰ ਵਰਗ ਵਿੱਚੋਂ ਗੋਲਡ ਮੈਡਲ ਪ੍ਰਾਪਤ ਕਰਕੇ ਆਪਣੇ ਅਧਿਆਪਕਾਂ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ। ਹੁਣ ਇਹ ਖਿਡਾਰੀ ਨੈਸ਼ਨਲ ਖੇਡਾਂ ਵਿੱਚ ਪੰਜਾਬ ਵੱਲੋਂ ਭਾਗ ਲਏਗਾ। ਇਸ ਮੌਕੇ ਸਕੂਲ ਡਾਇਰੈਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਮੈਡਮ ਰਣਜੀਤ ਕੌਰ ਅਤੇ ਮੈਡਮ ਸੁਖਮੀਤ ਕੌਰ ਨੇ ਇਨ੍ਹਾਂ ਬੱਚਿਆਂ ਅਤੇ ਕੋਚ ਨਵਤੇਜ ਸਿੰਘ ਤੇ ਗੁਰਪ੍ਰੀਤ ਕੌਰ ਨੂੰ ਮੁਬਾਰਕਬਾਦ ਦਿੱਤੀ ਅਤੇ ਅਗਾਂਹ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

# ਮਹਿਰਮ ਸਾਹਿਤ ਸਭਾ ਨਵਾਂ ਸ਼ਾਲਾ ਵੱਲੋਂ ਕਵੀ ਦਰਬਾਰ ਆਯੋਜਿਤ; ਅਦੀਬਾਂ ਨੇ ਬੰਨ੍ਹਿਆ ਰੰਗ

**ਗੁਰਦਾਸਪੁਰ, (ਜਨਕ ਮਹਾਜਨ)**

ਮਹਿਰਮ ਸਾਹਿਤ ਸਭਾ ਨਵਾਂ ਸ਼ਾਲਾ ਵੱਲੋਂ ਮਹਿਰਮ ਕਵੀ ਦਰਬਾਰ ਕਮਿਊਨਿਟੀ ਹਾਲ ਨਵਾਂ ਸ਼ਾਲਾ ਵਿਖੇ ਮਹਿਰਮ ਸਹਿਤ ਸਭਾ ਵੱਲੋਂ ਕਰਵਾਇਆ ਗਿਆ ਜਿਸ ਵਿੱਚ ਸਾਹਿਤਕਾਰ, ਕਵੀ ਅਤੇ ਗੀਤਕਾਰਾਂ ਨੇ ਆਪਣੀਆਂ ਰਚਨਾਵਾਂ ਤੇ ਗੀਤਾਂ ਨਾਲ ਰੰਗ ਬੰਨਿਆ। ਇਹ ਕਵੀ ਦਰਬਾਰ ਕੁਲਰਾਜ ਖੋਖਰ ਦੀ ਕਵਿਤਾ ਤੇ ਵਿਜੇ ਅਗਨੀਹੋਤਰੀ ਦੇ ਗੀਤ ਨਾਲ ਸਭਾ ਦੇ ਪ੍ਰਧਾਨ ਮਲਕੀਅਤ ਸੋਹਲ ਤਰਸੇਮ ਸਿੰਘ ਭੰਗੂ ਅਤੇ ਮੱਖਣ ਪਹਾੜ ਦੀ ਪ੍ਰਧਾਨਗੀ ਹੇਠ ਸ਼ੁਰੂ ਹੋਇਆ। ਇਸ ਮੌਕੇ ਰਜਿੰਦਰ ਛੀਨਾ, ਜਨਕ ਰਾਜ ਰਠੌਰ, ਰਾਮ ਆਸਰਾ ਤੋਂ ਇਲਾਵਾ ਅਮਰਜੀਤ ਪਿੰਕੀ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਕੁਲਜੀਤ ਸਿੰਘ ਰੰਧਾਵਾ ਤੇ ਜੇ. ਪੀ. ਖਰਲਾਂਵਾਲਾ ਨੇ ਆਪਣੇ ਸਾਹਿਤਕ ਰੰਗਾਂ ਦਾ ਆਗਾਜ਼ ਕੀਤਾ। ਬੂਟਾ ਰਾਮ ਆਜ਼ਾਦ ਦੇ ਦੋਹੜੇ ਬਹੁਤ ਵਧੀਆ ਰਹੇ। ਸੀਤਲ ਗੁੰਨੋਪੁਰੀ ਦੀ ਗਜ਼ਲ 'ਆਪਣੇ ਆਪ ਨੂੰ ਢਾਲ ਲੈਂਦਾ ਹਾਂ' ਤੇ ਮੈਡਮ ਹਰਮੀਤ ਕੌਰ ਦੇ ਗੀਤ ਨੇ ਕਮਾਲ ਹੀ ਕਰ ਦਿੱਤੀ। ਸ਼ੁਭਾਸ਼ ਦੀਵਾਨਾ ਦੀ ਗਜ਼ਲ 'ਪੰਜ ਦਰਿਆਵਾਂ ਵਾਲੀ ਬੜੀ ਪਿਆਰੀ ਲੱਗੀ। ਗੁਰਦੇਵ ਸਿੰਘ ਭੁੱਲਰ ਦਾ ਗੀਤ 'ਕੀ ਖੱਟਿਆ ਅਮਰੀਕਾ ਵਿੱਚ ਜਾ ਕੇ' ਤੇ ਵਿਜੇ ਤਾਲੀਬ ਨੇ ਪੰਜਾਬੀ




ਟੱਪੇ ਸੁਣਾ ਕੇ ਆਪਣੀ ਹਾਜ਼ਰੀ ਲਗਵਾਈ। ਲੱਖਣ ਮੇਘੀਆਂ ਨੇ ਜਿਨ੍ਹਾਂ ਦੇ ਘਰ 'ਧੀ ਹੁੰਦੀ ਹੈ' ਅਤੇ ਮੈਡਮ ਜੈਸਮੀਨ ਮਾਹੀ ਨੇ ਆਪਣੀ ਗਜ਼ਲ ਦੇ ਕੁਝ ਸ਼ੇਅਰ ਬੋਲੇ। ਸੁਭਾਸ਼ ਸੂਫੀ ਨੇ ਆਪਣੀ ਆਵਾਜ਼ ਵਿੱਚ ਮਲਕੀਅਤ ਸੋਹਲ ਦੇ ਲਿਖੇ ਗੀਤ ਸੁਣਾਏ। ਅਖੀਰ ਵਿੱਚ ਸਭਾ ਦੇ ਪ੍ਰਧਾਨ ਮਲਕੀਅਤ ਸੋਹਲ ਨੇ ਸਾਰੇ ਸਾਹਿਤਕਾਰ ਗੀਤਕਾਰ ਤੇ ਹੋਰ ਲੇਖਕਾਂ ਦਾ ਕਵੀ ਦਰਬਾਰ ਵਿਚ ਆਉਣ 'ਤੇ ਧੰਨਵਾਦ ਕੀਤਾ।

## ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਸ਼ਹਾਦਤ ਨੂੰ ਸਮਰਪਿਤ ਜੰਡਿਆਲਾ ਗੁਰੂ ਵਿਖੇ ਰੈਲੀ 29 ਨੂੰ : ਜਾਮਾਰਾਏ



**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ) ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੀ ਸਹਾਦਤ ਨੂੰ ਸਮਰਪਿਤ ਸਾਮਰਾਜ ਵਿਰੋਧੀ ਦਿਵਸ ਤੇ ਜੰਗਬਾਜ਼ ਖਿਲਾਫ ਜੰਡਿਆਲਾ ਗੁਰੂ 'ਚ 29 ਮਾਰਚ ਦੀ ਰੈਲੀ ਦੀ ਤਿਆਰੀ ਸਬੰਧੀ ਪਿੰਡ ਜਹਾਂਗੀਰ ਚ ਇਕ ਭਰਵੀਂ ਮੀਟਿੰਗ ਚੈਂਚਲ ਸਿੰਘ ਜਹਾਂਗੀਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਅਤੇ ਉਨ੍ਹਾਂ ਦੇ ਅਨੇਕਾਂ ਸਾਥੀਆਂ ਨੇ ਸਾਮਰਾਜਵਾਦ ਦੇ ਖਿਲਾਫ ਲਹੂ ਵੀਟਵਾਂ ਸੰਘਰਸ਼ ਲੜਿਆ, ਫਾਂਸੀਆਂ ਦੇ ਰੱਸਿਆਂ ਨੂੰ ਚੁੰਮਿਆ, ਕਾਲੇ ਪਾਣੀਆਂ ਦੀਆਂ ਸਜ਼ਾਵਾਂ ਕੱਟੀਆ ਅਤੇ ਦੇਸ਼ ਨੂੰ ਆਜ਼ਾਦ ਕਰਾਇਆ।ਉਨ੍ਹਾਂ ਕਿਹਾ ਕਿ ਆਰਐੱਸਐੱਸ ਦੇ ਇਸ਼ਾਰਿਆਂ 'ਤੇ ਚੱਲ ਰਹੀ ਬੀਜੇਪੀ ਦੀ ਸਰਕਾਰ ਦੇਸ਼ ਨੂੰ ਸਾਮਰਾਜੀ ਮੁਲਕ ਅਮਰੀਕਾ ਅੱਗੇ ਗੋਡੇ ਟੇਕ ਕੇ ਲੋਕ ਵਿਰੋਧੀ ਸਮਝੌਤੇ ਕਰ ਰਹੀ ਹੈ ਅਤੇ ਕਾਰਪੋਰੇਟ ਘਰਾਣਿਆਂ ਨੂੰ ਫਾਇਦੇ ਦੇਣ ਲਈ ਸਮਝੌਤੇ ਕੀਤੇ ਜਾ ਰਹੇ ਹਨ।ਜਾਮਾਰਾਏ ਨੇ ਬੋਲਦਿਆਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਵੀ ਬੀਜੇਪੀ ਸਰਕਾਰ ਦੀਆਂ ਨੀਤੀਆਂ ਤੇ ਚੱਲ ਰਹੀ ਹੈ ਅਤੇ ਨਸ਼ੇ ਗੈਂਗਸਟਰਵਾਦ, ਕਤਲੋਗਾਰਤ, ਲੁੱਟਾਂ ਖੋਹਾਂ ਨੂੰ ਬੜਾਵਾ ਦੇਣ ਲਈ ਪੁਲਸ ਨੂੰ ਖੁੱਲ੍ਹੀਆਂ ਛੁੱਟੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ।ਉਨ੍ਹਾਂ ਕਿਹਾ ਭਗਵੰਤ ਮਾਨ ਦੇ ਕੈਬਨਿਟ ਮੰਤਰੀ ਨੇ ਇਕ ਬਹੁਤ ਹੀ ਇਮਾਨਦਾਰ ਆਲਾ ਅਫਸਰ ਗਗਨਦੀਪ ਰੰਧਾਵਾ ਨੂੰ ਹਿਰਾਸਮੈਂਟ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ ਹੈ।ਪਾਰਟੀ ਦੇ ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲ੍ਹਾ ਨੇ ਬੋਲਦਿਆਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਖਿਲਾਫ ਪਾਰਟੀ ਵੱਲੋਂ ਸਾਮਰਾਜ ਵਿਰੋਧੀ ਦਿਵਸ ਨੂੰ ਸਮਰਪਿਤ 29 ਮਾਰਚ ਨੂੰ ਜੰਡਿਆਲਾ ਗੁਰੂ 'ਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਵੱਡੀ ਗਿਣਤੀ ਵਿੱਚ ਪਹੁੰਚਣ ਦਾ ਸੱਦਾ ਦਿੱਤਾ।ਉਨ੍ਹਾਂ ਇਹ ਵੀ ਦੱਸਿਆ ਕਿ ਤਹਿਸੀਲ ਖਡੂਰ ਸਾਹਿਬ ਵੱਖ-ਵੱਖ ਪਿੰਡਾਂ 'ਚ ਭਰਵੀਆਂ ਮੀਟਿੰਗਾਂ ਲਾ ਕੇ ਤਿਆਰੀ ਕੀਤੀ ਜਾ ਰਹੀ ਹੈ, ਤਹਿਸੀਲ ਖਡੂਰ ਸਾਹਿਬ ਤੋਂ ਸੈਂਕੜੇ ਪਾਰਟੀ ਵਰਕਰ ਹਮਦਰਦ ਅਤੇ ਵੱਡੀ ਗਿਣਤੀ 'ਚ ਔਰਤਾਂ ਰੈਲੀ 'ਚ ਸ਼ਮੂਲੀਅਤ ਕਰਨਗੀਆਂ।ਇਸ ਮੌਕੇ ਨਵਦੀਪ ਸਿੰਘ, ਪਰਮਿੰਦਰ ਸਿੰਘ, ਗੁਰਸਾਹਿਬ ਸਿੰਘ, ਗੁਰਮੀਤ ਸਿੰਘ, ਗੁਰਿੰਦਰ ਸਿੰਘ, ਦੀਦਾਰ ਸਿੰਘ, ਸਰਬਜੀਤ ਸਿੰਘ, ਪੂਰਨ ਸਿੰਘ ਆਦਿ ਹਾਜ਼ਰ ਸਨ।

# ਸਠਿਆਲਾ ਵਿਖੇ ਈਦ-ਉਲ-ਫਿਤਰ ਦਾ ਪਵਿੱਤਰ ਦਿਹਾੜਾ ਮਨਾਇਆ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਜਾਮਾ ਮਸਜਿਦ ਸਠਿਆਲਾ ਵਿਖੇ ਈਦ-ਉਲ-ਫਿਤਰ ਦਾ ਪਵਿੱਤਰ ਤਿਉਹਾਰ ਬੜੀ ਸ਼ਾਨੋ-ਸ਼ੌਕਤ ਅਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਮੌਲਵੀ ਸ਼ਮਸੂਦੀਨ ਸਠਿਆਲਾ ਨੇ ਦੱਸਿਆ ਕਿ ਇਹ ਤਿਉਹਾਰ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਸਮਾਪਤ ਹੋਣ ਦੀ ਖੁਸ਼ੀ ਵਿੱਚ ਮਨਾਇਆ ਜਾਂਦਾ ਹੈ, ਜਿਸ ਦੌਰਾਨ ਮੁਸਲਿਮ ਭਾਈਚਾਰਾ ਰੋਜ਼ੇ ਰੱਖਦਾ ਹੈ ਅਤੇ ਅੱਲ੍ਹਾ ਦੀ ਇਬਾਦਤ ਕਰਦਾ ਹੈ।ਇਸ ਮੌਕੇ ਮੁਸਲਮਾਨ ਭਾਈਚਾਰੇ ਵੱਲੋਂ ਸਵੇਰੇ ਮਸਜਿਦ ਵਿੱਚ ਨਮਾਜ਼ ਅਦਾ ਕਰਨ ਉਪਰੰਤ ਇੱਕ-ਦੂਜੇ ਨੂੰ ਗਲੇ ਮਿਲ ਕੇ 'ਈਦ-ਉਲ-ਫਿਤਰ ਦੇ ਪਵਿੱਤਰ ਅਵਸਰ ਤੇ ਵਧਾਈ ਦਿੱਤੀ।ਮੌਲਵੀ ਨੇ ਕਿਹਾ ਕਿ ਇਸ ਤਿਉਹਾਰ ਤੇ ਮੁਸਲਮਾਨ ਭਾਈਚਾਰੇ ਦਾ ਆਪਸੀ ਪਿਆਰ-ਮੁਹੱਬਤ ਨਾਲ ਮਿਲਣਾ ਅਤੇ ਕੌਮੀ ਏਕਤਾ ਦਾ ਪ੍ਰਤੀਕ ਹੈ।ਇਸ ਮੌਕੇ ਮੁਹੰਮਦ ਬਲਹਾਰ, ਹਾਜੀ ਮੂਸਾ, ਹਾਜੀ ਬਖਸ਼, ਹਨੀ, ਜਕਾਰਤ ਹੁਸੈਨ, ਮੁਹੰਮਦ ਸ਼ਰੀਫ, ਸਵਾਰੀਆ ਭੈਣੀ, ਲਾਡੀ ਸਠਿਆਲਾ, ਮੁਹੰਮਦ ਸ਼ਹਿਨਾਜ਼, ਗੁਲਫਾਮ, ਤਨਵੀਰ ਸਠਿਆਲਾ, ਜ਼ੁਲਫਾਨ, ਹਾਫਿਜ਼ ਤੋਸਿਫ ਸਠਿਆਲਾ, ਮੁਹੰਮਦ ਮਹਿਰੂਮ, ਹਾਸਿਫਤ, ਸ਼ੇਰ ਅਲੀ, ਡਾ. ਉਸਤਾਦੀਨ ਦੜੇਵਾਲੀ, ਮੁਹੰਮਦ ਸ਼ਫੀ, ਮੁਹੰਮਦ ਮੁਖਸਾਰ ਠੱਠੀਆਂ, ਜੋਰਮ ਮੁਹੰਮਦ, ਕਰੀਮ ਸਠਿਆਲਾ, ਮੁਹੰਮਦ ਅਲੀ ਆਦਿ ਵੱਲੋਂ ਨਮਾਜ਼ ਅਦਾ ਕਰਕੇ ਸਮੂਹ ਦੇਸ਼ ਵਾਸੀਆਂ ਨੂੰ ਈਦ-ਉਲ-ਫਿਤਰ ਦੇ ਪਵਿੱਤਰ ਅਵਸਰ 'ਤੇ ਵਧਾਈ ਦਿੱਤੀ ਗਈ ।ਮੁਸਲਮਾਨ ਭਾਈਚਾਰੇ ਵੱਲੋਂ ਖੀਰ ਦੇ ਲੰਗਰ ਲਗਾਏ ਗਏ।

## ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ 'ਚ ਸ਼ਹੀਦਾਂ ਨੂੰ ਅਕੀਦਤ ਦੇ ਫੁੱਲ ਭੇਟ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸਾਡੇ ਦੇਸ਼ ਦੇ ਹੀਰੋ, ਸੁਤੰਤਰਤਾ ਸੰਗਰਾਮੀ, ਆਜ਼ਾਦੀ ਦੇ ਪਰਵਾਨੇ, ਦੇਸ਼ ਦੀ ਆਜ਼ਾਦੀ ਲਈ ਜਾਨਾਂ ਮਾਰਨ ਵਾਲੇ ਸ਼ਹੀਦ ਭਗਤ ਸਿੰਘ, ਸ਼ਿਵ ਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਉਨ੍ਹਾਂ ਦੀ ਬਹਾਦਰੀ ਦੇਸ਼ ਭਗਤੀ ਅਤੇ ਨਿਡਰਤਾ ਸਾਡੇ ਲਈ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੇਗੀ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਸਾਨੂੰ ਦੇਸ਼ ਪ੍ਰਤੀ ਸੱਚੀ ਨਿਸ਼ਠਾ, ਅਨੁਸ਼ਾਸਨ



ਅਤੇ ਏਕਤਾ ਦਾ ਪਾਠ ਪੜ੍ਹਾਉਂਦੀ ਹੈ।ਸਾਨੂੰ ਸ਼ਹੀਦਾਂ ਦੇ ਦਰਸਾਏ ਰਸਤੇ ਤੇ ਚੱਲ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਆਓ ਅਸੀਂ ਸਭ ਇਹ ਸੰਕਲਪ ਕਰੀਏ ਕਿ ਅਸੀਂ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਇਮਾਨਦਾਰੀ ਅਤੇ ਮਿਹਨਤ ਨਾਲ ਆਪਣਾ ਯੋਗਦਾਨ ਦੇਵਾਂਗੇ।ਇਸ ਮੌਕੇ ਪ੍ਰਿੰਸੀਪਲ ਡਾ: ਅਮਰਪ੍ਰੀਤ ਕੌਰ ਨੇ ਕਿਹਾ ਕਿ ਆਓ ਅਸੀਂ ਆਪਣੇ ਬੱਚਿਆਂ ਨੂੰ ਵੀ ਸ਼ਹੀਦਾਂ ਦੀ ਜੀਵਨੀ ਤੋਂ ਜਾਣੂ ਕਰਾਈਏ ਕਿਤੇ ਅਜਿਹਾ ਨਾ ਹੋਵੇ ਕਿ ਸਾਡੀ ਆਉਣ ਵਾਲੀ ਪੀੜ੍ਹੀ ਸ਼ਹੀਦਾਂ ਦੀ ਕੁਰਬਾਨੀ ਨੂੰ ਭੁੱਲ ਹੀ ਜਾਵੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਜ਼ਿੰਦਗੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਸੱਚਾਈ, ਹਿੰਮਤ ਅਤੇ ਦੇਸ਼ ਭਗਤੀ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ।ਸੇਂਟ ਸੋਲਜਰ ਸਕੂਲ ਦੀ ਮੈਨੇਜਮੈਂਟ ਅਤੇ ਸਮੂਹ ਸਟਾਫ ਨੇ ਸ਼ਹੀਦਾਂ ਨੂੰ ਫੁੱਲ ਅਰਪਿਤ ਕਰਕੇ ਆਪਣੀ ਸੱਚੀ ਸ਼ਰਧਾਂਜਲੀ ਦਿੱਤੀ।ਸੇਂਟ ਸੋਲਜਰ ਸਕੂਲ ਵੱਲੋਂ ਸਾਰੇ ਸ਼ਹੀਦਾਂ ਨੂੰ ਕੋਟਿ ਕੋਟਿ ਪ੍ਰਣਾਮ ਅਤੇ ਸਲਾਮ।

## ਨਾਨ-ਟੀਚਿੰਗ ਮੁਲਾਜ਼ਮਾਂ ਵੱਲੋਂ ਹੱਕੀ ਮੰਗਾਂ ਲਈ ਸੰਘਰਸ਼ ਜਾਰੀ ਰੱਖਣ ਦਾ ਐਲਾਨ




**ਅਟਾਰੀ (ਸਤਬੀਰ ਸਿੰਘ ਭੀਲ)**

ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਦੇ ਹਾਊਸ ਦੀ ਮੀਟਿੰਗ ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਹੋਈ।ਇਸ ਮੀਟਿੰਗ ਦੌਰਾਨ ਵੱਖ-ਵੱਖ ਮਤੇ ਸਰਬਸੰਮਤੀ ਨਾਲ ਪਾਸ ਕੀਤੇ ਗਏ। ਮਤਿਆਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸੰਬੰਧਿਤ ਕਾਲਜਾਂ ਵਿੱਚ ਨਾਨ-ਟੀਚਿੰਗ ਸਟਾਫ ਦੀ ਲੀਵ ਇਨਕੈਸ਼ਮੈਂਟ ਦਾ ਮਤਾ ਮੁੱਖ ਤੌਰ 'ਤੇ ਪਾਸ ਕੀਤਾ ਗਿਆ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਨਾਨ-ਟੀਚਿੰਗ ਟੀਚਿੰਗ ਮੁਲਾਜ਼ਮਾਂ ਨੂੰ ਨਹੀਂ ਮਿਲ ਰਿਹਾ। ਇਸ ਮੌਕੇ ਬੋਲਦਿਆਂ ਵੱਖ-ਵੱਖ ਬੁਲਾਰਿਆਂ ਵੱਲੋਂ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਦੀਆਂ ਵੱਖ -ਵੱਖ ਹੱਕੀ ਮੰਗਾਂ ਨੂੰ ਮੰਨਣ ਤੇ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।ਮੰਚ ਦਾ ਸੰਚਾਲਨ ਅਵਤਾਰ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ ਨੇ ਕੀਤਾ।ਇਸ ਤੋਂ ਇਲਾਵਾ ਪੁਰਾਣੇ ਹਾਊਸ ਨੂੰ ਅਗਲੇ ਦੋ ਸਾਲਾਂ ਲਈ ਚੁਣਿਆ ਗਿਆ ਅਤੇ ਕੁੱਝ ਨਵੇਂ ਚਿਹਰਿਆਂ ਨੂੰ ਸੈਂਟਰਲ ਬਾਡੀ ਵਿੱਚ ਮੌਕਾ ਦਿੱਤਾ ਗਿਆ। ਇਨ੍ਹਾਂ ਵਿੱਚ ਸਰਦਾਰ ਹਰਜਿੰਦਰ ਸਿੰਘ ਆਰ. ਐੱਸ. ਡੀ. ਕਾਲਜ ਫਿਰੋਜ਼ਪੁਰ ਨੂੰ ਜੁਆਇੰਟ ਸਕੱਤਰ, ਤੇਜਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ ਨੂੰ ਪ੍ਰੈੱਸ ਸਕੱਤਰ ਦੀ ਨਵੀਂ ਜ਼ਿੰਮੇਵਾਰੀ ਸੌਂਪੀ ਗਈ।ਸਟੇਜ ਤੋਂ ਬੋਲਦੇ ਹੋਏ ਜਨਰਲ ਸਕੱਤਰ ਜਗਦੀਪ ਸਿੰਘ ਡੀ. ਏ. ਵੀ. ਕਾਲਜ ਜਗਰਾਓਂ ਨੇ ਕਿਹਾ ਕਿ ਜਲਦ ਹੀ ਪੂਰੇ ਪੰਜਾਬ ਦੇ ਜ਼ਿਲਾ ਪੱਧਰ ਦੀਆਂ ਨਿਯੁਕਤੀਆਂ ਕੀਤੀਆਂ ਜਾਣਗੀਆਂ ਜਿਨ੍ਹਾਂ ਦੀ ਪਿਛਲੇ ਲੰਮੇ ਸਮੇਂ ਤੋਂ ਬਹੁਤ ਜ਼ਰੂਰਤ ਮਹਿਸੂਸ ਕੀਤੀ ਜਾ ਰਹੀ ਸੀ।ਇਸ ਮੌਕੇ ਪ੍ਰਧਾਨ ਸਵਿੰਦਰ ਸਿੰਘ ਗੋਲਾ ਪੰਜਾਬ ਖਾਲਸਾ ਕਾਲਜ ਨੇ ਆਏ ਹੋਏ ਵੱਖ-ਵੱਖ ਕਾਲਜਾਂ ਤੋਂ ਡੈਲੀਗੇਟਾਂ ਦਾ ਧੰਨਵਾਦ ਕੀਤਾ।ਸਟੇਜ ਤੋਂ ਬੁਲਾਰਿਆਂ ਵਿੱਚ ਨਾਨ-ਟੀਚਿੰਗ ਇੰਪਲਾਈਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸਵਿੰਦਰ ਸਿੰਘ ਗੋਲਾ, ਵਾਈਸ ਪ੍ਰਧਾਨ ਦੀਪਕ ਸ਼ਰਮਾ ਡੀਏਵੀ ਕਾਲਜ ਅੰਮ੍ਰਿਤਸਰ, ਪੰਜਾਬੀ ਯੂਨੀਵਰਸਿਟੀ ਵਿੰਗ ਦੇ ਪ੍ਰਧਾਨ ਅਮਰੀਕ ਸਿੰਘ, ਪ੍ਰੇਮ ਸਿੰਘ ਜਥੇਬੰਦਕ ਸਕੱਤਰ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ, ਮਨੋਜ ਪਾਂਡੇ ਫਾਇਨਾਂਸ ਸੈਕਟਰੀ ਰਵੀ ਮੈਣੀ ਐੱਚਐੱਮਸੀ ਕਾਲਜ ਜਲੰਧਰ ਨੇ ਵਿਸ਼ੇਸ਼ ਤੌਰ ਤੇ ਸੰਬੋਧਨ ਕੀਤਾ।ਇਸ ਮੌਕੇ ਸੋਹਣ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ, ਦਵਿੰਦਰ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਅਨੰਦਪੁਰ ਸਾਹਿਬ, ਵਾਈਸ ਪ੍ਰਧਾਨ ਖਾਲਸਾ ਕਾਲਜ ਅੰਮ੍ਰਿਤਸਰ ਕੰਵਲਜੀਤ ਸਿੰਘ, ਪ੍ਰਿਤਪਾਲ ਸਿੰਘ, ਪਵਨ ਕੁਮਾਰ ਮੁਨਸ਼ੀ, ਪ੍ਰੀਤਮ ਸਿੰਘ, ਜਸਵੰਤ ਸਿੰਘ ਖਾਲਸਾ ਕਾਲਜ ਅੰਮ੍ਰਿਤਸਰ ਹਾਜ਼ਰ ਸਨ।

# ਲੋਕਾਂ ਦਾ ਮਿਲ ਰਿਹਾ ਪਿਆਰ ਹੀ ਮੇਰੀ ਅਸਲੀ ਤਾਕਤ : ਪ੍ਰੋ. ਕੋਟ ਮੁਹੰਮਦ ਖਾਂ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਹਲਕਾ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਹਰ ਰੋਜ਼ ਲੋਕਾਂ ਦੇ ਦੁੱਖ ਸੁੱਖ ਵਿੱਚ ਹਾਜ਼ਰ ਹੋਣਾ, ਹਲਕੇ ਦੀ ਹਰ ਸਰਗਰਮੀ ਵਿੱਚ ਹਿੱਸਾ ਲੈਣਾ, ਲੋਕਾਂ ਦੇ ਕੰਮ ਕਰਵਾਉਣੇ ਮੇਰੇ ਜੀਵਨ ਅਤੇ ਰੋਜ਼ਮਰਾ ਦੇ ਕੰਮ ਹਨ।ਹਲਕੇ ਦੀਆਂ ਸੰਗਤਾਂ ਵੱਲੋਂ ਮਿਲਦਾ ਪਿਆਰ ਸਤਿਕਾਰ ਹੀ ਮੇਰੀ ਅਸਲੀ ਤਾਕਤ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰੋ. ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਹਲਕਾ ਖਡੂਰ ਸਾਹਿਬ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਨੇ ਦੱਸਿਆ ਕਿ ਖਡੂਰ ਸਾਹਿਬ ਦੇ ਕੱਲੇ-ਕੱਲੇ ਪਿੰਡ ਵਿੱਚ ਮੇਰੀ ਦਿਲੀ ਸਾਂਝ ਹੈ। ਹਲਕਾ ਖਡੂਰ ਸਾਹਿਬ ਮੇਰੇ ਪਰਿਵਾਰ ਦੀ ਤਰ੍ਹਾਂ ਹੈ।ਮੇਰੇ ਦਿਨ ਦੀ ਸ਼ੁਰੂਆਤ ਸੰਗਤਾਂ ਦੇ ਦੁੱਖ-ਸੁੱਖ ਵਿੱਚ ਹਾਜ਼ਰ ਹੋਣ ਨਾਲ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪਿੰਡ-ਪਿੰਡ ਮੀਟਿੰਗਾਂ ਲੋਕ ਮਿਲਣੀ ਕਰਕੇ ਉਹ ਹਰ ਹਲਕਾ ਨਿਵਾਸੀ ਤੱਕ ਪਹੁੰਚ ਕਰ ਰਹੇ ਹਾਂ।ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਲੋਕਾਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਸਾਡੀ ਟੀਮ ਹਮੇਸ਼ਾ ਲੋਕ ਸੇਵਾ ਵਿੱਚ ਹਾਜ਼ਰ ਹੈ।ਉਨ੍ਹਾਂ ਕਿਹਾ ਕਿ ਉਹ ਹਰ ਸਮੇਂ ਲੋਕਾਂ ਦੀ ਸੇਵਾ ਲਈ ਤਤਪਰ ਹਨ।

## ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੇ ਜ਼ਿਲ੍ਹਾ ਪੱਧਰੀ ਵਿਸ਼ਵ ਜਲ ਦਿਵਸ ਮਨਾਇਆ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤਰਨ ਤਾਰਨ ਵੱਲੋਂ ਜਲ ਮਹਾਉਤਸਵ ਤਹਿਤ ਜ਼ਿਲ੍ਹਾ ਪੱਧਰੀ ਵਿਸ਼ਵ ਜਲ ਦਿਵਸ ਮਨਾਇਆ ਗਿਆ।ਇਸ ਸਬੰਧੀ ਕਰਵਾਏ ਸਮਾਗਮ ਮੌਕੇ ਮੁੱਖ ਮਹਿਮਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤਰਨ ਤਾਰਨ ਸੁਰਿੰਦਰ ਸਿੰਘ ਵੱਲੋਂ ਸਮਾਗਮ ਵਿਚ ਸ਼ਾਮਿਲ ਸਰਪੰਚਾਂ, ਜੀ. ਪੀ. ਡਬਲਿਊ. ਕਮੇਟੀ ਦੇ ਮੈਂਬਰਾਂ, ਅਧਿਕਾਰਿਆਂ ਨੂੰ ਪਾਣੀ ਦੀ ਸਾਂਭ-ਸੰਭਾਲ ਕਰਨ, ਪਾਣੀ ਦੀ ਬਰਬਾਦੀ ਨੂੰ ਰੋਕਣ ਅਤੇ ਸਾਫ਼ ਪਾਣੀ ਨੂੰ ਬਚਾਉਣ ਹਿੱਤ ਸਹੁੰ ਚੁਕਾਈ ਗਈ ਅਤੇ ਜ਼ਿਲ੍ਹਾ ਤਰਨ ਤਾਰਨ ਦੇ ਵੱਖ-ਵੱਖ ਪਿੰਡਾਂ ਵਿਖੇ ਚੱਲ ਰਹੀਆਂ ਨਿਰਵਿਘਨ ਜਲ ਸਪਲਾਈ ਸਕੀਮਾਂ ਤੋਂ ਸ਼ਾਮਿਲ ਹੋਏ ਸਰਪੰਚਾਂ ਅਤੇ ਕਮੇਟੀ ਮੈਂਬਰਾਂ ਨੂੰ ਵਧੀਆ ਕਾਰਗੁਜ਼ਾਰੀ ਲਈ ਸਨਮਾਨਿਤ ਕੀਤਾ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਤਰਨ ਤਾਰਨ ਦੀਆ ਹੋਰਨਾਂ ਗ੍ਰਾਮ ਪੰਚਾਇਤਾਂ ਨੂੰ ਇਨ੍ਹਾਂ ਪਿੰਡਾ ਤੋਂ ਪ੍ਰੇਰਨਾ ਲੈ ਕੇ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਹਰੇਕ ਪਿੰਡ ਵਿਚ ਨਿਰਵਿਘਨ ਜਲ ਸਪਲਾਈ ਸਕੀਮ ਦੀ ਪ੍ਰਥਾ ਨੂੰ ਲਾਗੂ ਕੀਤਾ ਜਾ ਸਕੇ ਅਤੇ ਜਲ ਜੀਵਨ ਮਿਸ਼ਨ ਤਹਿਤ ਹਰੇਕ ਘਰ ਤੱਕ ਨਿਰਵਿਘਨ ਜਲ ਸਪਲਾਈ ਦੀ ਪਹੁੰਚ ਹੋ ਸਕੇ।ਇਸ ਨਾਲ ਪਿੰਡਾ ਦੇ ਲੋਕਾਂ ਦਾ ਜੀਵਨ ਖ਼ਾਸ ਕਰਕੇ ਮਹਿਲਾਵਾਂ ਦਾ ਜੀਵਨ ਸੁਖਾਲ਼ਾ ਹੋਵੇਗਾ।ਇਸ ਤੋਂ ਇਲਾਵਾ ਉਨ੍ਹਾਂ ਗ੍ਰਾਮ ਪੰਚਾਇਤ ਰਾਜੇ ਵਾਲਾ ਖੂਹ, ਗ੍ਰਾਮ ਪੰਚਾਇਤ ਰੇਸ਼ੀਆਨਾ ਬਲਾਕ ਤਰਨ ਤਾਰਨ ਅਤੇ ਗ੍ਰਾਮ ਪੰਚਾਇਤ ਕਾਜੀਵਾਲ ਬਲਾਕ ਖਡੂਰ ਸਾਹਿਬ ਦੇ ਚੰਗੇ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਜ਼ਿਲ੍ਹਾ ਸੈਨੀਟੇਸ਼ਨ ਅਫ਼ਸਰ ਸੁਖਮਿੰਦਰ ਸਿੰਘ ਨੇ ਸਮਾਗਮ ਵਿਚ ਸ਼ਾਮਿਲ ਅਧਿਕਾਰੀਆਂ ਅਤੇ ਗ੍ਰਾਮ ਪੰਚਾਇਤਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਵਿਭਾਗ ਵੱਲੋਂ 8 ਮਾਰਚ ਤੋਂ 21 ਮਾਰਚ ਤੱਕ ਜਲ ਮਹਾਉਤਸਵ ਤਹਿਤ ਵੱਖ-ਵੱਖ ਪਿੰਡਾਂ ਵਿਚ ਨਾਰੀ ਜਲ ਸ਼ਕਤੀ ਦਿਵਸ ਅਤੇ ਜਲ ਸੁਰੱਖਿਆ ਸਹੇਲੀ ਮੁਹਿੰਮ ਤਹਿਤ ਵੱਧ ਤੋਂ ਵੱਧ ਔਰਤਾਂ ਨੂੰ ਸ਼ਾਮਿਲ ਕਰਕੇ ਗਤੀਵਿਧਿਆਂ ਕੀਤੀਆ ਗਈਆਂ, ਔਰਤਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਣੂ ਕਰਵਾਇਆ, ਪਿੰਡਾਂ ਦੀਆਂ ਮਹਿਲਾਵਾਂ ਨੂੰ ਪਾਣੀ ਦੀ ਸਾਂਭ-ਸੰਭਾਲ, ਸਾਫ਼ ਪੀਣ ਯੋਗ ਪਾਣੀ ਪੀਣ ਦੇ ਲਾਭ ਅਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ




ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਤਰਨ ਤਾਰਨ ਪਿਆਰ ਸਿੰਘ, ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ ਤਰਨ ਤਾਰਨ, ਉਪ ਮੁੱਖ ਕਾਰਜਕਾਰੀ ਅਧਿਕਾਰੀ ਜਿਲ੍ਹਾ ਪ੍ਰੀਸ਼ਦ ਦੇਵਿੰਦਰ ਸਿੰਘ, ਜ਼ਿਲ੍ਹਾ ਕੋਆਰਡੀਨੇਟਰ ਮਨਰੇਗਾ ਦਲਜੀਤ ਸਿੰਘ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਤੋਂ ਜਗਦੀਸ ਸਿੰਘ ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ-2, ਜਸਦੀਪ ਸਿੰਘ, ਕਾਰਤਿਕ ਵਰਮਾਨੀ, ਹਰਜਿੰਦਰ ਸਿੰਘ ਉਪ ਮੰਡਲ ਇੰਜੀਨੀਅਰ ਅਤੇ ਸਮੂਹ ਜੂਨੀਅਰ ਇੰਜੀਨੀਅਰਾਂ ਤੋਂ ਇਲਾਵਾ ਮੰਡਲ ਪੱਧਰੀ ਅਤੇ ਬਲਾਕ ਪੱਧਰੀ ਸਮਜਿਕ ਸਟਾਫ਼ ਹਾਜ਼ਰ ਸੀ।

## ਮਾਸਟਰ ਗੁਰਬੀਰ ਸਿੰਘ ਐਮਾ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਉੱਘੇ ਸਮਾਜ ਸੇਵੀ ਮਾਸਟਰ ਗੁਰਬੀਰ ਸਿੰਘ ਐਮਾ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਦੀ ਯਾਦ ਵਿੱਚ ਮੀਰੀ ਪੀਰੀ ਹਾਲ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਇਸ ਮੌਕੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ ਅਤੇ ਅਰਦਾਸ ਭਾਈ ਸੁਖਵੰਤ ਸਿੰਘ ਗ੍ਰੰਥੀ ਵੱਲੋਂ ਕੀਤੀ ਗਈ। ਇਸ ਮੌਕੇ ਸ਼ਰਧਾਂਜਲੀ ਭੇਟ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਸਕੱਤਰ ਕੇਵਲ ਸਿੰਘ ਭੂਰਾ ਕੋਹਨਾ ਨੇ ਮਾਸਟਰ ਗੁਰਬੀਰ ਸਿੰਘ ਵੱਲੋਂ ਸਮਾਜ ਭਲਾਈ ਦੇ ਕੀਤੇ ਕੰਮਾਂ ਅਤੇ ਧਾਰਮਿਕ ਖੇਤਰ ਵਿੱਚ ਕੀਤੇ ਕੰਮਾਂ ਨੂੰ ਯਾਦ ਕਰਦਿਆਂ ਕਿਹਾ ਕਿ ਗੁਰਦੁਆਰਾ ਸਾਹਿਬ ਦੇ ਜ਼ਮੀਨਾਂ ਦੇ ਅਦਾਲਤੀ ਕੇਸਾਂ ਵਿੱਚ ਮਾਸਟਰ ਜੀ ਵੱਲੋਂ ਦਿੱਤਾ ਸਹਿਯੋਗ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਮਾਸਟਰ ਗੁਰਬੀਰ ਸਿੰਘ ਗੁਰੂ ਗ੍ਰੰਥ ਗੁਰੂ ਪੰਥ ਨੂੰ ਸਮਰਪਿਤ ਸਨ।ਇਸ ਮੌਕੇ ਮਾਸਟਰ ਗੁਰਬੀਰ ਸਿੰਘ ਦੀ ਧਰਮਪਤਨੀ ਹਰਜੀਤ ਕੌਰ ਅਤੇ ਪਰਿਵਾਰ ਨੂੰ ਸਨਮਾਨਿਤ ਕੀਤਾ ਗਿਆ।ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬੀਬਾ ਕੰਚਨਪ੍ਰੀਤ ਕੌਰ, ਭਾਈ ਅਮਰਜੀਤ ਸਿੰਘ ਬੰਡਾਲਾ ਮੈਂਬਰ ਸ਼੍ਰੋਮਣੀ ਕਮੇਟੀ, ਸਾਬਕਾ ਸਕੱਤਰ ਸ਼੍ਰੋਮਣੀ ਕਮੇਟੀ ਪਰਮਜੀਤ ਸਿੰਘ ਮੁੰਡਾਪਿੰਡ, ਗੁਰਨਾਮ ਸਿੰਘ ਮੀਤ ਸਕੱਤਰ ਸ਼੍ਰੋਮਣੀ



ਕਮੇਟੀ, ਐਡਵੋਕੇਟ ਅਮਰਜੀਤ ਸਿੰਘ ਰੰਧਾਵਾ, ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ, ਦਲਜੀਤ ਸਿੰਘ ਐਮਾ, ਚੇਅਰਮੈਨ ਗੁਰਬੀਰ ਸਿੰਘ ਝਬਾਲ,ਪ੍ਰੋਫੈਸਰ ਬਲਕਾਰ ਸਿੰਘ ਗੱਗੋਬੂਹਾ, ਰਾਮ ਸਿੰਘ ਨਾਮਧਾਰੀ, ਜਥੇਦਾਰ ਵਰਿੰਦਰ ਸਿੰਘ ਠੱਠਾ, ਮੈਨੇਜਰ ਨਵਤੇਜ ਸਿੰਘ ਠੱਠਾ, ਮੈਨੇਜਰ ਜਗਜੀਤ ਸਿੰਘ ਸਾਗਣਾ, ਅਰਵਨਪ੍ਰੀਤ ਸਿੰਘ ਕੈਰੋਂਵਾਲ, ਗੁਰਜੀਤ ਸਿੰਘ ਮੀਤ ਮੈਨੇਜਰ ਵੀ ਸ਼ਾਮਲ ਸਨ।

# ਪੰਜਾਬੀ ਪ੍ਰਵਾਸੀ ਕਵੀ ਪਰਮਵੀਰ ਸਿੰਘ ਨਾਲ ਰੂ-ਬ-ਰੂ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖੋਜ ਸੰਸਥਾ ਨਾਦ ਪ੍ਰਗਾਸੁ ਦੇ ਮੁੱਖ ਦਫਤਰ ਵਿਖੇ ਸੰਸਥਾ ਵੱਲੋਂ ਚਲਾਈਆਂ ਜਾਂਦੀਆਂ ਮਹੀਨਾਵਾਰੀ ਗਤੀਵਿਧੀਆਂ ਦੀ ਲੜੀ ਤਹਿਤ 32ਵੀਂ ਸਿਰਜਣ ਪ੍ਰਕਿਰਿਆ ਦੌਰਾਨ ਕੈਨੇਡਾ ਤੋਂ ਆਏ ਪੰਜਾਬੀ ਦੇ ਪ੍ਰਵਾਸੀ ਕਵੀ ਪਰਮਵੀਰ ਸਿੰਘ ਨਾਲ ਰੂਬਰੂ ਕਰਵਾਇਆ ਗਿਆ, ਜਿਸ ਵਿੱਚ ਸਾਹਿਤ ਜਗਤ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ।ਇਸ ਮੌਕੇ ਪਰਮਵੀਰ ਸਿੰਘ ਨੇ ਕਿਹਾ ਕਿ ਕਵੀ ਦੇ ਅੰਦਰ ਇੱਕ ਸੱਖਣਾਪਣ ਹੁੰਦਾ ਹੈ ਜਿਸ ਨੂੰ ਭਰਨ ਲਈ ਉਹ ਨਿਰੰਤਰ ਆਪਣੇ ਸਿਰਜਨਾਤਮਕ ਪ੍ਰਗਟਾਵੇ ਲਈ ਕਾਰਜਸ਼ੀਲ ਰਹਿੰਦਾ ਹੈ।ਉਸ ਦੀਆਂ ਕਵਿਤਾਵਾਂ ਇਸ ਸੱਖਣੇਪਨ ਦਾ ਹੀ ਪ੍ਰਤੀਬਿੰਬ ਹੁੰਦੀਆਂ ਹਨ।ਇਸ ਮੌਕੇ ਉਹ ਪੰਜਾਬੀ ਕਾਵਿ ਜਗਤ ਅੰਦਰ ਪੈਦਾ ਹੋ ਰਹੇ ਦੋਹਰਾਅ ਦੇ ਸੰਕਟ ਨੂੰ ਵੀ ਸੰਬੋਧਨ ਹੋਏ।ਇਸ ਦੌਰਾਨ ਕਵੀ ਵੱਲੋਂ ਆਪਣੀਆਂ ਛਪ ਚੁੱਕੀਆਂ ਪੁਸਤਕਾਂ ਵਿੱਚੋਂ ਪ੍ਰਮੁੱਖ ਕਵਿਤਾਵਾਂ ਵੀ ਸੁਣਾਈਆਂ।ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਡਾ. ਸੁਖਬੀਰ ਕੌਰ ਮਾਹਲ ਨੇ ਕਿਹਾ ਕਿ ਕਵੀ ਨੂੰ ਆਪਣੇ ਸਿਰਜਨਾਤਮਕ ਪ੍ਰਗਟਾਵੇ ਦੇ ਸਮਾਨੰਤਰ ਆਪਣੇ ਕਾਵਿਕ ਪ੍ਰਗਟਾਵੇ ਦੀ ਬਣਤਰ ਬਾਰੇ ਵੀ ਸੁਚੇਤ ਰਹਿਣਾ ਚਾਹੀਦਾ ਹੈ।ਇਸ ਚੇਤਨਾ ਦੀ ਗੈਰਹਾਜ਼ਰੀ ਵਿੱਚ ਕਵੀ ਦਾ ਪ੍ਰਗਟਾਵਾ ਮਾਨਵੀ ਜੀਵਨ ਦੀ ਸਮੁੱਚਤਾ ਨਾਲ ਜੁੜਨ ਦੀ ਬਜਾਏ ਵਿਅਕਤੀਗਤ ਝੁਕਾਵਾਂ ਤੱਕ ਸੀਮਤ ਹੋ ਕੇ ਰਹਿ ਜਾਂਦਾ ਹੈ।ਇਸ ਮੌਕੇ ਹਾਜ਼ਰ ਸਰੋਤਿਆਂ ਵੱਲੋਂ ਪਰਮਵੀਰ ਸਿੰਘ ਨੂੰ ਉਸ ਦੀਆਂ ਛਪੀਆਂ ਪੁਸਤਕਾਂ ਬਾਬਤ ਪ੍ਰਸ਼ਨ ਉੱਤਰ ਵੀ ਪੁੱਛੇ ਗਏ ਅਤੇ ਉਸ ਦੀਆਂ ਕੁੱਝ ਕਵਿਤਾਵਾਂ ਦੀ ਸੰਗੀਤਕ ਪੇਸ਼ਕਾਰੀ ਵੀ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਸੰਸਥਾ ਦੇ ਡਾਇਰੈਕਟਰ ਪ੍ਰੋ. ਜਗਦੀਸ਼ ਸਿੰਘ ਨੇ ਆਏ ਹੋਏ ਵਿਦਿਆਰਥੀਆਂ ਅਤੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਵੀ ਨੇ ਆਪਣੀਆਂ ਨਿੱਜੀ ਜਾਂ ਸਮਾਜਿਕ ਵੇਦਨਾਵਾਂ ਦੀ ਪੇਸ਼ਕਾਰੀ ਤੱਕ ਮਹਿਦੂਦ ਨਾ ਰਹਿੰਦੇ ਹੋਏ ਮਾਨਵੀ ਹੋਂਦ ਤੋਂ ਪਾਰ ਦੇ ਅਰਥਾਂ ਨੂੰ ਵੀ ਜਾਗ੍ਰਿਤ ਕਰਨਾ ਹੁੰਦਾ ਹੈ ਜਿਸ ਨਾਲ ਕਵਿਤਾ ਵਿਸ਼ਵ ਵਿਆਪੀ ਅਰਥ ਧਾਰਦੀ ਹੈ।ਸਮੁੱਚੇ ਸਮਾਗਮ ਦਾ ਮੰਚ ਸੰਚਾਲਨ ਪੰਜਾਬੀ ਦੇ ਕਵੀ ਸੁਰਿੰਦਰ ਸਿੰਘ ਵੱਲੋਂ ਨਿਭਾਇਆ ਗਿਆ।

## ਵਿਧਾਨ ਸਭਾ ਹਲਕਾ ਅਟਾਰੀ 'ਚ ਦੋ ਪ੍ਰਮੁੱਖ ਸੰਪਰਕ ਸੜਕਾਂ ਦਾ ਨਵੀਨੀਕਰਨ ਸ਼ੁਰੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਵਿਧਾਨ ਸਭਾ ਹਲਕਾ ਅਟਾਰੀ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ ਵੱਲੋਂ ਹਲਕੇ ਦੀਆਂ ਦੋ ਪ੍ਰਮੁੱਖ ਸੰਪਰਕ ਸੜਕਾਂ ਦੇ ਨਵੀਨੀਕਰਨ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।ਵਿਧਾਇਕ ਜਸਵਿੰਦਰ ਸਿੰਘ ਦੇ ਉਪਰਾਲੇ ਸਦਕਾ ਪੰਜਾਬ ਸਰਕਾਰ ਵੱਲੋਂ ਵਰਪਾਲ ਚਾਟੀਵਿੰਡ ਰੋਡ ਤੋਂ ਰੇਲਵੇ ਲਾਈਨ ਵਾਇਆ ਗੁਰਦੁਆਰਾ ਸ਼ਹੀਦ ਬਾਬਾ ਬਲਵੰਤ ਸਿੰਘ 2.10 ਕਿਲੋਮੀਟਰ ਲੰਮੀ ਸੜਕ ਨੂੰ 69.93 ਲੱਖ ਰੁਪਏ ਅਤੇ ਅੰਮ੍ਰਿਤਸਰ-ਅਜਨਾਲਾ ਰੋਡ ਤੋਂ ਮੀਰਾਂਕੋਟ ਖੁਰਦ ਤੋਂ ਹੇਰ ਤੱਕ 2.84 ਕਿਲੋਮੀਟਰ ਲੰਮੀ ਸੜਕ ਉਪਰ 197.96 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ।ਇਹ ਸੜਕਾਂ ਪੰਜਾਬ ਮੰਡੀ ਬੋਰਡ ਵੱਲੋਂ ਬਣਾਈਆਂ ਜਾਣਗੀਆਂ।ਇਨ੍ਹਾਂ ਦੋਵਾਂ ਸੰਪਰਕ ਸੜਕਾਂ ਦੇ ਨਵੀਨੀਕਰਨ ਪ੍ਰੋਜੈਕਟ ਦੀ ਸ਼ੁਰੂਆਤ ਕਰਦਿਆਂ ਵਿਧਾਇਕ ਸ. ਜਸਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਇਹ ਦੋਵੇਂ ਸੜਕਾਂ ਜਲਦ ਹੀ ਬਣ ਜਾਣਗੀਆਂ ਜਿਸ ਨਾਲ ਇਲਾਕੇ ਦੇ ਲੋਕਾਂ ਅਤੇ ਰਾਹਗੀਰਾਂ ਨੂੰ ਵੱਡੀ ਸਹੂਲਤ ਮਿਲੇਗੀ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਅਟਾਰੀ ਨੂੰ ਵਿਕਾਸ ਪੱਖੋਂ ਸੂਬੇ ਦਾ ਮੋਹਰੀ ਹਲਕਾ ਬਣਾਇਆ ਜਾਵੇਗਾ ਅਤੇ ਇਸ ਲਈ ਗ੍ਰਾਂਟਾਂ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਸ ਸਾਲ ਦੇ ਬਜਟ ਵਿੱਚ ਸੂਬੇ ਭਰ ਵਿੱਚ ਸੜਕ ਅਤੇ ਪੁਲਾਂ ਦੇ ਬੁਨਿਆਦੀ ਢਾਂਚੇ ਦੇ ਵਿਸਥਾਰ ਲਈ ਅਤੇ ਮੌਜੂਦਾ ਸੰਪਤੀਆਂ ਦੇ ਯੋਜਨਾਬੱਧ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ ਸੜਕਾਂ, ਪੁਲਾਂ ਅਤੇ ਜਨਤਕ ਇਮਾਰਤਾਂ ਦੀ ਉਸਾਰੀ, ਨਵੀਨੀਕਰਨ ਅਤੇ ਰੱਖ-ਰਖਾਅ ਲਈ ਬਜਟ ਨੂੰ 5,440 ਕਰੋੜ ਰੁਪਏ ਕਰ ਦਿੱਤਾ ਗਿਆ ਹੈ ਜੋ ਵਿੱਤੀ ਸਾਲ 2025-26 (ਬਜਟ ਅਨੁਮਾਨ) ਨਾਲੋਂ ਦੁੱਗਣਾ ਹੈ।

ਨਵਾਂ ਜ਼ਮਾਨਾ
ਮੰਗਲਵਾਰ, 24 ਮਾਰਚ 2026

# ਟਰੰਪ-ਨੇਤਨਯਾਹੂ ਨਿੱਖੜੇ

ਈਰਾਨ 'ਤੇ ਅਮਰੀਕਾ-ਇਜ਼ਰਾਈਲ ਦੇ ਹਮਲੇ ਨੂੰ ਚੌਥਾ ਹਫ਼ਤਾ ਲੱਗ ਚੁੱਕਾ ਹੈ। ਅਮਰੀਕਾ-ਇਜ਼ਰਾਈਲ ਨੇ ਈਰਾਨ 'ਤੇ ਹਮਲਾ ਇਹ ਬਹਾਨਾ ਬਣਾ ਕੇ ਕੀਤਾ ਕਿ ਇੱਕ ਤਾਂ ਈਰਾਨ ਪ੍ਰਮਾਣੂ ਹਥਿਆਰ ਬਣਾਉਣ ਵਿੱਚ ਲੱਗਾ ਹੋਇਆ ਹੈ ਤੇ ਦੂਜਾ, ਆਇਤਉਲ੍ਹਾ ਅਲੀ ਖਾਮਨੇਈ ਦੀ ਸਰਕਾਰ ਮਨੁੱਖੀ ਅਧਿਕਾਰਾਂ, ਖਾਸ ਤੌਰ 'ਤੇ ਔਰਤਾਂ ਦੇ ਅਧਿਕਾਰਾਂ ਨੂੰ ਕੁਚਲਣ ਵਿੱਚ ਲੱਗੀ ਹੋਈ ਹੈ। ਸ਼ੁਰੂ ਵਿੱਚ ਇਜ਼ਰਾਈਲ ਦੀ ਬਦਨਾਮ ਖ਼ੁਫ਼ੀਆ ਏਜੰਸੀ ਮੋਸਾਦ ਨੇ ਈਰਾਨ ਅੰਦਰ ਆਪਣੇ ਹੱਥਠੋਕਿਆਂ ਰਾਹੀਂ ਸ਼ਹਿਰਾਂ 'ਚ ਮੁਜ਼ਾਹਰੇ ਜਥੇਬੰਦ ਕਰਕੇ ਦੁਨੀਆ ਨੂੰ ਇਹ ਦਿਖਾਉਣ ਦੀ ਕੋਸ਼ਿਸ਼ ਕੀਤੀ ਕਿ ਸਰਕਾਰ ਨੂੰ ਬਦਲ ਦੇਣ ਲਈ ਈਰਾਨੀ ਜਨਤਾ ਪੂਰੀ ਤਰ੍ਹਾਂ ਲਾਮਬੰਦ ਹੋ ਚੁੱਕੀ ਹੈ। ਅਮਰੀਕਾ-ਇਜ਼ਰਾਈਲ ਨੇ ਇਹ ਸੋਚਿਆ ਕਿ ਹੁਣ ਮੌਕਾ ਹੈ ਬਾਹਰੋਂ ਹਮਲਾ ਕਰਕੇ ਤੇ ਅੰਦਰਲੇ ਆਪਣੇ ਏਜੰਟਾਂ ਰਾਹੀਂ ਖਾਮਨੇਈ ਸਰਕਾਰ ਦਾ ਤਖਤਾ ਪਲਟ ਕੇ ਆਪਣੀ ਪਿਛਲੱਗੂ ਸਰਕਾਰ ਬਣਾਈ ਜਾ ਸਕਦੀ ਹੈ।

ਇਸ ਹਮਲੇ ਰਾਹੀਂ ਸ਼ੁਰੂ ਵਿੱਚ ਈਰਾਨ ਦਾ ਭਾਰੀ ਨੁਕਸਾਨ ਹੋਇਆ, ਕਿਉਂਕਿ ਈਰਾਨ ਨੂੰ ਪ੍ਰਮਾਣੂ ਹਥਿਆਰਾਂ ਦੇ ਮੁੱਦੇ ਤੇ ਗੱਲਬਾਤ ਵਿੱਚ ਉਲਝਾ ਕੇ ਅਵੇਸਲਾ ਕੀਤਾ ਹੋਇਆ ਸੀ। ਸ਼ੁਰੂਆਤ ਦੇ ਹਮਲਿਆਂ ਰਾਹੀਂ ਅਮਰੀਕਾ-ਇਜ਼ਰਾਈਲ ਨੇ ਖਾਮਨੇਈ ਤੇ ਉਸ ਦੇ ਬਹੁਤ ਸਾਰੇ ਪਰਵਾਰਕ ਮੈਂਬਰਾਂ ਦੀ ਹੱਤਿਆ ਕਰ ਦਿੱਤੀ ਤੇ ਇੱਕ ਸਕੂਲ 'ਤੇ ਬੰਬਾਰੀ ਕਰਕੇ 160 ਤੋਂ ਵੱਧ ਸਕੂਲੀ ਬੱਚੀਆਂ ਨੂੰ ਮਾਰ ਦਿੱਤਾ।

ਹਮਲਾਵਰ ਟਰੰਪ ਤੇ ਨੇਤਨਯਾਹੂ ਨੂੰ ਯਕੀਨ ਸੀ ਕਿ ਉਨ੍ਹਾਂ ਦੇ ਹਮਲਿਆਂ ਤੋਂ ਬਾਅਦ ਲੋਕ ਈਰਾਨੀ ਹਾਕਮਾਂ ਵਿਰੁੱਧ ਅੰਦਰੋਂ ਯੁੱਧ ਛੇੜ ਦੇਣਗੇ, ਪਰ ਹੋਇਆ ਉਲਟ। ਇਸ ਹਮਲੇ ਵਿਰੁੱਧ ਈਰਾਨੀ ਲੋਕ ਇੱਕਜੁੱਟ ਹੋ ਕੇ ਹਮਲਾਵਰਾਂ ਵਿਰੁੱਧ ਆਪਣੀ ਸਰਕਾਰ ਦੇ ਹੱਕ ਵਿੱਚ ਸੜਕਾਂ 'ਤੇ ਆ ਗਏ ਤੇ ਆਪਣੇ ਦੇਸ਼ ਦੀ ਪ੍ਰਭੂਸੱਤਾ ਲਈ ਹਰ ਕੁਰਬਾਨੀ ਦੇਣ ਦੀਆਂ ਸਹੁੰਆਂ ਚੁੱਕਣ ਲੱਗ ਪਏ।

ਤਿੰਨ ਤੋਂ ਵੱਧ ਹਫ਼ਤਿਆਂ ਦੀ ਅਸਾਵੀਂ ਲੜਾਈ ਵਿੱਚ ਈਰਾਨ ਨੇ ਅਮਰੀਕਾ ਤੇ ਇਜ਼ਰਾਈਲ ਨੂੰ ਅਜਿਹਾ ਸਬਕ ਸਿਖਾਇਆ ਹੈ, ਜਿਸ ਬਾਰੇ ਕਿਸੇ ਨੇ ਕਿਆਸ ਵੀ ਨਹੀਂ ਕੀਤਾ ਸੀ। ਈਰਾਨ 'ਤੇ ਕਬਜ਼ਾ ਕਰਨ ਆਏ ਅਮਰੀਕਾ ਦੇ ਜੰਗੀ ਬੇੜੇ ਅਬਰਾਹੀਮ ਲਿੰਕਨ ਨੂੰ ਪੂਛ ਦਬਾ ਕੇ ਭੱਜਣਾ ਪਿਆ ਸੀ। ਉਹ ਹੁਣ ਕਿੱਥੇ ਹੈ, ਸਹੀ-ਸਲਾਮਤ ਹੈ ਜਾਂ ਸਮੁੰਦਰ 'ਚ ਸਮਾਅ ਚੁੱਕਾ ਹੈ, ਕੋਈ ਨਹੀਂ ਜਾਣਦਾ। ਅਰਬ ਦੇਸ਼ਾਂ ਵਿੱਚ ਸਥਾਪਤ ਅਮਰੀਕਾ ਦੇ 17 ਫ਼ੌਜੀ ਅੱਡੇ ਬੁਰੀ ਤਰ੍ਹਾਂ ਤਬਾਹ ਹੋ ਚੁੱਕੇ ਹਨ। ਅਮਰੀਕਾ ਦੇ ਦੁਨੀਆ ਭਰ ਵਿੱਚ ਸਲਾਹੇ ਜਾਂਦੇ ਐੱਫ-35 ਜੰਗੀ ਜਹਾਜ਼ ਫੁੰਡ ਕੇ ਈਰਾਨ ਨੇ ਅਮਰੀਕਾ ਦੀ ਜੰਗੀ ਹੈਂਕੜ ਦੀ ਫੂਕ ਕੱਢ ਦਿੱਤੀ ਹੈ। ਇਸ ਜਹਾਜ਼ ਦੀ ਖਰੀਦ ਲਈ ਜਿਨ੍ਹਾਂ ਦੇਸ਼ਾਂ ਨੇ ਸਮਝੌਤੇ ਕੀਤੇ ਸਨ, ਉਹ ਤੋੜ ਰਹੇ ਹਨ।

ਇਜ਼ਰਾਈਲ ਨੂੰ ਅਮਰੀਕਾ ਵੱਲੋਂ ਮਿਜ਼ਾਈਲ ਤੇ ਡਰੋਨ ਹਮਲੇ ਰੋਕਣ ਲਈ ਦਿੱਤੀ ਗਈ ਸੁਰੱਖਿਆ ਪ੍ਰਣਾਲੀ 'ਆਇਰਨ ਡੋਮ' ਈਰਾਨੀ ਮਿਜ਼ਾਈਲਾਂ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਅਸਮਰੱਥ ਸਿੱਧ ਹੋ ਚੁੱਕੀ ਹੈ। ਤੇਲ ਅਵੀਵ ਤੋਂ ਲੈ ਕੇ ਡਿਮੋਨਾ ਵਰਗੇ ਮਹੱਤਵਪੂਰਨ ਸ਼ਹਿਰਾਂ ਨੂੰ ਈਰਾਨੀ ਮਿਜ਼ਾਈਲਾਂ ਨੇ ਖਾਕ ਵਿੱਚ ਮਿਲਾ ਕੇ ਰੱਖ ਦਿੱਤਾ ਹੈ। ਡਿਮੋਨਾ ਉਹ ਸ਼ਹਿਰ ਹੈ, ਜਿੱਥੇ ਇਜ਼ਰਾਈਲ ਆਪਣੇ ਪ੍ਰਮਾਣੂ ਹਥਿਆਰਾਂ ਦੀ ਖੋਜ ਦਾ ਕੰਮ ਕਰਦਾ ਹੈ। ਈਰਾਨ ਨੇ ਇਸ ਸ਼ਹਿਰ ਦੀ ਉਸ ਥਾਂ ਨੂੰ ਨਿਸ਼ਾਨਾ ਬਣਾਇਆ, ਜਿੱਥੇ ਇਸ ਪਲਾਂਟ ਵਿੱਚ ਕੰਮ ਕਰਦੇ ਵਿਗਿਆਨੀ ਰਹਿੰਦੇ ਸਨ।

ਇਸ ਸਾਰੇ ਯੁੱਧ ਦੌਰਾਨ ਟਰੰਪ ਦੇ ਬਿਆਨ ਦੇਖੇ ਜਾਣ ਤਾਂ ਇੰਜ ਲੱਗਦਾ ਹੈ ਕਿ ਟਰੰਪ ਮਾਨਸਿਕ ਸੰਤੁਲਨ ਗੁਆ ਚੁੱਕਾ ਹੈ। ਕਦੇ ਉਸ ਨੇ ਇਹ ਕਿਹਾ ਕਿ ਅਸੀਂ ਈਰਾਨ ਦੀ ਸਾਰੀ ਨੇਵੀ ਤੇ ਹਵਾਈ ਫੌਜੀ ਤਾਕਤ ਨੂੰ ਖ਼ਤਮ ਕਰ ਦਿੱਤਾ ਹੈ ਤੇ ਈਰਾਨ ਹਾਰ ਚੁੱਕਾ ਹੈ। ਫਿਰ ਉਸ ਨੇ ਇਹ ਧਮਕੀ ਦੇ ਦਿੱਤੀ ਕਿ ਈਰਾਨ ਹਾਰਮੁਜ਼ ਜਲਡਮਰੂ ਨੂੰ 48 ਘੰਟਿਆਂ ਵਿੱਚ ਖੋਲ੍ਹੇ ਨਹੀਂ ਤਾਂ ਉਸ ਦੇ ਸਾਰੇ ਊਰਜਾ ਕੇਂਦਰਾਂ ਨੂੰ ਤਬਾਹ ਕਰ ਦਿੱਤਾ ਜਾਵੇਗਾ। ਉਹ ਨਾਟੋ ਦੇਸ਼ਾਂ ਨੂੰ ਵੀ ਕਹਿੰਦਾ ਹੈ ਕਿ ਈਰਾਨ ਦੇ ਮੁਕਾਬਲੇ ਲਈ ਉਹ ਇਸ ਲੜਾਈ ਦਾ ਹਿੱਸਾ ਬਣਨ।

ਟਰੰਪ ਦੀ ਧਮਕੀ ਤੋਂ ਬਾਅਦ ਦੋਵੇਂ ਪਾਸਿਆਂ ਤੋਂ ਤਾਬੜਤੋੜ ਹਮਲੇ ਹੋ ਰਹੇ ਹਨ। ਈਰਾਨ ਤੇਲ ਅਵੀਵ ਨੂੰ ਨਿਸ਼ਾਨਾ ਬਣਾ ਰਿਹਾ ਹੈ ਤੇ ਇਜ਼ਰਾਈਲ ਤਹਿਰਾਨ ਨੂੰ।

ਇਸ ਸਾਰੀ ਲੜਾਈ ਵਿੱਚ ਨੋਟ ਕਰਨ ਵਾਲੀ ਗੱਲ ਇਹ ਹੈ ਕਿ ਰੂਸ, ਚੀਨ ਤੇ ਉੱਤਰੀ ਕੋਰੀਆ ਸ਼ੁਰੂ ਤੋਂ ਈਰਾਨ ਦੀ ਪਿੱਠ 'ਤੇ ਹਨ। ਉਨ੍ਹਾਂ ਦੀ ਮਦਦ ਕਾਰਨ ਹੀ ਈਰਾਨ ਜੰਗ ਦੇ ਮੈਦਾਨ ਵਿੱਚ ਅਮਰੀਕਾ ਤੇ ਇਜ਼ਰਾਈਲ ਵਰਗੇ ਧਾੜਵੀਆਂ ਦਾ ਮੁਕਾਬਲਾ ਕਰ ਰਿਹਾ ਹੈ। ਅਮਰੀਕਾ ਤੇ ਇਜ਼ਰਾਈਲ ਤੋਂ ਇਲਾਵਾ ਇਸਲਾਮ ਦੀ ਦੁਹਾਈ ਦੇਣ ਵਾਲੇ ਸਾਰੇ ਅਰਬ ਦੇਸ਼ ਅੰਦਰੋਂ ਇਸ ਜੋੜੀ ਦੇ ਨਾਲ ਖੜ੍ਹੇ ਹਨ। ਦੂਜੇ ਪਾਸੇ ਦੁਨੀਆ ਦੇ ਖੱਬੀ ਸੋਚ ਵਾਲੇ ਹਾਕਮ ਈਰਾਨ ਦੀ ਖੁੱਲ੍ਹੀ ਹਮਾਇਤ ਕਰ ਰਹੇ ਹਨ। ਸਪੇਨ ਵਿੱਚ ਸਪੈਨਿਸ਼ ਸੋਸ਼ਲਿਸਟ ਪਾਰਟੀ ਦੀ ਸਰਕਾਰ ਹੈ ਤੇ ਖੱਬੇ ਪੱਖੀ ਪੈਡਰੋ ਸਾਂਚੇਜ਼ ਪ੍ਰਧਾਨ ਮੰਤਰੀ ਹਨ। ਸਪੇਨ ਨਾਟੋ ਦਾ ਮੈਂਬਰ ਹੈ। ਉਸ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਈਰਾਨ ਉੱਤੇ ਹਮਲਾ ਗੈਰ-ਕਾਨੂੰਨੀ ਹੈ ਤੇ ਨਾਟੋ ਦੇ ਮੈਂਬਰ ਦੇ ਤੌਰ 'ਤੇ ਉਹ ਇਸ ਦੀ ਹਮਾਇਤ ਨਹੀਂ ਕਰਨਗੇ।

ਸਪੇਨ ਵਾਂਗ ਹੀ ਸ੍ਰੀਲੰਕਾ ਨੇ ਇਸ ਜੰਗ ਦਾ ਵਿਰੋਧ ਕੀਤਾ ਹੈ। ਅਮਰੀਕਾ ਨੇ ਜਦੋਂ ਸ੍ਰੀਲੰਕਾ ਦਾ ਹਵਾਈ ਅੱਡਾ ਤੇ ਬੰਦਰਗਾਹ ਈਰਾਨ ਵਿਰੁੱਧ ਵਰਤਣ ਦੀ ਆਗਿਆ ਮੰਗੀ ਤਾਂ ਰਾਸ਼ਟਰਪਤੀ ਅਨੁਰਾ ਕੁਮਾਰ ਦਿਸਾਨਾਇਕੇ ਨੇ ਉਸ ਨੂੰ ਦੋ ਟੁੱਕ ਜਵਾਬ ਦੇ ਦਿੱਤਾ ਸੀ। ਇੱਕ ਹੋਰ ਖੱਬੇ ਪੱਖੀ ਸ਼ਾਸਨ ਵਾਲੇ ਦੇਸ਼ ਬ੍ਰਾਜ਼ੀਲ ਦੇ ਰਾਸ਼ਟਰਪਤੀ ਨੇ ਵੀ ਖੁੱਲ੍ਹ ਕੇ ਈਰਾਨ 'ਤੇ ਅਮਰੀਕੀ-ਇਜ਼ਰਾਈਲੀ ਹਮਲੇ ਦੀ ਨਿੰਦਾ ਕੀਤੀ ਹੈ। ਦੂਜੇ ਪਾਸੇ ਸਾਡੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਮਲੇ ਤੋਂ 36 ਘੰਟੇ ਪਹਿਲਾਂ ਇਜ਼ਰਾਈਲ ਜਾ ਕੇ ਖੁੱਲ੍ਹੇ ਤੌਰ 'ਤੇ ਦੇਸ਼ ਦੀ ਲਗਾਤਾਰ ਚਲੀ ਆ ਰਹੀ ਵਿਦੇਸ਼ ਨੀਤੀ ਨੂੰ ਪੁੱਠਾ ਗੇੜਾ ਦੇ ਕੇ ਜੰਗ ਦੇ ਭਾਈਵਾਲ ਬਣ ਜਾਂਦੇ ਹਨ। ਅੱਜ ਦੇਸ਼ ਦੇ ਨਾਗਰਿਕ ਜਿਹੜੀ ਮਹਿੰਗਾਈ ਦੀ ਮਾਰ ਝੱਲ ਰਹੇ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਜਿਸ ਦਾ ਖਮਿਆਜ਼ਾ ਭੁਗਤਣਗੇ, ਉਹ ਸਾਡੇ ਮੌਜੂਦਾ ਹਾਕਮਾਂ ਦੀ ਟਰੰਪ-ਨੇਤਨਯਾਹੂ ਨਾਲ ਦੋਸਤੀ ਦਾ ਨਤੀਜਾ ਹੀ ਹੋਵੇਗੀ।

-ਚੰਦ ਫਤਿਹਪੁਰੀ

# ਅਮਰੀਕਾ-ਇਜ਼ਰਾਈਲ ਨੂੰ ਈਰਾਨ 'ਤੇ ਹਮਲਾ ਕਰਨਾ ਪੈ ਗਿਆ ਉਲਟਾ



**ਡਾ. ਸੁਰਿੰਦਰ ਮੰਡ**

ਅਮਰੀਕਾ ਅਤੇ ਇਜ਼ਰਾਈਲ ਨੇ ਜੋ ਨਿਸ਼ਾਨੇ ਮਿਥ ਕੇ ਫਿਰ ਧੋਖੇ ਨਾਲ ਦੂਜੀ ਵਾਰ ਈਰਾਨ ਉੱਤੇ ਮਾਰੂ ਹਮਲਾ ਕੀਤਾ ਹੈ, ਕੀ ਉਹ ਟੀਚੇ ਹਾਸਲ ਹੋਏ ਹਨ ਕਿ ਜਾਂ ਫਿਰ ਉਲਟੇ ਲੈਣੇ ਦੇ ਦੇਣੇ ਪੈਣ ਵਾਲੇ ਹਨ। 'ਨਾਟੋ' ਗਠਜੋੜ ਮੁਲਕ ਅਤੇ ਅਮਰੀਕਾ ਦੇ ਲਾਕੜੀ ਰਹੇ ਦੇਸ਼ (ਇੰਗਲੈਂਡ, ਫਰਾਂਸ, ਜਰਮਨ, ਇਟਲੀ, ਸਪੇਨ, ਕੈਨੇਡਾ, ਜਪਾਨ, ਆਸਟਰੇਲੀਆ, ਦੱਖਣੀ ਕੋਰੀਆ ਅਤੇ ਅਰਬ ਦੇਸ਼ਾਂ ਆਦਿ) ਨੇ ਅਮਰੀਕਾ ਦੇ ਨਾਲ ਹੋ ਕੇ ਜੰਗ ਵਿਚ ਸ਼ਾਮਲ ਹੋਣ ਜਾਂ ਸਮੁੰਦਰੀ ਲਾਂਘਾ(ਹੋਰਮੂਜ਼ ਸਟਰੇਟ) ਖੁਲ੍ਹਵਾਉਣ ਲਈ ਜੰਗੀ ਬੇੜੇ ਭੇਜਣ ਤੋਂ ਇਨਕਾਰ ਕਰ ਦਿੱਤਾ ਹੈ ਤੇ ਪੂਰੀ ਸੰਭਾਵਨਾ ਹੈ ਕਿ ਹੁਣ ਗੱਲ ਮੁਲਕਾਂ ਦੇ ਨਵੇਂ ਨਿਵੇਕਲੇ ਸਮੀਕਰਨ ਗਠਜੋੜ ਬਣਨ ਵਾਲੇ ਪਾਸੇ ਨੂੰ ਵੀ ਤੁਰ ਸਕਦੀ।

ਯਾਦ ਕਰੋ ਆਪਣੇ ਆਪ ਨੂੰ ਖ਼ੁਦ ਹੀ ਹੋਛਿਆਂ ਵਾਂਗ ਫੌਜੀ ਸੁਪਰਪਾਵਰ ਐਲਾਨ ਕੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਨੇ ਆਉਣ ਸਾਰ ਹੀ ਆਖਿਆ ਸੀ ਕਿ ਹੁਣ ਮੈਂ ਅਮਰੀਕਾ ਨੂੰ ਨੰਬਰ ਇਕ ਇੰਜ ਬਣਾਊਂ। ਮੈਂ ਕੈਨੇਡਾ (ਅਮਰੀਕਾ ਤੋਂ ਵੀ ਵੱਡੀ ਧਰਤੀ ਵਾਲਾ ਨਾਟੋ ਦਾ ਮੈਂਬਰ ਦੇਸ਼) ਉੱਤੇ ਕਬਜ਼ਾ ਕਰਕੇ ਅਮਰੀਕਾ ਦਾ ਇਕਵੰਜਵਾਂ ਸੂਬਾ ਬਣਾਵਾਂਗਾ। ਨਾਟੋ ਦੇ ਇਕ ਹੋਰ ਮੈਂਬਰ ਯੂਰਪੀ ਦੇਸ਼ ਗਰੀਨਲੈਂਡ ਨੂੰ ਅਮਰੀਕਾ ਨਾਲ ਰਲਾ ਲੈਣਾ ਹੈ, ਓਥੋਂ ਦੇ ਲੋਕਾਂ ਦੀ ਬੋਲੀ ਲਾ ਕੇ ਆਖ ਦਿੱਤਾ ਕਿ ਹਰ ਨਾਗਰਿਕ ਨੂੰ ਐਨੇ ਡਾਲਰ ਦੇ ਦਿਆਂਗੇ। ਬਹੁਤ ਵੱਡੀ ਤੇਲ ਦੌਲਤ ਵਾਲੇ ਆਪਣੇ ਗਵਾਂਢੀ ਲਾਤੀਨੀ ਅਮਰੀਕੀ ਮੁਲਕ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਮਾਦੂਰੋ ਨੂੰ ਕਮਾਂਡੋ ਹਮਲਾ ਕਰਕੇ ਚੁੱਕ ਲਿਆਂਦਾ ਤੇ ਆਖਿਆ ਕਿ ਹੁਣ ਉਹਨਾਂ ਦੇ ਤੇਲ ਉੱਤੇ ਸਾਡਾ ਕਬਜਾ ਹੈ। ਕੋਲੰਬੀਆ ਅਤੇ ਮੈਕਸੀਕੋ ਵਿਚ ਫੌਜੀ ਦਖਲ ਨਾਲ ਆਪਣੇ ਪੱਖੀ ਸਰਕਾਰਾਂ ਬਣਾਉਣ ਦੀ ਯੋਜਨਾ ਦੇ ਐਲਾਨ ਕਰ ਦਿੱਤੇ। ਇਕ ਅਮਰੀਕੀ ਪੱਤਰਕਾਰ ਦੇ ਸਵਾਲ ਦੇ ਜਵਾਬ ਵਿਚ ਟਰੰਪ ਨੇ ਹੱਸਦਿਆਂ ਆਖਿਆ ਕਿ ਬੇਫਿਕਰ ਰਹੋ, ਥੋੜ੍ਹੇ ਦਿਨਾਂ ਤੱਕ ਵੈਨੇਜ਼ੁਏਲਾ ਦੀ ਤਰ੍ਹਾਂ ਈਰਾਨੀ ਤੇਲ ਵੀ ਸਾਡਾ ਹੋਵੇਗਾ, ਉਸ ਤੋਂ ਬਾਅਦ ਕਿਊਬਾ ਦਾ ਨੰਬਰ ਹੈ। ਐਸੀਆਂ ਹਰਕਤਾਂ ਨੇ ਹੀ ਟਰੰਪੀ ਅਮਰੀਕਾ ਨੂੰ ਆਪਣੀ 'ਛੁਰਲੀ ਢਾਣੀ' ਵਰਗੇ ਦੇਸ਼ਾਂ ਤੋਂ ਵੀ ਇਕਦਮ ਦੂਰ ਕਰ ਦਿੱਤਾ ਹੈ।ਦੂਰ ਕਰਨ ਦੀ ਵਜਾਹ ਤਾਂ ਇਹ ਵੀ ਬਣਨੀ ਹੀ ਸੀ ਕਿ ਈਰਾਨ ਉੱਤੇ ਧੋਖੇ ਨਾਲ ਆਪਹੁਦਰਾ ਹਮਲਾ ਅਮਰੀਕਾ ਤੇ ਇਜ਼ਰਾਈਲ ਨੇ ਕੀਤਾ, ਕਿਸੇ ਨੂੰ ਨਹੀਂ ਦੱਸਿਆ ਪੁੱਛਿਆ। ਅਮਰੀਕਾ ਨੇ ਈਰਾਨ ਦੁਆਲੇ ਸਮੁੰਦਰਾਂ ਵਿਚ ਜੰਗੀ ਬੇੜੇ ਉਤਾਰੇ। ਆਲੇ-ਦੁਆਲੇ ਦੇ ਅਰਬ ਦੇਸ਼ਾਂ (ਕਤਰ, 7 ਦੇਸ਼ਾਂ ਦਾ ਸੰਯੁਕਤ ਅਰਬ ਅਮੀਰਾਤ, ਸਊਦੀ ਅਰਬ, ਬਹਿਰੀਨ, ਇਰਾਕ, ਕੁਵੈਤ, ਜਾਰਡਨ, ਉਮਾਨ ਆਦਿ) ਵਿਚਲੇ ਆਪਣੇ ਫੌਜੀ ਅੱਡਿਆਂ, ਖੁਫੀਆ ਏਜੰਸੀਆਂ ਦੇ ਸਹਿਯੋਗ ਨਾਲ ਈਰਾਨ ਵਿਚ ਅਸਥਿਰਤਾ, ਸਰਕਾਰ ਵਿਰੋਧੀ ਮੁਜ਼ਾਹਰਿਆਂ ਨੂੰ ਸਿੱਧੀ ਹਵਾ ਦਿੱਤੀ। ਲੋਕਾਂ ਨੂੰ ਆਖਿਆ ਕਿ ਸਰਕਾਰੀ ਸੰਸਥਾਵਾਂ ਉੱਤੇ ਜ਼ੋਰ ਨਾਲ ਕਬਜ਼ਾ ਕਰ ਲਓ, ਅਸੀਂ ਆ ਰਹੇ ਆਂ, ਜਿਵੇਂ ਇਰਾਕੀ ਸੱਦਾਮ ਹੁਸੈਨ ਨੂੰ ਹੁਕਮ ਦਿੱਤਾ ਸੀ ਕਿ ਤਿੰਨ ਦਿਨਾਂ ਵਿਚ ਅਸਤੀਫਾ ਦੇਵੇ, ਉਵੇਂ ਹੀ ਆਖਿਆ ਕਿ ਈਰਾਨ ਦੀ ਖਾਮਨੇਈ ਸਰਕਾਰ ਤੁਰੰਤ ਗੱਦੀ ਛੱਡੇ, ਨਹੀਂ ਤਾਂ ਹਮਲਾ ਕਰਕੇ ਛੁਡਵਾ ਲਵਾਂਗੇ। ਈਰਾਨ ਨੇ ਮੌਕੇ ਦੀ ਨਜ਼ਾਕਤ ਵੇਖਦਿਆਂ ਪ੍ਰਮਾਣੂ ਬੰਬ ਨਾ ਬਣਾਉਣ ਉੱਤੇ ਸਮਝੌਤਾ ਕਰ ਲੈਣ ਦਾ ਇਸ਼ਾਰਾ ਦਿੱਤਾ, ਕਿਉਂਕਿ ਈਰਾਨ ਜੰਗ ਟਾਲਣਾ ਚਾਹੁੰਦਾ ਸੀ, ਪਰ ਇਜ਼ਰਾਈਲ-ਅਮਰੀਕਾ ਆਪਣੀ ਇਸ ਜੰਗੀ ਤਿਆਰੀ ਅਤੇ ਈਰਾਨ ਵਿਚਲੇ ਮੁਜ਼ਾਹਰਿਆਂ ਨੂੰ ਆਪਣੇ ਪੱਖੀ ਸਰਕਾਰ ਬਣਾ ਲੈਣ ਦੇ ਆਖਰੀ ਮੌਕੇ ਵਜੋਂ ਵੇਖ ਰਹੇ ਸਨ।

ਉਮਾਨ ਨੂੰ ਵਿਚੋਲਾ ਬਣਾ ਕੇ ਈਰਾਨ ਨੂੰ ਗੱਲਬਾਤ ਦੇ ਭੁਚਲਾਵੇ ਵਿਚ ਲਿਆ ਕੇ ਅਮਰੀਕਾ-ਇਜ਼ਰਾਈਲ ਨੇ 28 ਫਰਵਰੀ ਨੂੰ ਅਚਨਚੇਤ ਹਮਲਾ ਕਰਕੇ ਈਰਾਨ ਦੇ ਸਰਵਉੱਚ ਲੀਡਰ ਆਇਤੁਲਾ ਅਲੀ ਖਾਮਨੇਈ ਨੂੰ ਪਰਵਾਰ ਦੇ ਕਈ ਮੈਂਬਰਾਂ ਸਮੇਤ ਅਤੇ ਮੁੱਖ ਲੀਡਰਸ਼ਿਪ ਮਾਰ ਸੁੱਟੀ। ਬਹੁਤ ਤਬਾਹੀ ਮਚਾਈ। ਦੁਨੀਆ ਨੇ ਨਵੇਂ ਸਾਮਰਾਜੀ ਸੰਸਾਰ ਚਲਨ ਦੇ ਦਰਸ਼ਨ ਕੀਤੇ। ਟਰੰਪ ਨੇ ਫੁਰਮਾਨ ਜਾਰੀ ਕੀਤਾ ਕਿ ਈਰਾਨ ਤੁਰੰਤ ਸਰੈਂਡਰ (ਹਥਿਆਰ ਸੁੱਟੇ) ਕਰੇ, ਪਰ ਜੰਗ ਨਵੇਂ ਨਿਵੇਕਲੇ ਅੰਦਾਜ਼ ਵਿਚ ਭੜਕ ਉੱਠੀ ਹੈ।

ਅਮਰੀਕਾ-ਇਜ਼ਰਾਈਲ ਵੱਲੋਂ ਈਰਾਨ ਦੀ ਤਬਾਹੀ ਦਾ ਪੈਟਰਨ ਲਗਭਗ ਜੂਨ 2025 ਦੇ ਹਮਲੇ ਵਾਲਾ ਹੀ ਹੈ, ਜਿਵੇਂ ਕਿ ਲੀਡਰ, ਅਫਸਰ ਮਾਰਨੇ, ਪ੍ਰਮਾਣੂ ਕੇਂਦਰ ਨਸ਼ਟ ਕਰਨੇ, ਫੌਜੀ ਅਤੇ ਅਧਾਰ ਢਾਂਚਾ ਤਬਾਹ ਕਰਨਾ, ਈਰਾਨੀ ਵਪਾਰ ਰੋਕਣਾ, ਈਰਾਨ ਵਿਚ ਅੰਦਰੂਨੀ ਦਖ਼ਲ/ਸਾਜ਼ਿਸ਼ਾਂ ਕਰਨੀਆਂ, ਤੇਲ ਢਾਂਚਾ ਬਰਬਾਦ ਕਰਨਾ। ਖ਼ਬਰ ਹੈ ਕਿ 100 ਦੇ ਕਰੀਬ ਪ੍ਰਾਚੀਨ ਸੱਭਿਅਤਾ ਨਾਲ ਸੰਬੰਧਤ ਇਤਿਹਾਸਕ ਵਿਰਾਸਤੀ ਈਰਾਨੀ ਥਾਵਾਂ ਮਲੀਆਮੇਟ ਹੋ ਚੁੱਕੀਆਂ। ਟਰੰਪ ਤੇ ਨੇਤਨਯਾਹੂ ਵੱਡੀ ਤਬਾਹੀ ਕਰਕੇ ਬਹੁਤ ਖੁਸ਼ ਹੋ ਰਹੇ ਹਨ। ਟਰੰਪ ਕਹਿੰਦਾ ਕਿ ਈਰਾਨ ਹਾਰ ਚੁੱਕਾ ਤੇ ਸਰੈਂਡਰ ਕਰਨ ਹੀ ਵਾਲਾ ਹੈ । ਸਾਡੇ ਕੋਲ ਬਹੁਤ ਸਿਆਣੇ ਲੋਕ ਹਨ ਸਰਕਾਰ ਚਲਾਉਣ ਲਈ।

ਈਰਾਨ ਨੇ ਜਵਾਬੀ ਹਮਲਾ ਜੂਨ 2025 ਤੋਂ ਅਲੱਗ ਤਰ੍ਹਾਂ ਕੀਤਾ ਹੈ। ਈਰਾਨ ਨੂੰ ਰੰਜ/ਗੁੱਸਾ ਹੈ ਕਿ ਆਪਣੀ ਧਰਤੀ ਉੱਤੇ ਅਮਰੀਕੀ ਫੌਜੀ ਅੱਡੇ ਬਣਵਾਈ ਬੈਠੇ ਅਰਬ ਮੁਲਕਾਂ ਨੇ ਅਮਰੀਕਾ ਨੂੰ ਹਮਲੇ ਲਈ ਇਕ ਤਰ੍ਹਾਂ ਸਮਰਥਨ ਹੀ ਦਿੱਤਾ, ਇਹਨਾਂ ਦੀ ਧਰਤੀ ਤੋਂ ਹੀ ਈਰਾਨ ਉੱਤੇ ਹਮਲੇ ਕੀਤੇ ਗਏ ਅਤੇ 165 ਸਕੂਲੀ ਬੱਚੀਆਂ ਮਾਰ ਦਿੱਤੀਆਂ ਗਈਆਂ। ਏਥੋਂ ਤੱਕ ਕਿ ਖਾਮਨੇਈ ਦੇ ਕਤਲ ਦੀ ਵੀ ਇਹਨਾਂ ਨੇ ਪੀੜ ਨਹੀਂ ਮਨਾਈ। ਈਰਾਨ ਨੇ ਹੋਰਮੂਜ਼ ਸਮੁੰਦਰੀ ਲਾਂਘਾ ਬੰਦ ਕਰ ਦਿੱਤਾ ਹੈ। ਅਰਬ ਦੇਸ਼ਾਂ ਵਿਚਲੇ ਸਾਰੇ ਅਮਰੀਕੀ ਫੌਜੀ ਅੱਡਿਆਂ, ਅਮਰੀਕੀ ਅੰਬੈਸੀਆਂ, ਅਮਰੀਕੀ ਅਦਾਰਿਆਂ ਉੱਤੇ ਅਸਰਦਾਰ ਹਮਲਾ ਕਰ ਦਿੱਤਾ ਹੈ, ਜਿਸ ਨੂੰ ਅਮਰੀਕਾ ਰੋਕ ਨਹੀਂ ਸਕਿਆ। ਈਰਾਨ ਨੇ ਇਜ਼ਰਾਈਲ ਉੱਤੇ ਵੀ ਸਬਕ ਸਿਖਾਊ ਜਵਾਬੀ ਮਿਜ਼ਾਈਲ ਹਮਲਾ ਕੀਤਾ ਹੈ । ਰੂਸ, ਚੀਨ ਅਤੇ ਉੱਤਰੀ ਕੋਰੀਆ ਨੇ ਇਸ ਬਿਪਤਾ ਵਿਚ ਈਰਾਨ ਦੀ ਬਾਂਹ ਫੜੀ ਹੈ।

ਲਿਬਨਾਨੀ 'ਹਿਜ਼ਬੁਲਾ' ਵੀ ਇਸ ਜ਼ਿੰਦਗੀ-ਮੌਤ ਦੀ ਜੰਗ ਵਿਚ ਪੂਰਾ ਕੁੱਦ ਪਿਆ ਹੈ, ਕਿਉਂਕਿ ਇਜ਼ਰਾਈਲ ਇਸ ਜੰਗ ਦੀ ਆੜ ਵਿਚ ਦੱਖਣੀ ਲਿਬਨਾਨ ਦੇ ਜੁੜਵੇਂ ਇਲਾਕੇ ਉੱਤੇ ਕਬਜ਼ਾ ਕਰ ਲੈਣ ਦੀ ਮਨਸ਼ਾ ਨਾਲ 6 ਮਹੀਨਿਆਂ ਤੋਂ ਰਾਜਧਾਨੀ ਬੈਰੂਤ ਤਕ ਹਮਲੇ ਕਰ ਰਿਹਾ ਸੀ। ਓਥੇ ਇਲਾਕਾ ਖਾਲੀ ਕਰਨ ਲਈ ਅਸਮਾਨੋਂ ਪਰਚੇ ਵੀ ਸੁੱਟੇ ਹਨ। ਇਜ਼ਰਾਈਲ ਨੇ 'ਗਰੇਟਰ ਇਜ਼ਰਾਈਲ' ਯੋਜਨਾ ਤਹਿਤ ਲਿਬਨਾਨ ਦੀ ਧਰਤੀ ਹਥਿਆਉਣ ਲਈ ਵੀ ਨਾਲ ਦੀ ਨਾਲ ਪੂਰਾ ਜ਼ੋਰ ਲਗਾ ਦਿੱਤਾ ਹੈ। ਨੇਤਨਯਾਹੂ ਦਾ ਸ਼ੇਖ਼ਚਿਲੀ ਸੁਪਨਾ ਇਹ ਵੀ ਹੈ ਕਿ ਈਰਾਨ ਦੀ ਹਾਰ ਉਪਰੰਤ ਹੀ ਹੋਰ ਗਵਾਂਢੀ ਇਲਾਕਿਆਂ ਉੱਤੇ ਕਬਜ਼ੇ ਸੁਖਾਲੇ ਹੋਣਗੇ।

ਹੁਣ ਸਵਾਲ ਇਹ ਹੈ ਕਿ ਕੀ ਅਮਰੀਕਾ-ਇਜ਼ਰਾਈਲ ਨੇ ਹਮਲੇ ਨਾਲ ਜੋ ਨਿਸ਼ਾਨੇ ਮਿਥੇ ਸਨ, ਉਹ ਕਿੰਨੇ ਕੁ ਪੂਰੇ ਹੋਏ ? ਪਹਿਲਾ ਫੌਰੀ ਨਿਸ਼ਾਨਾ ਸੀ ਲੀਡਰਾਂ ਨੂੰ ਮਾਰਨਾ ਤੇ ਆਪਣੇ ਚੇਲੇ ਵਿਰੋਧੀ ਗੁੱਟਾਂ ਨੂੰ ਗੱਦੀ ਉੱਤੇ ਬਿਠਾ ਦੇਣਾ, ਪਰ ਹਮਲੇ ਨੇ ਤਾਂ ਈਰਾਨੀ ਅਣਖ ਨੂੰ ਹਲੂਣ ਕੇ ਕੌਮ ਨੂੰ ਸਗੋਂ ਇਕਮੁੱਠ ਕਰ ਦਿੱਤਾ ਹੈ। ਈਰਾਨੀ ਲੋਕ ਫਿਲਹਾਲ ਆਪਣੀਆਂ ਨਿੱਜੀ ਮੰਗਾਂ, ਮਸਲੇ ਇਕ ਪਾਸੇ ਰੱਖ ਕੇ ਆਪਣੇ ਦਲੇਰ ਆਗੂਆਂ ਪਿੱਛੇ ਡਟ ਗਏ ਹਨ। ਖਾਮਨੇਈ ਦਾ ਬੇਟਾ ਮੁਜ਼ਤਬਾ ਹੀ ਹੁਣ ਈਰਾਨ ਦਾ ਸਰਵਉਚ ਲੀਡਰ ਹੈ। ਅਰਬ ਦੇਸ਼ਾਂ ਨੂੰ ਈਰਾਨ ਨੇ ਕਿਹਾ ਹੈ ਕਿ ਤੁਸੀਂ ਤਾਂ ਸਾਡੇ ਭਰਾ ਹੋ। ਤੁਹਾਡੀ ਧਰਤੀ ਉੱਤੇ ਅਮਰੀਕੀ ਮੌਜੂਦਗੀ ਹੀ ਤੁਹਾਡੇ ਸਾਡੇ ਕਸ਼ਟਾਂ ਦਾ ਕਾਰਨ ਹੈ। ਈਰਾਨੀ ਹਮਲਿਆਂ ਕਾਰਨ ਇਹ ਅਮਰੀਕੀ ਫੌਜੀ ਅੱਡੇ ਅਰਬ ਧਰਤੀ ਉੱਤੇ ਆਪਣੀ ਹਸਤੀ ਗਵਾ ਚੁੱਕੇ ਹਨ। ਇਹਨਾਂ ਅੱਡਿਆਂ ਦਾ ਭਵਿੱਖ ਧੁੰਦਲਾ ਜਾਪਦਾ।

ਨਾਟੋ ਦੇਸ਼ਾਂ, ਯੂਰਪੀ ਯੂਨੀਅਨ, ਅਰਬ ਦੇਸ਼ਾਂ, ਜਪਾਨ, ਆਸਟਰੇਲੀਆ, ਸਾਊਥ ਕੋਰੀਆ ਸਭ ਨੇ ਜੰਗ ਵਿਚ ਕੁੱਦਣ ਤੇ ਮਦਦ ਕਰਨ ਤੋਂ ਅਮਰੀਕਾ ਨੂੰ ਸਾਫ ਇਨਕਾਰ ਕਰ ਦਿੱਤਾ ਹੈ। ਈਰਾਨ ਨੇ ਆਖਿਆ ਕਿ ਸਮੁੰਦਰੀ ਲਾਂਘਾ 'ਹੋਰਮੂਜ਼' ਸਿਰਫ ਅਮਰੀਕਾ ਇਜ਼ਰਾਈਲ ਤੇ ਉਸ ਦੇ ਮਦਦਗੀਰਾਂ ਲਈ ਹੀ ਬੰਦ ਹੈ, ਬਾਕੀ ਸਭ ਲਈ ਖੁੱਲ੍ਹਾ ਹੈ। ਅਮਰੀਕਾ ਨਾਟੋ ਉੱਤੇ ਭੜਕ ਗਿਆ ਹੈ, ਸਬਕ ਸਿਖਾਉਣ ਦੀਆਂ ਧਮਕੀਆਂ ਦੇ ਰਿਹਾ। ਸਭ ਦੇਸ਼ਾਂ ਨੂੰ ਲਾਂਘਾ ਖੁਲਵਾਉਣ ਲਈ ਮਦਦ ਕਰਨ ਦੀ ਗੁਹਾਰ ਲਾ ਰਿਹਾ, ਪਰ ਫਿਲਹਾਲ ਸਭ ਵੱਲੋਂ ਨਾਂਹ ਹੈ। ਇਸ ਦੇ ਪਿਛੋਕੜ ਵਿਚ ਟਰੰਪ ਦੀ ਧਾਕੜ ਗਰੀਨਲੈਂਡ, ਕੈਨੇਡਾ ਅਤੇ ਟੈਰਿਫ ਨੀਤੀ ਵੀ ਹੈ। ਟਰੰਪ ਦੀ ਨਾਟੋ ਨਾਲੋਂ ਦੂਰੀ ਵਧਣੀ ਅਟੱਲ ਜਾਪਦੀ ਹੈ।

ਖ਼ਬਰਾਂ ਦੱਸਦੀਆਂ ਹਨ ਕਿ ਇਜ਼ਰਾਈਲ ਆਪਣੇ ਨੁਕਸਾਨ ਨੂੰ ਛੁਪਾ ਰਿਹਾ ਹੈ। ਨੇਤਨਯਾਹੂ ਅਤੇ ਟਰੰਪ ਨੇ ਜਿਸ ਕਿਸਮ ਦੀ ਸਿਆਸੀ ਭੱਲ ਲਈ ਇਹ ਇਕਪਾਸੜ ਹਮਲਾ ਕੀਤਾ, ਉਹ ਖੇਹ ਬਣ ਕੇ ਇਹਨਾਂ ਦੇ ਸਿਰ ਵਿਚ ਪੈ ਰਹੀ ਹੈ। ਅਰਬ ਦੇਸ਼ਾਂ ਦੀ ਟਰੰਪ ਨਾਲ ਨਾਰਾਜ਼ਗੀ ਦੀਆਂ ਖ਼ਬਰਾਂ ਹਨ।

# ਸੰਪਰਕ- 94173-24543

# ਪੰਜਾਬ 'ਚ ਵੀ ਚੋਣਾਂ ਦਾ ਬਿਗਲ



ਡਾ. ਅਰੁਣ ਮਿਤਰਾ

ਦੇਸ਼ ਦੇ ਪੰਜ ਸੂਬਿਆਂ ਵਿੱਚ ਹੋਣ ਵਾਲੀਆਂ ਚੋਣਾਂ ਦਾ ਐਲਾਨ ਹੋ ਚੁੱਕਾ ਹੈ ਅਤੇ ਤਰੀਕਾਂ ਵੀ ਨਿਰਧਾਰਤ ਕਰ ਦਿੱਤੀਆਂ ਗਈਆਂ ਹਨ। ਇਸ ਨਾਲ ਹੀ ਸਾਰੀਆਂ ਰਾਜਨੀਤਕ ਪਾਰਟੀਆਂ ਸਰਗਰਮ ਹੋ ਗਈਆਂ ਹਨ। ਭਾਵੇਂ ਪੰਜਾਬ ਵਿੱਚ ਚੋਣਾਂ ਲਈ ਹਜੇ ਲਗਭਗ ਇੱਕ ਸਾਲ ਬਾਕੀ ਹੈ, ਪਰ ਇਹ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਸੰਭਵ ਹੈ ਚੋਣਾਂ 2026 ਦੇ ਅੰਦਰ ਹੀ, ਅਗਲੇ ਛੇ ਮਹੀਨਿਆਂ ਵਿੱਚ ਕਰਵਾ ਦਿੱਤੀਆਂ ਜਾਣ।

ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਨੇ ਆਪਣੇ ਚਾਰ ਸਾਲਾਂ ਦਾ ਲੇਖਾ-ਜੋਖਾ ਪੇਸ਼ ਕਰਕੇ ਆਪਣੀਆਂ ਉਪਲੱਬਧੀਆਂ ਨੂੰ ਉਭਾਰਨ ਦੀ ਕੋਸ਼ਿਸ਼ ਕੀਤੀ ਹੈ। ਸਰਕਾਰ ਦਾ ਮੰਨਣਾ ਹੈ ਕਿ ਔਰਤਾਂ ਨੂੰ ਮਹੀਨਾਵਾਰ 1000 ਦੇਣ ਦੀ ਯੋਜਨਾ ਅਤੇ ਬਿਜਲੀ ਬਿੱਲਾਂ ਵਿੱਚ ਰਾਹਤ ਵਰਗੇ ਕਦਮਾਂ ਨਾਲ ਉਸ ਦੀ ਲੋਕਪ੍ਰਿਯਤਾ ਵਧੀ ਹੈ, ਜਿਸ ਨਾਲ ਉਹ ਮੁੜ ਸੱਤਾ ਵਿੱਚ ਆ ਸਕਦੀ ਹੈ।

ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਮੁੜ ਆਪਣੇ ਆਪ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਹਾਲਾਂਕਿ ਉਸ ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਕਾਲ ਤਖ਼ਤ ਨਾਲ ਉਸ ਦੀ ਨਜ਼ਦੀਕੀ ਵਧਣ ਦੀ ਗੱਲ ਕੀਤੀ ਜਾ ਰਹੀ ਹੈ। ਫਿਰ ਵੀ ਲੋਕਾਂ ਵਿੱਚ ਅਜੇ ਵੀ ਇਹ ਧਾਰਨਾ ਮੌਜੂਦ ਹੈ ਕਿ ਅਕਾਲੀਆਂ ਦੇ ਪਿਛਲੇ ਸ਼ਾਸਨ ਦੌਰਾਨ ਜਬਰ ਅਤੇ ਭ੍ਰਿਸ਼ਟਾਚਾਰ ਦੇ ਮਾਮਲੇ ਵਧੇ ਸਨ। ਮੌਜੂਦਾ ਹਾਲਾਤ ਵਿੱਚ ਅਕਾਲੀ ਦਲ ਲਈ ਇਕੱਲੇ ਸਰਕਾਰ ਬਣਾਉਣਾ ਮੁਸ਼ਕਿਲ ਦਿਖਾਈ ਦਿੰਦਾ ਹੈ।

ਕਾਂਗਰਸ ਵਿੱਚ ਇਹ ਧਾਰਨਾ ਬਣੀ ਹੋਈ ਹੈ ਕਿ ਆਮ ਆਦਮੀ ਪਾਰਟੀ ਦੀ ਅਸਫਲਤਾ ਕਰਕੇ ਲੋਕ ਆਪਣੇ ਆਪ ਕਾਂਗਰਸ ਵੱਲ ਮੁੜਨਗੇ, ਪਰ ਅੰਦਰੂਨੀ ਫੁੱਟ ਅਤੇ ਜਨਤਕ ਟਕਰਾਅ ਕਾਰਨ ਪਾਰਟੀ ਦੀ ਸਾਖ ਨੂੰ ਨੁਕਸਾਨ ਪਹੁੰਚਿਆ ਹੈ। ਕੇਂਦਰੀ ਅਗਵਾਈ ਦੀਆਂ ਹਦਾਇਤਾਂ ਦੇ ਬਾਵਜੂਦ ਪੰਜਾਬ ਕਾਂਗਰਸ ਵਿੱਚ ਏਕਤਾ ਦੀ ਘਾਟ ਸਾਫ਼ ਦਿਖਾਈ ਦਿੰਦੀ ਹੈ, ਜਿਸ ਕਾਰਨ ਇਸ ਦੀ ਜਿੱਤ ਅਸਪੱਸ਼ਟ ਲੱਗਦੀ ਹੈ।

ਇਸ ਦੌਰਾਨ ਭਾਜਪਾ ਆਪਣੀ ਰਣਨੀਤੀ ਦੇ ਤਹਿਤ ਫਿਰਕੂ ਧਰੁਵੀਕਰਨ ਰਾਹੀਂ ਹਿੰਦੂ ਵੋਟਾਂ ਨੂੰ ਇਕੱਠਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਹਾਲਾਂਕਿ ਪੰਜਾਬ ਵਿੱਚ ਇਸ ਤਰ੍ਹਾਂ ਦੀ ਰਾਜਨੀਤੀ ਨੂੰ ਵੱਡੀ ਪੱਧਰ 'ਤੇ ਸਵੀਕਾਰਤਾ ਨਹੀਂ ਮਿਲਦੀ, ਪਰ ਮੱਧ ਵਰਗ ਵਿੱਚ ਇਸ ਦਾ ਕੁਝ ਅਸਰ ਵੇਖਣ ਨੂੰ ਮਿਲਦਾ ਹੈ। ਡੇਰਿਆਂ ਦੇ ਜ਼ਰੀਏ ਵੋਟ ਬੈਂਕ ਬਣਾਉਣ ਦੀ ਕੋਸ਼ਿਸ਼, ਰਾਮ ਰਹੀਮ ਨੂੰ ਮੁੜ-ਮੁੜ ਪੈਰੋਲ ਮਿਲਣਾ ਅਤੇ ਵੱਖ-ਵੱਖ ਧਾਰਮਿਕ ਕੇਂਦਰਾਂ ਨਾਲ ਸੰਪਰਕ, ਇਹ ਸਾਰੇ ਇਸ ਰਣਨੀਤੀ ਦੇ ਹਿੱਸੇ ਵਜੋਂ ਦੇਖੇ ਜਾ ਰਹੇ ਹਨ। ਭਾਜਪਾ ਨੂੰ ਵਿਸ਼ਵਾਸ ਹੈ ਕਿ ਇਹ ਤਰੀਕੇ ਉਸ ਨੂੰ ਵੱਡੀ ਗਿਣਤੀ ਵਿੱਚ ਵੋਟਾਂ ਪ੍ਰਾਪਤ ਕਰਨ ਵਿੱਚ ਮਦਦਗਾਰ ਸਾਬਤ ਹੋਣਗੇ। ਭਾਵੇਂ ਕੁਝ ਹੱਦ ਤੱਕ ਭਾਜਪਾ ਨੇ ਸਿੱਖ ਸਮਾਜ ਦੇ ਇੱਕ ਹਿੱਸੇ ਨੂੰ ਆਪਣੇ ਨਾਲ ਜੋੜਿਆ ਹੈ, ਪਰ ਵੱਡਾ ਹਿੱਸਾ ਅਜੇ ਵੀ ਉਸ ਦੇ ਪ੍ਰਤੀ ਸੰਦੇਹਪੂਰਨ ਹੈ।

ਬਹੁਜਨ ਸਮਾਜ ਪਾਰਟੀ ਬਾਰੇ ਇਹ ਅਨੁਮਾਨ ਹੈ ਕਿ ਉਹ ਪਹਿਲਾਂ ਦੀ ਤਰ੍ਹਾਂ ਅਕਾਲੀ ਦਲ ਨਾਲ ਗਠਜੋੜ ਕਰ ਸਕਦੀ ਹੈ। ਹਾਲਾਂਕਿ ਉਸ ਦਾ ਆਧਾਰ ਕਮਜ਼ੋਰ ਹੋਇਆ ਹੈ, ਪਰ ਕੁਝ ਖੇਤਰਾਂ ਵਿੱਚ ਉਸ ਦਾ ਪ੍ਰਭਾਵ ਅਜੇ ਵੀ ਮੌਜੂਦ ਹੈ।

ਖੱਬੇ ਧੜੇ ਦੀਆਂ ਪਾਰਟੀਆਂ—ਭਾਰਤੀ ਕਮਿਊਨਿਸਟ ਪਾਰਟੀ ਅਤੇ ਮਾਰਕਸਵਾਦੀ ਕਮਿਊਨਿਸਟ ਪਾਰਟੀ ਚੋਣ ਰਾਜਨੀਤੀ ਵਿੱਚ ਕਾਫ਼ੀ ਪਿੱਛੇ ਰਹਿ ਗਈਆਂ ਹਨ। ਉਨ੍ਹਾਂ ਦਾ ਜਨ ਅਧਾਰ ਘਟਿਆ ਹੈ ਅਤੇ ਵਿੱਤੀ ਸਰੋਤਾਂ ਦੀ ਘਾਟ ਵੀ ਹੈ, ਜਿਸ ਕਰਕੇ ਹੋਰ ਪਾਰਟੀਆਂ ਉਨ੍ਹਾਂ ਨਾਲ ਗਠਜੋੜ ਕਰਨ ਵਿੱਚ ਹਿਚਕਚਾਹਟ ਮਹਿਸੂਸ ਕਰਦੀਆਂ ਹਨ। ਹਾਲਾਂਕਿ ਇਤਿਹਾਸਕ ਤੌਰ 'ਤੇ ਕਾਂਗਰਸ ਨਾਲ ਉਨ੍ਹਾਂ ਦੀ ਸਾਂਝ ਦੋਹਾਂ ਲਈ ਲਾਭਕਾਰੀ ਰਹੀ ਹੈ ਅਤੇ ਅਜਿਹਾ ਸਹਿਯੋਗ ਅਜੇ ਵੀ ਕੁਝ ਹੱਦ ਤੱਕ ਫਾਇਦੇਮੰਦ ਹੋ ਸਕਦਾ ਹੈ। ਖੱਬੀ ਧਿਰ ਨੂੰ ਲੋਕ ਹਿੱਤੂ ਮੰਗਾਂ ਜਿਵੇਂ ਕਿ ਸਿੱਖਿਆ, ਸਿਹਤ, ਰੁਜ਼ਗਾਰ ਦੇ ਨਾਲ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਮੰਗਾਂ, ਖੇਤ ਮਜ਼ਦੂਰ ਤੇ ਮਨਰੇਗਾ ਮਜ਼ਦੂਰਾਂ ਦੇ ਮਸਲੇ, ਛੋਟੀ ਕਿਸਾਨੀ ਤੇ ਛੋਟੇ ਉਦਯੋਗਾਂ ਤੇ ਹੋਰ ਉਦਮੀਆਂ ਦੇ ਨਾਲ ਜੁੜੀਆਂ ਹੋਈਆਂ ਸਮੱਸਿਆਵਾਂ, ਸ਼ਹਿਰੀ ਤੇ ਪੇਂਡੂ ਵਿਕਾਸ ਦੀ ਯੋਜਨਾਬੰਦੀ ਆਦਿ ਦੀ ਗੱਲ ਹੁਣ ਤੋਂ ਹੀ ਵੱਡੇ ਪੱਧਰ 'ਤੇ ਚੁੱਕ ਕੇ ਲੋਕਾਂ ਵਿੱਚ ਲਿਜਾਣੀ ਪਏਗੀ। ਇਹ ਤਾਂ ਸੱਚ ਹੈ ਕਿ ਅੱਜ ਮੀਡੀਆ ਦਾ ਵੱਡਾ ਹਿੱਸਾ ਵੱਡੇ ਸਰਮਾਏਦਾਰਾਂ ਦੇ ਕਬਜ਼ੇ ਹੇਠ ਹੈ। ਉਹ ਕਦੇ ਵੀ ਇੰਝ ਦੇ ਹਾਲਾਤ ਪੈਦਾ ਨਹੀਂ ਹੋਣ ਦੇਣਗੇ, ਜਿਸ ਵਿੱਚ ਕਿ ਖੱਬੀਆਂ ਧਿਰਾਂ ਨੂੰ ਬਦਲਵੀਂ ਰਾਜਨੀਤਕ ਸ਼ਕਤੀ ਦੇ ਰੂਪ ਵਿੱਚ ਉਭਾਰ ਕੇ ਸਾਹਮਣੇ ਲਿਆਂਦਾ ਜਾਵੇ। ਇਸ ਲਈ ਖੱਬੀ ਧਿਰ ਨੂੰ ਹੁਣ ਤੋਂ ਹੀ ਚੋਣ ਲੜਨ ਵਾਲੀਆਂ ਸੀਟਾਂ ਦੀ ਪਛਾਣ ਕਰਕੇ ਤਿਆਰੀ ਜੰਗੀ ਪੱਧਰ 'ਤੇ ਆਰੰਭ ਕਰ ਦੇਣੀ ਚਾਹੀਦੀ ਹੈ।

ਮੌਜੂਦਾ ਸਮਾਂ ਬਹੁਤ ਗੰਭੀਰ ਹੈ। ਦੇਸ਼ ਅੰਦਰ ਅਤੇ ਵਿਦੇਸ਼ ਵਿੱਚ ਚੁਣੌਤੀਆਂ ਵਧ ਰਹੀਆਂ ਹਨ। ਪੰਜਾਬ, ਜੋ ਕਦੇ ਦੇਸ਼ ਨੂੰ ਦਿਸ਼ਾ ਦਿੰਦਾ ਸੀ, ਅੱਜ ਵੱਡੀਆਂ ਆਰਥਿਕ ਅਤੇ ਸਮਾਜਿਕ ਸਮੱਸਿਆਵਾਂ ਨਾਲ ਜੂਝ ਰਿਹਾ ਹੈ।

# ਸੰਪਰਕ : 94170-00360

# ਕੈਨੇਡਾ ਵਿੱਚ ਪੰਜਾਬੀ ਨੌਜਵਾਨਾਂ ਦੀਆਂ ਮੌਤਾਂ



ਸੁਰਜੀਤ ਸਿੰਘ ਫਲੋਰਾ

ਕੈਨੇਡਾ ਵਿੱਚ ਪੰਜਾਬੀ ਭਾਈਚਾਰੇ ਹਾਲ ਹੀ ਦੇ ਮਹੀਨਿਆਂ ਵਿੱਚ ਦੁਖਦਾਈ ਘਟਨਾਵਾਂ ਦੀ ਇੱਕ ਲਹਿਰ ਤੋਂ ਬਾਅਦ ਡੂੰਘਾ ਸੋਗ ਮਨਾ ਰਹੇ ਹਨ। ਕੈਨੇਡਾ ਵਿੱਚ ਹਾਲ ਹੀ ਵਿੱਚ ਮਾਰੇ ਗਏ ਪੰਜਾਬੀ ਨੌਜਵਾਨਾਂ ਦੀ ਖ਼ਬਰ ਨੇ ਪੰਜਾਬ ਦੇ ਘਰਾਂ ਵਿੱਚ ਸਦਮੇ ਦੀ ਲਹਿਰ ਫੈਲਾ ਦਿੱਤੀ ਹੈ। ਜਿਥੇ ਕਦੇ ਕੈਨੇਡਾ ਲੰਮੇ ਸਮੇਂ ਤੋਂ ਪੜ੍ਹਾਈ, ਕੰਮ, ਸੁਰੱਖਿਆ ਅਤੇ ਬਿਹਤਰ ਭਵਿੱਖ ਲਈ ਖੜ੍ਹਾ ਰਿਹਾ ਹੈ, ਉਥੇ ਹੁਣ ਹਰ ਬੇਵਕਤੀ ਮੌਤ ਉਸ ਸੁਪਨੇ ਨੂੰ ਹੋਰ ਵੀ ਕਮਜ਼ੋਰ ਮਹਿਸੂਸ ਕਰਵਾ ਰਹੀ ਹੈ।

ਪਿਛਲੇ ਮਹੀਨੇ 45 ਸਾਲਾ ਪੰਜਾਬੀ ਮੂਲ ਦੀ ਸੋਸ਼ਲ ਮੀਡੀਆ ਸਿਰਜਣਹਾਰ ਨੈਨਸੀ ਗਰੇਵਾਲ 3 ਮਾਰਚ, ਨੂੰ ਓਨਟਾਰੀਓ ਦੇ ਵਿੰਡਸਰ ਨੇੜੇ ਲਾਸਾਲੇ ਵਿੱਚ ਆਪਣੇ ਘਰ ਵਿੱਚ ਚਾਕੂ ਮਾਰ ਕੇ ਮਾਰ ਦਿੱਤਾ ਗਿਆ । ਪੁਲਸ ਇਸ ਨੂੰ ਨਿਸ਼ਾਨਾ ਹੱਤਿਆ ਕਹਿੰਦੀ ਹੈ, ਕਿਉਂਕਿ ਉਸ ਦਾ ਘਰ ਪਹਿਲਾਂ ਸਾੜ ਦਿੱਤਾ ਗਿਆ ਸੀ ਅਤੇ ਉਸ ਨੂੰ ਮੌਤ ਦੀਆਂ ਧਮਕੀਆਂ ਦਾ ਸਾਹਮਣਾ ਕਰਨਾ ਪਿਆ । ਇਸ ਤੋਂ ਇਲਾਵਾ ਜ਼ਬਰਦਸਤੀ ਦੀਆਂ ਧਮਕੀਆਂ ਪੰਜਾਬੀ ਕਾਰੋਬਾਰੀ ਮਾਲਕਾਂ ਨੂੰ ਨਿਸ਼ਾਨਾ ਬਣਾਉਂਦੀਆਂ ਹਨ ਅਤੇ ਕੁਝ ਮੌਤਾਂ ਵਿੱਚ ਖਤਮ ਹੁੰਦੀਆਂ ਹਨ। ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ ਵੀ ਉੱਚ ਮੌਤ ਦਰ ਦਾ ਸਾਹਮਣਾ ਕਰਨਾ ਪੈਂਦਾ ਹੈ। ਨੇਤਾਵਾਂ ਦਾ ਕਹਿਣਾ ਹੈ ਕਿ ਬਹੁਤ ਸਾਰੇ ਮਾਮਲੇ ਓਵਰਡੋਜ਼ ਜਾਂ ਮਾਨਸਿਕ ਸਿਹਤ ਸਮੱਸਿਆਵਾਂ ਵਜੋਂ ਛੁਪਦੇ ਹਨ, ਫਿਰ ਵੀ ਪਰਵਾਰ ਦਿਲ ਦੇ ਦੌਰੇ ਨੂੰ ਜ਼ਿੰਮੇਵਾਰ ਠਹਿਰਾਉਂਦੇ ਹਨ। ਇਹ ਨੁਕਸਾਨ ਬ੍ਰਿਟਿਸ਼ ਕੋਲੰਬੀਆ, ਅਲਬਰਟਾ ਅਤੇ ਓਨਟਾਰੀਓ ਵਿੱਚ ਸੜਕ ਹਾਦਸਿਆਂ ਤੋਂ ਲੈ ਕੇ ਕਾਮਿਆਂ ਦੇ ਰਹੱਸਮਈ ਗੁਜ਼ਰਨ ਤੱਕ ਫੈਲਦੇ ਰਹੇ ਹਨ।

ਜਦ ਹੁਣ ਕੈਨੇਡਾ ਅਤੇ ਪੰਜਾਬ ਵਿੱਚ ਪਰਵਾਰ ਦਿਲ ਟੁੱਟੇ ਹੋਏ ਮਹਿਸੂਸ ਕਰਦੇ ਹਨ, ਇਸ ਲਈ ਮਾਨਸਿਕ ਸਿਹਤ ਤਣਾਅ ਵਧਦਾ ਹੈ। ਭਾਈਚਾਰੇ ਦੇ ਮੈਂਬਰ ਹੁਣ ਸੁਰੱਖਿਆ ਬਾਰੇ ਚਿੰਤਤ ਹਨ ਅਤੇ ਉਹ ਬਿਹਤਰ ਸੁਰੱਖਿਆ ਲਈ ਜ਼ੋਰ ਦਿੰਦੇ ਹਨ। ਇਸ ਦੌਰਾਨ ਆਗੂ ਸਾਰਿਆਂ ਦੀ ਰੱਖਿਆ ਲਈ ਏਕਤਾ ਦਾ ਸੱਦਾ ਦਿੰਦੇ ਹਨ ।

ਜਦੋਂ ਕਿ ਕੈਨੇਡਾ ਨੂੰ ਲੰਮੇ ਸਮੇਂ ਤੋਂ ਪੜ੍ਹਾਈ, ਨੌਕਰੀ, ਸੁਰੱਖਿਆ ਅਤੇ ਚੰਗੇ ਭਵਿੱਖ ਵਾਲਾ ਦੇਸ਼ ਮੰਨਿਆ ਜਾਂਦਾ ਹੈ। ਜਿਥੇ ਲੱਖਾਂ ਲੋਕਾਂ ਨੇ ਇਸ ਨੂੰ ਆਪਣਾ ਪਸੰਦੀਦਾ ਦੇਸ਼ ਮੰਨ ਕੇ ਆਪਣਾ ਭਵਿੱਖ ਦੂਸਰੇ ਮੁਲਕਾਂ ਤੋਂ ਆ ਕੇ ਇਕ ਖੁਸ਼ਹਾਲ ਜਿੰਦਗੀ ਵਾਲਾ ਬਸੇਰਾ ਕੀਤਾ ਹੈ, ਪਰ ਜਾਪਦਾ ਹੈ ਕੁਝ ਸਾਲਾਂ ਤੋਂ ਪੰਜਾਬੀ ਭਾਈਚਾਰੇ ਲਈ ਇਹ ਇਕ ਤਰ੍ਹਾਂ ਨਾਲ ਜਿਵੇਂ ਜਮਦੂਤ ਹੀ ਬਣ ਗਿਆ ਹੋਵੇ, ਹਰ ਰੋਜ਼ ਕਿਸੇ ਨਾ ਕਿਸੇ ਆਪਣੇ ਪਿਆਰੇ ਦੀ ਮੌਤ ਦੀ ਖ਼ਬਰ ਲੈ ਕੇ ਆਉਂਦਾ ਹੈ। ਪਿਛਲੇ ਕੁਝ ਹੀ ਮਹੀਨਿਆਂ ਵਿੱਚ ਬਹੁਤ ਪੰਜਾਬੀ ਭਾਇਚਾਰੇ ਦੇ ਲੋਕਾਂ ਦੀਆਂ ਗੋਲੀਆਂ ਨਾਲ ਮਾਰੇ ਜਾਣ ਦੀਆਂ ਖ਼ਬਰਾਂ ਦੁਨੀਆ ਭਰ ਦੇ ਮੀਡੀਏ ਦੀਆਂ ਸੁਰਖ਼ੀਆਂ ਬਣਦਾ ਜਾ ਰਿਹਾ ਹੈ । ਨੌਜਵਾਨਾਂ ਅਤੇ ਪਰਵਾਰਾਂ ਦੇ ਸੁਪਨੇ ਕੱਚ ਵਾਂਗ ਟੁੱਟ ਕੇ ਬਿਖਰਦੇ ਹੋਏ ਨਜ਼ਰ ਆ ਰਹੇ ਹਨ।

ਹਾਲ ਹੀ ਦੇ ਮਹੀਨਿਆਂ ਵਿੱਚ ਕਈ ਮਾਮਲਿਆਂ ਨੇ ਪੰਜਾਬੀ ਭਾਈਚਾਰੇ ਨੂੰ ਜ਼ੋਰ ਨਾਲ ਹਿਲਾ ਕੇ ਹੀ ਨਹੀਂ ਬਲਕਿ ਆਪਣਾ ਅਤੇ ਆਪਣੇ ਬੱਚਿਆਂ ਦੇ ਭਵਿੱਖ ਦੇ ਨਾਲ-ਨਾਲ ਕੈਨੇਡਾ ਜਾਣ ਦੇ ਸੁਪਨਿਆਂ ਨੂੰ ਵੀ ਗ੍ਰਹਿਣ ਲਗਾ ਲਿਆ ਹੈ।

ਫੋਰਟ ਸੇਂਟ ਪਾਲ ਵਿੱਚ ਗੁਰਕੀਰਤ ਸਿੰਘ ਮਨੋਚਾ ਦੋ ਗਰੁੱਪਾਂ ਵਿਚਕਾਰ ਹੋਏ ਝਗੜੇ ਵਿੱਚ ਗੰਭੀਰ ਜ਼ਖ਼ਮੀ ਹੋਇਆ । ਇਲਾਜ ਦੌਰਾਨ ਉਸ ਦੀ ਮੌਤ ਹੋ ਗਈ । ਇੱਕ ਜਵਾਨ ਜ਼ਿੰਦਗੀ ਅਚਾਨਕ ਰੁਕ ਗਈ, ਅਤੇ ਪਿੱਛੇ ਪਰਵਾਰ ਲਈ ਕਈ ਸਵਾਲ ਛੱਡ ਗਈ।

ਬ੍ਰੈਂਟਫੋਰਡ, ਸੈਸਕੈਚਵਾਨ ਵਿੱਚ ਦਵਿੰਦਰ ਸਿੰਘ ਆਪਣੀ ਟੈਕਸੀ ਵਿੱਚ ਮੋਟਲ ਦੇ ਬਾਹਰ ਇੰਤਜ਼ਾਰ ਕਰ ਰਿਹਾ ਸੀ । ਓਦੋਂ ਉਸ ਨੂੰ ਗੋਲੀ ਲੱਗੀ ਅਤੇ ਉਸ ਦੀ ਮੌਤ ਹੋ ਗਈ । ਉਹ ਪਰਵਾਰ ਸਮੇਤ ਕੈਨੇਡਾ ਆਇਆ ਸੀ, ਇਸ ਆਸ ਨਾਲ ਕਿ ਮਿਹਨਤ ਨਾਲ ਘਰ ਸੰਭਲ ਜਾਵੇਗਾ।ਪਰਿਵਾਰਕ ਜ਼ਿੰਮੇਵਾਰੀਆਂ ਨਿਭਾਉਂਦਾ ਇੱਕ ਕਮਾਊ ਪੁੱਤ ਅਚਾਨਕ ਚਲਾ ਗਿਆ। ਅਜਿਹੀ ਮੌਤ ਸਿਰਫ਼ ਇੱਕ ਸ਼ਖ਼ਸ ਨੂੰ ਨਹੀਂ ਲੈਂਦੀ, ਇਹ ਪਿੱਛੇ ਪੂਰੇ ਘਰ ਦੀ ਰੋਜ਼ਮਰ੍ਹਾ ਵੀ ਬਦਲ ਦੇਂਦੀ ਹੈ।

ਐਡਮੰਟਨ ਨੇੜੇ ਹਾਈਵੇ 2 ਉੱਤੇ ਬੀਰਿੰਦਰ ਸਿੰਘ ਰੋਡ ਝਗੜੇ ਦਾ ਸ਼ਿਕਾਰ ਬਣਿਆ। ਅਣਪਛਾਤੇ ਹਮਲਾਵਰਾਂ ਨੇ ਉਸ 'ਤੇ ਗੋਲੀਆਂ ਚਲਾਈਆਂ। ਬੀਰਿੰਦਰ ਅੰਮ੍ਰਿਤਸਰ ਦਾ ਸੀ। ਉਹ ਸਟੱਡੀ ਵੀਜ਼ੇ 'ਤੇ ਕੈਨੇਡਾ ਆਇਆ ਸੀ ਅਤੇ ਕੰਸਟਰਕਸ਼ਨ ਕੰਮ ਕਰ ਰਿਹਾ ਸੀ। ਘਰ ਵਾਲਿਆਂ ਲਈ ਉਹ ਉਮੀਦ ਸੀ, ਪਰਦੇਸ ਵਿੱਚ ਖੜ੍ਹਾ ਹੋ ਰਿਹਾ ਇੱਕ ਜਵਾਨ ਸੀ। ਸੜਕ ਉੱਤੇ ਛੋਟੀ ਚਿੰਗਾਰੀ ਕਿਵੇਂ ਜਾਨਲੇਵਾ ਅੱਗ ਬਣ ਸਕਦੀ ਹੈ, ਇਹ ਮਾਮਲਾ ਉਸ ਦਾ ਦਰਦਨਾਕ ਸਬੂਤ ਬਣ ਗਿਆ।

ਗੋਲੀਬਾਰੀ ਵਾਲੇ ਮਾਮਲੇ ਹੀ ਚਿੰਤਾ ਦਾ ਇਕੱਲਾ ਕਾਰਨ ਨਹੀਂ ਹਨ। ਕੈਨੇਡਾ ਦੇ ਵੱਖ-ਵੱਖ ਸੂਬਿਆਂ ਤੋਂ ਆਉਣ ਵਾਲੀਆਂ ਹੋਰ ਖ਼ਬਰਾਂ ਵੀ ਇੱਕ ਡੂੰਘਾ ਪੈਟਰਨ ਦਿਖਾਉਂਦੀਆਂ ਹਨ। ਸੜਕ ਹਾਦਸੇ, ਅਚਾਨਕ ਦਿਲ ਦੇ ਦੌਰੇ, ਸ਼ੱਕੀ ਮੌਤਾਂ ਅਤੇ ਕੁਝ ਮਾਮਲਿਆਂ ਵਿੱਚ ਮਾਨਸਿਕ ਦਬਾਅ ਨਾਲ ਜੁੜੀਆਂ ਤਰਾਸਦੀਆਂ, ਇਹ ਸਭ ਮਿਲ ਕੇ ਭਾਈਚਾਰੇ ਦੀ ਬੇਚੈਨੀ ਵਧਾਉਂਦੀਆਂ ਹਨ।

ਬ੍ਰਿਟਿਸ਼ ਕੋਲੰਬੀਆ ਵਿੱਚ ਅਲਾਸਕਾ ਹਾਈਵੇ, ਫੋਰਟ ਨੇਲਸਨ ਨੇੜੇ ਟਰੱਕ ਹਾਦਸੇ ਵਿੱਚ ਦੋ ਪੰਜਾਬੀ ਨੌਜਵਾਨਾਂ ਦੀ ਮੌਤ ਦੀ ਖ਼ਬਰ ਨੇ ਵੀ ਕਈ ਘਰ ਸੁੰਨੇ ਕਰ ਦਿੱਤੇ। ਸੜਕਾਂ ਰੋਜ਼ੀ ਦਿੰਦੀਆਂ ਹਨ, ਪਰ ਕਈ ਵਾਰ ਉਹੀ ਸੜਕਾਂ ਜਾਨ ਵੀ ਲੈ ਲੈਂਦੀਆਂ ਹਨ। ਦੂਜੇ ਪਾਸੇ, ਐਡਮੰਟਨ ਵਿੱਚ ਰਣਵੀਰ ਸਿੰਘ ਨੂੰ ਪਾਰਟੀ ਤੋਂ ਬਾਅਦ ਵਿੱਚ ਗੋਲੀ ਮਾਰੀ ਗਈ। ਉਹ ਮਾਨਸਾ ਨਾਲ ਸੰਬੰਧਤ ਸੀ । ਇਹ ਘਟਨਾਵਾਂ ਦੱਸਦੀਆਂ ਹਨ ਕਿ ਖ਼ਤਰਾ ਸਿਰਫ਼ ਇੱਕ ਸ਼ਹਿਰ ਜਾਂ ਇੱਕ ਹਾਲਾਤ ਤੱਕ ਸੀਮਤ ਨਹੀਂ ਰਿਹਾ।

ਇਸ ਤੋਂ ਪਹਿਲਾਂ 25 ਸਾਲਾ ਸੁਖਜਿੰਦਰ ਸਿੰਘ, ਜੋ ਮੋਗਾ ਦੇ ਪਿੰਡ ਨਾਲ ਸੰਬੰਧਤ ਸੀ, ਦਿਲ ਦੇ ਦੌਰੇ ਨਾਲ ਚਲਾ ਗਿਆ । ਉਹ ਤਿੰਨ ਸਾਲ ਪਹਿਲਾਂ ਸਟੱਡੀ ਵੀਜ਼ੇ 'ਤੇ ਕੈਨੇਡਾ ਆਇਆ ਸੀ । ਕੇਵਲ ਤਿੰਨ ਦਿਨ ਪਹਿਲਾਂ ਉਸ ਨੂੰ ਵਰਕ ਪਰਮਿਟ ਮਿਲਿਆ ਸੀ ਅਤੇ ਉਹ ਪਰਵਾਰ ਨੂੰ ਚੌਂਕਾਉਣ ਲਈ ਜਲਦੀ ਭਾਰਤ ਆਉਣਾ ਚਾਹੁੰਦਾ ਸੀ। ਖੁਸ਼ੀ ਦਾ ਸੋਚਿਆ ਹੋਇਆ ਪਲ ਸੋਗ ਵਿੱਚ ਬਦਲ ਗਿਆ।

ਲੁਧਿਆਣਾ ਦੇ 27 ਸਾਲਾ ਅੰਮਰਵੀਰ ਸਿੰਘ ਦੀ ਬਰੈਂਪਟਨ ਵਿੱਚ ਦਿਲ ਦੇ ਦੌਰੇ ਨਾਲ ਮੌਤ ਹੋਈ। ਉਹ ਉੱਚੀ ਪੜ੍ਹਾਈ ਲਈ ਗਿਆ ਸੀ ਅਤੇ ਬਾਅਦ ਵਿੱਚ ਵਰਕ ਪਰਮਿਟ ਉੱਤੇ ਟਰੱਕ ਡਰਾਈਵਰ ਵਜੋਂ ਕੰਮ ਕਰ ਰਿਹਾ ਸੀ । ਕੈਲਗਰੀ ਦੇ ਰੈਡਸਟੋਨ ਇਲਾਕੇ ਵਿੱਚ ਇਕਮਵੀਰ ਸਿੰਘ ਅਤੇ ਉਸ ਦੀ ਪਤਨੀ ਜੈਸਮੀਨ ਕੌਰ ਦੀਆਂ ਖ਼ੂਨ ਨਾਲ ਲਥਪਥ ਲਾਸ਼ਾਂ ਮਿਲਣ ਦੀ ਖ਼ਬਰ ਨੇ ਹੋਰ ਡਰ ਪੈਦਾ ਕੀਤਾ । ਇਸ ਦੇ ਨਾਲ ਹੀ ਸਰੀ ਵਿੱਚ ਰਹਿੰਦਾ 24 ਸਾਲਾ ਰਾਜਪ੍ਰੀਤ ਸਿੰਘ, ਜੋ ਸਟੱਡੀ ਵੀਜ਼ੇ 'ਤੇ ਸੀ, ਅਚਾਨਕ ਮਰ ਗਿਆ।

ਟੋਰਾਂਟੋ ਦੇ ਇੱਕ ਕ੍ਰੀਮੇਟੋਰੀਅਮ ਇੰਚਾਰਜ ਮੁਤਾਬਕ ਲਗਭਗ ਹਰ ਹਫ਼ਤੇ ਇੱਕ ਨੌਜਵਾਨ ਪੰਜਾਬੀ ਦਾ ਸਰੀਰ ਅੰਤਮ ਸੰਸਕਾਰ ਲਈ ਆ ਜਾਂਦਾ ਹੈ ਅਤੇ ਬਹੁਤ ਕੇਸ ਸੁਸਾਈਡ ਜਾਂ ਡਰੱਗ ਓਵਰਡੋਜ਼ ਨਾਲ ਜੁੜੇ ਹੁੰਦੇ ਹਨ।

**ਪੰਜਾਬੀ ਭਾਈਚਾਰੇ ਲਈ ਸੁਰੱਖਿਆ ਦੀਆਂ ਚੁਣੌਤੀਆਂ**

ਇਨ੍ਹਾਂ ਘਟਨਾਵਾਂ ਦੇ ਕਾਰਨ ਇੱਕੋ ਜਿਹੇ ਨਹੀਂ ਹਨ। ਕੁਝ ਮਾਮਲੇ ਰੋਡ ਰਾਗ ਨਾਲ ਜੁੜੇ ਦਿਸਦੇ ਹਨ, ਕੁਝ ਅਚਾਨਕ ਸਿਹਤ ਸੰਬੰਧੀ ਹਨ ਅਤੇ ਕੁਝ ਵਿੱਚ ਤਣਾਅ, ਇਕੱਲਾਪਣ, ਸੁਸਾਈਡ ਜਾਂ ਡਰੱਗ ਓਵਰਡੋਜ਼ ਵਰਗੇ ਪਾਸੇ ਸਾਹਮਣੇ ਆਉਂਦੇ ਹਨ। ਨਵੇਂ ਦੇਸ਼ ਵਿੱਚ ਰਹਿਣਾ ਹਮੇਸ਼ਾ ਚਮਕਦਾਰ ਨਹੀਂ ਹੁੰਦਾ । ਫੀਸਾਂ, ਕਿਰਾਇਆ, ਸ਼ਿਫਟਾਂ, ਕਾਗਜ਼ੀ ਦਬਾਅ ਅਤੇ ਘਰ ਤੋਂ ਦੂਰੀ ਇਹ ਸਭ ਮਿਲ ਕੇ ਮਨ ਨੂੰ ਥਕਾ ਅਤੇ ਬੇਚੈਨ ਕਰ ਸਕਦੇ ਹਨ ।

ਇਸ ਲਈ ਧਿਆਨ ਤਿੰਨ ਪੱਧਰਾਂ 'ਤੇ ਲੋੜੀਂਦਾ ਹੈ: ਪਰਵਾਰ, ਸਿੱਖਿਆ ਸੰਸਥਾਵਾਂ ਅਤੇ ਭਾਈਚਾਰਾ। ਘਰ ਵਾਲਿਆਂ ਨੂੰ ਕੇਵਲ ਪੈਸੇ ਜਾਂ ਨੰਬਰ ਨਹੀਂ ਪੁੱਛਣੇ ਚਾਹੀਦੇ, ਬੱਚੇ ਦੀ ਹਾਲਤ ਵੀ ਸੁਣਨੀ ਚਾਹੀਦੀ ਹੈ। ਕਾਲਜਾਂ ਅਤੇ ਸਥਾਨਕ ਗੁਰਦੁਆਰਿਆਂ ਨੂੰ ਨਵੇਂ ਆਏ ਨੌਜਵਾਨਾਂ ਲਈ ਮਦਦ ਦੇ ਸਪੱਸ਼ਟ ਰਾਹ ਬਣਾਉਣੇ ਚਾਹੀਦੇ ਹਨ।

ਇਸ ਦੁੱਖ ਵਿਚਕਾਰ ਉਮੀਦ ਫਿਰ ਵੀ ਮੌਜੂਦ ਹੈ, ਜੇ ਭਾਈਚਾਰਾ ਚੁੱਪ ਨਾ ਰਹੇ।ਆਖ਼ਿਰ ਵਿੱਚ ਗੱਲ ਸਿਰਫ਼ ਕੈਨੇਡਾ ਦੇ ਸੁਪਨੇ ਦੀ ਨਹੀਂ, ਉਸ ਸੁਪਨੇ ਨਾਲ ਜੁੜੇ ਜਿਉਂਦੇ ਚਿਹਰਿਆਂ ਦੀ ਹੈ। ਗੁਰਕੀਰਤ, ਦਵਿੰਦਰ, ਬੀਰਿੰਦਰ, ਸੁਖਜਿੰਦਰ, ਅੰਮਰਵੀਰ, ਰਾਜਪ੍ਰੀਤ, ਮਨਦੀਪ ਅਤੇ ਹੋਰ ਕਈ ਨਾਂਅ ਕੇਵਲ ਖ਼ਬਰਾਂ ਨਹੀਂ, ਘਰਾਂ ਦੀਆਂ ਧੜਕਣਾਂ ਸਨ । ਹਰ ਮੌਤ ਇਹ ਯਾਦ ਦਿਵਾਉਂਦੀ ਹੈ ਕਿ ਪਰਦੇਸ ਦੀ ਕਾਮਯਾਬੀ ਦੇ ਨਾਲ-ਨਾਲ ਸੁਰੱਖਿਆ, ਸਿਹਤ ਅਤੇ ਮਨ ਦੀ ਹਾਲਤ ਬਾਰੇ ਖੁੱਲ੍ਹੀ ਗੱਲਬਾਤ ਵੀ ਲੋੜੀਂਦੀ ਹੈ । ਪੰਜਾਬੀ ਭਾਈਚਾਰੇ ਨੂੰ ਹੁਣ ਹੋਰ ਨੇੜੇ ਆਉਣ ਦੀ ਲੋੜ ਹੈ, ਇਕ-ਦੂਜੇ ਨੂੰ ਸੁਣਨ ਦੀ ਲੋੜ ਹੈ। ਜੇ ਘਰ, ਗੁਰਦੁਆਰੇ, ਦੋਸਤ ਅਤੇ ਸੰਸਥਾਵਾਂ ਮਿਲ ਕੇ ਖੜ੍ਹਨ ਤਾਂ ਕਈ ਜ਼ਿੰਦਗੀਆਂ ਬਚ ਸਕਦੀਆਂ ਹਨ। ਦੁੱਖ ਡੂੰਘਾ ਹੈ, ਪਰ ਸਾਂਝ ਨਾਲ ਰਾਹ ਫਿਰ ਵੀ ਨਿਕਲ ਸਕਦਾ ਹੈ।

# ਮੁੱਖ ਮੰਤਰੀ ਦੀ ਆਮਦ ਮੌਕੇ ਪ੍ਰਦਰਸ਼ਨਕਾਰੀ ਆਸ਼ਾ ਵਰਕਰਾਂ ਨੂੰ ਥਾਣੇ ਕੀਤਾ ਨਜ਼ਰਬੰਦ

## ਡੀ ਐੱਸ ਪੀ ਦੇ ਵਿਸ਼ਵਾਸ ਦਿਵਾਉਣ 'ਤੇ ਰਾਤ ਨੂੰ ਥਾਣੇ 'ਚੋਂ ਬਾਹਰ ਆਈਆਂ ਆਸ਼ਾ ਵਰਕਰਾਂ



**ਜਲਾਲਾਬਾਦ (ਪਰਮਜੀਤ ਢਾਬਾਂ, ਜੀਤ ਕੁਮਾਰ)**-ਬੀਤੇ ਕੱਲ੍ਹ ਮੁੱਖ ਮੰਤਰੀ ਦੀ ਆਮਦ ਮੌਕੇ ਪ੍ਰਦਰਸ਼ਨ ਕਰਨ ਵਾਲੀਆਂ 200 ਦੇ ਕਰੀਬ ਆਸ਼ਾ ਵਰਕਰਾਂ ਨੂੰ ਥਾਣਾ ਸਦਰ ਜਲਾਲਾਬਾਦ 'ਚ ਡੱਕਿਆ ਗਿਆ। ਥਾਣਾ ਸਦਰ ਜਲਾਲਾਬਾਦ ਵਿਖੇ ਨਜ਼ਰਬੰਦ ਕੀਤੀਆਂ ਗਈਆਂ ਆਸ਼ਾ ਵਰਕਰਾਂ ਨੇ ਆਪਣਾ ਸੰਘਰਸ਼ ਦਾ ਮੈਦਾਨ ਥਾਣਾ ਸਦਰ ਜਲਾਲਾਬਾਦ ਨੂੰ ਹੀ ਬਣਾ ਲਿਆ ਹੈ ਅਤੇ ਉਸ ਦੀ ਗੈਲਰੀ ਵਿੱਚ ਬੈਠ ਕੇ ਲਗਾਤਾਰ ਦੇਰ ਰਾਤ ਤੱਕ ਪ੍ਰਦਰਸ਼ਨ ਕੀਤਾ।ਆਲ ਇੰਡੀਆ ਆਸ਼ਾ ਵਰਕਰਜ਼ ਐਂਡ ਫੈਸੀਲੇਟਰਜ਼ ਯੂਨੀਅਨ (ਏਟਕ) ਦੀ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਦੁਰਗਾ ਦੇਵੀ ਤੇ ਸਕੱਤਰ ਨੀਲਮ ਰਾਣੀ ਨੇ ਦੱਸਿਆ ਕਿ ਉਹ ਪਿਛਲੇ ਕਈ ਦਿਨਾਂ ਤੋਂ ਜ਼ਿਲ੍ਹਾ ਪੱਧਰ 'ਤੇ ਪ੍ਰਦਰਸ਼ਨ ਕਰ ਰਹੀਆਂ ਹਨ।ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਲਾਲਾਬਾਦ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਣ ਲਈ ਆਉਣਾ ਸੀ।ਇਸ ਦਰਮਿਆਨ ਹੀ ਉਨ੍ਹਾਂ ਦੀ ਯੂਨੀਅਨ ਵੱਲੋਂ ਮੁੱਖ ਮੰਤਰੀ ਨਾਲ ਮੀਟਿੰਗ ਕਰਨ ਦੀ ਮੰਗ ਕੀਤੀ ਗਈ ਸੀ।ਆਗੂਆਂ ਨੇ ਦੱਸਿਆ ਕਿ ਹਲਕੇ ਦੇ ਵਿਧਾਇਕ ਤੇ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਮੰਗ ਨੂੰ ਪ੍ਰਮੁਖਤਾ ਨਾਲ ਮੁੱਖ ਮੰਤਰੀ ਕੋਲ ਰੱਖਣ ਤੇ ਐਲਾਨ ਕਰਵਾਉਣ ਦਾ ਵਿਸ਼ਵਾਸ ਦਿਵਾਇਆ ਸੀ।ਉਨ੍ਹਾਂ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਦੀ ਮੰਗ ਤਾਂ ਕੀ ਰੱਖਣੀ ਸੀ, ਉਲਟਾ ਉਨ੍ਹਾਂ ਦੀਆਂ 200 ਦੇ ਕਰੀਬ ਆਸ਼ਾ ਵਰਕਰਾਂ ਨੂੰ ਗ੍ਰਿਫਤਾਰ ਕਰਕੇ ਪਹਿਲਾਂ ਦੂਰ ਲਿਜਾਇਆ ਗਿਆ।ਬਾਅਦ ਵਿੱਚ ਰੋਸ ਕਰਨ 'ਤੇ ਉਨ੍ਹਾਂ ਨੂੰ ਥਾਣਾ ਸਦਰ ਜਲਾਲਾਬਾਦ ਵਿਖੇ ਕਰੀਬ ਢਾਈ ਵਜੇ ਨਜ਼ਰਬੰਦ ਕਰ ਲਿਆ ਗਿਆ ਸੀ।ਇਸ ਦੀ ਭਿਣਕ ਪੈਂਦਿਆਂ ਹੀ ਆਸ਼ਾ ਵਰਕਰਾਂ ਦੀ ਅਮਾਇਤ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਸੁਰਿੰਦਰ ਢੰਡੀਆਂ, ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਸੂਬਾ ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਜ਼ਿਲ੍ਹਾ ਸਕੱਤਰ ਸੋਨਾ ਧੂੰਨਕੀਆਂ, ਆਲ ਇੰਡੀਆ ਆਂਗਨਵਾੜੀ ਵਰਕਰ/ਹੈਲਪਰ ਯੂਨੀਅਨ ਏਟਕ ਦੀ ਸੂਬਾ ਪ੍ਰਧਾਨ ਸਰੋਜ ਰਾਣੀ ਛੱਪੜੀ ਵਾਲਾ, ਸਕੱਤਰ ਸੁਨੀਲ ਕੌਰ ਬੇਦੀ, ਪੰਜਾਬ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਸ਼ੋਕ ਕੰਬੋਜ, ਪੰਜਾਬ ਇਸਤਰੀ ਸਭਾ ਵੱਲੋਂ ਸੁਮਿਤਰਾ ਫਾਜ਼ਿਲਕਾ ਤੇ ਹਰਜੀਤ ਕੌਰ ਢੰਡੀਆਂ, ਸਰਬ ਭਾਰਤ ਨੌਜਵਾਨ ਸਭਾ ਦੇ ਆਗੂ ਗੁਰਦਿਆਲ ਢਾਬਾਂ, ਏ ਆਈ ਐੱਸ ਐੱਫ ਦੇ ਸੂਬਾ ਰਮਨ ਧਰਮੂ ਵਾਲਾ ਤੇ ਜ਼ਿਲ੍ਹਾ ਸਟਾਲਿਨ ਲਮੋਚੜ ਤੁਰੰਤ ਪਹੁੰਚ ਗਏ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੀ ਯੂਨੀਅਨ ਦੀ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ ਨੇ ਕਿਹਾ ਕਿ ਧਰਨਿਆਂ 'ਚੋਂ ਨਿਕਲੀ ਸਰਕਾਰ ਨੂੰ ਅੱਜ ਸਭ ਤੋਂ ਵੱਧ ਹੱਕ ਮੰਗਣ ਵਾਲੇ ਲੋਕਾਂ ਤੋਂ ਲੱਗ ਰਿਹਾ ਹੈ।ਉਨ੍ਹਾਂ ਕਿਹਾ ਕਿ ਬਜਟ ਦੇ ਵਿੱਚ ਹਰ ਵਰਗ ਦਾ ਖਿਆਲ ਰੱਖਿਆ ਗਿਆ, ਪ੍ਰੰਤੂ ਪਿਛਲੇ ਚਾਰ ਸਾਲਾਂ ਵਿੱਚੋਂ ਇੱਕ ਵਾਰ ਵੀ ਆਸ਼ਾ ਵਰਕਰਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦੇਣ ਦੀ ਕੋਈ ਗੱਲ ਨਹੀਂ ਕੀਤੀ ਗਈ।ਹੁਣ ਤੱਕ ਲੱਗੇ ਥਾਣਾ ਸਦਰ ਜਲਾਲਾਬਾਦ ਦੇ ਵਿੱਚ ਧਰਨੇ ਵਿੱਚ ਆਸ਼ਾ ਵਰਕਰ ਇਸ ਗੱਲ 'ਤੇ ਅੜੀਆਂ ਰਹੀਆਂ ਸਨ ਕਿ ਜਦੋਂ ਤੱਕ ਹਲਕੇ ਦਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਖੁਦ ਆ ਕੇ ਉਨ੍ਹਾਂ ਦੀ ਗੱਲਬਾਤ ਨਹੀਂ ਸੁਣਦੇ ਤੇ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਨਹੀਂ ਕਰਦੇ, ਉਸ ਸਮੇਂ ਤੱਕ ਉਹ ਥਾਣਾ ਸਦਰ ਜਲਾਲਾਬਾਦ ਤੋਂ ਵਾਪਸ ਘਰ ਨੂੰ ਨਹੀਂ ਪਰਤਣਗੀਆਂ।ਦੇਰ ਰਾਤ ਤੱਕ ਲਗਾਤਾਰ ਪੁਲਸ ਅਧਿਕਾਰੀਆਂ ਤੇ ਆਗੂਆਂ ਵਿੱਚ ਮੀਟਿੰਗਾਂ ਚੱਲਣ ਦਾ ਸਿਲਸਿਲਾ ਜਾਰੀ ਰਿਹਾ।ਇਸ ਦਰਮਿਆਨ ਡੀਐੱਸਪੀ ਜਲਾਲਾਬਾਦ ਗੁਰਸੇਵਕ ਸਿੰਘ ਨੇ ਆਗੂਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਜਲਦੀ ਹੀ ਹਲਕੇ ਦੇ ਵਿਧਾਇਕ ਨਾਲ ਉਨ੍ਹਾਂ ਦੀ ਗੱਲਬਾਤ ਕਰਵਾ ਕੇ ਮੁੱਖ ਮੰਤਰੀ ਨਾਲ ਪੈਨਲ ਮੀਟਿੰਗ ਦਿਵਾਉਣ ਲਈ ਯਤਨ ਕਰਨਗੇ।

ਦੂਜੇ ਪਾਸੇ ਆਪਣਾ ਥਾਣਾ ਸਦਰ ਜਲਾਲਾਬਾਦ ਵਿੱਚ ਸੰਘਰਸ਼ ਖਤਮ ਕਰਨ ਦਾ ਐਲਾਨ ਕਰਦਿਆਂ ਆਗੂਆਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮੁੱਖ ਮੰਤਰੀ ਨਾਲ ਜਲਦੀ ਉਨ੍ਹਾਂ ਦੀਆਂ ਮੰਗਾਂ ਸਬੰਧੀ ਪੈਨਲ ਮੀਟਿੰਗ ਨਹੀਂ ਕਰਵਾਈ ਜਾਂਦੀ ਤਾਂ ਪੰਜਾਬ ਭਰ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

## ਟਰੇਡ ਯੂਨੀਅਨ ਕੌਂਸਲ ਮੌੜ ਨੇ ਮਨਾਇਆ ਸ਼ਹੀਦੀ ਦਿਹਾੜਾ



**ਤਲਵੰਡੀ ਸਾਬੋ/ਮੌੜ ਮੰਡੀ (ਜਗਦੀਪ ਗਿੱਲ)**-ਟਰੇਡ ਯੂਨੀਅਨ ਕੌਂਸਲ ਮੌੜ ਵੱਲੋਂ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਦਾਣਾ ਮੰਡੀ ਵਿਖੇ ਸਾਮਰਾਜ ਵਿਰੋਧੀ ਦਿਵਸ ਦੇ ਤੌਰ 'ਤੇ ਮਨਾਇਆ ਗਿਆ।ਅੱਜ ਸਾਰੀਆਂ ਜਥੇਬੰਦੀਆਂ 10 ਵਜੇ 639 ਪੱਲੇਦਾਰ ਯੂਨੀਅਨ ਮੌੜ ਦੇ ਦਫਤਰ ਇਕੱਤਰਤ ਹੋਣ ਉਪਰੰਤ ਸ਼ਹਿਰ ਵਿੱਚ ਮਾਰਚ ਕਰਦੇ ਹੋਏ ਸ਼ੈੱਡਾਂ ਹੇਠਾਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਜਿੱਥੇ ਵੱਖ ਵੱਖ ਬੁਲਾਰਿਆਂ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਵੱਖ ਵੱਖ ਬੁਲਾਰਿਆਂ ਦਰਸ਼ਨ ਮੌੜ, ਮਾਸਟਰ ਤੇਜਾ ਸਿੰਘ, ਬਲਰਾਜ ਮੌੜ, ਗੁਰਦੀਪ ਸਿੰਘ, ਗੁਰਮੇਲ ਸਿੰਘ, ਜਗਸੀਰ ਸਿੰਘ, ਜਗਦੀਸ਼ ਰਾਏ, ਮਾਸਟਰ ਕਮਲ ਹੋਰਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਾਮਰਾਜੀ ਤਾਕਤਾਂ ਲੋਕਾਂ ਦੀ ਕਿਰਤ ਦੀ ਲੁੱਟ ਤਾਂ ਕਰ ਹੀ ਰਹੀਆਂ ਹਨ, ਉਪਰੋਂ ਵੱਖ ਵੱਖ ਮੁਲਕਾਂ ਤੇ ਹਮਲੇ ਕਰਕੇ ਨੰਗੀ ਚਿੱਟੀ ਸਾਮਰਾਜੀ ਗੁੰਡਾਗਰਦੀ ਕਰਕੇ ਉਥੋਂ ਦੇ ਰਾਸ਼ਟਰਾਂ ਦੀ ਪ੍ਰਭੁਸੱਤਾ, ਸਨਮਾਨ ਨੂੰ ਮਿੱਟੀ ਵਿਚ ਰੋਲ ਰਿਹਾ ਹੈ, ਅੱਜ ਜੰਗਾਂ ਦਾ ਸਰੂਪ ਬਦਲ ਕੇ ਲੋਕ ਮਾਰੂ ਤੇ ਮਨੁੱਖਤਾ ਦਾ ਘਾਣ ਕਰਨ ਵਾਲਾ ਬਣ ਗਿਆ ਹੈ।ਜੇਕਰ ਲੜਾਈ ਪ੍ਰਮਾਣੂ ਜੰਗ ਵਾਲੀ ਬਣ ਗਈ ਤਾਂ ਏਸ ਗ੍ਰਹਿ ਨੂੰ ਨੇਸਤੋ ਨਬੂਦ ਕਰ ਦਿੱਤਾ ਜਾਵੇਗਾ।ਅਸਲੀ ਗੱਲ ਇਹ ਹੈ ਕਿ ਪੂੰਜੀਵਾਦੀ ਪ੍ਰਬੰਧ ਦੀਆ ਚੂਲਾਂ ਹਿਲ ਚੁੱਕੀਆਂ ਹਨ।ਸੋ ਅੱਜ ਸਾਮਰਾਜੀ ਤਾਕਤਾਂ ਨੂੰ ਲੋਕਾਂ ਵੱਲੋਂ ਸਖ਼ਤ ਮੈਸੇਜ਼ ਦੇਣ ਦੀ ਜ਼ਰੂਰਤ ਹੈ ਤਾਂ ਜੋ ਲੋਕਾਂ ਦਾ ਲੋਕਾਂ ਲਈ ਸ਼ਹੀ ਅਰਥਾਂ ਵਿੱਚ ਲੋਕਤੰਤਰ ਬਹਾਲ ਕੀਤਾ ਜਾ ਸਕੇ ਤੇ ਭਗਤ ਸਿੰਘ ਦੇ ਉਸ ਆਦਰਸ਼ਕ ਵਿਚਾਰ ਕਿ ਮਨੁੱਖ ਹੱਥੋਂ ਮਨੁੱਖ ਦੀ ਲੁੱਟ ਨੂੰ ਖਤਮ ਕੀਤਾ ਜਾ ਸਕੇ।ਇਹ ਸੁਨੇਹਾ ਹਰ ਕਿਰਤੀ ਸਾਥੀ ਕੋਲ ਪਹੁੰਚਾਇਆ ਜਾਵੇ ਤਾਂ ਜੋ ਸਾਡੇ ਅਜ਼ਾਦੀ ਸੰਗਰਾਮ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾ ਸਕੇ।

# ਵੱਖ-ਵੱਖ ਜਥੇਬੰਦੀਆਂ ਨੇ ਸਾਂਝੇ ਤੌਰ 'ਤੇ ਮਨਾਇਆ ਸਾਮਰਾਜ ਵਿਰੋਧੀ ਦਿਵਸ

## ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ, ਮੋਦੀ ਸਰਕਾਰ ਦੀਆਂ ਨੀਤੀਆਂ ਦੀ ਕੀਤੀ ਅਲੋਚਨਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤਹਿਤ ਟ੍ਰੇਡ ਯੂਨੀਅਨ, ਮਜ਼ਦੂਰ, ਮੁਲਾਜ਼ਮ ਬਿਜਲੀ ਮੁਲਾਜ਼ਮ, ਨੌਜਵਾਨ ਤੇ ਵਿਦਿਆਰਥੀ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ, ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਅੱਜ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 'ਸਾਮਰਾਜ ਵਿਰੋਧੀ ਦਿਵਸ' ਸ਼ਹੀਦ ਭਗਤ ਸਿੰਘ ਮਾਰਕੀਟ ਮੋਗਾ ਵਿਖੇ ਮਨਾਇਆ ਗਿਆ। ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਜਸਮੇਲ ਸਿੰਘ ਰਾਜਿਆਣਾ, ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਮੰਗਾ ਸਿੰਘ ਵੈਰੋਕੇ ਤੇ ਪਾਵਰਕੌਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਲਵਪ੍ਰੀਤ ਸਿੰਘ ਨੇ ਕਿਹਾ ਕਿ ਅੱਜ ਦਾ ਦਿਨ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ, ਕਿਉਂਕਿ ਅੱਜ ਦੇ ਦਿਨ ਸ਼ਹੀਦ ਹੋਏ ਸ਼ਹੀਦਾਂ ਨੇ ਇਹ ਸਾਮਰਾਜ ਨੂੰ ਖਤਮ ਕਰਨ ਲਈ ਸੰਘਰਸ਼ ਵਿੱਢਿਆ ਸੀ।ਇਸ ਸਮਾਗਮ ਦੌਰਾਨ ਸੁਰਜੀਤ ਸਿੰਘ ਬਲਾਕ ਪ੍ਰਧਾਨ ਬੀ.ਕੇ.ਯੂ. ਪੰਜਾਬ, ਕਮਲੇਸ਼ ਕੁਮਾਰ ਜਨਰਲ ਸਕੱਤਰ ਟੀ.ਐੱਸ.ਯੂ ਮੰਗਲ, ਗੁਰਜੰਟ ਸਿੰਘ ਕੋਕਰੀ ਟ੍ਰੇਡ ਯੂਨੀਅਨ, ਮੰਗਾ ਸਿੰਘ ਵੈਰੋਕੇ ਪੇਂਡੂ ਮਜ਼ਦੂਰ ਯੂਨੀਅਨ ਸੂਬਾ ਆਗੂ, ਚਮਕੌਰ ਸਿੰਘ ਰੋਡੇ ਖੁਰਦ ਜ਼ਿਲ੍ਹਾ ਸਕੱਤਰ ਤੇ ਸੂਬਾ ਆਗੂ ਕਿਰਤੀ ਕਿਸਾਨ ਯੂਨੀਅਨ, ਦਰਸ਼ਨ ਲਾਲ ਪੀ.ਐੱਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਕੱਤਰ ਪੰਜਾਬ, ਗੁਰਮੇਲ ਨਾਹਰ ਪਾਵਰਕੌਮ ਐਂਡ ਪੈਨਸ਼ਨਰ ਯੂਨੀਅਨ ਸਕੱਤਰ ਪੰਜਾਬ, ਸੂਰਤ ਸਿੰਘ ਧਰਮਕੋਟ ਸੂਬਾ ਆਗੂ ਕੁੱਲ ਹਿੰਦ ਕਿਸਾਨ ਸਭਾ ਪੰਜਾਬ, ਆਗੂਆਂ ਨੇ ਸੰਬੋਧਨ ਕੀਤਾ। ਸਟੇਜ ਦਾ ਸੰਚਾਲਨ ਜਸਮੇਲ ਸਿੰਘ ਰਾਜਿਆਣਾ ਨੇ ਬਾਖੂਬੀ ਨਿਭਾਇਆ।

ਇਸ ਮੌਕੇ ਆਗੂਆਂ ਨੇ ਸ਼ਹੀਦਾਂ ਦੇ ਸੰਘਰਸ਼ਮਈ ਜੀਵਨ ਤੇ ਵਿਚਾਰਧਾਰਾ ਬਾਰੇ ਚਾਨਣਾ ਪਾਇਆ ਤੇ ਕੇਂਦਰ ਸਰਕਾਰ 'ਤੇ ਵਰ੍ਹਦਿਆਂ ਮੋਦੀ ਸਰਕਾਰ ਤੇ ਆਰ ਐੱਸ ਐੱਸ ਦੀਆਂ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਦੋਸ਼ ਲਾਇਆ ਕਿ ਡੋਨਾਲਡ ਟਰੰਪ, ਨਰਿੰਦਰ ਮੋਦੀ ਵਰਗੇ ਆਗੂ ਸਾਮਰਾਜੀ ਸ਼ਕਤੀਆਂ ਤੇ ਪੂੰਜੀਪਤੀਆਂ ਦੇ ਹਿੱਤਾਂ ਲਈ ਮਨੁੱਖਤਾ ਦਾ ਘਾਣ ਕਰ ਰਹੇ ਹਨ।ਮੋਦੀ ਸਰਕਾਰ ਦੇਸ਼ ਵਿੱਚ ਫਿਰਕੂ ਵੰਡ ਪਾਉਣ ਦੀ ਨੀਤੀ ਅਪਣਾ ਰਹੀ ਹੈ।ਆਗੂਆਂ ਨੇ ਚਿੰਤਾ ਪ੍ਰਗਟਾਈ ਕਿ ਸਰਕਾਰ ਬਿਨਾਂ ਕਿਸੇ ਸਲਾਹ-ਮਸ਼ਵਰੇ ਦੇ ਲੋਕ ਪੱਖੀ ਕਾਨੂੰਨਾਂ ਨੂੰ ਬਦਲ ਕੇ ਕਾਰਪੋਰੇਟ ਪੱਖੀ ਕਨੂੰਨ ਲਿਆ ਰਹੀ ਹੈ, ਜਿਸ ਨਾਲ ਆਮ ਲੋਕਾਂ ਦੀ ਅੰਨ੍ਹੀਂ ਲੁੱਟ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਹੀਦਾਂ ਨੇ ਦੇਸ਼ ਨੂੰ ਅੰਗਰੇਜ਼ਾਂ ਤੋਂ ਆਜ਼ਾਦ ਕਰਵਾਇਆ ਸੀ, ਪਰ ਅੱਜ ਦੀ ਹਕੂਮਤ ਨਵੇਂ ਰੂਪ ਵਿੱਚ ਗੁਲਾਮੀ ਥੋਪ ਰਹੀ ਹੈ, ਜਿਸ ਦਾ ਵਿਰੋਧ ਸਮੇਂ ਦੀ ਮੁੱਖ ਲੋੜ ਹੈ।ਸਮਾਗਮ ਵਿੱਚ ਤਜਿੰਦਰ ਸਿੰਘ ਭੇਖਾ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ, ਬਲਕਰਨ ਸਿੰਘ, ਰਵਿੰਦਰ ਸਿੰਘ, ਬੀਕੇਯੂ ਲੱਖੋਵਾਲ, ਪ੍ਰਗਟ ਸਿੰਘ ਸਾਫੂਵਾਲਾ ਜ਼ਿਲ੍ਹਾ ਪ੍ਰਧਾਨ, ਕਿਰਤੀ ਕਿਸਾਨ ਯੂਨੀਅਨ, ਔਰਤ ਵਿੰਗ ਦੇ ਕਨਵੀਨਰ ਛਿੰਦਰਪਾਲ ਕੌਰ ਰੋਡੇ ਖੁਰਦ, ਬੂਟਾ ਸਿੰਘ ਤਖਾਣਵੱਧ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ, ਮੋਹਨ ਸਿੰਘ, ਅਵਤਾਰ ਸਿੰਘ ਡਾਲਾ, ਅਜਮੇਰ ਸਿੰਘ ਛੋਟਾਘਰ, ਤੀਰਥ ਸਿੰਘ, ਸੁਖਜਿੰਦਰ ਸਿੰਘ ਘੱਲ ਕਲਾਂ, ਕੁਲਦੀਪ ਖੁਖਰਾਣਾ, ਜਗਜੀਤ ਸਿੰਘ, ਹਰਦਿਆਲ ਸਿੰਘ ਘਾਲੀ, ਗੁਰਮੀਤ ਸਿੰਘ ਕੁਲ ਹਿੰਦ ਕਿਸਾਨ ਸਭਾ, ਹਰਬੰਸ ਸਿੰਘ, ਕਾਰਜ ਸਿੰਘ ਬੀਕੇਯੂ ਪੰਜਾਬ, ਸਵਰਨ ਸਿੰਘ ਔਲਖ, ਕੁਲਦੀਪ ਸਿੰਘ ਸਿਟੀ ਡਵੀਜ਼ਨ ਪ੍ਰਧਾਨ, ਜਸਕੀਰਤ ਸਿੰਘ ਪਾਵਰਕੌਮ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਆਦਿ ਕਿਸਾਨ ਆਗੂ ਤੇ ਵਰਕਰ ਹਾਜ਼ਰ ਹੋਏ।

## ਕਾਤਰਾਂ

### ਸੰਜੀਵ ਕੁਮਾਰ ਘੋਗੀ ਦੀ ਅੰਤਿਮ ਅਰਦਾਸ 31 ਨੂੰ



**ਬਠਿੰਡਾ (ਰਾਜੀਵ ਗੋਇਲ)**-ਬੀਤੇ ਦਿਨੀਂ ਜ਼ਿਲ੍ਹੇ ਦੇ ਕਸਬਾ ਭਗਤਾ ਸ਼ਹਿਰ ਦੇ ਰਹਿਣ ਵਾਲੇ ਸਵ. ਮਾਸਟਰ ਓਮ ਪ੍ਰਕਾਸ਼ ਦੇ ਹੋਣਹਾਰ ਸਪੁੱਤਰ ਸੰਜੀਵ ਕੁਮਾਰ ਘੋਗੀ ਦੀ ਭਿਆਨਕ ਬਿਮਾਰੀ ਦੇ ਚਲਦਿਆਂ ਮੌਤ ਹੋ ਗਈ ਸੀ ਤੇ ਇਸ ਦੁੱਖ ਦੀ ਘੜੀ ਵਿੱਚ ਸਿਆਸੀ, ਧਾਰਮਿਕ ਤੇ ਵਪਾਰਕ ਸੰਸਥਾਵਾਂ ਦੇ ਆਗੂਆਂ ਵੱਲੋਂ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਗਿਆ ਸੀ। ਦੱਸਣਾ ਬਣਦਾ ਹੈ ਕਿ ਸੰਜੀਵ ਕੁਮਾਰ ਦੀ ਅੰਤਿਮ ਅਰਦਾਸ 31 ਮਾਰਚ ਮੰਗਲਵਾਰ ਨੂੰ ਅਗਰਵਾਲ ਧਰਮਸ਼ਾਲਾ, ਚੇਅਰਮੈਨ ਕਾਲੋਨੀ ਭਗਤਾ (ਬਠਿੰਡਾ) ਵਿਖੇ ਹੋਵੇਗੀ।

### ਨਸ਼ੀਲੇ ਪਦਾਰਥਾਂ ਸਮੇਤ 7 ਗ੍ਰਿਫਤਾਰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਉਪ ਮੰਡਲ ਪੁਲਸ ਧੂਰੀ ਵੱਲੋਂ ਵੱਖ ਵੱਖ ਕਾਰਵਾਈਆਂ 'ਚ 7 ਵਿਅਕਤੀ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ ਨਸ਼ੀਲੀਆਂ ਗੋਲੀਆਂ, ਨਾਜਾਇਜ਼ ਸ਼ਰਾਬ ਤੇ ਹੈਰੋਇਨ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਵੱਲੋਂ ਜਾਰੀ ਪ੍ਰੈੱਸ ਨੋਟ ਅਨੁਸਾਰ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਮੁਹਿੰਮ ਤਹਿਤ ਕਾਰਵਾਈ ਕਰਦਿਆਂ ਧੂਰੀ ਉਪ ਮੰਡਲ ਦੀ ਪੁਲਸ ਵੱਲੋਂ 16 ਮਾਰਚ ਤੋਂ 22 ਮਾਰਚ ਤੱਕ 6 ਮੁਕੱਦਮੇ ਦਰਜ ਕਰਕੇ 7 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਪਾਸੋਂ 230 ਨਸ਼ੀਲੀਆਂ ਗੋਲੀਆਂ, 36 ਬੋਤਲਾਂ ਸ਼ਰਾਬ ਠੇਕਾ ਦੇਸੀ ਤੇ 8 ਗ੍ਰਾਮ ਨਸ਼ੀਲਾ ਪਦਾਰਥ ਹੈਰੋਇਨ ਬਰਾਮਦ ਕੀਤੀ ਗਈ, ਜਦੋਂ ਕਿ ਨਸ਼ਾ ਕਰਨ ਦੇ 5 ਵਿਅਕਤੀਆਂ ਨੂੰ ਓਟ ਸੈਂਟਰ 'ਚੋਂ ਦਵਾਈ ਦਿਲਵਾਈ ਗਈ।

### ਚੇਅਰਮੈਨ ਢਿੱਲੋਂ ਨੇ ਸ਼ਹੀਦਾਂ ਨੂੰ ਦਿੱਤੀ ਸ਼ਰਧਾਂਜਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-'ਆਪ' ਆਗੂ ਤੇ ਪਟਿਆਲਾ ਲੋਕ ਸਭਾ ਦੇ ਹਲਕਾ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਚੇਅਰਮੈਨ ਐਗਰੋ ਫੂਡ ਕਾਰਪੋਰੇਸ਼ਨ ਪੰਜਾਬ ਨਾਲ ਘਲੌੜੀ ਗੇਟ ਵਿਖੇ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਸ਼ਹੀਦਾਂ ਨੂੰ ਸ਼ਰਧਾਂਜਲੀ ਦੇ ਦਿੱਤੀ ਤੇ ਨਤਮਸਤਕ ਹੋਏ। ਇਸ ਮੌਕੇ ਤਜਿੰਦਰ ਮਹਿਤਾ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ, ਜਰਨੈਲ ਸਿੰਘ ਮਨੂੰ ਚੇਅਰਮੈਨ ਮਾਰਕੀਟ ਕਮੇਟੀ ਘਨੌਰ ਤੇ ਬਹੁ-ਗਿਣਤੀ ਵਿੱਚ ਅਹੁਦੇਦਾਰ ਅਤੇ ਵਲੰਟੀਅਰ ਹਾਜ਼ਰ ਸਨ।

# ਯਾਤਰੀ ਨੂੰ ਟਰੇਨ 'ਚ ਭੁੱਲਿਆ ਮੋਬਾਇਲ ਸੁਰੱਖਿਅਤ ਵਾਪਸ ਮਿਲਿਆ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਭਾਰਤੀ ਰੇਲਵੇ ਵੱਲੋਂ ਯਾਤਰੀਆਂ ਦੀ ਸਹੂਲਤ ਤੇ ਉਨ੍ਹਾਂ ਦੇ ਸਾਮਾਨ ਦੀ ਸੁਰੱਖਿਆ ਪ੍ਰਤੀ ਦਿਖਾਈ ਗਈ ਤੱਤਪਰਤਾ ਦੀ ਇਕ ਵਧੀਆ ਮਿਸਾਲ ਉਸ ਵੇਲੇ ਦੇਖਣ ਨੂੰ ਮਿਲੀ, ਜਦੋਂ ਇਕ ਯਾਤਰੀ ਨੂੰ ਉਸ ਦਾ ਗੁੰਮ ਹੋਇਆ ਕੀਮਤੀ ਮੋਬਾਇਲ ਫ਼ੋਨ ਸੁਰੱਖਿਅਤ ਵਾਪਸ ਮਿਲ ਗਿਆ।ਜਾਣਕਾਰੀ ਅਨੁਸਾਰ 23 ਮਾਰਚ 2026 ਨੂੰ ਟਰੇਨ ਨੰਬਰ 18237 (ਛੱਤੀਸਗੜ੍ਹ ਐਕਸਪ੍ਰੈੱਸ) ਵਿੱਚ ਸਫਰ ਕਰ ਰਿਹਾ ਇਕ ਯਾਤਰੀ ਜਲੰਧਰ ਕੈਂਟ ਰੇਲਵੇ ਸਟੇਸ਼ਨ 'ਤੇ ਉਤਰਦੇ ਸਮੇਂ ਜਲਦਬਾਜ਼ੀ ਵਿੱਚ ਆਪਣਾ ਮੋਬਾਇਲ ਫ਼ੋਨ ਸੀਟ 'ਤੇ ਹੀ ਭੁੱਲ ਗਿਆ।ਟਰੇਨ ਸਟੇਸ਼ਨ ਤੋਂ ਰਵਾਨਾ ਹੋਣ ਤੋਂ ਬਾਅਦ ਜਦੋਂ ਯਾਤਰੀ ਨੂੰ ਇਸ ਦਾ ਅਹਿਸਾਸ ਹੋਇਆ, ਤਾਂ ਉਸ ਨੇ ਤੁਰੰਤ ਰੇਲਵੇ ਦੀ ਸਹਾਇਤਾ ਹੈਲਪਲਾਈਨ 'ਰੇਲ ਮਦਦ' ਰਾਹੀਂ ਸੰਪਰਕ ਕੀਤਾ।ਸ਼ਿਕਾਇਤ ਮਿਲਦੇ ਹੀ ਰੇਲਵੇ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ ਤੇ ਅਗਲੇ ਸਟੇਸ਼ਨਾਂ ਨੂੰ ਸੂਚਿਤ ਕੀਤਾ ਗਿਆ।ਕਰਮਚਾਰੀਆਂ ਦੀ ਸੂਝ-ਬੂਝ ਸਦਕਾ ਮੋਬਾਈਲ ਫ਼ੋਨ ਨੂੰ ਤੁਰੰਤ ਬਰਾਮਦ ਕਰ ਲਿਆ ਗਿਆ।ਲੋੜੀਂਦੀ ਪੜਤਾਲ ਤੇ ਦਸਤਾਵੇਜ਼ੀ ਤਸਦੀਕ ਤੋਂ ਬਾਅਦ ਯਾਤਰੀ ਦਾ ਮੋਬਾਇਲ ਬਿਆਸ ਰੇਲਵੇ ਸਟੇਸ਼ਨ 'ਤੇ ਉਸ ਨੂੰ ਸਹੀ-ਸਲਾਮਤ ਸੌਂਪ ਦਿੱਤਾ ਗਿਆ।ਇਸ ਸਬੰਧੀ ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਰਮਚਾਰੀਆਂ ਦੀ ਇਮਾਨਦਾਰੀ ਤੇ ਫ਼ਰਜ਼ ਪ੍ਰਤੀ ਸਮਰਪਣ ਸਦਕਾ ਹੀ ਰੇਲ ਯਾਤਰੀਆਂ ਨੂੰ ਇਕ ਸੁਰੱਖਿਅਤ ਤੇ ਸੁਖਦ ਯਾਤਰਾ ਦਾ ਅਨੁਭਵ ਮਿਲਦਾ ਹੈ।ਅਸੀਂ ਹਮੇਸ਼ਾ ਯਾਤਰੀਆਂ ਦੀ ਸੇਵਾ ਲਈ ਹਾਜ਼ਰ ਹਾਂ।ਇਸ ਦੇ ਨਾਲ ਹੀ ਉਨ੍ਹਾਂ ਨੇ ਯਾਤਰੀਆਂ ਨੂੰ ਅਪੀਲ ਕੀਤੀ ਕਿ ਸਫਰ ਦੌਰਾਨ ਹਮੇਸ਼ਾ ਚੌਕਸ ਰਹਿਣ ਤੇ ਟਰੇਨ ਵਿੱਚੋਂ ਉਤਰਨ ਸਮੇਂ ਆਪਣੇ ਸਾਮਾਨ ਦੀ ਚੰਗੀ ਤਰ੍ਹਾਂ ਜਾਂਚ ਕਰ ਲੈਣ ਤਾਂ ਜੋ ਅਜਿਹੀਆਂ ਘਟਨਾਵਾਂ ਤੋਂ ਬਚਿਆ ਜਾ ਸਕੇ।

# ਰਾਜ ਮਿਸਤਰੀ, ਮਜ਼ਦੂਰਾਂ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਲੇਬਰ ਚੌਕ ਤੇ ਮੇਨ ਚੌਕ ਵਿਖੇ ਰਾਜ ਮਿਸਤਰੀ ਮਜ਼ਦੂਰ ਯੂਨੀਅਨ ਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਯੂਨੀਅਨ ਦੇ ਪ੍ਰਧਾਨ ਕਾਮਰੇਡ ਭਜਨ ਸਿੰਘ ਦੀ ਅਗਵਾਈ ਹੇਠ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 'ਸਾਮਰਾਜੀ ਵਿਰੋਧੀ ਦਿਵਸ' ਵਜੋਂ ਮਨਾਇਆ ਗਿਆ। ਕਾਮਰੇਡ ਭਜਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਉਨ੍ਹਾਂ ਦੇਸ਼ ਭਗਤਾਂ ਦਾ ਸ਼ਹੀਦੀ ਦਿਹਾੜਾ ਹੈ, ਜਿਨ੍ਹਾਂ ਨੇ ਆਪਣੀ ਭਰ ਜਵਾਨੀ ਵਿੱਚ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਦੇਸ਼ ਨੂੰ ਅਜ਼ਾਦੀ ਦੁਆਈ ਸੀ।ਸ਼ਹੀਦ ਭਗਤ ਸਿੰਘ ਨੇ ਅੰਗਰੇਜ਼ਾਂ ਦੀ ਬੋਲੀ ਹੋ ਚੁੱਕੀ ਸਰਕਾਰ ਨੂੰ ਹਲੂਣਾ ਦੇਣ ਲਈ ਅਸੈਂਬਲੀ ਵਿੱਚ ਬੰਬ ਸੁੱਟ ਹਲੂਣਾ ਦਿੱਤਾ ਸੀ ਅਤੇ ਅੱਜ ਦੇ ਦਿਨ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਸਿੰਘ ਫਾਂਸੀ ਦਾ ਫੰਦਾ ਚੁੰਮਿਆ ਸੀ ਅਤੇ ਇੱਕ ਅਜ਼ਾਦ ਦੇਸ਼ ਦਾ ਸੁਪਨਾ ਲਿਆ ਸੀ, ਜਿਸ ਵਿੱਚ ਸਾਰੇ ਬਰਾਬਰ ਹੋਣ ਤੇ ਸਾਰਿਆਂ ਨੂੰ ਇੱਕੋ ਜਿਹਾ ਰੁਤਬਾ ਹਾਸਲ ਹੋਵੇ, ਪ੍ਰੰਤੂ ਅੱਜ ਦੇ ਹਾਲਾਤਾਂ ਨੇ ਭਾਰਤ ਨੂੰ ਮੁੜ ਗੁਲਾਮੀ ਵੱਲ ਧੱਕਣਾ ਸ਼ੁਰੂ ਕਰ ਦਿੱਤਾ ਹੈ ਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਦੀਆਂ ਵਾਗਾਂ ਕਾਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਸੌਂਪ ਦਿੱਤੀਆਂ ਹਨ, ਜਿਸ ਨਾਲ ਗਰੀਬ ਹੋਰ ਗਰੀਬ ਹੋ ਰਿਹਾ ਹੈ ਤੇ ਅਮੀਰ ਹੋਰ ਅਮੀਰ ਹੋ ਰਿਹਾ ਹੈ।ਦੋਨਾਂ ਵਿੱਚ ਇਹ ਪਾੜਾ ਇਸ ਕਦਰ ਵੱਧ ਗਿਆ ਹੈ ਕਿ ਸਭ ਕੁਝ ਵੱਡੇ ਘਰਾਣਿਆਂ ਨੂੰ ਸੌਂਪਿਆ ਜਾ ਰਿਹਾ ਹੈ।ਪ੍ਰਧਾਨ ਮੰਤਰੀ ਮੋਦੀ ਸਾਮਰਾਜੀ ਦੇਸ਼ਾਂ ਨਾਲ ਕਰ ਮੁਕਤ ਵਪਾਰ ਤੇ ਸਮਝੌਤੇ ਕਰਕੇ ਦੇਸ਼ ਦੀ ਕਿਰਸਾਨੀ ਤੇ ਮਜ਼ਦੂਰਾਂ ਨੂੰ ਤਬਾਹ ਕਰਨ 'ਤੇ ਤੁਲ ਗਿਆ ਹੈ।ਦੂਸਰੇ ਪਾਸੇ ਅਮਰੀਕਾ ਈਰਾਨ ਨਾਲ ਯੁੱਧ ਕਰਕੇ ਪੂਰੀ ਦੁਨੀਆਂ ਨੂੰ ਤਬਾਹੀ ਵੱਲ ਧੱਕ ਰਿਹਾ ਹੈ।ਜੇਕਰ ਇਹੀ ਹਾਲਾਤ ਰਹੇ ਤਾਂ ਪੂਰੀ ਦੁਨੀਆਂ ਵਿੱਚ ਮਹਿੰਗਾਈ ਇਸ ਕਦਰ ਵੱਧ ਜਾਵੇਗੀ ਕਿ ਗਰੀਬ ਲਈ ਦੋ ਡੰਗ ਦੀ ਰੋਟੀ ਜੁੜਨੀ ਮੁਸ਼ਕਲ ਹੋ ਜਾਵੇਗੀ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਦੇਸ਼ ਨੂੰ ਤਬਾਹੀ ਦੇ ਕੰਢੇ ਲਿਆ ਖੜ੍ਹਾ ਕੀਤਾ ਹੈ।ਆਮ ਲੋਕ ਰਸੋਈ ਗੈਸ ਤੇ ਹੋਰ ਜ਼ਰੂਰੀ ਵਸਤਾਂ ਦੀ ਕਿੱਲਤ ਦਾ ਸਾਹਮਣਾ ਕਰ ਰਹੇ ਹਨ।ਸੋ ਅੱਜ ਦੇ ਦਿਨ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੇ ਸਭ ਲਈ ਬਰਾਬਰਤਾ ਕਾਇਮ ਕਰਨ ਲਈ ਸ਼ਹੀਦੀ ਦਿੱਤੀ ਸੀ, ਪ੍ਰੰਤੂ ਆਪਣਾ ਦੇਸ਼ ਸਾਮਰਾਜ ਦੇ ਹੱਥਾਂ ਵਿੱਚ ਜਾ ਰਿਹਾ ਹੈ, ਇਸ ਲਈ ਅੱਜ ਦਾ ਦਿਨ 'ਸਾਮਰਾਜੀ ਵਿਰੋਧੀ ਦਿਵਸ' ਵਜੋਂ ਮਨਾ ਕੇ ਸ਼ਹੀਦ ਭਗਤ ਸਿੰਘ ਵੱਲੋਂ ਲਏ ਸੁਪਨੇ ਨੂੰ ਸਾਕਾਰ ਕਰਨ ਲਈ ਮਜ਼ਦੂਰਾਂ ਨੂੰ ਲਾਮਬੰਦ ਕੀਤਾ ਗਿਆ ਹੈ।ਇਸ ਮੌਕੇ ਵੱਖ ਵੱਖ ਯੂਨੀਅਨਾਂ ਦੇ ਨੁਮਾਇੰਦੇ, ਜਿਨ੍ਹਾਂ ਵਿੱਚ ਟੈਂਪੂ ਯੂਨੀਅਨ (ਸੀਟੂ) ਤੇ ਹੋਰ ਭਰਾਤਰੀ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ, ਜਿਨ੍ਹਾਂ ਵਿੱਚ ਰਣਜੀਤ ਸਿੰਘ ਸਕੱਤਰ, ਹਰਨੇਕ ਸਿੰਘ, ਅਮਰੀਕ ਸਿੰਘ ਮੁਸ਼ਕਾਬਾਦ, ਸ਼ੇਰ ਸਿੰਘ ਪ੍ਰਧਾਨ ਟੈਂਪੂ ਯੂਨੀਅਨ, ਡਾ. ਹਰਜਿੰਦਰਪਾਲ ਸਿੰਘ ਸਮਰਾਲਾ, ਕਾਮਰੇਡ ਅਮਰਨਾਥ ਕੂਮਕਲਾਂ ਸਕੱਤਰ ਪੰਜਾਬ (ਸੀਟੂ) ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਜ਼ਦੂਰ, ਟੈਂਪੂ ਚਾਲਕ ਤੇ ਸਫਾਈ ਕਰਮਚਾਰੀ ਹਾਜ਼ਰ ਸਨ।

# ਸੀ ਪੀ ਆਈ ਨੇ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਕੀਤਾ ਯਾਦ



**ਤਲਵੰਡੀ ਸਾਬੋ/ਬਠਿੰਡਾ (ਜਗਦੀਪ ਗਿੱਲ)**-ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ 95ਵੀਂ ਸ਼ਹੀਦੀ ਬਰਸੀ ਮੌਕੇ ਸੀ ਪੀ ਆਈ ਵੱਲੋਂ ਸ਼ਹੀਦਾਂ ਦੀ ਦੇਸ਼ ਖ਼ਾਤਰ ਕੀਤੀ ਲਾਸਾਨੀ ਕੁਰਬਾਨੀ ਨੂੰ ਯਾਦ ਕੀਤਾ ਗਿਆ।ਆਗੂਆਂ ਨੇ ਮੰਗ ਕੀਤੀ ਕਿ ਸ਼ਹੀਦ ਭਗਤ ਸਿੰਘ ਦੀ ਫੋਟੋ ਪਾਰਲੀਮੈਂਟ ਵਿਚ ਸਥਾਪਤ ਕੀਤੀ ਜਾਵੇ ਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੀ ਗਰੰਟੀ ਦੇਣ ਲਈ ਭਗਤ ਸਿੰਘ ਕੌਮੀ ਇੰਪਲਾਏਮੈਂਟ ਗਰੰਟੀ ਐਕਟ (ਬਨੇਗਾ) ਪਾਸ ਕੀਤਾ ਜਾਵੇ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸੀਨੀਅਰ ਕਮਿਊਨਿਸਟ ਆਗੂ ਜਗਜੀਤ ਸਿੰਘ ਜੋਗਾ ਨੇ ਕਿਹਾ ਕਿ ਭਗਤ ਸਿੰਘ ਦੇਸ਼ ਵਿੱਚ ਸਰਮਾਏਦਾਰੀ ਲੁੱਟ ਖਸੁੱਟ ਨੂੰ ਖਤਮ ਕਰਕੇ ਸਮਾਜਵਾਦੀ ਰਾਜ ਪ੍ਰਬੰਧ ਸਥਾਪਤ ਕਰਨ ਦਾ ਹਾਮੀ ਤੇ ਸਾਮਰਾਜੀ ਤਾਕਤਾਂ ਖ਼ਿਲਾਫ਼ ਲੋਕ ਸੰਘਰਸ਼ ਉਸਾਰਨ ਦਾ ਮੁਦਈ ਸੀ।ਅੱਜ ਦੁਨੀਆ ਵਿੱਚ ਅਮਰੀਕਨ ਸਾਮਰਾਜ ਦੀ ਅਗਵਾਈ ਵਿੱਚ ਤੀਜੀ ਵਿਸ਼ਵ ਜੰਗ ਦਾ ਮਹੌਲ ਬਣਾਇਆ ਜਾ ਰਿਹਾ ਹੈ ਤਾਂ ਕਿ ਵਿਕਾਸ ਸ਼ੀਲ ਦੇਸ਼ਾਂ ਵਿੱਚ ਰਾਜ ਪਲਟੇ ਕਰਕੇ ਉੱਥੇ ਕੱਠਪੁਤਲੀ ਸਰਕਾਰਾਂ ਬਣਾ ਕੇ ਉਨ੍ਹਾਂ ਦੇ ਕੁਦਰਤੀ ਸੋਮਿਆਂ ਤੇ ਅਰਥਚਾਰੇ ਉੱਤੇ ਸਾਮਰਾਜੀਆਂ ਦਾ ਕਬਜ਼ਾ ਕਰਵਾਇਆ ਜਾ ਸਕੇ, ਜਿਸ ਕਰਕੇ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਹਾੜੇ ਵਜੋਂ ਯਾਦ ਕੀਤਾ ਜਾ ਰਿਹਾ ਹੈ।ਸ੍ਰੀ ਜੋਗਾ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਸ਼ਹੀਦ ਭਗਤ ਸਿੰਘ ਦੀ ਸੋਚ ਦੇ ਉਲਟ ਦੇਸ਼ ਨੂੰ ਅਮਰੀਕਨ ਸਾਮਰਾਜ ਦੇ ਥੱਲੇ ਲਾ ਰਹੀ ਹੈ।ਇਸ ਮੌਕੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਕੌਮੀ ਕੌਂਸਲ ਦੇ ਮੈਂਬਰ ਸੁਰਜੀਤ ਸਿੰਘ ਸੋਹੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਆਗੂਆਂ ਸਰਵਸ੍ਰੀ ਸੁਰਜੀਤ ਸਿੰਘ ਸਰਦਾਰਗੜ੍ਹ, ਸੁਖਨ ਲਾਲ ਤੁੰਬਾ, ਠਾਕੁਰ ਸਿੰਘ ਕੋਟਸ਼ਮੀਰ, ਰੂਪ ਸਿੰਘ ਭਾਈ ਬਖਤੌਰ, ਕਾਕਾ ਸਿੰਘ ਬਠਿੰਡਾ ਤੇ ਸੀ ਪੀ ਆਈ ਆਗੂਆਂ ਬੀਬੀ ਜਸਵੀਰ ਕੌਰ ਸਰਾਂ ਤੇ ਬਲਜਿੰਦਰ ਸਿੰਘ ਜੋਗਾ ਨੰਦ ਨੇ ਵੀ ਸੰਬੋਧਨ ਕੀਤਾ।ਇਨ੍ਹਾਂ ਆਗੂਆਂ ਨੇ ਨਰੇਗਾ ਕਾਨੂੰਨ ਨੂੰ ਬੇਅਸਰ ਕਰਕੇ ਮੋਦੀ ਸਰਕਾਰ ਵੱਲੋਂ ਗਰੀਬਾਂ ਦੀ ਥਾਲੀ ਵਿੱਚੋਂ ਰੋਟੀ ਖੋਹੇ ਜਾਣ ਦੀ ਸਖ਼ਤ ਨਿੰਦਾ ਕੀਤੀ।

## ਪਾਥਵੇਜ਼ ਗਲੋਬਲ ਸਕੂਲ ਦਾ ਸਲਾਨਾ ਨਤੀਜਾ ਸੌ ਫੀਸਦੀ



**ਕੋਟ ਈਸੇ ਖਾਂ (ਅਰੋੜਾ)**-ਪਾਥਵੇਜ਼ ਗਲੋਬਲ ਸਕੂਲ ਕੋਟ ਈਸੇ ਖਾਂ ਦਾ ਸਲਾਨਾ ਨਤੀਜਾ 100% ਰਿਹਾ।ਸਾਲਾਨਾ ਨਤੀਜੇ 'ਚ ਪਾਥਵੇਜ਼ ਦੇ ਵਿਦਿਆਰਥੀਆਂ ਨੇ ਲਗਭਗ 400 ਦੇ ਕਰੀਬ ਵਿਦਿਆਰਥੀਆਂ ਨੇ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਹਾਸਲ ਕੀਤੀ।ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਸਾਰੇ ਹੀ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਸਾਲਾਨਾ ਨਤੀਜੇ ਵਿੱਚ 375 ਵਿਦਿਆਰਥੀਆਂ ਨੇ 80 ਤੋਂ 85% ਅੰਕ ਹਾਸਲ ਕੀਤੇ, 327 ਵਿਦਿਆਰਥੀਆਂ ਨੇ 85 ਤੋਂ 90% ਤੱਕ ਅੰਕ ਹਾਸਲ ਕੀਤੇ, 307 ਵਿਦਿਆਰਥੀਆਂ ਨੇ 90 ਤੋਂ 95% ਅੰਕ ਹਾਸਲ ਕੀਤੇ ਅਤੇ 538 ਵਿਦਿਆਰਥੀਆਂ ਨੇ 95 ਤੋਂ 100% ਅੰਕ ਹਾਸਲ ਕੀਤੇ।ਜੋ ਵਿਦਿਆਰਥੀ ਪੂਰੀ ਕਲਾਸ ਵਿੱਚੋਂ ਅੱਵਲ ਆਉਂਦੇ ਹਨ, ਉਨ੍ਹਾਂ ਲਈ ਪਾਥਵੇਜ਼ ਵੱਲੋਂ ਸਕਾਲਰਸ਼ਿਪ ਟੈਸਟ ਰੱਖਿਆ ਗਿਆ ਹੈ, ਜੋ ਕਿ 24 ਮਾਰਚ 2026 ਨੂੰ ਹੋ ਰਿਹਾ ਹੈ, ਟੈਸਟ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਵੱਲੋਂ ਵਿਸ਼ੇਸ਼ ਸਕਾਲਰਸ਼ਿਪ ਵੀ ਪ੍ਰਦਾਨ ਕੀਤੀ ਜਾਂਦੀ ਹੈ।ਇਸ ਦੇ ਨਾਲ ਨਾਲ ਖੇਡਾਂ ਦੇ ਖੇਤਰ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਵਿਸ਼ੇਸ਼ ਐਵਾਰਡ ਦਿੱਤੇ ਗਏ।ਪ੍ਰਿੰਸੀਪਲ ਅਰਵਿੰਦ ਕੁਮਾਰ ਨੇ ਸਕੂਲ ਦੀ ਸਾਲਾਨਾ ਰਿਪੋਰਟ ਨੂੰ ਦੇਖਦਿਆਂ ਮਾਪਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਪਾਥਵੇਜ਼ ਨੂੰ ਅਕੈਡਮਿਕ ਤੌਰ 'ਤੇ ਐਨਾ ਮਜ਼ਬੂਤ ਕਰਨਗੇ ਕਿ ਮਾਪੇ ਪਾਥਵੇਜ਼ 'ਤੇ ਹਮੇਸ਼ਾ ਮਾਣ ਮਹਿਸੂਸ ਕਰਨਗੇ। ਪਾਥਵੇਜ਼ ਦੇ ਚੇਅਰਮੈਨ ਸੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ. ਅਨਿਲਜੀਤ ਕੰਬੋਜ ਤੇ ਵਾਈਸ ਚੇਅਰਮੈਨ ਅਵਤਾਰ ਸਿੰਘ ਸੌਂਦ ਨੇ ਬੱਚਿਆਂ ਨੂੰ ਸਨਮਾਨਤ ਕੀਤਾ।ਇਸ ਮੌਕੇ ਚਾਹਤ ਕੰਬੋਜ, ਜੋਗਿੰਦਰ ਸਿੰਘ ਸਰਪੰਚ, ਸਤਨਾਮ ਸਿੰਘ ਤੇ ਗੁਰਪ੍ਰੀਤ ਸਿੰਘ ਸਿੱਧੂ, ਗਮਾਡਾ ਡਾਇਰੈਕਟਰ ਜਸਵਿੰਦਰ ਸਿੰਘ ਸਿੱਧੂ, ਸਿਮਰਨਜੀਤ ਸਿੰਘ ਸਿੱਧੂ ਆਦਿ ਕਮੇਟੀ ਮੈਂਬਰ ਹਾਜ਼ਰ ਸਨ।

# ਢਲੇਕੇ 'ਚ ਪੰਜਾਂ ਪੀਰਾਂ ਦੀ ਯਾਦ 'ਚ ਕਰਵਾਇਆ ਸੱਭਿਆਚਾਰਕ ਮੇਲਾ

## ਪੰਜਾਬ ਦੀਆਂ ਪ੍ਰਸਿੱਧ ਦੋਗਾਣਾ ਜੋੜੀਆਂ ਨੇ ਲੋਕਾਂ ਦਾ ਕੀਤਾ ਖੂਬ ਮਨੋਰੰਜਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਢਲੇਕੇ ਵਿਖੇ ਸੰਤ ਬਾਬਾ ਨਰੈਣ ਦਾਸ ਜੀ, ਬਾਬਾ ਪੰਜ ਪੀਰਾਂ ਜੀ ਦੀ ਸਮਾਧ ਤੇ ਸੰਤ ਬਾਬਾ ਭਜਨ ਦਾਸ ਜੀ ਦੀ ਨਿੱਘੀ ਯਾਦ ਨੂੰ ਸਮਰਪਤ ਸਾਲਾਨਾ ਮੇਲਾ ਦੌਰਾਨ ਯੁਵਕ ਸੇਵਾਵਾਂ ਯੂਥ ਕਲੱਬ, ਐੱਨ.ਆਰ.ਆਈ. ਵੀਰਾਂ ਤੇ ਨਗਰ ਨਿਵਾਸੀਆਂ ਦੇ ਬਾਬਾ ਪੰਜਾਂ ਪੀਰਾਂ ਦੀ ਜਗ੍ਹਾ 'ਤੇ 17 ਮਾਰਚ ਨੂੰ ਮੈਡੀਕਲ ਕੈਂਪ ਲਵਾਇਆ ਗਿਆ ਸੀ, ਉਥੇ ਹੀ 19 ਮਾਰਚ ਨੂੰ ਸੱਭਿਆਚਾਰਕ ਮੇਲਾ ਕਰਵਾਇਆ ਜਾਣਾ ਸੀ, ਪਰ ਭਾਰੀ ਬਾਰਸ਼ ਕਾਰਨ ਰੱਦ ਕਰ ਦਿੱਤਾ ਗਿਆ ਸੀ, ਜੋ 22 ਮਾਰਚ ਨੂੰ ਬਾਬਾ ਪੰਜਾਂ ਪੀਰਾਂ ਦੀ ਜਗ੍ਹਾ 'ਤੇ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਸੱਭਿਆਚਾਰਕ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂ ਬਾਬਾ ਪੰਜਾਂ ਪੀਰਾਂ ਦੀ ਜਗ੍ਹਾ 'ਤੇ ਨਤਮਸਤਕ ਹੋਏ।ਇਸ ਮੌਕੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਤੇ ਸਾਬਕਾ ਸਰਪੰਚ ਹਰਬੰਸ ਸਿੰਘ ਜੌਹਲ ਨੇ ਦੱਸਿਆ ਕਿ ਇਸ ਜਾਂਚ ਕੈਂਪ ਦੌਰਾਨ ਮਾਹਰ ਡਾਕਟਰਾਂ ਵੱਲੋਂ 300 ਦੇ ਕਰੀਬ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 41 ਲੋੜਵੰਦ ਲੋਕਾਂ ਦੇ ਲੈਂਜ਼ ਬਾਠ ਚੈਰੀਟੇਬਲ ਹਸਪਤਾਲ ਜਲਾਲਦੀਵਾਲ ਤੋਂ ਪਵਾਏ ਤੇ 22 ਮਾਰਚ ਨੂੰ ਬਾਬਾ ਪੰਜਾਂ ਪੀਰਾਂ ਦੀ ਜਗ੍ਹਾ 'ਤੇ ਸੱਭਿਆਚਾਰਕ ਮੇਲਾ ਕਰਵਾਇਆ ਗਿਆ। ਇਸ ਮੇਲੇ ਵਿੱਚ ਪੰਜਾਬ ਦੀ ਪ੍ਰਸਿੱਧ ਦੋਗਾਣਾ ਹਰਜੀਤ ਸਿੱਧੂ, ਬਲਵੀਰ ਗਿੱਲ, ਭੁਪਿੰਦਰ ਗਿੱਲ ਤੇ ਜਸਵਿੰਦਰ ਜੀਤੂ, ਸੁੱਖਾ ਦਰਦੀ ਤੇ ਕੋਮਲ ਗਗੜਾ ਦੀਆਂ ਜੋੜੀਆਂ ਆਪਣੇ ਮਕਬੂਲ ਗੀਤਾਂ ਰਾਹੀਂ ਸਰੋਤਿਆਂ ਦਾ ਮਨੋਰੰਜਨ ਕੀਤਾ।ਸਮਾਗਮ ਦੇ ਅੰਤ ਵਿੱਚ ਪੁੱਜੀਆਂ ਸ਼ਖ਼ਸੀਅਤਾਂ ਤੇ ਸਮੂਹ ਕਲਾਕਾਰਾਂ ਦਾ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਤੇ ਸਮੁੱਚੇ ਮੈਂਬਰਾਂ ਵੱਲੋਂ ਸਨਮਾਨ ਕੀਤਾ ਗਿਆ।

ਇਸ ਮੌਕੇ ਯੁਵਕ ਸੇਵਾਵਾਂ ਕਲੱਬ ਦੇ ਪ੍ਰਧਾਨ ਅਤੇ ਸਾਬਕਾ ਸਰਪੰਚ ਹਰਬੰਸ ਸਿੰਘ ਜੌਹਲ, ਗੁਰਪ੍ਰੀਤ ਸਿੰਘ ਮੈਂਬਰ, ਮਨਜੀਤ ਸਿੰਘ ਮਨੀ, ਬਲਵੰਤ ਸਿੰਘ ਜੌਹਲ, ਜਗਤਾਰ ਸਿੰਘ ਜੱਗਾ, ਮੰਦਰ ਸਿੰਘ ਜੌਹਲ, ਗੁਰਚਰਨ ਸਿੰਘ ਪ੍ਰਧਾਨ, ਗੁਰਜੀਤ ਸਿੰਘ ਬੱਬੂ, ਜੰਗ ਸਿੰਘ ਨੈਸਲੇ, ਸੁਖਜਿੰਦਰ ਸਿੰਘ, ਜਗਰੂਪ ਸਿੰਘ ਮੈਂਬਰ ਸੁਖਵਿੰਦਰ ਸਿੰਘ ਸੁੱਖੀ, ਹਰਜੀਤ ਵਾਲੀਆ, ਦੇਵ ਸਿੰਘ ਦੌਧਰੀਆ, ਅਮਨਾ ਜੌਹਲ, ਮਨਜਿੰਦਰ ਸਿੰਘ ਮੁੰਡੂ, ਜਸਪਾਲ ਸਿੰਘ, ਅੰਗਰੇਜ ਸਿੰਘ ਜੌਹਲ, ਜਗਰਾਜ ਸਿੰਘ ਰਾਜਾ, ਸੁਰਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ, ਸਰਪੰਚ ਤੇ ਪਤਵੰਤੇ ਹਾਜ਼ਰ ਸਨ।

# ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ

## ਸ਼ਹੀਦਾਂ ਦੇ ਚਿਤਵੇ ਮਨੁੱਖੀ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਜੱਦੋ ਜਹਿਦ ਜਾਰੀ ਰੱਖਣ ਦਾ ਪ੍ਰਣ ਦੁਹਰਾਇਆ



**ਲੁਧਿਆਣਾ (ਸਤੀਸ਼ ਸਚਦੇਵਾ)**-ਨੌਜਵਾਨ ਤੇ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ 23 ਮਾਰਚ 1931 ਨੂੰ ਦੇਸ਼ ਦੀ ਆਜ਼ਾਦੀ ਲਈ ਜੂਝਦੇ ਹੋਏ ਅੰਗਰੇਜ਼ ਹਕੂਮਤ ਵੱਲੋਂ ਫਾਂਸੀ ਚੜ੍ਹਾਏ ਸ਼ਹੀਦਾਂ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਸਥਾਨਕ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਉਪਰੋਕਤ ਸ਼ਹੀਦਾਂ ਦੇ ਸਥਾਪਤ ਬੁੱਤਾਂ ਨੂੰ ਹਾਰ ਪਹਿਨਾ ਕੇ ਉਨ੍ਹਾਂ ਵੱਲੋਂ ਚਿੱਤਵੇ ਮਨੁੱਖੀ ਬਰਾਬਰੀ, ਇਨਸਾਫ ਤੇ ਲੁੱਟ ਰਹਿਤ ਸਮਾਜ ਦੀ ਸਿਰਜਣਾ ਕਰਨ ਦਾ ਸੰਕਲਪ ਦੁਹਰਾਇਆ।ਜਥੇਬੰਦੀਆਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਤਰਕਸ਼ੀਲ ਸੁਸਾਇਟੀ, ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟਰੱਸਟ ਦੇ ਕਾਰਕੁਨਾਂ ਨੇ ਸ਼ਹੀਦਾਂ ਵੱਲੋਂ ਬੁਲੰਦ ਕੀਤੇ ਨਾਹਰੇ 'ਇਨਕਲਾਬ ਜ਼ਿੰਦਾਬਾਦ, ਸਾਮਰਾਜਵਾਦ ਮੁਰਦਾਬਾਦ' ਨੂੰ ਪੂਰਾ ਕਰਨ ਤੱਕ ਜੱਦੋ-ਜਹਿਦ ਜਾਰੀ ਰੱਖਣ ਦਾ ਪ੍ਰਣ ਦੁਹਰਾਇਆ।ਇਸ ਮੌਕੇ ਇਨ੍ਹਾਂ ਸ਼ਹੀਦਾਂ ਦਾ ਨਾਂਅ ਵਰਤ ਕੇ ਸਮਾਜਿਕ ਬਦਲਾਅ ਲਿਆਉਣ ਦੇ ਵਾਅਦਿਆਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰਕੇ ਰਾਜ ਗੱਦੀਆਂ ਪ੍ਰਾਪਤ ਕਰਨ ਵਾਲੇ ਸਿਆਸਤਦਾਨਾਂ ਤੋਂ ਸੁਚੇਤ ਰਹਿਣ ਦਾ ਵੀ ਸੱਦਾ ਦਿੱਤਾ।ਮੌਜੂਦਾ ਰਾਜ ਪ੍ਰਬੰਧ ਹੇਠ ਵਧ ਰਹੀ ਸਰਕਾਰੀ ਤੇ ਗੈਰ-ਸਰਕਾਰੀ ਗੁੰਡਾਗਰਦੀ, ਭ੍ਰਿਸ਼ਟਾਚਾਰ, ਹੱਕ ਸੱਚ ਦੀ ਆਵਾਜ਼ ਜਬਰੀ ਬੰਦ ਕਰਨ ਤੇ ਲੋਕ ਵਿਰੋਧੀ ਅਤੇ ਕਾਰਪੋਰੇਟ ਪੱਖੀ ਸਰਕਾਰੀ ਨੀਤੀਆਂ ਖ਼ਿਲਾਫ਼ ਨਾਹਰੇਬਾਜ਼ੀ ਕੀਤੀ ਗਈ। ਇਸ ਮੌਕੇ ਜਸਵੰਤ ਜ਼ੀਰਖ, ਰਾਕੇਸ਼ ਆਜ਼ਾਦ, ਐਡਵੋਕੇਟ ਹਰਪ੍ਰੀਤ ਜ਼ੀਰਖ, ਜਗਜੀਤ ਸਿੰਘ, ਪ੍ਰਤਾਪ ਸਿੰਘ, ਅਜਮੇਰ ਦਾਖਾ, ਮਾ. ਸੁਰਜੀਤ ਸਿੰਘ, ਮਾ. ਜਰਨੈਲ ਸਿੰਘ, ਡਾ. ਮੋਹਨ ਸਿੰਘ, ਵਰੁਣ ਕੁਮਾਰ, ਰਜੀਵ ਕੁਮਾਰ, ਮਹੇਸ਼ ਕੁਮਾਰ ਸਮੇਤ ਹੋਰ ਸ਼ਾਮਲ ਸਨ।

# ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਯਾਦ 'ਚ ਸਮਾਗਮ



**ਜਗਰਾਉਂ (ਨਛੱਤਰ ਸੰਧੂ)**-ਸ਼ਹੀਦ ਭਗਤ ਸਿੰਘ ਨੇ ਸ਼ਹਾਦਤ ਤੋਂ ਪਹਿਲਾਂ 24 ਜਨਵਰੀ 1930 ਨੂੰ ਦੋ ਨਾਅਰੇ ਗੁੰਜਾਏ ਸਨ, ਸਾਮਰਾਜਵਾਦ ਮੁਰਦਾਬਾਦ, ਸਮਾਜਵਾਦ ਜ਼ਿੰਦਾਬਾਦ।ਅੱਜ 95 ਸਾਲ ਬਾਅਦ ਇਨ੍ਹਾਂ ਨਾਅਰਿਆਂ ਦੀ ਸਾਰਥਿਕਤਾ ਪਹਿਲਾਂ ਦੇ ਕਿਸੇ ਵੀ ਸਮੇਂ ਨਾਲੋਂ ਹਜ਼ਾਰਾਂ ਗੁਣਾਂ ਜ਼ਿਆਦਾ ਵਧ ਗਈ ਹੈ।ਇਹ ਵਿਚਾਰ ਇੱਥੇ ਸਥਾਨਕ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਹਾਲ ਵਿਖੇ ਇਨਕਲਾਬੀ ਕੇਂਦਰ ਪੰਜਾਬ ਤੇ ਸਹਿਯੋਗੀ ਜਥੇਬੰਦੀਆਂ ਵਲੋਂ ਕਰਵਾਏ ਯਾਦਗਾਰੀ ਸਮਾਗਮ 'ਚ ਅਪਣੇ ਡੇਢ ਘੰਟਾ ਲੰਮਾਂ ਲੈਕਚਰ ਦੌਰਾਨ ਸਾਬਕਾ ਵਿਦਿਆਰਥੀ ਆਗੂ ਤੇ ਉੱਘੇ ਕਾਲਮਨਵੀਸ਼ ਮਨਦੀਪ ਨੇ ਭਰਵੀਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਦੂਜੀ ਵੱਡੀ ਜੰਗ 'ਚ ਇੰਗਲੈਂਡ ਦੇ ਬੁਰੀ ਤਰ੍ਹਾਂ ਹਾਰਨ ਤੋਂ ਬਾਅਦ ਨਵੇਂ ਉੱਭਰੇ ਸਾਮਰਾਜੀ ਦੈਂਤ ਅਮਰੀਕਾ ਨੇ ਕਾਰਪੋਰੇਟਾਂ ਦੇ ਮੁਨਾਫੇ ਤੇ ਲੁੱਟ ਵਧਾਉਣ ਲਈ ਇਸ ਸਮੇਂ ਟਰੰਪ ਨਾਂ ਦੇ ਧੜਵੈਲ ਵੱਲੋਂ ਆਪਣੀਆਂ ਟੈਰਿਫ ਨੀਤੀਆਂ ਤੇ ਦੇਸ਼ਾਂ ਉੱਪਰ ਆਰਥਿਕ ਪਾਬੰਦੀਆਂ ਅਤੇ ਜੰਗਾਂ ਰਾਹੀਂ ਪੂਰੀ ਦੁਨੀਆ ਨੂੰ ਸੂਲੀ 'ਤੇ ਟੰਗ ਰੱਖਿਆ ਹੈ।ਫਲੀਸਤੀਨ 'ਚ ਬਹੱਤਰ ਹਜ਼ਾਰ ਲੋਕਾਂ ਨੂੰ ਮਾਰਨ, ਸਾਰੀ ਗ਼ਜ਼ਾ ਪੱਟੀ ਬੁਰੀ ਤਰ੍ਹਾਂ ਤਬਾਹ ਕਰਨ ਤੋਂ ਬਾਅਦ, ਵੈਨੇਜ਼ੁਏਲਾ 'ਚ ਰਾਜ ਪਲਟਾ ਕਰਕੇ, ਉੱਥੋਂ ਦਾ ਤੇਲ ਹੜੱਪ ਲਿਆ ਗਿਆ ਹੈ।ਇਸ ਸਮੇਂ ਇਜ਼ਰਾਈਲ ਤੇ ਅਮਰੀਕਾ ਨੇ ਈਰਾਨ 'ਤੇ ਨਿੱਹਕੀ ਜੰਗ ਠੋਸ ਰੱਖੀ ਹੈ।ਭਾਵੇਂ ਕਿ ਈਰਾਨੀ ਲੋਕ ਬੇਹੱਦ ਬਹਾਦਰੀ ਨਾਲ ਹਮਲੇ ਦਾ ਟਾਕਰਾ ਕਰ ਰਹੇ ਹਨ।ਮਨਦੀਪ ਨੇ ਸੰਸਾਰ ਨਕਸ਼ੇ ਦੀ ਸਹਾਇਤਾ ਨਾਲ ਦੱਸਿਆ ਕਿ ਹੁਣ ਤੱਕ ਸੰਸਾਰ ਭਰ 'ਚ ਵੱਖ ਵੱਖ 56 ਦੇਸ਼ਾਂ 'ਤੇ ਹਮਲੇ ਕਰਕੇ ਅਮਰੀਕਾ ਨੇ ਰਾਜ ਪਲਟੇ ਕੀਤੇ ਹਨ, ਕਠਪੁਤਲੀ ਸਰਕਾਰਾਂ ਬਣਾਈਆਂ ਹਨ, ਪੂਰੀ ਦੁਨੀਆ 'ਚ ਸੱਤ ਸੌ ਫੌਜੀ ਅੱਡੇ ਦੁਨੀਆ ਨੂੰ ਲੁੱਟਣ ਤੇ ਧੌਂਸਗਿਰੀ ਬਣਾ ਕੇ ਰੱਖਣ ਲਈ ਅਮਰੀਕਾ ਨੇ ਵੱਖ ਵੱਖ ਦੇਸ਼ਾਂ 'ਚ ਬਣਾ ਰੱਖੇ ਹਨ।ਖ਼ੂੰਖਾਰ ਅਮਰੀਕਾ ਨੇ ਨਵ-ਬਸਤੀਆਂ ਬਣਾ ਕੇ ਵਿੱਤੀ ਸਰਮਾਏ ਰਾਹੀਂ ਲੁੱਟ ਦੀ, ਟੈਰਿਫ ਦੀ ਜੋ ਹਨੇਰੀ ਲਿਆਂਦੀ ਹੈ, ਉਸੇ ਦਾ ਸਿੱਟਾ ਅਮਰੀਕਾ ਨਾਲ ਮੋਦੀ ਵੱਲੋਂ ਕੀਤਾ ਵਪਾਰ ਸਮਝੌਤਾ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਟਰੰਪ ਮਾਰਕਾ ਸਾਮਰਾਜ ਖਿਲਾਫ ਡਟਣ ਦਾ ਇਕੋ ਇੱਕ ਤਰੀਕਾ ਇਨਕਲਾਬ ਹੈ।ਉਨ੍ਹਾਂ ਕਿਹਾ ਕਿ ਸਮਾਜਵਾਦੀ ਰਾਜਪ੍ਰਬੰਧ ਦੀ ਸਿਰਜਣਾ, ਉਸਾਰੀ ਹੀ ਸ਼ਹੀਦਾਂ ਦਾ ਮਿਸ਼ਨ ਸੀ।

ਇਸ ਤੋਂ ਪਹਿਲਾਂ ਕੰਵਲਜੀਤ ਖੰਨਾ ਦੀ ਮੰਚ ਸੰਚਾਲਨਾ ਹੇਠ ਸ਼ਹੀਦ ਭਗਤ ਸਿੰਘ ਰਾਜਗੁਰੂ, ਸੁਖਦੇਵ, 25 ਮਾਰਚ ਨੂੰ ਸ਼ਹੀਦ ਹੋਏ ਗਦਰੀ ਸ਼ਹੀਦ ਜਗਤ ਸਿੰਘ ਬਿੰਜਲ, 29 ਮਾਰਚ ਨੂੰ ਸ਼ਹੀਦ ਹੋਏ ਗਦਰੀ ਸ਼ਹੀਦ ਹਾਫ਼ਿਜ਼ ਅਬਦੁੱਲਾ ਜਗਰਾਓਂ ਦੀਆਂ ਤਸਵੀਰਾਂ ਨੂੰ ਵੱਖ ਵੱਖ ਆਗੂਆਂ ਨੇ ਫੁੱਲ ਪੱਤੀਆਂ ਭੇਟ ਕੀਤੀਆਂ, ਜਿਨ੍ਹਾਂ ਵਿੱਚ ਏਟਕ ਆਗੂ ਗੁਰਦੀਪ ਸਿੰਘ ਮੋਤੀ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਕੋਟ ਉਮਰਾ, ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ, ਬੇਅੰਤ ਸਿੰਘ ਬਾਣੀਏਵਾਲ, ਟੀ ਐੱਸ ਯੂ ਆਗੂ ਜਗਤਾਰ ਸਿੰਘ ਸੇਖੂਪੁਰਾ, ਪੇਂਡੂ ਮਜ਼ਦੂਰ ਯੂਨੀਅਨ (ਮਸ਼ਾਲ) ਦੇ ਆਗੂ ਮਦਨ ਸਿੰਘ, ਅਵਤਾਰ ਸਿੰਘ ਗਗੜਾ, ਜਸਵੰਤ ਸਿੰਘ ਕਲੇਰ, ਹਰਜਿੰਦਰ ਕੌਰ ਲੁਧਿਆਣਾ, ਸਾਬਕਾ ਸੈਨਿਕਾਂ ਦੇ ਆਗੂ ਦੇਵੀ ਦਿਆਲ ਜੀ, ਜਗਦੀਸ਼ ਸਿੰਘ ਕਾਉਂਕੇ, ਤਰਕਸ਼ੀਲ ਆਗੂ ਕਰਤਾਰ ਸਿੰਘ ਵੀਰਾਨ ਸ਼ਾਮਲ ਸਨ।ਸਮੂਹ ਹਾਜ਼ਰੀਨ ਨੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਪ੍ਰਧਾਨਗੀ ਮੰਡਲ ਵੱਲੋਂ ਮਨਦੀਪ ਤੇ ਵਿੱਛੜ ਗਏ ਤਰਕਸ਼ੀਲ ਆਗੂ ਬਾਈ ਅਵਤਾਰ ਗਿੱਲ ਦੇ ਤਿੰਨਾਂ ਬੇਟਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਲੋਕ ਗਾਇਕ ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤਾਂ ਰਾਹੀਂ ਸਮਾਗਮ ਨੂੰ ਇਨਕਲਾਬੀ ਰੰਗ 'ਚ ਰੰਗਿਆ।

## ਸਹਨੂਰ ਬਾਵਾ ਨੇ 200 ਮੀਟਰ 'ਚ ਜਿੱਤਿਆ ਸੋਨੇ ਦਾ ਤਮਗ਼ਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸਟੀਫਨ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਸੀਨੀਅਰ ਓਪਨ ਪੰਜਾਬ ਐਥਲੈਟਿਕਸ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ।ਸਹਨੂਰ ਬਾਵਾ ਨੇ 200 ਮੀਟਰ 'ਚ ਸੋਨੇ ਦਾ ਤਮਗਾ ਤੇ 400 ਮੀਟਰ ਵਿੱਚ ਚਾਂਦੀ ਦਾ ਤਮਗਾ ਜਿੱਤਿਆ।ਜਸਕੀਰਤ ਨੇ 1500 ਮੀਟਰ 'ਚ ਚਾਂਦੀ ਦਾ ਤਮਗਾ ਹਾਸਲ ਕੀਤਾ।ਰਸ਼ਮਨ ਨੇ 100 ਮੀਟਰ ਅਤੇ ਲਾਂਗ ਜੰਪ ਵਿੱਚ ਕਾਂਸੀ ਦੇ ਤਮਗੇ ਜਿੱਤੇ।ਜਗਮੇਲ ਸਿੰਘ ਨੇ ਟ੍ਰਿਪਲ ਜੰਪ 'ਚ ਕਾਂਸੀ ਦਾ ਤਮਗਾ ਹਾਸਲ ਕੀਤਾ।ਜਸਕਰਨ ਸਿੰਘ ਨੇ 800 ਮੀਟਰ ਵਿੱਚ ਕਾਂਸੀ ਦਾ ਤਮਗਾ ਜਿੱਤਿਆ।ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਤੇ ਚੇਅਰਮੈਨ ਸ਼੍ਰੀਮਾਨ ਦੀਪਕ ਕੁਮਾਰ ਨੇ ਸਾਰੇ ਜੇਤੂਆਂ ਨੂੰ ਦਿਲੋਂ ਵਧਾਈ ਦਿੱਤੀ ਤੇ ਉਨ੍ਹਾਂ ਦੀ ਮਿਹਨਤ ਤੇ ਸਮਰਪਣ ਦੀ ਸਰਾਹਨਾ ਕੀਤੀ।ਉਨ੍ਹਾਂ ਨੇ ਸਮੂਹ ਸਟਾਫ ਨੂੰ ਵੀ ਉਨ੍ਹਾਂ ਦੇ ਲਗਾਤਾਰ ਸਹਿਯੋਗ ਲਈ ਵਧਾਈ ਦਿੱਤੀ।ਵਿਦਿਆਰਥੀ ਕੋਚ ਸ਼੍ਰੀਮਾਨ ਜਸਪ੍ਰੀਤ ਸਿੰਘ ਦੀ ਰਹਿਨੁਮਾਈ ਹੇਠ ਤਿਆਰ ਹੋਏ, ਜਿਨ੍ਹਾਂ ਦੀ ਮਿਹਨਤ ਤੇ ਟ੍ਰੇਨਿੰਗ ਦਾ ਇਸ ਕਾਮਯਾਬੀ ਵਿੱਚ ਵੱਡਾ ਯੋਗਦਾਨ ਰਿਹਾ।

# 'ਬੱਚੇ ਜੋ ਬਚੇ ਨਹੀਂ' ਨਾਟਕ ਨਾਲ 29ਵੇਂ ਕਲਾ ਕਿਤਾਬ ਮੇਲੇ ਦਾ ਆਗਾਜ਼



**ਮਾਨਸਾ (ਆਤਮਾ ਸਿੰਘ ਪਮਾਰ)**

ਸ਼ਹੀਦ ਭਗਤ ਸਿੰਘ ਕਲਾ ਮੰਚ ਪੰਜਾਬ ਵੱਲੋਂ 'ਜੰਗ ਨਹੀਂ, ਅਮਨ' ਦੇ ਥੀਮ 'ਤੇ ਕਲਾ ਕਿਤਾਬ ਮੇਲੇ ਦਾ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਭਾਵਸ਼ਾਲੀ ਆਗਾਜ਼ ਹੋਇਆ।ਮੇਲੇ ਦੇ ਉਦਘਾਟਨੀ ਸੈਸ਼ਨ 'ਚ ਚਾਰ ਪ੍ਰਸਿੱਧ ਵਿਦਵਾਨਾਂ ਨੇ ਵਿਚਾਰ ਪ੍ਰਗਟ ਕੀਤੇ।ਵਾਰਾਣਸੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੀ ਵਿਦਵਾਨ ਡਾ. ਵੰਦਨਾ ਚੌਬੇ ਨੇ 'ਯੁੱਧ ਤੇ ਔਰਤਾਂ' ਵਿਸ਼ੇ 'ਤੇ ਬੋਲਦਿਆਂ ਰੋਜ਼ਾ ਲਗਜ਼ਮਬਰਗ ਤੇ ਕਲਾਰਾ ਜੈਟਕਿਨ ਦੇ ਹਵਾਲੇ ਨਾਲ ਕਿਹਾ ਕਿ ਔਰਤਾਂ ਦੀ ਵਿਸ਼ਵ ਜੰਗਾਂ ਨੂੰ ਸਮਾਪਤ ਕਰਨ 'ਚ ਅਹਿਮ ਭੂਮਿਕਾ ਰਹੀ ਹੈ।

ਚੌਬੇ ਨੇ ਕਿਹਾ ਕਿ ਯੁੱਧ ਦਾ ਸਭ ਤੋਂ ਵੱਧ ਸੰਤਾਪ ਔਰਤਾਂ ਨੂੰ ਹੀ ਹੰਢਾਉਣਾ ਪੈਂਦਾ ਹੈ ਤੇ ਔਰਤਾਂ ਨੇ ਹੀ ਇਸ ਲੜਾਈ ਦੀ ਪੀੜ ਨੂੰ ਸਭ ਤੋਂ ਵੱਧ ਸ਼ਿੱਦਤ ਨਾਲ ਮਹਿਸੂਸ ਕੀਤਾ।ਪ੍ਰਲੇਸ਼ ਦੀ ਕੌਮੀ ਇਕਾਈ ਦੇ ਜਨਰਲ ਸਕੱਤਰ ਡਾ. ਸੁਖਦੇਵ ਸਿਰਸਾ, ਪ੍ਰਸਿੱਧ ਵਿਦਵਾਨ ਸਤਨਾਮ ਚਾਨਾ, ਲੋਕ ਘੋਲਾਂ ਦੇ ਆਗੂ ਸੁਖਦਰਸ਼ਨ ਨੱਤ ਨੇ ਕ੍ਰਮਵਾਰ 'ਸਾਮਰਾਜੀ ਜੰਗਾਂ : ਮਨੁੱਖੀ ਸਰਮਾਏ ਤੇ ਲਾਲਸਾ ਦੀ ਅੰਨ੍ਹੀ ਦੌੜ', 'ਜੰਗ ਦੇ ਖਿਲਾਫ਼ ਅਮਨ ਦਾ ਇਤਿਹਾਸ' ਤੇ 'ਜੰਗ ਦੇ ਵੀਰੋ ਜੰਗ ਦੀ ਲੋੜ' ਵਿਸ਼ਿਆਂ 'ਤੇ ਚਰਚਾ ਕਰਦਿਆਂ ਕਿਹਾ ਕਿ ਵਿਸ਼ਵ ਪੱਧਰ 'ਤੇ ਹੋਈਆਂ ਜਾਂ ਹੋਣ ਜਾ ਰਹੀਆਂ ਜੰਗਾਂ ਦੇ ਬਹੁਤ ਸਾਰੇ ਪਾਸਾਰ ਸਾਹਮਣੇ ਲਿਆਂਦੇ।ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਪ੍ਰਸਿੱਧ ਖੱਬੇ ਪੱਖੀ ਨੇਤਾ ਹਰਦੇਵ ਅਰਸ਼ੀ ਨੇ ਕਿਹਾ ਕਿ ਅਮਰੀਕਾ ਨੇ ਵੈਨਜ਼ੁਏਲਾ, ਲੀਬੀਆ, ਸੀਰੀਆ, ਇਰਾਕ, ਫਲਸਤੀਨ ਆਦਿ ਕਿੰਨੇ ਹੀ ਮੁਲਕਾਂ ਚ ਅੱਗਾਂ ਲਗਾਈਆਂ ਹਨ। ਵਿਸ਼ੇਸ਼ ਮਹਿਮਾਨ ਸਵਰਾਜ ਬੀਰ ਨੇ ਕਿਹਾ ਕਿ ਬਹੁਤ ਸਾਰੇ ਸ਼ਾਇਰਾਂ ਨੇ ਜੰਗ ਦੇ ਇਸ ਸਾਮਰਾਜੀ ਬਿਰਤਾਂਤ ਨੂੰ ਰੱਦ ਕਰਕੇ ਲੋਕਪੱਖੀ ਬਿਰਤਾਂਤ ਵੀ ਸਿਰਜੇ ਹਨ। ਇਸ ਸੈਸ਼ਨ ਚ ਅਸ਼ੀਰਵਾਦੀ ਬੋਲ ਮਨਜੀਤ ਕੌਰ ਔਲਖ ਅਤੇ ਧੰਨਵਾਦ ਦਰਸ਼ਨ ਜੋਗਾ ਨੇ ਕੀਤਾ। ਸੰਸਥਾ ਦੇ ਕਨਵੀਨਰ ਡਾ. ਕੁਲਦੀਪ ਸਿੰਘ ਦੀਪ ਦੁਆਰਾ ਆਏ ਮਹਿਮਾਨਾਂ ਦਾ ਸਵਾਗਤ ਕਰਨ ਤੋਂ ਬਾਅਦ ਮੰਚ ਸੰਚਾਲਨ ਡਾ. ਸੰਦੀਪ ਸਿੰਘ ਨੇ ਬਹੁਤ ਖੂਬਸੂਰਤੀ ਨਾਲ ਚਲਾਇਆ।ਦੂਜੇ ਸੈਸ਼ਨ ਦਾ ਆਗਾਜ਼ 25 ਦੇ ਕਰੀਬ ਸ਼ਾਇਰਾਂ ਦੇ ਕਲਾਮ ਨਾਲ ਹੋਇਆ।ਸੈਸ਼ਨ ਦੀ ਪ੍ਰਧਾਨਗੀ ਪ੍ਰਗਤੀਸ਼ੀਲ ਲੇਖਕ ਸੰਘ ਦੇ ਪ੍ਰਧਾਨ ਸੁਰਜੀਤ ਜੱਜ ਨੇ ਕੀਤੀ ਤੇ ਪ੍ਰਧਾਨਗੀ ਮੰਡਲ 'ਚ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਪ੍ਰਾਪਤ ਡਾ. ਪਾਲ ਕੌਰ ਤੇ ਪੰਜਾਬ ਕਲਾ ਪ੍ਰੀਸ਼ਦ ਦੇ ਚੇਅਰਮੈਨ ਸਵਰਨਜੀਤ ਸਵੀ ਸ਼ਾਮਲ ਹੋਏ।ਸ਼ਾਇਰ ਗੁਰਪ੍ਰੀਤ ਦੁਆਰਾ ਜੀ ਆਇਆਂ ਨੂੰ ਕਹਿਣ ਦੇ ਬਾਅਦ ਡਾ. ਦੀਪਕ ਧਲੇਵਾਂ ਤੇ ਕੁਲਵਿੰਦਰ ਬੱਛੋਆਣਾ ਦੀ ਸੰਚਾਲਨਾ ਹੇਠ ਢਾਈ ਘੰਟੇ ਸ਼ਾਇਰੀ ਦੇ ਬਹੁਤ ਸਾਰੇ ਰੰਗ ਦੇਖਣ ਨੂੰ ਮਿਲੇ।ਇਨ੍ਹਾਂ ਸ਼ਾਇਰਾਂ 'ਚ ਪ੍ਰਸਿੱਧ ਸ਼ਾਇਰ ਵਿਜੈ ਵਿਵੇਕ, ਮਨਜੀਤ ਪੁਰੀ, ਅਜੀਤਪਾਲ ਜਟਾਣਾ, ਹਰਮੀਤ ਵਿਦਿਆਰਥੀ, ਸੁਰਿੰਦਰਪ੍ਰੀਤ ਘਣੀਆ, ਡਾ. ਸੰਤੋਖ ਸੁੱਖੀ, ਵਾਹਿਦ, ਚਰਨਜੀਤ ਸਮਾਲਸਰ, ਰਾਜਵਿੰਦਰ ਕੌਰ ਜਟਾਣਾ, ਕਮਲ ਸੇਖੋਂ, ਰਮਨਦੀਪ ਵਿਰਕ, ਜਗਜੀਤ ਕੌਰ ਢਿਲਵਾਂ, ਮਨਦੀਪ ਭਦੌੜ, ਅੰਜਨਾ ਮੈਨਨ ਤੇ ਰੂਹੀ ਸਿੰਘ ਸ਼ਾਮਲ ਰਹੇ।

ਰਾਤ ਦੇ ਸੈਸ਼ਨ ਦਾ ਆਗਾਜ਼ ਪ੍ਰਸਿੱਧ ਨਾਟਕਕਾਰ ਮਰਹੂਮ ਬਲਰਾਜ ਮਾਨ ਦੇ ਪਰਵਾਰ ਦੁਆਰਾ ਸ਼ਮ੍ਹਾ ਰੌਸ਼ਨ ਕਰਕੇ ਕੀਤਾ।ਸੈਸ਼ਨ 'ਚ ਜਸਪ੍ਰੀਤ ਕੌਰ ਨੇ ਕਸ਼ਮੀਰ ਦੀ ਹੱਦ 'ਤੇ ਡਿਊਟੀ ਕਰਦੇ ਇੱਕ ਫੌਜੀ ਦੁਆਰਾ ਆਪਣੀ ਪਤਨੀ ਨੂੰ ਖ਼ਤ ਦੇ ਰੂਪ 'ਚ ਲਿਖੀ ਕਵਿਤਾ ਦੀ ਪੇਸ਼ਕਾਰੀ ਕੀਤੀ।ਇਸ ਤੋਂ ਬਾਅਦ ਇਪਟਾ ਲਹਿਰ ਦੀ ਹੁਣ ਬਾਨਵੇਂ ਸਾਲਾ ਕਾਮੇ ਰਾਜਵੰਤ ਕੌਰ ਪ੍ਰੀਤ ਮਾਨ, ਪੰਜਾਬੀ ਰੰਗਮੰਚ ਅਤੇ ਫਿਲਮਾਂ ਦੀ ਵੱਡੀ ਹਸਤੀ ਅਨੀਤਾ ਮੀਤ ਤੇ ਭੰਡਾਂ ਦੀ ਕਲਾ ਨੂੰ ਜਿਉਂਦਾ ਰੱਖਣ ਵਾਲੇ ਅਵਤਾਰ ਮੋਗਾ ਦਾ ਸਨਮਾਨ ਵੀ ਕੀਤਾ ਗਿਆ।

ਇਸ ਉਪਰੰਤ ਡਾ. ਸੋਮਪਾਲ ਹੀਰਾ ਦੁਆਰਾ ਡਾ. ਕੁਲਦੀਪ ਸਿੰਘ ਦੀਪ ਦਾ ਲਿਖਿਆ ਨਾਟਕ 'ਬੱਚੇ ਜੋ ਬਚੇ ਨਹੀਂ' ਖੇਡਿਆ, ਜਿਸ 'ਚ ਦੋ ਪਾਤਰਾਂ ਕਿਮ ਤੇ ਨਿੱਕ ਰਾਹੀਂ ਵਿਸ਼ਵ ਇਤਿਹਾਸ ਦੀ ਅੱਠ ਉਹ ਘਟਨਾਵਾਂ ਨੂੰ ਆਧਾਰ ਬਣਾਇਆ ਜਿਨ੍ਹਾਂ 'ਚ ਬੱਚਿਆਂ ਦੀ ਲੱਖਾਂ ਮੌਤਾਂ ਹੋਈਆਂ।

# ਕਾਂਗਰਸ ਨੇ ਹਮੇਸ਼ਾ ਹਰ ਵਰਗ ਦੇ ਹੱਕਾਂ ਦੀ ਆਵਾਜ਼ ਉਠਾਈ : ਜਗਸੀਰ ਕਾਲੇਕੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੇ ਸੀਨੀਅਰ ਕਾਂਗਰਸੀ ਆਗੂ ਤੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਇਕੱਲੀ ਅਜਿਹੀ ਪਾਰਟੀ ਹੈ, ਜੋ ਹਮੇਸ਼ਾ ਲੋਕਾਂ ਦੇ ਹੱਕਾਂ ਤੇ ਭਲਾਈ ਲਈ ਲੜਦੀ ਆਈ ਹੈ।ਉਨ੍ਹਾਂ ਕਿਹਾ ਕਿ ਦੇਸ਼ ਤੇ ਪੰਜਾਬ ਦੇ ਇਤਿਹਾਸ ਨੂੰ ਵੇਖਿਆ ਜਾਵੇ ਤਾਂ ਕਾਂਗਰਸ ਸਰਕਾਰਾਂ ਨੇ ਹੀ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਤੇ ਲੋਕਾਂ ਨੂੰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਈਆਂ। ਜਗਸੀਰ ਸਿੰਘ ਕਾਲੇਕੇ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਲੋਕ ਮਹਿੰਗਾਈ, ਬੇਰੋਜ਼ਗਾਰੀ ਤੇ ਕਿਸਾਨੀ ਸੰਕਟ ਨਾਲ ਜੂਝ ਰਹੇ ਹਨ, ਪਰ ਮੌਜੂਦਾ ਸਰਕਾਰਾਂ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਵਿੱਚ ਨਾਕਾਮ ਰਹੀਆਂ ਹਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾ ਕਿਸਾਨਾਂ, ਮਜ਼ਦੂਰਾਂ ਤੇ ਹਰ ਵਰਗ ਦੇ ਹੱਕਾਂ ਦੀ ਆਵਾਜ਼ ਉਠਾਈ ਹੈ ਤੇ ਅੱਗੇ ਵੀ ਇਹ ਲੜਾਈ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਹਲਕੇ ਵਿੱਚ ਵੀ ਕਾਂਗਰਸ ਪਾਰਟੀ ਦੇ ਸਮੇਂ ਦੌਰਾਨ ਕਈ ਵਿਕਾਸੀ ਕੰਮ ਹੋਏ, ਜਿਵੇਂ ਸੜਕਾਂ ਦਾ ਜਾਲ, ਪੀਣ ਵਾਲੇ ਪਾਣੀ ਦੀਆਂ ਸੁਵਿਧਾਵਾਂ ਤੇ ਸਿੱਖਿਆ ਸੰਸਥਾਵਾਂ ਦਾ ਵਾਧਾ।ਕਾਲੇਕੇ ਨੇ ਦੋਸ਼ ਲਾਇਆ ਕਿ ਮੌਜੂਦਾ ਪ੍ਰਸ਼ਾਸਨ ਨੇ ਇਨ੍ਹਾਂ ਕੰਮਾਂ ਨੂੰ ਅੱਗੇ ਵਧਾਉਣ ਦੀ ਬਜਾਏ ਉਲਟ ਲੋਕਾਂ ਨੂੰ ਮੁਸ਼ਕਲਾਂ ਵਿੱਚ ਪਾਇਆ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਮਕਸਦ ਸਿਰਫ਼ ਰਾਜਨੀਤੀ ਕਰਨਾ ਨਹੀਂ, ਸਗੋਂ ਲੋਕਾਂ ਦੀ ਸੇਵਾ ਕਰਨਾ ਹੈ।ਇਸੇ ਨਿਸ਼ਾਨੇ ਨਾਲ ਉਹ ਤੇ ਉਨ੍ਹਾਂ ਦੀ ਟੀਮ ਬਾਘਾ ਪੁਰਾਣਾ ਦੇ ਹਰ ਪਿੰਡ ਤੇ ਸ਼ਹਿਰ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਹਨ ਤੇ ਉਨ੍ਹਾਂ ਦੇ ਹੱਲ ਲਈ ਵਚਨਬੱਧ ਹਨ।ਅੰਤ ਵਿੱਚ ਜਗਸੀਰ ਸਿੰਘ ਕਾਲੇਕੇ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਾਰਟੀ ਦਾ ਸਾਥ ਦੇਣ ਤਾਂ ਜੋ ਇੱਕ ਵਾਰ ਫਿਰ ਪੰਜਾਬ ਨੂੰ ਤਰੱਕੀ ਦੇ ਰਸਤੇ 'ਤੇ ਲਿਆ ਜਾ ਸਕੇ।

## ਸ਼ਹੀਦ ਭਗਤ ਸਿੰਘ ਦੇ ਵਿਚਾਰ ਨੌਜਵਾਨਾਂ ਲਈ ਪ੍ਰੇਰਨਾਸਰੋਤ : ਢੋਸੀਵਾਲ
### ਵਿਕਾਸ ਮਿਸ਼ਨ ਵੱਲੋਂ ਸ਼ਰਧਾਂਜਲੀ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-'ਲੰਮੇ ਸਮੇਂ ਤੱਕ ਵਿਦੇਸ਼ੀਆਂ ਅਧੀਨ ਰਹੇ ਭਾਰਤ ਦੇਸ਼ ਨੂੰ ਆਜ਼ਾਦ ਕਰਾਉਣ ਵਿੱਚ ਲੱਖਾਂ ਹੀ ਦੇਸ਼ ਭਗਤਾਂ ਨੇ ਤਸੀਹੇ ਸਹੇ ਤੇ ਆਪਣੀਆਂ ਜਾਨਾਂ ਦੀਆਂ ਕੁਰਬਾਨੀਆਂ ਦਿੱਤੀਆਂ।ਅਜਿਹੇ ਦੇਸ਼ ਭਗਤਾਂ ਵਿੱਚ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਨਾਮ ਮੁੱਢਲੀਆਂ ਸਫਾਂ ਵਿੱਚ ਲਿਖਿਆ ਜਾਂਦਾ ਹੈ।ਇਨ੍ਹਾਂ ਨੇ ਆਪਣੀ ਚੜ੍ਹਦੀ ਜਵਾਨੀ ਵਿੱਚ ਫਾਂਸੀ ਦੇ ਫੰਦੇ ਨੂੰ ਚੁੰਮਿਆ ਤੇ ਦੇਸ਼ ਲਈ ਆਪਣੀਆਂ ਜ਼ਿੰਦਾ ਵਾਰ ਦਿੱਤੀਆਂ।ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਨੇ ਆਜ਼ਾਦੀ ਦੇ ਸੰਘਰਸ਼ ਲਈ ਜੋ ਵਿਚਾਰ ਦਿੱਤੇ, ਉਹ ਅੱਜ ਦੇ ਨੌਜਵਾਨਾਂ ਲਈ ਪ੍ਰੇਰਨਾ ਸਰੋਤ ਹਨ।' ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਥਾਨਕ ਸਿਟੀ ਹੋਟਲ ਵਿਖੇ ਸ਼ਰਧਾਂਜਲੀ ਮੀਟਿੰਗ ਦੌਰਾਨ ਮਿਸ਼ਨ ਮੁਖੀ ਪ੍ਰਸਿੱਧ ਸਮਾਜਸੇਵਕ ਜਗਦੀਸ਼ ਰਾਏ ਢੋਸੀਵਾਲ ਨੇ ਪ੍ਰਗਟ ਕੀਤੇ।ਮੀਟਿੰਗ ਦੌਰਾਨ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੂੜੀਆ (ਦੋਵੇਂ ਪੈਟਰਨ), ਸੀਨੀਅਰ ਮੈਂਬਰ ਰਾਜੇਸ਼ ਗਿਰਧਰ ਤੋਂ ਇਲਾਵਾ ਸੀਨੀਅਰ ਮੈਂਬਰ ਪ੍ਰਿੰਸੀਪਲ ਕੁਲਵੰਤ ਸ਼ਰਮਾ, ਸਾਹਿਲ ਕੁਮਾਰ ਹੈਪੀ, ਨਰਿੰਦਰ ਕਾਕਾ, ਕੇ. ਐੱਲ. ਮਹਿੰਦਰਾ ਤੇ ਵਿਕਰਾਂਤ ਤੇਰੀਆ ਆਦਿ ਸਮੇਤ ਕਈ ਹੋਰ ਮੈਂਬਰ ਮੌਜੂਦ ਸਨ।ਇਸ ਤੋਂ ਇਲਾਵਾ ਪ੍ਰਸਿੱਧ ਸਮਾਜ ਸੇਵਕ ਤੇ ਸੀਨੀਅਰ ਭਾਜਪਾ ਆਗੂ ਮਿਕਲ ਬਜਾਜ ਵੀ ਇਸ ਸ਼ਰਧਾਂਜਲੀ ਮੀਟਿੰਗ ਵਿੱਚ ਉਚੇਚੇ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਸ੍ਰ. ਭਗਤ ਸਿੰਘ ਦੇ ਚਿੱਤਰ ਨੂੰ ਸਮੂਹ ਮੈਂਬਰਾਂ ਵੱਲੋਂ ਫੁੱਲ ਭੇਟ ਕੀਤੇ ਗਏ।ਉਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਸ਼ਹੀਦ ਭਗਤ ਸਿੰਘ ਤੇ ਹੋਰਨਾਂ ਵੱਲੋਂ ਦਿਖਲਾਏ ਹੋਏ ਰਸਤੇ 'ਤੇ ਚੱਲਣ ਦਾ ਪ੍ਰਣ ਵੀ ਲਿਆ।

## ਦ ਕਿੰਡਰਗਾਰਟਨ ਸਕੂਲ 'ਚ ਗ੍ਰੈਜੂਏਸ਼ਨ ਸਮਾਰੋਹ ਕੀਤਾ



**ਨਾਭਾ (ਵਰਿੰਦਰ ਵਰਮਾ)**-ਦ ਕਿੰਡਰਗਾਰਟਨ ਕੈਂਪਸ 'ਚ ਸਕੂਲ ਨਿਰਦੇਸ਼ਕਾ ਅੰਜੂ ਬਾਂਸਲ ਦੀ ਅਗਵਾਈ ਹੇਠ ਮੌਂਟ-3 ਜਮਾਤ ਦੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ 'ਚ ਮਾਪਿਆਂ ਦੀ ਸਰਗਰਮ ਭਾਗੀਦਾਰੀ ਨੇ ਪ੍ਰੋਗਰਾਮ ਦੀ ਸ਼ੋਭਾ ਨੂੰ ਹੋਰ ਵੀ ਵਧਾ ਦਿੱਤਾ।ਸਕੂਲ ਚੇਅਰਮੈਨ ਸ੍ਰੀ ਸੰਦੀਪ ਬਾਂਸਲ ਦੇ ਸ਼ਬਦਾਂ 'ਚ ਇਹ ਸਮਾਰੋਹ ਕੇਵਲ ਡਿਗਰੀ ਪ੍ਰਾਪਤ ਕਰਨ ਦਾ ਨਹੀਂ, ਸਗੋਂ ਸਫ਼ਲਤਾ ਨੂੰ ਸਾਂਝਾ ਕਰਨ ਤੇ ਜੀਵਨ ਦੇ ਨਵੇਂ ਸਫ਼ਰ ਲਈ ਤਿਆਰ ਹੋਣ ਦਾ ਇੱਕ ਜਸ਼ਨ ਹੈ।ਬੱਚਿਆਂ ਨੇ ਰੰਗ-ਬਰੰਗੀਆਂ ਸੰਸਕ੍ਰਿਤਿਕ ਪੇਸ਼ਕਾਰੀਆਂ ਦਿੱਤੀਆਂ, ਜਿਨ੍ਹਾਂ 'ਚ ਨਾਚ, ਗੀਤ ਤੇ ਛੋਟੇ-ਛੋਟੇ ਭਾਸ਼ਣਾਂ ਨੇ ਸਭ ਦਾ ਮਨ ਮੋਹ ਲਿਆ।ਨੰਨ੍ਹੇ ਵਿਦਿਆਰਥੀਆਂ ਨੂੰ ਗ੍ਰੈਜੂਏਸ਼ਨ ਗਾਊਨ ਤੇ ਕੈਪ ਪਹਿਨਾ ਕੇ ਮੰਚ 'ਤੇ ਸਨਮਾਨਤ ਕੀਤਾ ਗਿਆ, ਜਿਸ ਨਾਲ ਉਨ੍ਹਾਂ ਦੇ ਚਿਹਰਿਆਂ 'ਤੇ ਆਤਮਵਿਸ਼ਵਾਸ ਅਤੇ ਖੁਸ਼ੀ ਸਪੱਸ਼ਟ ਦਿਖਾਈ ਦੇ ਰਹੀ ਸੀ।ਪੂਰੇ ਪ੍ਰੋਗਰਾਮ ਦੌਰਾਨ ਬੱਚਿਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਦਾ ਜੋਸ਼ ਵੀ ਦੇਖਣ ਯੋਗ ਸੀ।ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤਪਾਲ ਕੌਰ ਗਰੇਵਾਲ ਨੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਨੂੰ ਜੀਵਨ 'ਚ ਲਗਾਤਾਰ ਸਿੱਖਦੇ ਰਹਿਣ, ਆਪਣੇ ਉਦੇਸ਼ਾਂ ਪ੍ਰਤੀ ਸਮਰਪਤ ਰਹਿਣ ਤੇ ਨੈਤਿਕ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਤ ਕੀਤਾ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਜਮਾਤ ਦਾ ਅੰਤ ਨਹੀਂ, ਸਗੋਂ ਇੱਕ ਨਵੀਂ ਸ਼ੁਰੂਆਤ ਹੈ।ਜੂਨੀਅਰ ਕੋਆਰਡੀਨੇਟਰ ਸ਼੍ਰੀਮਤੀ ਪ੍ਰਿਯੰਕਾ ਉਪਾਧਿਆਇ ਨੇ ਕਿਹਾ ਕਿ ਬੱਚਿਆਂ ਦੀ ਸਫ਼ਲਤਾ ਵਿੱਚ ਮਾਪਿਆਂ ਤੇ ਅਧਿਆਪਕਾਂ ਦੀ ਸਾਂਝ ਬਹੁਤ ਜ਼ਰੂਰੀ ਹੈ।ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਆਤਮਵਿਸ਼ਵਾਸ ਅਤੇ ਦ੍ਰਿੜ ਨਿਸ਼ਚੇ ਨਾਲ ਅੱਗੇ ਵਧਣ ਦੀ ਸਲਾਹ ਦਿੱਤੀ। ਦ ਕਿੰਡਰਗਾਰਟਨ ਦਾ ਇਹ ਗ੍ਰੈਜੂਏਸ਼ਨ ਸਮਾਰੋਹ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਲਈ ਇੱਕ ਯਾਦਗਾਰ ਪਲ ਬਣ ਗਿਆ, ਜਿਸ ਨੇ ਉਨ੍ਹਾਂ ਨੂੰ ਅੱਗੇ ਵਧਣ ਲਈ ਨਵੀਂ ਊਰਜਾ ਤੇ ਆਤਮਵਿਸ਼ਵਾਸ ਪ੍ਰਦਾਨ ਕੀਤਾ।

## ਝੀਂਡਾ ਤੇ ਦਾਦੂਵਾਲ ਦੇ ਟਕਰਾਅ ਨੇ ਸਿੱਖਾਂ ਨੂੰ ਸ਼ਰਮਸਾਰ ਕੀਤਾ : ਐਡ. ਜਰਨੈਲ ਸਿੰਘ ਬਰਾੜ



**ਸਿਰਸਾ (ਜਗਤਾਰ ਸਮਾਲਸਰ)**-ਹਰਿਆਣਾ ਵਿੱਚ ਵੱਖਰੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਗਠਨ ਸਮੇਂ ਰਾਜ ਭਰ ਦੇ ਸਿੱਖ ਭਾਈਚਾਰੇ ਵਿੱਚ ਬਹੁਤ ਉਤਸ਼ਾਹ ਸੀ, ਕਿਉਂਕਿ ਉਨ੍ਹਾਂ ਦਾ ਮੰਨਣਾ ਸੀ ਕਿ ਹਰਿਆਣਾ ਦੇ ਗੁਰਦੁਆਰਿਆਂ ਵਿੱਚ ਇਕੱਠੀ ਹੋਈ ਧਨ ਰਾਸ਼ੀ ਦੀ ਵਰਤੋਂ ਹੁਣ ਰਾਜ 'ਚ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਤੇ ਸੂਬੇ ਵਿੱਚ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਬਿਹਤਰ ਢੰਗ ਨਾਲ ਹੋ ਸਕੇਗੀ, ਪਰ ਅੱਜ ਜਦੋਂ ਅਸੀਂ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਆਗੂਆਂ ਨੂੰ ਆਪਸ ਵਿੱਚ ਲੜਦੇ ਤੇ ਇੱਕ-ਦੂਜੇ ਵਿਰੁੱਧ ਗੰਭੀਰ ਦੋਸ਼ ਲਾਉਂਦੇ ਦੇਖਦੇ ਹਾਂ ਤਾਂ ਹਰਿਆਣਾ ਵਿੱਚ ਸਿੱਖ ਭਾਈਚਾਰੇ ਦਾ ਸਿਰ ਸ਼ਰਮ ਨਾਲ ਝੁਕਦਾ ਹੈ।ਇਹ ਸ਼ਬਦ ਐਡਵੋਕੇਟ ਜਰਨੈਲ ਸਿੰਘ ਬਰਾੜ ਨੇ ਆਖੇ। ਬਰਾੜ ਨੇ ਕਿਹਾ ਕਿ ਉਨ੍ਹਾਂ ਨੇ ਹਰਿਆਣਾ ਵਿੱਚ ਇੱਕ ਵੱਖਰੀ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਨੂੰ ਯਕੀਨੀ ਬਣਾਉਣ ਲਈ ਲੰਬੀ ਭੁੱਖ ਹੜਤਾਲ ਕੀਤੀ ਸੀ, ਪਰ ਅੱਜ ਅਲੱਗ ਕਮੇਟੀ ਦੇ ਹਾਲਾਤ ਦੇਖ ਕੇ ਉਨ੍ਹਾਂ ਨੂੰ ਖੁਦ ਵੀ ਅਫਸੋਸ ਹੋ ਰਿਹਾ ਹੈ।ਬਰਾੜ ਨੇ ਕਿਹਾ ਕਿ ਉਨ੍ਹਾਂ ਨੂੰ ਉਮੀਦ ਸੀ ਕਿ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਅਗਵਾਈ ਨਵੀਂ ਊਰਜਾ ਅਤੇ ਨਵੀਂ ਸੋਚ ਨਾਲ ਕਰੇਗੀ, ਪਰ ਗਲਤ ਸੋਚ ਵਾਲੇ ਲੋਕ ਇਸ 'ਤੇ ਕਾਬਜ਼ ਹੋ ਗਏ। ਪੰਜਾਬ ਵਿੱਚ ਜਗਦੀਸ਼ ਸਿੰਘ ਝੀਂਡਾ ਤੇ ਬਲਜੀਤ ਸਿੰਘ ਦਾਦੂਵਾਲ ਦਾ ਵਿਹਾਰ, ਇੱਕ ਦੂਜੇ ਵਿਰੁੱਧ ਐਫਆਈਆਰ ਦਰਜ ਕਰਾਉਣਾ ਤੇ ਸ਼ਾਹਬਾਦ ਦੇ ਮੀਰੀ-ਪੀਰੀ ਕਾਲਜ ਵਿੱਚ ਦਾਦੂਵਾਲ ਦੇ ਵਿਹਾਰ ਨੇ ਸਿੱਖਾਂ ਨੂੰ ਸ਼ਰਮਸਾਰ ਕੀਤਾ ਹੈ।ਉਨ੍ਹਾਂ ਕਿਹਾ ਕਿ ਜੇਕਰ ਝੀਂਡਾ ਤੇ ਦਾਦੂਵਾਲ ਨੂੰ ਸਿੱਖ ਧਰਮ ਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਤੀ ਸਤਿਕਾਰ ਹੈ ਤਾਂ ਉਨ੍ਹਾਂ ਨੂੰ ਤੁਰੰਤ ਸਿੱਖਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ ਤੇ ਆਪਣੇ ਅਹੁਦਿਆਂ ਤੋਂ ਅਸਤੀਫਾ ਦੇਣਾ ਚਾਹੀਦਾ ਹੈ।ਹਰਿਆਣਾ ਦੇ ਸਿੱਖਾਂ ਨੂੰ ਹੀ ਨਹੀਂ, ਸਗੋਂ ਦੁਨੀਆ ਦੇ ਲੋਕਾਂ ਨੂੰ ਹਰਿਆਣਾ ਕਮੇਟੀ ਤੋਂ ਉਮੀਦ ਹੈ ਕਿ ਕਮੇਟੀ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਿਧਾਂਤਾਂ ਸੱਚ, ਨਿਆਂ, ਸਮਾਨਤਾ ਤੇ ਵਿਗਿਆਨਕ ਸੋਚ ਦੀ ਪਾਲਣਾ ਕਰਕੇ ਦੁਨੀਆ ਲਈ ਨਵੀਂ ਸੋਚ, ਨਵੀਂ ਦਿਸ਼ਾ ਤੇ ਸੁਰੱਖਿਆ ਦੇ ਨਵੇਂ ਰਸਤੇ ਖੋਲ੍ਹੇਗੀ, ਪਰ ਅਜਿਹੇ ਲੋਕਾਂ ਦਾ ਕਿਰਦਾਰ ਸਿੱਖਾਂ ਨੂੰ ਨਿਰਾਸ਼ ਕਰਦਾ ਹੈ।

## ਭਾਰਤ ਵਿਕਾਸ ਪ੍ਰੀਸ਼ਦ ਦੀ ਸਟੇਟ ਕੌਂਸਲ ਵੱਲੋਂ ਧੂਰੀ ਸ਼ਾਖ਼ਾ ਦਾ ਸਨਮਾਨ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਭਾਰਤ ਵਿਕਾਸ ਪ੍ਰੀਸ਼ਦ (ਸਵਾਮੀ ਵਿਵੇਕਾਨੰਦ) ਦੀ ਸਟੇਟ ਕੌਂਸਲ ਦੀ ਸਾਲਾਨਾ ਮੀਟਿੰਗ 'ਚ ਪ੍ਰੀਸ਼ਦ ਦੀ ਧੂਰੀ ਸ਼ਾਖ਼ਾ ਦਾ ਸਨਮਾਨ ਕੀਤਾ ਗਿਆ।ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਸ਼ਾਖਾ ਦੇ ਮੈਂਬਰਾਂ ਨੇ ਯੂਨਿਟ ਦੇ ਪ੍ਰਧਾਨ ਸੁਰੇਸ਼ ਬਾਂਸਲ ਦੀ ਅਗਵਾਈ 'ਚ ਸਟੇਟ ਕੌਂਸਲ ਦੀ ਮੀਟਿੰਗ 'ਚ ਹਿੱਸਾ ਲਿਆ ਤੇ ਸਟੇਟ ਕੌਂਸਲ ਨੇ ਜਿੱਥੇ ਧੂਰੀ ਸ਼ਾਖਾ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਕੀਤੇ ਚਾਰ ਵੱਖ-ਵੱਖ ਕਾਰਜਾਂ ਬਦਲੇ ਪ੍ਰਧਾਨ ਸੁਰੇਸ਼ ਬਾਂਸਲ ਦਾ ਸਨਮਾਨ ਕੀਤਾ ਗਿਆ, ਉਥੇ ਸਟੇਟ ਕਨਵੀਨਰ (ਸੰਸਕਾਰ) ਪ੍ਰਦੀਪ ਮਿੱਤਲ ਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ।ਸਨਮਾਨ ਪ੍ਰਾਪਤ ਕਰਨ ਉਪਰੰਤ ਸੁਰੇਸ਼ ਬਾਂਸਲ ਨੇ ਸਮੁੱਚੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਸਹਿਯੋਗ ਲਈ ਸਾਰਿਆ ਦਾ ਧੰਨਵਾਦ ਕੀਤਾ।

# ਰਾਮਾਂ ਮੰਡੀ-ਸੱਦਾ ਸਿੰਘ ਵਾਲਾ ਰੇਲ ਲਾਈਨ 'ਤੇ ਸਵਾਲ, ਬਦਲੇ ਰੂਟ ਦੀ ਮੰਗ ਤੇਜ਼



**ਤਲਵੰਡੀ ਸਾਬੋ (ਜਗਦੀਪ ਗਿੱਲ)**
ਤਖ਼ਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਨੂੰ ਰੇਲਵੇ ਨੈੱਟਵਰਕ ਨਾਲ ਜੋੜਨ ਲਈ ਕੇਂਦਰ ਸਰਕਾਰ ਦੇ ਉਪਰਾਲਿਆਂ ਵਿਚਕਾਰ ਹੁਣ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ। ਰਾਮਾਂ ਮੰਡੀ ਤੋਂ ਸੱਦਾ ਸਿੰਘ ਵਾਲਾ ਤੱਕ ਪ੍ਰਸਤਾਵਿਤ ਰੇਲ ਲਾਈਨ 'ਤੇ ਸਵਾਲ ਉਠਾਉਂਦਿਆਂ ਉੱਘੇ ਸਮਾਜ ਸੇਵੀ ਤੇ ਜੈ ਦੁਰਗਾ ਪ੍ਰਾਚੀਨ ਮਾਈਸਰ ਮੰਦਰ ਦੇ ਪ੍ਰਧਾਨ ਸ੍ਰੀ ਦੀਵਾਨ ਚੰਦ ਗਰਗ ਨੇ ਇਸ ਦੀ ਥਾਂ ਵਧੇਰੇ ਲਾਭਕਾਰੀ ਤੇ ਲੋਕਹਿੱਤ ਵਾਲੇ ਵਿਕਲਪਕ ਰੂਟ ਦੀ ਮੰਗ ਕੀਤੀ ਹੈ।ਸ੍ਰੀ ਗਰਗ ਨੇ ਕੇਂਦਰੀ ਰੇਲ ਮੰਤਰੀ ਤੇ ਰਾਜ ਰੇਲ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਅਪੀਲ ਕਰਦਿਆਂ ਸੁਝਾਅ ਦਿੱਤਾ ਕਿ ਜੇ ਤਖ਼ਤ ਸ਼੍ਰੀ ਦਮਦਮਾ ਸਾਹਿਬ ਨੂੰ ਰੇਲ ਨਾਲ ਜੋੜਨਾ ਹੀ ਮਕਸਦ ਹੈ, ਤਾਂ ਬਠਿੰਡਾ ਤੋਂ ਵਾਇਆ ਕੋਟਸ਼ਮੀਰ, ਤਲਵੰਡੀ ਸਾਬੋ, ਸੀਂਗੋਂ ਮੰਡੀ, ਸੂਰਤੀਆ, ਰੋੜੀ, ਸਰਦੂਲਗੜ੍ਹ, ਫਤਿਹਾਬਾਦ ਤੇ ਹਿੰਦੂ ਧਰਮ ਦਾ ਅਹਿਮ ਸਥਾਨ ਅਗਰੋਹਾ ਧਾਮ ਰਾਹੀਂ ਹਿਸਾਰ ਤੱਕ ਰੇਲ ਲਾਈਨ ਵਿਛਾਈ ਜਾਵੇ।

ਉਨ੍ਹਾਂ ਕਿਹਾ ਕਿ ਰਾਮਾਂ ਮੰਡੀ-ਸੱਦਾ ਸਿੰਘ ਵਾਲਾ ਰੂਟ ਨਾਲ ਵੱਡੇ ਪੱਧਰ 'ਤੇ ਕਿਸਾਨੀ ਜ਼ਮੀਨ ਪ੍ਰਭਾਵਿਤ ਹੋ ਸਕਦੀ ਹੈ।ਇਸ ਤੋਂ ਇਲਾਵਾ ਇਸ ਰੂਟ 'ਤੇ ਵੱਡੇ ਸ਼ਹਿਰਾਂ ਤੇ ਉਦਯੋਗਿਕ ਕੇਂਦਰਾਂ ਦੀ ਘਾਟ ਹੋਣ ਕਾਰਨ ਵਪਾਰਕ ਲਾਭ ਸੀਮਤ ਰਹਿਣ ਦੀ ਸੰਭਾਵਨਾ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਯੋਜਨਾ ਸਿਰਫ਼ ਧਾਰਮਿਕ ਯਾਤਰਾ ਤੱਕ ਹੀ ਸੀਮਿਤ ਰਹਿ ਸਕਦੀ ਹੈ, ਜਿਸ ਨਾਲ ਲੰਬੇ ਸਮੇਂ ਦੀ ਆਰਥਿਕ ਉਪਯੋਗਤਾ ਘੱਟ ਰਹੇਗੀ।ਸ੍ਰੀ ਗਰਗ ਨੇ ਬਠਿੰਡਾ-ਹਿਸਾਰ ਰੂਟ ਨੂੰ ਉਨ੍ਹਾਂ ਨੇ ਕਈ ਪੱਖਾਂ ਤੋਂ ਵਧੇਰੇ ਲਾਭਕਾਰੀ ਦੱਸਿਆ। ਇਸ ਰੂਟ ਨਾਲ ਤਖ਼ਤ ਸ਼੍ਰੀ ਦਮਦਮਾ ਸਾਹਿਬ ਤੇ ਅਗਰੋਹਾ ਧਾਮ ਵਰਗੇ ਮਹੱਤਵਪੂਰਨ ਧਾਰਮਿਕ ਸਥਾਨ ਵੀ ਰੇਲ ਨੈੱਟਵਰਕ ਨਾਲ ਜੁੜ ਜਾਣਗੇ, ਨਾਲ ਹੀ ਬਠਿੰਡਾ ਤੇ ਹਿਸਾਰ ਵਰਗੇ ਉਦਯੋਗਿਕ ਕੇਂਦਰਾਂ ਨਾਲ ਸਿੱਧੀ ਕਨੈਕਟਿਵਿਟੀ ਬਣਨ ਨਾਲ ਖੇਤੀਬਾੜੀ ਉਤਪਾਦਾਂ ਜਿਵੇਂ ਕਣਕ ਤੇ ਸਰ੍ਹੋਂ ਦੀ ਆਵਾਜਾਈ ਆਸਾਨ ਹੋਵੇਗੀ।ਸਥਾਨਕ ਵਪਾਰੀਆਂ ਲਈ ਟਰਾਂਸਪੋਰਟ ਖਰਚ 'ਚ 15 ਤੋਂ 25 ਫੀਸਦੀ ਤੱਕ ਕਮੀ ਆ ਸਕਦੀ ਹੈ।ਇਸ ਰੂਟ ਨਾਲ ਨਿਰਮਾਣ ਦੌਰਾਨ ਹਜ਼ਾਰਾਂ ਲੋਕਾਂ ਨੂੰ ਰੋਜ਼ਗਾਰ ਮਿਲੇਗਾ, ਜਦਕਿ ਲੰਬੇ ਸਮੇਂ ਵਿੱਚ ਛੋਟੇ ਵਪਾਰ ਨੂੰ ਵੱਡਾ ਫ਼ਾਇਦਾ ਹੋਵੇਗਾ।ਸ੍ਰੀ ਗਰਗ ਨੇ ਜ਼ੋਰ ਦੇ ਕੇ ਕਿਹਾ ਕਿ ਨਵੀਂ ਰੇਲ ਲਾਈਨ ਬਣਾਉਂਦੇ ਸਮੇਂ ਘੱਟ ਤੋਂ ਘੱਟ ਉਪਜਾਊ ਜ਼ਮੀਨ ਪ੍ਰਭਾਵਿਤ ਹੋਵੇ, ਇਸ ਗੱਲ ਨੂੰ ਕੇਂਦਰ ਸਰਕਾਰ ਯਕੀਨੀ ਬਣਾਵੇ।ਉਨ੍ਹਾਂ ਮੁਤਾਬਕ ਵਿਕਲਪਕ ਰੂਟ ਨਾਲ ਨਾ ਸਿਰਫ਼ ਜ਼ਮੀਨ ਦੀ ਬਚਤ ਹੋਵੇਗੀ, ਸਗੋਂ ਪ੍ਰੋਜੈਕਟ ਦੀ ਉਪਯੋਗਤਾ ਵੀ ਕਾਫ਼ੀ ਵਧੇਗੀ।ਅਖੀਰ ਵਿੱਚ ਉਨ੍ਹਾਂ ਕੇਂਦਰ ਸਰਕਾਰ ਕੋਲ ਮੰਗ ਰੱਖੀ ਕਿ ਪ੍ਰੋਜੈਕਟ ਦੀ ਨਵੀਂ ਸਰਵੇ ਰਿਪੋਰਟ ਤਿਆਰ ਕੀਤੀ ਜਾਵੇ, ਸਥਾਨਕ ਲੋਕਾਂ ਤੇ ਵਪਾਰੀਆਂ ਦੀ ਰਾਇ ਨੂੰ ਤਰਜੀਹ ਦਿੱਤੀ ਜਾਵੇ ਅਤੇ ਲੰਬੇ ਸਮੇਂ ਦੇ ਆਰਥਿਕ ਤੇ ਸਮਾਜਿਕ ਲਾਭਾਂ ਨੂੰ ਧਿਆਨ ਵਿੱਚ ਰੱਖ ਕੇ ਹੀ ਅੰਤਿਮ ਫੈਸਲਾ ਲਿਆ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਯੋਜਨਾ ਬਿਨਾਂ ਸੋਚੇ ਸਮਝੇ ਅੱਗੇ ਵਧਾਈ ਗਈ ਤਾਂ ਇਹ ਸਰਕਾਰੀ ਧਨ ਤੇ ਉਪਜਾਊ ਜ਼ਮੀਨਾਂ ਦੀ ਬਰਬਾਦੀ ਸਾਬਿਤ ਹੋ ਸਕਦੀ ਹੈ, ਜਦਕਿ ਸੋਚ-ਵਿਚਾਰ ਨਾਲ ਲਿਆ ਫੈਸਲਾ ਪੰਜਾਬ ਤੇ ਹਰਿਆਣਾ ਦੋਹਾਂ ਲਈ ਵਿਕਾਸ ਦਾ ਨਵਾਂ ਦਰਵਾਜ਼ਾ ਖੋਲ੍ਹ ਸਕਦਾ ਹੈ।

# ਔਰਤਾਂ ਨੂੰ ਵਿੱਤੀ ਮਦਦ ਸਰਕਾਰ ਦਾ ਸ਼ਲਾਘਾਯੋਗ ਕਦਮ : ਜੱਸੀ/ਪੂਨਮ

■ ਮਹਿਲਾਵਾਂ ਨੂੰ ਇਸ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਕੀਤੀ ਅਪੀਲ



**ਕੋਟਕਪੂਰਾ (ਰਛਪਾਲ ਭੁੱਲਰ)**
ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਲਈ ਇਕ ਮਹੱਤਵਪੂਰਨ ਕਦਮ ਚੁੱਕਿਆ ਗਿਆ ਹੈ, ਜਿਸ ਤਹਿਤ ਐੱਸ.ਸੀ. ਵਰਗ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਤੇ ਹੋਰ ਵਰਗਾਂ ਦੀਆਂ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਯੋਜਨਾ ਸ਼ੁਰੂ ਕੀਤੀ ਜਾ ਰਹੀ ਹੈ। ਇਸ ਸਬੰਧੀ ਜਸਪ੍ਰੀਤ ਕੌਰ ਜੱਸੀ ਕਲਿਆਣ ਮਹਿਲਾ ਵਿੰਗ ਕੋਆਰਡੀਨੇਟਰ ਆਮ ਆਦਮੀ ਪਾਰਟੀ ਕੋਟਕਪੂਰਾ ਤੇ ਪੂਨਮ ਰਾਣੀ ਬਲਾਕ ਕੋਆਰਡੀਨੇਟਰ ਆਮ ਆਦਮੀ ਪਾਰਟੀ ਕੋਟਕਪੂਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ 13 ਅਪ੍ਰੈਲ ਤੋਂ ਸ਼ੁਰੂ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਯੋਜਨਾ ਖਾਸ ਤੌਰ 'ਤੇ ਘਰੇਲੂ ਮਹਿਲਾਵਾਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਹੈ, ਤਾਂ ਜੋ ਉਹ ਆਪਣੀਆਂ ਛੋਟੀਆਂ-ਮੋਟੀਆਂ ਲੋੜਾਂ ਨੂੰ ਬਿਨਾਂ ਕਿਸੇ ਮੁਸ਼ਕਲ ਦੇ ਪੂਰਾ ਕਰ ਸਕਣ।ਉਨ੍ਹਾਂ ਦੱਸਿਆ ਕਿ ਰਜਿਸਟਰੇਸ਼ਨ ਲਈ ਮਹਿਲਾਵਾਂ ਨੂੰ ਆਪਣੇ ਆਧਾਰ ਕਾਰਡ, ਬੈਂਕ ਖਾਤਾ ਵੇਰਵੇ ਤੇ ਪਰਿਵਾਰਕ ਜਾਣਕਾਰੀ ਦੇ ਦਸਤਾਵੇਜ਼ ਜ਼ਰੂਰੀ ਤੌਰ 'ਤੇ ਨਾਲ ਲੈ ਕੇ ਆਉਣੇ ਹੋਣਗੇ।ਜਸਪ੍ਰੀਤ ਜੱਸੀ ਨੇ ਦੱਸਿਆ ਕਿ ਰਜਿਸਟਰੇਸ਼ਨ ਪ੍ਰਕਿਰਿਆ ਸਰਕਾਰੀ ਕੇਂਦਰਾਂ ਤੇ ਨਿਰਧਾਰਤ ਸਹੂਲਤ ਕੇਂਦਰਾਂ 'ਤੇ ਕੀਤੀ ਜਾਵੇਗੀ, ਜਿੱਥੇ ਮਹਿਲਾਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ, ਇਸ ਲਈ ਪੂਰੇ ਪ੍ਰਬੰਧ ਕੀਤੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਲਈ ਇੱਕ ਸੁਨਹਿਰੀ ਮੌਕਾ ਹੈ, ਜਿਸ ਨਾਲ ਉਹ ਆਪਣੀ ਜ਼ਿੰਦਗੀ ਨੂੰ ਹੋਰ ਸੁਧਾਰ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮਹਿਲਾ ਨੂੰ ਰਜਿਸਟਰੇਸ਼ਨ ਸਬੰਧੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਆਪਣੇ ਨੇੜਲੇ ਸਹੂਲਤ ਕੇਂਦਰ ਜਾਂ ਸਾਡੇ ਨਾਲ ਸੰਪਰਕ ਕਰ ਸਕਦੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰੂਬੀ ਰਾਣੀ, ਰਣਜੀਤ ਕੌਰ, ਰਮਨਪ੍ਰੀਤ ਕੌਰ, ਅਮਨਦੀਪ ਕੌਰ, ਪਰਮਜੀਤ ਕੌਰ, ਵੀਰਪਾਲ ਕੌਰ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁਕਤ ਵਪਾਰ ਸਮਝੌਤੇ ਖਿਲਾਫ ਸੰਘਰਸ਼ ਤੇਜ਼ ਕਰਨ ਦਾ ਸੱਦਾ



**ਬਰਨਾਲਾ (ਰਜਿੰਦਰ ਬਰਾੜ)**-ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ 90 ਜਨਤਕ ਜਥੇਬੰਦੀਆਂ ਦੇ ਫੈਸਲੇ ਤਹਿਤ ਦਾਨਾ ਮੰਡੀ ਵਿਖੇ ਕੀਤੀ ਗਈ। ਸਾਮਰਾਜ ਵਿਰੋਧੀ ਕਾਨਫਰੰਸ 'ਚ ਔਰਤਾਂ, ਕਿਸਾਨਾਂ, ਖੇਤ ਮਜ਼ਦੂਰਾਂ, ਸਨਅਤੀ ਕਾਮਿਆਂ ਅਤੇ ਮੁਲਾਜ਼ਮਾਂ ਵੱਲੋਂ ਹਜ਼ਾਰਾਂ ਦੀ ਗਿਣਤੀ 'ਚ ਪਹੁੰਚ ਕੇ ਮਰਹੂਮ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਬੀਕੇਯੂ ਏਕਤਾ ਉਗਰਾਹਾਂ, ਬੀਕੇਯੂ ਏਕਤਾ ਡਕੌਂਦਾ ਧਨੇਰ ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ ਬੁੱਟਰ ਦੇ ਸੱਦੇ 'ਤੇ ਕੀਤੀ ਗਈ। ਵਿਸ਼ਾਲ ਕਾਨਫਰੰਸ ਦੌਰਾਨ ਅਮਰੀਕਾ ਤੇ ਇਜ਼ਰਾਈਲ ਵਲੋਂ ਇਰਾਨ ਖਿਲਾਫ ਛੇੜੀ ਜੰਗ ਖਿਲਾਫ ਜ਼ੋਰਦਾਰ ਅਵਾਜ਼ ਬੁਲੰਦ ਕੀਤੀ ਗਈ ਤੇ ਭਾਰਤ ਅਮਰੀਕਾ ਮੁਕਤ ਵਪਾਰ ਸਮਝੌਤੇ ਨੂੰ ਕੌਮ ਧ੍ਰੋਹੀ ਕਰਾਰ ਦਿੰਦਿਆਂ ਇਸ ਸਮਝੌਤੇ ਖਿਲਾਫ ਸੰਘਰਸ਼ ਤੇਜ਼ ਕਰਨ ਦਾ ਐਲਾਨ ਕੀਤਾ ਗਿਆ।

ਕਾਨਫਰੰਸ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਦੋਸ਼ ਲਾਇਆ ਕਿ ਕੇਂਦਰ ਦੀ ਮੋਦੀ ਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ, ਬਿਜਲੀ ਤੇ ਬੀਜ ਸੋਧ ਬਿੱਲ ਲਿਆਉਣ, ਮਜ਼ਦੂਰ ਵਿਰੋਧੀ ਕਿਰਤ ਕੋਡ ਲਾਗੂ ਕਰਨ, ਸਭਨਾਂ ਸਰਕਾਰੀ ਅਦਾਰਿਆਂ 'ਚ ਨਿੱਜੀਕਰਨ ਤੇ ਪੰਚਾਇਤੀਕਰਨ ਦੀਆਂ ਨੀਤੀਆਂ ਲਾਗੂ ਕਰਨ ਤੇ ਮੁਕਤ ਵਪਾਰ ਸਮਝੌਤੇ ਵਰਗੇ ਕਦਮਾਂ ਖਿਲਾਫ਼ ਵਿਸ਼ਾਲ ਸਾਂਝੇ ਤੇ ਜਾਨ ਹੂਲਵੇਂ ਸੰਘਰਸ਼ਾਂ ਰਾਹੀਂ ਸਾਮਰਾਜ ਵਿਰੋਧੀ ਲੋਕ ਲਹਿਰ ਖੜੀ ਕਰਨਾ ਹੀ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ।ਉਨ੍ਹਾਂ ਆਖਿਆ ਕਿ ਦੇਸ਼ ਦੇ ਹਾਕਮਾਂ ਵੱਲੋਂ ਕਿਸਾਨ, ਮਜ਼ਦੂਰ, ਮੁਲਾਜ਼ਮ ਤੇ ਦੇਸ਼ਧ੍ਰੋਹੀ ਨੀਤੀਆਂ ਨੂੰ ਲਾਗੂ ਕਰਨ ਲਈ ਜਾਤਪਾਤੀ, ਫਿਰਕੂ ਤੇ ਇਲਾਕਾਈ ਵੰਡੀਆਂ ਪਾਉਣ ਦਾ ਏਜੰਡਾ ਗਿਣਮਿੱਥ ਕੇ ਅੱਗੇ ਵਧਾਇਆ ਜਾ ਰਿਹਾ ਹੈ। ਇਸ ਲਈ ਵੰਡ ਪਾਊ ਹਾਕਮ ਜਮਾਤੀ ਸਿਆਸਤ ਨੂੰ ਮਾਤ ਦੇਣਾ ਅਣਸਰਦੀ ਲੋੜ ਹੈ।ਉਨ੍ਹਾਂ ਆਖਿਆ ਕਿ ਦੇਸ਼ ਤੇ ਪੰਜਾਬ ਦੇ ਹਾਕਮਾਂ ਵੱਲੋਂ ਇੱਥੋਂ ਦੇ ਜਲ, ਜੰਗਲ ਜ਼ਮੀਨਾਂ ਤੇ ਹੋਰ ਅਮੀਰ ਕੁਦਰਤੀ ਸਰੋਤਾਂ ਤੇ ਕਿਰਤ ਸ਼ਕਤੀ ਨੂੰ ਸਾਮਰਾਜੀ ਦੇਸ਼ਾਂ ਅਤੇ ਦੇਸੀ ਵਿਦੇਸ਼ੀ ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀ ਲੁੱਟ ਦਾ ਸਾਧਨ ਬਣਾਉਣ ਵਾਲੀਆਂ ਨੀਤੀਆਂ ਖਿਲਾਫ ਸੰਘਰਸ਼ ਕਰਦੇ ਲੋਕਾਂ ਦੇ ਜਮਹੂਰੀ ਹੱਕਾਂ ਦਾ ਘਾਣ ਕੀਤਾ ਜਾ ਰਿਹਾ ਹੈ।

ਇੱਕ ਮਤਾ ਪਾਸ ਕਰਕੇ ਅਮਰੀਕਾ ਤੇ ਇਜ਼ਰਾਈਲ ਵੱਲੋਂ ਇਰਾਨ 'ਤੇ ਮੜ੍ਹੀ ਜੰਗ ਨੂੰ ਧਾੜਵੀ ਕਾਰਵਾਈ ਕਰਾਰ ਦਿੰਦਿਆਂ ਇਰਾਨੀ ਲੋਕਾਂ ਵੱਲੋਂ ਕੀਤੇ ਜਾ ਰਹੇ ਟਾਕਰੇ ਨੂੰ ਹੱਕੀ ਕਰਾਰ ਦਿੰਦਿਆਂ ਇਹ ਜੰਗ ਤੁਰੰਤ ਬੰਦ ਕਰਨ ਦੀ ਜ਼ੋਰਦਾਰ ਮੰਗ ਕਰਦਿਆਂ ਇਸ ਜੰਗ ਖਿਲਾਫ਼ ਲੋਕ ਰਾਇ ਲਾਮਬੰਦ ਕਰਨ ਦਾ ਸੱਦਾ ਦਿੱਤਾ ਗਿਆ।ਇੱਕ ਹੋਰ ਮਤੇ ਰਾਹੀਂ ਅੰਮ੍ਰਿਤਸਰ ਵਿਖੇ ਧਰਨਾ ਦੇਣ ਜਾ ਰਹੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਕਾਫਲੇ ਤੇ ਪੁਲਸ ਜਬਰ ਢਾਹੁਣ ਅਤੇ ਬਠਿੰਡਾ ਦੀ ਐਸ.ਐਸ.ਪੀ ਜੋਯਤੀ ਯਾਦਵ ਦੀ ਸ਼ਿਕਾਇਤ 'ਤੇ ਲੋਕ ਆਵਾਜ਼ ਟੀ ਵੀ ਦੇ ਮੁਖੀ ਮਨਿੰਦਰਜੀਤ ਸਿੱਧੂ ਦਾ ਪੇਜ ਬੰਦ ਕਰਨ ਦੀ ਨਿਖੇਧੀ ਕਰਦਿਆਂ ਇਸ ਨੂੰ ਲੋਕਾਂ ਦੀ ਜ਼ੁਬਾਨਬੰਦੀ ਕਰਾਰ ਦਿੱਤਾ ਗਿਆ।

# ਸਰਕਾਰ ਵਪਾਰੀ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ : ਮਾਨ

**ਐੱਸ ਡੀ ਐੱਮ ਤੇ ਚੇਅਰਮੈਨ ਨੇ ਵਪਾਰੀਆਂ ਦੀਆਂ ਸੁਣੀਆਂ ਸਮੱਸਿਆਵਾਂ**



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਪਾਰੀਆਂ ਤੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰੇ ਲਈ ਆਰਾ ਮਾਰਕਿਟ ਪ੍ਰਤਾਪ ਨਗਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਸ੍ਰੀ ਸਤੀਸ਼ ਚੰਦਰ ਪੀ.ਸੀ.ਐੱਸ. ਉਪ-ਮੰਡਲ ਮੈਜਿਸਟਰੇਟ ਸੰਗਰੂਰ ਵੱਲੋਂ ਕੀਤੀ ਗਈ, ਜਦਕਿ ਵਿਧਾਨ ਸਭਾ ਹਲਕਾ ਸੰਗਰੂਰ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਸ੍ਰੀ ਸੁਖਵਿੰਦਰ ਸਿੰਘ ਮਾਨ ਤੇ ਹੋਰ ਮੈਂਬਰਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਮੀਟਿੰਗ ਦੌਰਾਨ ਸ੍ਰੀ ਸੁਖਵਿੰਦਰ ਸਿੰਘ ਮਾਨ ਤੇ ਸ੍ਰੀ ਸਤੀਸ਼ ਚੰਦਰ ਨੇ ਵਪਾਰੀਆਂ ਨਾਲ ਸਿੱਧੀ ਗੱਲਬਾਤ ਕਰਦੇ ਹੋਏ ਉਨ੍ਹਾਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਤੇ ਕਿਹਾ ਕਿ ਪੰਜਾਬ ਸਰਕਾਰ ਵਪਾਰੀ ਵਰਗ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਕਿਸੇ ਵੀ ਵਪਾਰੀ ਦੀ ਸਮੱਸਿਆ ਨੂੰ ਅਣਦੇਖਾ ਨਹੀਂ ਕੀਤਾ ਜਾਵੇਗਾ।ਇਸੇ ਮੰਤਵ ਨਾਲ ਵਿਧਾਨ ਸਭਾ ਹਲਕਾ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ, ਤਾਂ ਜੋ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਜਾ ਸਕੇ।ਸ੍ਰੀ ਮਾਨ ਨੇ ਜ਼ੋਰ ਦੇ ਕੇ ਕਿਹਾ ਕਿ ਹਰ ਮਸਲੇ ਦਾ ਸਮੇਂ-ਬੱਧ ਹੱਲ ਸਾਡੀ ਪ੍ਰਾਥਮਿਕਤਾ ਹੈ ਤੇ ਸੰਬੰਧਤ ਵਿਭਾਗਾਂ ਨਾਲ ਸਹਿਯੋਗ ਕਰਕੇ ਤੁਰੰਤ ਕਾਰਵਾਈ ਯਕੀਨੀ ਬਣਾਈ ਜਾਵੇਗੀ। ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਆਪਣੇ ਮੁੱਦੇ ਰੱਖੇ ਗਏ।ਅਧਿਕਾਰੀਆਂ ਵੱਲੋਂ ਇਨ੍ਹਾਂ ਮਸਲਿਆਂ ਨੂੰ ਧਿਆਨ ਨਾਲ ਸੁਣਦਿਆਂ ਸੰਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਇਸ ਮੌਕੇ ਵਿਧਾਨ ਸਭਾ ਹਲਕਾ ਸੰਗਰੂਰ ਦੇ ਵੱਡੀ ਗਿਣਤੀ ਵਪਾਰੀ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

# ਵਿਰਾਸਤੀ ਮੇਲਾ ਲੋਕ-ਕਲਾਵਾਂ ਤੇ ਹੱਥ ਕਲਾ ਨੂੰ ਉਤਸ਼ਾਹਤ ਕਰਨ ਲਈ ਵੱਡਾ ਮੰਚ : ਸੰਧਵਾਂ

■ ਕੰਵਰ ਗਰੇਵਾਲ ਨੇ ਸੂਫੀਆਨਾ ਅੰਦਾਜ਼ 'ਚ ਰੰਗੇ ਸਰੋਤੇ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਵਿਰਾਸਤੀ ਮੇਲਾ ਸਿਰਫ ਮਨੋਰੰਜਨ ਦਾ ਸਾਧਨ ਨਹੀਂ, ਸਗੋਂ ਲੋਕ-ਕਲਾਕਾਰਾਂ ਤੇ ਹੱਥਕਲਾ ਕਾਰੀਗਰਾਂ ਲਈ ਆਪਣੀ ਕਲਾ ਪ੍ਰਦਰਸ਼ਤ ਕਰਨ ਦਾ ਵੱਡਾ ਮੌਕਾ ਹੈ।ਇਹ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਸਥਾਨਕ ਸ਼ਹੀਦ ਭਗਤ ਸਿੰਘ ਬਹੁਮੰਤਵੀ ਖੇਡ ਸਟੇਡੀਅਮ 'ਚ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ 19ਵੇਂ ਵਿਰਾਸਤੀ ਮੇਲੇ ਦੇ ਦੂਜੇ ਦਿਨ ਆਮ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਦੌਰਾਨ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਮੌਕੇ ਸ੍ਰ. ਸੰਧਵਾਂ ਨੇ ਕਿਹਾ ਕਿ ਮੇਲੇ ਵਿੱਚ ਪੰਜਾਬ ਦੀਆਂ ਰਵਾਇਤੀ ਕਲਾਵਾਂ, ਖਾਣ-ਪੀਣ ਤੇ ਲੋਕ ਗੀਤਾਂ ਦੀ ਵਿਸ਼ੇਸ਼ ਝਲਕ ਵੇਖਣ ਨੂੰ ਮਿਲਦੀ ਹੈ।ਇਸ ਨਾਲ ਨਾ ਸਿਰਫ ਕਲਾਕਾਰਾਂ ਨੂੰ ਮਾਣ ਮਿਲਦਾ ਹੈ, ਸਗੋਂ ਉਨ੍ਹਾਂ ਦੀ ਆਰਥਿਕ ਹਾਲਤ ਵੀ ਮਜ਼ਬੂਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਐਸੇ ਉਪਰਾਲਿਆਂ ਨੂੰ ਲਗਾਤਾਰ ਸਹਿਯੋਗ ਦਿੱਤਾ ਜਾਵੇਗਾ।ਇਸ ਮੌਕੇ ਪੰਜਾਬੀ ਫਿਲਮ ਸਟਾਰ ਬੀਨੂ ਢਿੱਲੋਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੂਫੀ ਗਾਇਕ ਕਨਵਰ ਗਰੇਵਾਲ ਨੇ ਆਪਣੀ ਸੂਫੀਆਨਾ ਗਾਇਕੀ ਨਾਲ ਦਰਸ਼ਕਾਂ ਨੂੰ ਕੀਲਿਆ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰਾ ਮਿਰਜ਼ਾ ਨੇ ਮਲਵਈ ਗਿੱਧਾ, ਲਿਟਲ ਫਲਾਵਰ ਸਕੂਲ ਨੇ ਕੋਰੀਓਗ੍ਰਾਫੀ, ਐੱਸ ਐੱਸ ਡੀ ਸਕੂਲ ਲੜਕੇ ਤੇ ਸਰਕਾਰੀ ਰਜਿੰਦਰਾ ਕਾਲਜ ਵੱਲੋਂ ਭੰਗੜਾ, ਡੀਏਵੀ ਕਾਲਜ ਨੇ ਵਿਆਹ ਦਾ ਦ੍ਰਿਸ਼ ਨਾਨਕਾ ਦਾਦਕਾ ਮੇਲ, ਆੜੀ ਆੜੀ ਫਾਊਂਡੇਸ਼ਨ ਨੇ ਲੁੱਡੀ, ਮਸਤਾਨੇ ਗਰੁੱਪ ਰਾਮਪੁਰਾ ਫੂਲ ਨੇ ਨਾਟਕ 'ਇੱਕ ਸੀ ਰੰਗ ਸਫੈਦ' ਤੇ ਗੁਰੂ ਕਾਸ਼ੀ ਯੂਨੀਵਰਸਟੀ ਵੱਲੋਂ ਗਿੱਧੇ ਦੀ ਪੇਸ਼ਕਾਰੀ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਸ੍ਰੀ ਕਰੁਨੇਸ਼ ਕੁਮਾਰ, ਵਿਧਾਇਕ ਬੁੱਚੋ ਮਾਸਟਰ ਜਗਸੀਰ ਸਿੰਘ, ਜ਼ਿਲ੍ਹਾ ਪੁਲਸ ਮੁਖੀ ਡਾ. ਜਯੋਤੀ ਯਾਦਵ ਬੈਂਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਅਧਿਕਾਰੀ, ਕਰਮਚਾਰੀ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਸ੍ਰੋਤੇ ਆਦਿ ਹਾਜ਼ਰ ਸਨ।

# ਮੋਦੀ ਸਰਕਾਰ ਲੋਕ ਵਿਰੋਧੀ ਨੀਤੀਆਂ ਲਾਗੂ ਕਰ ਕਾਰਪੋਰੇਟ ਹਿੱਤਾਂ ਨੂੰ ਪੂਰਨ ਦੇ ਰਾਹ ਤੁਰੀ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**
ਮਾਲ ਗੁਦਾਮ ਚੌਕ ਵਿਖੇ ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ, ਮੁਲਾਜ਼ਮ, ਪੈਨਸ਼ਨਰਜ਼, ਮੈਡੀਕਲ ਪ੍ਰੈਕਟੀਸ਼ਨਰਜ਼ ਅਤੇ ਵੱਖ-ਵੱਖ ਵਰਗਾਂ ਦੀਆਂ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ 23 ਮਾਰਚ ਦੇ ਸ਼ਹੀਦਾਂ ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਵਸ਼ ਵਜੋਂ ਰੂਪ ਸਿੰਘ ਢਿੱਲੋਂ, ਸੱਤਪਾਲ ਰਿਸ਼ੀ, ਮਹਿੰਦਰ ਸਿੰਘ ਭੈਣੀਬਾਘਾ, ਗੁਰਸੇਵਕ ਸਿੰਘ ਮਾਨਬੀਬੜੀਆਂ ਤੇ ਕਰਨੈਲ ਸਿੰਘ ਮਾਨਸਾ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ।ਜਥੇਬੰਦੀਆਂ ਵੱਲੋਂ ਵੱਡੇ ਇਕੱਠ ਦੇ ਰੂਪ 'ਚ ਸ਼ਹਿਰ ਦੇ ਬਜ਼ਾਰਾਂ 'ਚ ਮਾਰਚ ਉਪਰੰਤ ਸ਼ਹੀਦ ਭਗਤ ਸਿੰਘ ਦੇ ਬੁੱਤ 'ਤੇ ਫੁੱਲ ਮਾਲਾਵਾਂ ਪਹਿਨਾ ਕੇ ਇਨਕਲਾਬੀ ਨਾਅਰਿਆਂ ਦੀ ਸੰਗਰਾਮੀ ਗੂੰਜ 'ਚ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਅਸੀਂ ਮੋਦੀ ਸਰਕਾਰ ਤੇ ਉਸ ਦੇ ਭਾਈਵਾਲ ਆਰ ਐਸ ਐਸ ਦੇ ਵੰਡ ਪਾਊ ਮਨਸੂਬਿਆਂ ਤੇ ਕਾਰਪੋਰੇਟ ਪੱਖੀ ਲੋਕ ਮਾਰੂ ਨੀਤੀਆਂ ਨੂੰ ਮੁੱਢੋਂ ਨਕਾਰਦੇ ਹਾਂ, ਕਿਉਂਕਿ ਅਮਰੀਕਾ ਦੇ ਰਾਸ਼ਟਰਪਤੀ ਟਰੰਪ, ਨੇਤਨਯਾਹੂ ਤੇ ਨਰਿੰਦਰ ਮੋਦੀ ਸਾਮਰਾਜੀ ਸ਼ਕਤੀਆਂ ਅਤੇ ਪੂੰਜੀਪਤੀਆਂ ਦੇ ਫ਼ਾਇਦੇ ਲਈ ਮਨੁੱਖਤਾ ਦਾ ਘਾਣ ਕਰਦੇ ਹੋਏ ਇੱਕੋ ਰਾਹ 'ਤੇ ਚੱਲ ਰਹੇ ਹਨ।

ਪ੍ਰੋਗਰਾਮ ਦੇ ਅਖੀਰ 'ਚ ਆਗੂਆਂ ਨੇ ਸੂਬੇ ਦੀ ਭਗਵੰਤ ਮਾਨ ਸਰਕਾਰ ਦੇ ਫ਼ਰਜ਼ੀ ਇਨਕਲਾਬੀ ਫ਼ਲਸਫ਼ੇ ਦੀ ਆਲੋਚਨਾ ਕਰਦਿਆਂ ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ ਔਰਤਾਂ ਮੁਲਾਜ਼ਮਾਂ, ਛੋਟੇ ਕਾਰੋਬਾਰੀਆਂ ਤੇ ਸਵੈ ਰੁਜ਼ਗਾਰ ਚਲਾ ਰਹੇ ਕਿਰਤੀਆਂ ਤੇ ਕੀਤੇ ਜਾ ਰਹੇ ਜਬਰ ਦੀ ਨਿੰਦਾ ਕੀਤੀ।

ਆਗੂਆਂ ਨੇ ਸ਼ਹੀਦਾਂ ਨੂੰ ਨਮਨ ਕਰਦਿਆਂ ਅਜੋਕੇ ਹਾਲਾਤਾਂ ਤੇ ਚਿੰਤਾਂ ਪ੍ਰਗਟਾਉਂਦਿਆਂ ਸਮੂਹ ਲੋਕ ਹਿਤੂ ਧਿਰਾਂ ਨੂੰ ਸੱਦਾ ਦਿੱਤਾ ਕਿ ਆਓ ਸਾਂਝੇ ਤੇ ਵਿਸ਼ਾਲ ਸੰਘਰਸ਼ਾਂ ਵੱਲ ਵਧੀਏ, ਜੋ ਸਮੇਂ ਦੀ ਅਣਸਰਦੀ ਲੋੜ ਹੈ।

# ਸ਼ਹੀਦੀ ਦਿਹਾੜੇ ਮੌਕੇ ਖ਼ੂਨਦਾਨ ਕੈਂਪ ਲਾਇਆ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੇ ਸ਼ਹੀਦੀ ਦਿਹਾੜੇ ਮੌਕੇ ਨਿਊ ਪੰਜਾਬ ਕਲੀਨਿਕਲ ਲੈਬੋਰੇਟਰੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।14ਵੇਂ ਖ਼ੂਨਦਾਨ ਕੈਂਪ ਵਿੱਚ ਡਾ ਕੇਕੇ ਜੋਹਰੀ ਬਲੱਡ ਬੈਂਕ ਸਮਾਣਾ ਦੀ ਟੀਮ ਨੇ 70 ਯੂਨਿਟ ਖ਼ੂਨ ਇਕੱਤਰ ਕੀਤਾ।ਕੈਂਪ 'ਚ ਮੁੱਖ ਮਹਿਮਾਨ ਦੇ ਤੌਰ ਉੱਤੇ ਸਮਾਜ ਸੇਵੀ ਆਗੂ ਪਲਵਿੰਦਰ ਕੌਰ ਹਰਿਆਊ ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਹੀਦ ਊਧਮ ਸਿੰਘ ਯੂਥ ਕਲੱਬ ਦੇ ਪ੍ਰਧਾਨ ਅਮਨਜੀਤ ਸਿੰਘ ਮੌਲਵੀਵਾਲਾ ਤੇ ਜਨਰਲ ਸਕੱਤਰ ਨਿਸ਼ਾਨ ਸਿੰਘ ਬਣਵਾਲਾ ਨੇ ਸ਼ਿਰਕਤ ਕੀਤੀ।ਕੈਂਪ ਦੇ ਪ੍ਰਬੰਧਕ ਜਗਤਿੰਦਰ ਸਿੰਘ ਤੇ ਰਾਜਵਿੰਦਰ ਕੌਰ ਵੱਲੋਂ ਖ਼ੂਨਦਾਨੀਆਂ ਦਾ ਧੰਨਵਾਦ ਕਰਦਿਆਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜਿਕ ਉਪਰਾਲੇ ਜਾਰੀ ਰੱਖਣ ਦਾ ਭਰੋਸਾ ਦਿੱਤਾ।

# ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਨੌਜਵਾਨ ਪੀੜ੍ਹੀ ਅੱਗੇ ਆਵੇ : ਆਗੂ



**ਕੋਟਕਪੂਰਾ (ਰਛਪਾਲ ਭੁੱਲਰ)**-ਸ਼ਹੀਦ ਭਗਤ ਸਿੰਘ ਪਾਰਕ 'ਚ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫ਼ੇਅਰ ਸੁਸਾਇਟੀ ਤੇ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫ਼ਰੀਦਕੋਟ ਸਬੰਧਤ ਏਟਕ ਵੱਲੋਂ ਸਾਂਝੇ ਤੌਰ 'ਤੇ ਸ਼ਹੀਦ ਭਗਤ ਸਿੰਘ ਦੇ ਬੁੱਤ ਤੇ ਫੁੱਲ ਮਾਲਾਵਾਂ ਅਰਪਣ ਕਰਕੇ ਤੇ ਇਨਕਲਾਬ ਜ਼ਿੰਦਾਬਾਦ-ਸਮਾਜਵਾਦ, ਸਾਮਰਾਜਵਾਦ ਮੁਰਦਾਬਾਦ ਦੇ ਜ਼ੋਰਦਾਰ ਨਾਅਰਿਆਂ ਦੀ ਗੂੰਜ ਵਿੱਚ ਸ਼ਰਧਾਂਜਲੀ ਭੇਟ ਕੀਤੀ ਗਈ।ਅਧਿਆਪਕ ਆਗੂ ਬਲਦੇਵ ਸਿੰਘ ਸਹਿਦੇਵ, ਪ੍ਰੇਮ ਚਾਵਲਾ, ਗੁਰਚਰਨ ਸਿੰਘ ਬਰਾੜ ਨਾਇਬ ਤਹਿਸੀਲਦਾਰ ਕੋਟਕਪੂਰਾ, ਕੁਲਵੰਤ ਸਿੰਘ ਚਾਨੀ, ਸਮਾਜ ਸੇਵੀ ਉਦੇ ਰਣਦੇਵ, ਸੋਮ ਨਾਥ ਅਰੋੜਾ, ਡਾਕਟਰ ਮਨਜੀਤ ਸਿੰਘ ਢਿੱਲੋਂ ਤੇ ਜਸਵਿੰਦਰ ਸਿੰਘ ਬਰਾੜ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਇਨ੍ਹਾਂ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਅਤੇ ਆਜ਼ਾਦੀ ਤੋਂ ਬਾਅਦ ਸਾਡੇ ਹਾਕਮਾਂ ਵੱਲੋਂ ਇਹਨਾਂ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਦੀ ਬਜਾਏ ਸਾਮਰਾਜਵਾਦ ਅਤੇ ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਕੰਮ ਕਰਨ ਦਾ ਦੋਸ਼ ਲਾਇਆ।ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਨੇ ਅਮੀਰੀ ਤੇ ਗ਼ਰੀਬੀ 'ਚ ਵੱਡਾ ਪਾੜਾ ਪੈਦਾ ਕੀਤਾ ਹੈ।ਕੇਂਦਰ ਦੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਧਰਮ ਦੇ ਨਾਂਅ 'ਤੇ ਲੋਕਾਂ ਵਿੱਚ ਵੰਡੀਆਂ ਪਾਈਆਂ ਜਾ ਰਹੀਆਂ ਹਨ।ਸਿੱਖਿਆ ਤੇ ਸਿਹਤ ਵਿੱਚ ਜਨ ਸਧਾਰਨ ਨਾਲ ਵੱਡੇ ਪੱਧਰ ਤੇ ਵਿਤਕਰੇ ਜਾਰੀ ਹਨ।

ਬੁਲਾਰਿਆਂ ਨੇ ਦੋਸ਼ ਲਾਇਆ ਕਿ ਕਾਰਪਰੇਟ ਸੈਕਟਰ ਦਾ ਮੁਨਾਫ਼ਾ ਵਧਾਉਣ ਲਈ ਹੁਕਮਰਾਨ ਕੇਂਦਰ ਅਤੇ ਵੱਖ-ਵੱਖ ਰਾਜ ਸਰਕਾਰਾਂ ਲੋਕ ਵਿਰੋਧੀ ਨੀਤੀਆਂ ਬਹੁਤ ਤੇਜ਼ੀ ਨਾਲ ਲਾਗੂ ਕਰ ਰਹੀਆਂ ਹਨ।

## ਬਾਬਾ ਈਸ਼ਰ ਸਿੰਘ ਦਾ ਜਨਮ ਨਗਰ ਜਗਮਗਾਇਆ



**ਰਾਏਕੋਟ (ਇਕਬਾਲ ਸਿੰਘ ਝੋਰੜਾਂ)**-ਬਾਬਾ ਈਸ਼ਰ ਸਿੰਘ ਜੀ ਦੇ 113ਵੇਂ ਜਨਮ ਦਿਹਾੜੇ ਨੂੰ ਸਮਰਪਤ ਨਾਨਕਸਰ ਸੰਪਰਦਾਇ ਦੇ ਸਮੂਹ ਮਹਾਂਪੁਰਸ਼ਾਂ ਬਾਬਾ ਦੀ ਦੇ ਨਗਰ ਝੋਰੜਾਂ ਤੇ ਇਲਾਕੇ ਦੀ ਸੰਗਤ ਬਹੁਤ ਉਤਸ਼ਾਹ ਤੇ ਸ਼ਰਧਾ ਨਾਲ ਮਨਾ ਰਹੀ ਹੈ।ਠਾਠ ਦਮਦਮਾ ਸਾਹਿਬ ਅਤੇ ਠਾਠ ਤੇਰ੍ਹਾਂ ਮੰਜ਼ਿਲੀ ਵਿਖੇ ਅਲੌਕਿਕ ਢੰਗ ਨਾਲ ਰੌਸ਼ਨੀਆਂ ਤੇ ਸਜਾਵਟਾਂ ਕੀਤੀਆਂ ਗਈਆਂ ਹਨ।ਰਾਤਰੀ ਸਮੇਂ ਦੂਰ-ਦੂਰ ਤੱਕ ਰੌਸ਼ਨੀ ਨੇ ਬਾਬਾ ਈਸ਼ਰ ਸਿੰਘ ਜੀ ਦੇ ਨਗਰ ਨੂੰ ਜਗ ਮਗਾ ਦਿੱਤਾ ਹੈ, ਜਿੱਥੇ ਬਾਣੀ ਦੇ ਪ੍ਰਵਾਹ ਚੱਲਦੇ ਹਨ, ਉੱਥੇ ਵੱਖਰੇ ਪਕਵਾਨਾਂ ਦੇ ਲੰਗਰ ਲੱਗੇ ਬਾਬਾ ਜੀ ਦੀ ਸ਼ੋਭਾ 'ਚ ਵਾਧਾ ਕਰਦੇ ਹਨ।ਸੰਗਤਾਂ ਘਰਾਂ ਤੋਂ ਵੀ ਪਕਵਾਨ ਤਿਆਰ ਕਰਕੇ ਲੈ ਕਰ ਆਉਂਦੀਆਂ ਹਨ ਤੇ ਨਾਮ ਜਪ ਕੇ ਖੁਸ਼ੀਆਂ ਪ੍ਰਾਪਤ ਕਰ ਰਹੀਆਂ ਹਨ।ਇਨ੍ਹਾਂ ਸਾਰੇ ਸਮਾਗਮ 'ਚ ਠਾਠ ਦਮਦਮਾ ਸਾਹਿਬ 'ਚ 25 ਮਾਰਚ ਨੂੰ ਨਗਰ ਕੀਰਤਨ, 26 ਮਾਰਚ ਅਖੰਡ ਪਾਠਾਂ ਦੇ ਭੋਗ ਪੈਣਗੇ ਤੇ ਤੇਰ੍ਹਾਂ ਮੰਜ਼ਲੀ ਪਹਿਲੀ ਠਾਠ 'ਚ 25 ਮਾਰਚ ਰਾਤ ਨੂੰ ਤੁਕ ਤੁਕ ਵਾਲੇ ਮਹਾਂਸੰਪਟ ਪਾਠਾਂ ਦੇ ਭੋਗ 26 ਮਾਰਚ ਨੂੰ ਨਗਰ ਕੀਰਤਨ ਸਜਾਏ ਜਾਣਗੇ, ਜੋ ਪਿੰਡ ਝੋਰੜਾਂ ਵਿੱਚ ਪ੍ਰਕਰਮਾ ਕਰਦੇ ਹੋਏ ਬਾਬਾ ਈਸ਼ਰ ਸਿੰਘ ਦੇ ਜਨਮ ਅਸਥਾਨ 'ਤੇ ਪਹੁੰਚਣਗੇ।

# ਬੱਚਿਆਂ ਦਾ ਸੋਚਣ ਢੰਗ ਵਿਗਿਆਨਕ ਬਣਾਉਣ ਲਈ ਜ਼ਰੂਰੀ ਵਿਸ਼ੇ ਦੇ ਤੌਰ 'ਤੇ ਪੜ੍ਹਾਉਣਾ ਅਤੀ ਜ਼ਰੂਰੀ : ਰਜਿੰਦਰ ਭਦੌੜ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਵੱਲੋਂ ਗ਼ਦਰੀ ਗੁਲਾਬ ਕੌਰ ਨੂੰ ਸਮਰਪਤ ਸੱਤਵੀਂ ਸੂਬਾਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚ ਮੈਰਿਟ ਹਾਸਲ ਕਰਨ ਵਾਲੇ ਵਿਦਿਆਰਥੀਆਂ ਦਾ ਆਦਰਸ਼ (ਮਾਡਲ )ਸੀਨੀਅਰ ਸੈਕੰਡਰੀ ਸਕੂਲ ਵਿਖੇ ਰੱਖਿਆ ਸਨਮਾਨ ਸਮਾਰੋਹ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰਪਾਲ ਦੀ ਅਗਵਾਈ ਤੇ ਸਮੁੱਚੀ ਇਕਾਈ ਦੇ ਪੂਰਨ ਸਹਿਯੋਗ ਸਦਕਾ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ।

ਇਕਾਈ ਦੇ ਵੱਖ-ਵੱਖ ਥਾਂਵਾਂ/ਸਕੂਲਾਂ ਤੋਂ ਭਰਵੀਂ ਗਿਣਤੀ ਵਿਚ ਤਰਕਸ਼ੀਲ ਕਾਰਕੁੰਨਾਂ, ਵਿਦਿਆਰਥੀਆਂ ਤੇ ਸਕੂਲ ਅਧਿਆਪਕਾਂ ਤੇ ਸਹਿਯੋਗੀਆਂ ਨੇ ਸ਼ਮੂਲੀਅਤ ਕੀਤੀ।ਇਕਾਈ ਮੁਖੀ ਸੁਰਿੰਦਰਪਾਲ ਤੇ ਤਰਕਸ਼ੀਲ ਆਗੂ ਸੀਤਾ ਰਾਮ ਬਾਲਦ ਕਲਾਂ ਵੱਲੋਂ ਹਾਜ਼ਰੀਨ ਦਾ ਸਵਾਗਤ ਕਰਨ ਉਪਰੰਤ ਸਮਾਗਮ ਦੇ ਮੁੱਖ ਬੁਲਾਰੇ ਸੂਬਾ ਮੁਖੀ ਰਜਿੰਦਰ ਭਦੌੜ ਨੇ ਕਿਹਾ ਕਿ ਵੀਹਵੀਂ ਸਦੀ ਦੇ ਸ਼ੁਰੂ ਵਿੱਚ ਸਾਡਾ ਦੇਸ਼ ਆਰਥਿਕ ਮੰਦਹਾਲੀ ਤੇ ਗੁਲਾਮੀ ਦੇ ਦੌਰ ਵਿਚੋਂ ਗੁਜ਼ਰ ਰਿਹਾ ਸੀ। ਹੁਣ ਵਾਂਗ ਵੱਡੀ ਗਿਣਤੀ 'ਚ ਕੰਮ ਦੀ ਭਾਲ ਵਿੱਚ ਲੋਕ ਵਿਦੇਸ਼ਾਂ ਵਿੱਚ ਜਾ ਰਹੇ ਸਨ, ਆਪਣੇ ਦੇਸ਼ ਨੂੰ ਆਜ਼ਾਦ ਕਰਾਉਣ ਲਈ ਗ਼ਦਰੀ ਲਹਿਰ ਦੀ ਅਗਵਾਈ ਵਿੱਚ ਭਾਰਤ ਆਉਣ ਵਾਲੇ ਗ਼ਦਰੀਆਂ 'ਚੋਂ ਗ਼ਦਰੀ ਗੁਲਾਬ ਕੌਰ ਦੀ ਘਾਲਣਾ ਸਾਡੇ ਲਈ ਪ੍ਰੇਰਨਾ ਸਰੋਤ ਹੈ।ਭਦੌੜ ਨੇ ਅੱਗੇ ਕਿਹਾ ਕਿ ਬੱਚਿਆਂ ਦਾ ਸੋਚਣ ਦਾ ਨਜ਼ਰੀਆ ਵਿਗਿਆਨਕ ਬਣਾਉਣ ਲਈ ਵਿਸ਼ੇ ਦੇ ਤੌਰ 'ਤੇ ਸਕੂਲੀ ਸਿਲੇਬਸ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਨੇ ਕਿਹਾ ਕਿ ਇਹ ਸਮਾਗਮ 23 ਮਾਰਚ ਦੇ ਸ਼ਹੀਦਾਂ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਸਮਰਪਤ ਹੈ, ਜਿਨ੍ਹਾਂ ਸਮਾਜਿਕ ਬਰਾਬਰੀ ਵਾਲਾ ਸਮਾਜ ਸਿਰਜਣ ਲਈ ਸ਼ਹਾਦਤ ਦਿੱਤੀ।ਉਨ੍ਹਾਂ ਚੇਤਨਾ ਪਰਖ ਪ੍ਰੀਖਿਆ ਕਰਾਉਣ ਦੇ ਮਕਸਦ ਅਤੇ ਵਿਦਿਆਰਥੀਆਂ ਵਿੱਚ ਵਿਗਿਆਨਕ ਚੇਤਨਾ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਸੁਹਿਰਦ ਯਤਨਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ।

ਇਕਾਈ ਪੱਧਰ 'ਤੇ ਛੇਵੀਂ ਤੋਂ ਬਾਰ੍ਹਵੀਂ ਜਮਾਤ ਵਿਚ ਮੋਹਰੀ ਸਥਾਨ ਹਾਸਲ ਕਰਨ ਵਾਲੇ ਮਿਡਲ ਗਰੁੱਪ ਦੇ 70 ਵਿਦਿਆਰਥੀਆਂ ਤੇ ਜ਼ੋਨ ਵਿੱਚ ਅਹਿਮ ਸਥਾਨ ਪ੍ਰਾਪਤ ਕਰਨ ਵਾਲੇ 5 ਵਿਦਿਆਰਥੀਆਂ ਨੂੰ ਤਰਕਸ਼ੀਲ ਮੈਂਬਰਾਂ ਨੇ ਸਮੂਹਿਕ ਰੂਪ ਵਿੱਚ ਵਿਗਿਆਨਕ ਵਿਚਾਰਾਂ ਵਾਲੀਆਂ ਕਿਤਾਬਾਂ, ਤਰਕਸ਼ੀਲ ਕੈਲੰਡਰ, ਪੜ੍ਹਨ ਸਮੱਗਰੀ ਤੇ ਸਨਮਾਨ ਪੱਤਰ ਦੇ ਕੇ ਤੇ ਲਗਭਗ 30 ਸਕੂਲ ਮੁਖੀਆਂ, ਅਧਿਆਪਕਾਂ ਤੇ ਸਹਿਯੋਗੀਆਂ ਨੂੰ ਇਸ ਪ੍ਰੀਖਿਆ ਵਿੱਚ ਸਹਿਯੋਗ ਕਰਨ ਲਈ ਚੰਗੀਆਂ ਪੁਸਤਕਾਂ ਤੇ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ।ਇਸ ਮੌਕੇ ਹਰਜੀਤ ਸਿੰਘ, ਧਰਮੀ ਤੁੰਗਾਂ, ਸਹਿਜਪ੍ਰੀਤ ਕੌਰ ਬਾਲੀਆਂ ਪ੍ਰਨੀਤੀ ਤਿਵਾੜੀ ਨੇ ਇਨਕਲਾਬੀ ਗੀਤ/ਕਵਿਤਾਵਾਂ ਪੇਸ਼ ਕੀਤੇ।ਮਹਿਲਾ ਸਕੂਲ ਦੀ ਵਿਦਿਆਰਥਣ ਅਨੂੰ ਰਾਣੀ, ਬਚਪਨ ਇੰਗਲਿਸ਼ ਸਕੂਲ ਦੇ ਬੱਚਿਆਂ ਪਰਮਜੀਤ ਸਿੰਘ, ਪ੍ਰਨੀਤੀ ਤੇ ਭਗਵਾਨ ਸਿੰਘ ਢੰਡੋਲੀ ਕਲਾਂ ਨੇ ਤਰਕਸ਼ੀਲਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਤਰਕਸ਼ੀਲ ਆਗੂ ਜਗਦੇਵ ਕੰਮੋਮਾਜਰਾ ਨੇ ਜਾਦੂ ਸ਼ੋਅ ਦੌਰਾਨ ਹੱਥ ਦੀ ਸਫਾਈ ਦੀਆਂ ਟਰਿੱਕਾਂ ਨਾਲ ਜਿੱਥੇ ਹਾਜ਼ਰੀਨ ਦਾ ਮਨੋਰੰਜਨ ਕੀਤਾ, ਉਥੇ ਵਿਗਿਆਨਕ ਸੋਚ ਦਾ ਚਾਨਣ ਵੀ ਵਖੇਰਿਆ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਤਰਕਸ਼ੀਲ ਆਗੂ ਕ੍ਰਿਸ਼ਨ ਸਿੰਘ ਤੇ ਗੁਰਦੀਪ ਸਿੰਘ ਲਹਿਰਾ ਨੇ ਬਾਖੂਬੀ ਨਿਭਾਈ।

# ਨਰਾਤਿਆਂ ਮੌਕੇ ਚਿੰਤਪੁਰਨੀ ਲੰਗਰ ਟਰੱਸਟ ਦੇ ਮੈਂਬਰਾਂ ਨੇ ਕਰਾਇਆ ਪੂਜਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਨਰਾਤਿਆਂ ਦੇ ਪਾਵਨ ਮੌਕੇ ਸ੍ਰੀ ਦੁਰਗਾ ਮੰਦਰ ਕਾਲੇਕੇ ਰੋਡ ਬਾਘਾ ਪੁਰਾਣਾ ਵਿਖੇ ਖੂਬ ਰੌਣਕ ਲੱਗੀ ਹੋਈ ਹੈ।ਮੰਦਰ ਕੰਪਲੈਕਸ ਨੂੰ ਫੁੱਲਾਂ ਤੇ ਗੁਬਾਰਿਆਂ ਨਾਲ ਸੁੰਦਰ ਢੰਗ ਨਾਲ ਸਜਾਇਆ ਗਿਆ ਹੈ, ਜਿਸ ਨਾਲ ਭਗਤਾਂ 'ਚ ਵੱਖਰੀ ਹੀ ਆਸਥਾ ਤੇ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ ਤੇ ਭਗਤ ਰੋਜ਼ਾਨਾ ਮਾਤਾ ਚਿੰਤਪੁਰਨੀ ਜੀ, ਮਾਂ ਜਵਾਲਾ ਜੀ, ਮਾਂ ਬਗਲਾਮੁਖੀ ਜੀ, ਮਾਤਾ ਮਹਾਂਕਾਲੀ ਪਟਿਆਲਾ ਤੇ ਮਾਤਾ ਮਨਸਾ ਦੇਵੀ ਦੇ ਆਈ ਪਵਿੱਤਰ ਜੋਤ ਦੇ ਦਰਸ਼ਨ ਕਰਕੇ ਅਸ਼ੀਰਵਾਦ ਪ੍ਰਾਪਤ ਕਰ ਰਹੇ ਹਨ। ਪਵਿੱਤਰ ਜੋਤਾਂ ਦਾ ਰੋਜ਼ਾਨਾ ਸਵੇਰੇ ਤੇ ਸ਼ਾਮ ਵਿਧੀਵਤ ਪੂਜਨ ਕੀਤਾ ਜਾਂਦਾ ਹੈ, ਇਸ ਤੋਂ ਇਲਾਵਾ ਸੰਤੋਸ਼ੀ ਭਜਨ ਮੰਡਲੀ ਵੱਲੋਂ ਹਰ ਰੋਜ਼ ਭਜਨ-ਕੀਰਤਨ ਕਰ ਕੇ ਸੰਗਤ ਨੂੰ ਰੂਹਾਨੀ ਅਨੁਭਵ ਕਰਾਇਆ ਜਾ ਰਿਹਾ ਹੈ।ਭਜਨਾਂ ਦੀ ਧੁਨ ਨਾਲ ਮੰਦਰ ਪਰਿਸਰ ਗੂੰਜਦਾ ਰਹਿੰਦਾ ਹੈ ਤੇ ਸੰਗਤ ਭਗਤੀ ਰੰਗ ਵਿਚ ਰੰਗੀ ਨਜ਼ਰ ਆਉਂਦੀ ਹੈ। ਇਹ ਸਮੂਹ ਸਮਾਗਮ ਸ੍ਰੀ ਦੁਰਗਾ ਮੰਦਰ ਦੇ ਪ੍ਰਧਾਨ ਰਮਨ ਮਿੱਤਲ ਰਿੰਪੀ ਦੀ ਅਗਵਾਈ ਹੇਠ ਕਰਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਨਰਾਤਿਆਂ ਦੇ ਪਾਵਨ ਦਿਨਾਂ ਦੌਰਾਨ ਮੰਦਰ 'ਚ ਹਰ ਰੋਜ਼ ਵਿਸ਼ੇਸ਼ ਪੂਜਨ ਤੇ ਧਾਰਮਿਕ ਪ੍ਰੋਗਰਾਮ ਕਰਵਾਏ ਜਾ ਰਹੇ ਹਨ ਤਾਂ ਜੁ ਸੰਗਤ ਨੂੰ ਵੱਧ ਤੋਂ ਵੱਧ ਆਤਮਿਕ ਸ਼ਾਂਤੀ ਪ੍ਰਾਪਤ ਹੋ ਸਕੇ।ਵਿਸ਼ੇਸ਼ ਪੂਜਨ ਜੈ ਮਾਤਾ ਚਿੰਤਪੁਰਨੀ ਲੰਗਰ ਟਰੱਸਟ ਦੇ ਮੈਂਬਰਾਂ ਵੱਲੋਂ ਪ੍ਰਧਾਨ ਅਸ਼ੋਕ ਗਰਗ ਸ਼ੋਕੀ ਦੀ ਅਗਵਾਈ 'ਚ ਕਰਾਇਆ ਗਿਆ।

# ਅਵਿਨਾਸ਼ ਰਾਏ ਖੰਨਾ ਨੇ ਬ੍ਰਿਟਿਸ਼ ਲੌਰੀਏਟ ਸਕੂਲ ਦਾ ਕੀਤਾ ਦੌਰਾ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਾਬਕਾ ਰਾਜ ਸਭਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਵੱਲੋਂ ਬ੍ਰਿਟਿਸ਼ ਲੌਰੀਏਟ ਸਕੂਲ ਦਾ ਦੌਰਾ ਕੀਤਾ ਗਿਆ, ਜੋ ਵਿਦਿਆਰਥੀਆਂ ਅਤੇ ਸਟਾਫ ਲਈ ਇੱਕ ਯਾਦਗਾਰ, ਪ੍ਰੇਰਣਾਦਾਇਕ ਅਤੇ ਦਿਲਚਸਪ ਅਨੁਭਵ ਸਾਬਤ ਹੋਇਆ।ਆਪਣੀ ਫੇਰੀ ਦੌਰਾਨ ਖੰਨਾ ਨੇ ਸਕੂਲ ਦੇ ਕੈਂਪਸ ਦਾ ਵਿਸਤ੍ਰਿਤ ਜਾਇਜ਼ਾ ਲਿਆ ਅਤੇ ਉਥੇ ਮੌਜੂਦ ਆਧੁਨਿਕ ਬੁਨਿਆਦੀ ਢਾਂਚੇ ਨਾਲ ਨਾਲ ਜੀਵੰਤ ਅਕਾਦਮਿਕ ਵਾਤਾਵਰਣ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਸਕੂਲ ਵੱਲੋਂ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ 'ਤੇ ਦਿੱਤੇ ਜਾ ਰਹੇ ਜ਼ੋਰ ਤੇ ਉੱਚ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਕੀਤੇ ਜਾ ਰਹੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ।ਇਸ ਮੌਕੇ ਉਨ੍ਹਾਂ ਨੇ ਡਾ. (ਕਰਨਲ) ਅਤੁਲ ਭੰਡਾਰੀ, ਡਾਇਰੈਕਟਰ ਪ੍ਰਿੰਸੀਪਲ ਅਤੇ ਫੈਕਲਟੀ ਮੈਂਬਰਾਂ ਨਾਲ ਸੰਵਾਦ ਕੀਤਾ। ਗੱਲਬਾਤ ਦੌਰਾਨ ਸਿੱਖਿਆ ਸੰਸਥਾਵਾਂ ਦੀ ਬਦਲਦੀ ਭੂਮਿਕਾ ਅਤੇ ਅਧਿਆਪਨ ਵਿੱਚ ਨਵੀਨਤਮ ਪੱਧਰਾਂ ਨੂੰ ਅਪਨਾਉਣ ਦੀ ਮਹੱਤਤਾ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਕੂਲ ਦੀਆਂ ਸੁਵਿਧਾਵਾਂ ਅਤੇ ਸਵਾਗਤਯੋਗ ਮਾਹੌਲ ਤੋਂ ਪ੍ਰਭਾਵਿਤ ਹੋ ਕੇ ਖੰਨਾ ਨੇ ਕਿਹਾ ਕਿ ਇਹ ਸੰਸਥਾ ਸਿੱਖਿਆ ਪ੍ਰਤੀ ਉੱਤਮਤਾ ਅਤੇ ਵਚਨਬੱਧਤਾ ਦਾ ਉੱਤਮ ਉਦਾਹਰਨ ਹੈ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਉਨ੍ਹਾਂ ਨੇ ਪਾਣੀ ਅਤੇ ਊਰਜਾ ਸੰਭਾਲ ਵਰਗੀਆਂ ਟਿਕਾਊ ਪ੍ਰਥਾਵਾਂ ਨੂੰ ਅਪਣਾਉਣ ਦੀ ਅਹਿਮੀਅਤ 'ਤੇ ਵੀ ਜ਼ੋਰ ਦਿੱਤਾ।ਉਨ੍ਹਾਂ ਨੇ ਕਿਹਾ ਕਿ ਸਕੂਲ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਅਤੇ ਸਮਾਜਿਕ ਤੌਰ 'ਤੇ ਜਾਗਰੂਕ ਨਾਗਰਿਕ ਤਿਆਰ ਕਰਨ ਵਿੱਚ ਕੇਂਦਰੀ ਭੂਮਿਕਾ ਨਿਭਾਉਂਦੇ ਹਨ।ਦੌਰੇ ਦੇ ਅੰਤ 'ਤੇ ਇਹ ਪ੍ਰੋਗਰਾਮ ਇੱਕ ਸਕਾਰਾਤਮਕ ਨੋਟ 'ਤੇ ਸਮਾਪਤ ਹੋਇਆ, ਜਿਸ ਨਾਲ ਸਕੂਲ ਦਾ ਪੂਰਾ ਭਾਈਚਾਰਾ ਉਤਸ਼ਾਹਿਤ ਅਤੇ ਪ੍ਰੇਰਿਤ ਹੋਇਆ।

# ਵਿਦਿਆਰਥੀਆਂ ਵੱਲੋਂ ਇਨੋ ਟੈਕ 2026 'ਚ ਸ਼ਾਨਦਾਰ ਪ੍ਰਦਰਸ਼ਨ

**ਆਦਮਪੁਰ (ਪਰਮਜੀਤ ਸਿੰਘ)**- ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ ਜੀ (ਬਾਨੀ ਚਾਂਸਲਰ) ਤੇ ਸੰਤ ਬਾਬਾ ਦਿਲਾਵਰ ਸਿੰਘ ਜੀ (ਬ੍ਰਹਮ ਜੀ) ਦੇ



ਆਸ਼ੀਰਵਾਦ ਨਾਲ, ਮਾਣਯੋਗ ਚਾਂਸਲਰ ਸੰਤ ਮਨਮੋਹਨ ਸਿੰਘ ਜੀ ਦੀ ਪ੍ਰੇਰਨਾ ਨਾਲ ਅਤੇ ਉਪ-ਕੁਲਪਤੀ ਪ੍ਰੋ. (ਡਾ.) ਵਿਜੈ ਧੀਰ ਤੇ ਸ. ਹਰਦਮਨ ਸਿੰਘ ਮਿਨਹਾਸ (ਸਕੱਤਰ, ਸੰਤ ਬਾਬਾ ਭਾਗ ਸਿੰਘ ਮੈਮੋਰੀਅਲ ਚੈਰੀਟੇਬਲ ਸੁਸਾਇਟੀ) ਅਤੇ ਡੀਨ ਯੂ ਆਈ ਈ ਟੀਪ੍ਰੋ. (ਡਾ.) ਜਗਦੀਪ ਕੌਰ ਦੀ ਰਹਿਨੁਮਾਈ ਵਿੱਚ, ਯੂਨੀਵਰਸਿਟੀ ਇੰਸਟੀਚਿਊਟ ਆਫ ਇੰਜੀਨੀਅਰਿੰਗ ਐਂਡ ਟੈਕਨੋਲੋਜੀ ( ਯੂ ਆਈ ਈ ਟੀ) ਦੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ (ਸੀ ਐੱਸ ਈ) ਵਿਭਾਗ ਦੇ ਵਿਦਿਆਰਥੀਆਂ ਨੇ ਇਨੋ ਟੈਕ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਹ ਰਾਸ਼ਟਰੀ ਪੱਧਰ ਦਾ ਤਕਨੀਕੀ ਮੁਕਾਬਲਾ 18 ਅਤੇ 19 ਮਾਰਚ ਨੂੰ ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਵਿੱਚ ਆਯੋਜਿਤ ਕੀਤਾ ਗਿਆ।ਇਸ ਮੁਕਾਬਲੇ ਵਿੱਚ ਕੁੱਲ ਪੰਜ ਟੀਮਾਂ (ਵੀਹ ਵਿਦਿਆਰਥੀਆਂ) ਨੇ ਹਿੱਸਾ ਲਿਆ ਅਤੇ ਵੱਖ-ਵੱਖ ਖੇਤਰਾਂ ਵਿੱਚ ਨਵੀਨ ਅਤੇ ਤਕਨੀਕੀ ਪ੍ਰੋਜੈਕਟ ਪੇਸ਼ ਕੀਤੇ।ਪਹਿਲੇ ਦਿਨ ਮੁਕਾਬਲੇ ਦੀ ਸ਼ੁਰੂਆਤ ਪ੍ਰੋਜੈਕਟ ਪ੍ਰਦਰਸ਼ਨੀ ਅਤੇ ਮੁਲਾਂਕਣ ਦੇ ਨਾਲ ਹੋਈ। ਲਗਭਗ 100 ਟੀਮਾਂ ਵਿੱਚੋਂ ਸਾਰੀਆਂ ਪੰਜ ਟੀਮਾਂ ਨੇ ਆਪਣੇ ਪ੍ਰੋਜੈਕਟ ਤਕਨੀਕੀ ਵਿਸ਼ੇਸ਼ ਗਿਆਨਾਂ ਦੇ ਸਾਹਮਣੇ ਪੇਸ਼ ਕੀਤੇ। ਪਹਿਲੇ ਚਰਨ ਦੇ ਅੰਤ ਵਿੱਚ ਪੰਜ ਵਿੱਚੋਂ ਦੋ ਟੀਮਾਂ ਨੂੰ ਫਾਈਨਲ ਲਈ ਚੁਣਿਆ ਗਿਆ ਦੂਜੇ ਦਿਨ ਸਿਰਫ਼ ਚੁਣੀਆਂ ਗਈਆਂ ਟੀਮਾਂ ਨੇ ਅੰਤਿਮ ਚਰਨ ਵਿੱਚ ਭਾਗ ਲਿਆ।ਜਿਸ ਵਿਚ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ (ਬੀ ਟੈਕ ਸੀ ਐਸ ਈ ) ਚੌਥੇ ਸੈਮੇਸਟਰ ਦੀ ਟੀਮ ਨੇ ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਹਾਸਲ ਕੀਤਾ। ਟੀਮ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ?5000/- ਦਾ ਨਕਦ ਇਨਾਮ ਦਿੱਤਾ ਗਿਆ।ਇਨਾਮ ਸਮਾਰੋਹ ਦੌਰਾਨ ਡਾ. ਰਾਜੇਸ਼ ਗਰੋਵਰ (ਡਾਇਰੈਕਟਰ, ਪੁਸ਼ਪਾ ਗੁਜਰਾਲ ਸਾਇੰਸ ਸਿਟੀ), ਵਿਗਿਆਨੀ ਨਿਤਿਨ, ਅਤੇ ਮਿਸਟਰ ਵਿਸ਼ਾਲ ਸ਼ਰਮਾ (ਇੰਚਾਰਜ, ਇਨੋਵੇਸ਼ਨ ਹੱਬ) ਦੀ ਹਾਜ਼ਰੀ ਵਿੱਚ ਸਨਮਾਨ ਪ੍ਰਦਾਨ ਕੀਤਾ ਗਿਆ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਵਿਜੈ ਧੀਰ ਅਤੇ ਡੀਨ ਯੂ ਆਈ ਈ ਟੀ ਪ੍ਰੋ. (ਡਾ.) ਜਗਦੀਪ ਕੌਰ ਨੇ ਜੇਤੂਆਂ ਅਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਯਤਨਾਂ ਦੀ ਸਰਾਹਨਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।

# ਵਿਕਸਤ ਭਾਰਤ ਨੂੰ ਸਾਕਾਰ ਕਰਨ 'ਚ ਹਰਿਆਣਾ ਨਿਭਾ ਰਿਹਾ ਮੋਹਰੀ ਭੂਮਿਕਾ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ 'ਵਿਕਸਿਤ ਭਾਰਤ 2047' ਦੇ ਰਾਸ਼ਟਰੀ ਸੰਕਲਪ ਨੂੰ ਸਾਕਾਰ ਕਰਨ ਵਿੱਚ ਹਰਿਆਣਾ ਮੋਹਰੀ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਪੇਸ਼ ਕੀਤਾ ਗਿਆ ਇਹ ਵਿਜ਼ਨ 140 ਕਰੋੜ ਦੇਸ਼ ਵਾਸੀਆਂ ਦੀਆਂ ਉਮੀਦਾਂ ਦਾ ਪ੍ਰਤੀਬਿੰਬ ਹੈ, ਜਿਸ ਨੂੰ ਜ਼ਮੀਨ 'ਤੇ ਉਤਾਰਨ ਲਈ ਸੂਬਾ ਸਰਕਾਰ ਲਗਾਤਾਰ ਕਾਰਜ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਬਾਦਸ਼ਾਹਪੁਰ ਖੇਤਰ ਇਸ ਵਿਕਾਸ ਯਾਤਰਾ ਦੀ ਇੱਕ ਮਜ਼ਬੂਤ ਮਿਸਾਲ ਬਣ ਕੇ ਉੱਭਰਿਆ ਹੈ, ਜਿੱਥੇ ਕੀਤੇ ਗਏ ਵਾਅਦਿਆਂ ਨੂੰ ਯੋਜਨਾਵਾਂ ਅਤੇ ਕਾਰਜਾਂ ਰਾਹੀਂ ਸਫਲਤਾਪੂਰਵਕ ਸਾਕਾਰ ਕੀਤਾ ਗਿਆ ਹੈ।ਮੁੱਖ ਮੰਤਰੀ ਗੁਰੂਗ੍ਰਾਮ ਦੇ ਬਾਦਸ਼ਾਹਪੁਰ ਵਿਧਾਨ ਸਭਾ ਖੇਤਰ ਦੇ ਪਿੰਡ ਕਾਕਰੋਲਾ ਵਿਖੇ ਆਯੋਜਿਤ ਵਿਕਸਿਤ



ਬਾਦਸ਼ਾਹਪੁਰ ਮਹਾਰੈਲੀ ਤੇ ਮੁੱਖ ਮੰਤਰੀ ਸ਼ਹਿਰੀ ਆਵਾਸ ਯੋਜਨਾ ਦੇ ਆਵਾਸ ਅਲਾਟਮੈਂਟ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਪ੍ਰੋਗਰਾਮ ਦੀ ਪ੍ਰਧਾਨਗੀ ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕੀਤੀ, ਜਦੋਂ ਕਿ ਹਾਊਸਿੰਗ ਫਾਰ ਆਲ ਵਿਭਾਗ ਦੇ ਤਾਲਮੇਲ ਨਾਲ ਇਹ ਆਯੋਜਨ ਸੰਪੰਨ ਹੋਇਆ। ਇਸ ਮੌਕੇ ਮੁੱਖ ਮੰਤਰੀ ਨੇ 2709 ਲਾਭਾਰਥਿਆਂ ਨੂੰ ਉਨ੍ਹਾਂ ਦੇ ਆਵਾਸਾਂ ਦੀਆਂ ਚਾਬੀਆਂ ਸੌਂਪੀਆਂ। ਮੁੱਖ ਮੰਤਰੀ ਦੇ ਗੁਰੂਗ੍ਰਾਮ ਪਹੁੰਚਣ 'ਤੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਉਨ੍ਹਾਂ ਦਾ ਸਵਾਗਤ ਕੀਤਾ।

# 127.95 ਕਰੋੜ ਸਿੱਧੇ ਮਹਿਲਾਵਾਂ ਦੇ ਖਾਤਿਆਂ ਵਿੱਚ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ, ਇਹ ਗੱਲ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਹੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਗਰਭਵਤੀ ਮਹਿਲਾਵਾਂ ਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਵਿੱਤੀ ਸਾਲ 2023-24 ਤੋਂ 2025-26 ਤੱਕ 127.95 ਕਰੋੜ ਰੁਪਏ ਦੀ ਰਕਮ ਡਾਇਰੈਕਟ ਬੇਨੀਫਿਟ ਟ੍ਰਾਂਸਫਰ (ਡੀ.ਬੀ.ਟੀ) ਰਾਹੀਂ ਸਿੱਧੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਜਾਰੀ ਕੀਤੀ ਗਈ ਹੈ, ਜਿਸ ਨਾਲ ਮਹਿਲਾਵਾਂ ਨੂੰ ਬਿਨਾਂ ਕਿਸੇ ਦਿੱਕਤ ਦੇ ਸਹਾਇਤਾ ਪ੍ਰਾਪਤ ਹੋਈ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਮਿਆਦ ਦੌਰਾਨ 2.89 ਲੱਖ ਤੋਂ ਵੱਧ ਮਹਿਲਾਵਾਂ ਨੂੰ ਇਸ ਵਿੱਤੀ ਸਹਾਇਤਾ ਪਹਿਲਕਦਮੀ ਦਾ ਲਾਭ ਮਿਲਿਆ ਹੈ। ਇਹ ਸਹਾਇਤਾ ਸਿਰਫ ਆਰਥਿਕ ਮਦਦ ਨਹੀਂ, ਸਗੋਂ ਮਾਵਾਂ ਅਤੇ ਨਵਜਨਮੇ ਬੱਚਿਆਂ ਦੀ ਸਿਹਤ ਲਈ ਇਕ ਮਜ਼ਬੂਤ ਸੁਰੱਖਿਆ ਕਵਚ ਹੈ, ਉਨ੍ਹਾਂ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਹਜ਼ਾਰਾਂ ਘਰਾਂ ਵਿੱਚ ਖੁਸ਼ੀ, ਭਰੋਸੇ ਅਤੇ ਸੁਰੱਖਿਆ ਦਾ ਅਹਿਸਾਸ ਪੈਦਾ ਹੋਇਆ ਹੈ। ਇਸ ਵਿੱਤੀ ਸਹਾਇਤਾ ਪਹਿਲਕਦਮੀ ਦੇ ਤਹਿਤ ਪਹਿਲੇ ਬੱਚੇ ਲਈ ਮਹਿਲਾਵਾਂ ਨੂੰ ਦੋ ਕਿਸ਼ਤਾਂ (3000+2000 ਰੁਪਏ) ਰਾਹੀਂ ਕੁੱਲ 5000 ਰੁਪਏ ਦੀ ਰਕਮ ਡੀ.ਬੀ.ਟੀ ਦੇ ਜਰੀਏ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਮਹਿਲਾ ਲਾਭਪਾਤਰੀ ਨੂੰ ਇੱਕ ਮੁਸ਼ਤ 6000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ, ਜੋ ਧੀ ਦੇ ਜਨਮ ਨੂੰ ਪ੍ਰੋਤਸਾਹਿਤ ਕਰਨ ਵੱਲ ਇੱਕ ਅਹਿਮ ਕਦਮ ਹੈ।ਸਾਲ-ਵਾਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2023-24 ਦੌਰਾਨ 38.11 ਕਰੋੜ ਰੁਪਏ ਦੀ ਰਕਮ 76,478 ਮਹਿਲਾਵਾਂ ਨੂੰ ਦਿੱਤੀ ਗਈ। ਵਿੱਤੀ ਸਾਲ 2024-25 ਦੌਰਾਨ ਇਹ ਰਕਮ ਵੱਧ ਕੇ 63.78 ਕਰੋੜ ਰੁਪਏ ਹੋ ਗਈ, ਜਿਸ ਨਾਲ 1,43,418 ਮਹਿਲਾਵਾਂ ਨੂੰ ਲਾਭ ਮਿਲਿਆ। ਇਸੇ ਤਰ੍ਹਾਂ, ਵਿੱਤੀ ਸਾਲ 2025-26 ਵਿੱਚ (31 ਜਨਵਰੀ 2026 ਤੱਕ) 26.06 ਕਰੋੜ ਰੁਪਏ ਦੀ ਰਕਮ 69,110 ਮਹਿਲਾਵਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾ ਚੁੱਕੀ ਹੈ।

# ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਗਰੁੱਪ ਆਫ ਇੰਸਟੀਚਿਊਸ਼ਨਜ਼ ਅਤੇ ਇਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਵੱਲੋਂ ਸ਼ਹੀਦ ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਥਾਪਰ ਨੂੰ ਯਾਦ ਕਰਦੇ ਹੋਏ ਪ੍ਰੇਰਨਾਦਾਇਕ ਪ੍ਰੋਗਰਾਮ ਆਯੋਜਿਤ ਕੀਤੇ ਗਏ। ਐਨ ਐਸ ਐਸ ਇਕਾਈ ਵੱਲੋਂ ਸ਼ਹੀਦੀ ਦਿਵਸ ਦੇ ਮੌਕੇ 'ਅਮਰ ਆਜ਼ਾਦੀ ਸੈਨਾਨੀਆਂ ਦੇ ਨਾਰਿਆਂ ਦਾ ਪੁਨਰਉਤਥਾਨ' ਵਿਸ਼ੇ 'ਤੇ ਨਾਅਰਾ ਲੇਖਨ ਮੁਕਾਬਲਾ ਕਰਵਾਇਆ ਗਿਆ। ਵਿਦਿਆਰਥੀਆਂ ਨੇ ਇਨਕਲਾਬ ਜ਼ਿੰਦਾਬਾਦ ਅਤੇ ਸਰਫਰੋਸ਼ੀ ਦੀ ਤਮੰਨਾ ਵਰਗੇ ਪ੍ਰੇਰਕ ਨਾਅਰਿਆਂ ਨੂੰ ਯਾਦ ਕੀਤਾ। ਇਸ ਮੁਕਾਬਲੇ ਵਿੱਚ ਕ੍ਰਿਸ਼ਨ ਗੋਪਾਲ ਸਿੰਘ ਨੇ ਪਹਿਲਾ ਸਥਾਨ ਹਾਸਲ ਕੀਤਾ।ਇਸੇ ਕੜੀ ਵਿੱਚ 9879 ਲਿਟਰੇਰੀ ਕਲੱਬ ਵੱਲੋਂ ਇਨਕਲਾਬ: ਸ਼ਹੀਦ ਭਗਤ ਸਿੰਘ ਨੂੰ ਸਾਹਿਤਕ ਸ਼ਰਧਾਂਜਲੀ ਪ੍ਰੋਗਰਾਮ ਹੋਰਾਈਜ਼ਨ ਹਾਲ ਵਿੱਚ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਭਗਤ ਸਿੰਘ ਦੇ ਆਦਰਸ਼ਾਂ ਅਤੇ ਸਾਹਸ 'ਤੇ ਆਧਾਰਿਤ ਪਰਿਚਯ ਨਾਲ ਹੋਈ।



ਰਿਵੋਲਿਊਸ਼ਨ ਬੈਲਟ ਬਾਕਸ ਗਤੀਵਿਧੀ ਵਿੱਚ ਵਿਦਿਆਰਥੀਆਂ ਨੇ ਆਜ਼ਾਦੀ ਦੇ ਆਧੁਨਿਕ ਅਰਥ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਮੈਂ ਭਗਤ ਸਿੰਘ ਹਾਂ ਸਿਰਲੇਖ ਇੱਕਾਲਾਪ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਭਾਰਤ ਦੇ ਆਜ਼ਾਦੀ ਸੰਘਰਸ਼ 'ਤੇ ਆਧਾਰਤ ਪ੍ਰਸ਼ਨੋਤਰੀ ਮੁਕਾਬਲੇ ਵਿੱਚ ਟੀਮ 'ਰਿਵੋਲਿਊਸ਼ਨਰੀ ਮਾਈਂਡ' — ਕੋਮਲ, ਆਕਾਂਕਸ਼ਾ ਅਤੇ ਖੁਸ਼ਬੂ ਵਰਮਾ — ਜੇਤੂ ਰਹੀ।ਪ੍ਰੋਗਰਾਮ ਦੇ ਅੰਤ ਵਿੱਚ ਡਾ. ਗਗਨਦੀਪ ਕੌਰ ਧੰਜੂ (ਡਾਇਰੈਕਟਰ ਅਕੈਡਮਿਕਸ, 9879) ਨੇ ਵਿਦਿਆਰਥੀਆਂ ਨੂੰ ਸਾਹਸ, ਦੇਸ਼ਭਗਤੀ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

# ਓ ਟੀ ਐੱਸ ਸਕੀਮ ਨੂੰ ਭਰਵਾਂ ਹੁੰਗਾਰਾ ਟੈਕਸਦਾਤਾਵਾਂ ਦੇ ਭਰੋਸੇ ਨੂੰ ਦਰਸਾਉਂਦਾ : ਚੀਮਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਇਥੇ ਕਿਹਾ ਕਿ ਵੈਟ ਬਕਾਏ ਲਈ ਯਕਮੁਸ਼ਤ ਨਿਪਟਾਰਾ (ਓ ਟੀ ਐੱਸ) ਸਕੀਮ ਨੂੰ ਭਾਰੀ ਹੁੰਗਾਰਾ ਮਿਲਿਆ ਹੈ, ਜਿਸ ਤਹਿਤ ਲਗਭਗ 298.39 ਕਰੋੜ ਰੁਪਏ ਦੇ ਬਕਾਏ ਵਾਲੀਆਂ 7,845 ਅਰਜ਼ੀਆਂ ਪ੍ਰਾਪਤ ਹੋਈਆਂ ਹਨ ਤੇ 111.16 ਕਰੋੜ ਪ੍ਰਾਪਤ ਕੀਤੇ ਜਾ ਚੁੱਕੇ ਹਨ। ਪੁਰਾਣੇ ਟੈਕਸ ਬੋਝ ਨੂੰ ਖਤਮ ਕਰਨ ਦੇ ਨਾਲ-ਨਾਲ ਮਾਲੀਏ ਨੂੰ ਹੁਲਾਰਾ ਦੇਣ ਲਈ ਇਸ ਨੂੰ ਇੱਕ ਫੈਸਲਾਕੁੰਨ ਕਦਮ ਦੱਸਦਿਆਂ, ਵਿੱਤ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਇਸ ਰਾਹਤ ਦੀ ਸਮਾਂ ਸੀਮਾ 31 ਮਾਰਚ ਤੱਕ ਹੈ, ਜਿਸ ਤੋਂ ਬਾਅਦ ਸਰਕਾਰ ਸਖ਼ਤ ਵਸੂਲੀ ਦੇ ਮੋਡ ਵਿੱਚ ਆ ਜਾਵੇਗੀ, ਅਤੇ ਇਸ ਕਾਰਵਾਈ ਲਈ ਲਗਭਗ 8,000 ਜਾਇਦਾਦਾਂ ਦੀ ਪਹਿਲਾਂ ਹੀ ਪਛਾਣ ਕੀਤੀ ਜਾ ਚੁੱਕੀ ਹੈ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਇਸ ਸਕੀਮ ਨਾਲ ਪਹਿਲਾਂ ਹੀ ਕੁੱਲ 111.16 ਕਰੋੜ ਰੁਪਏ ਦੀ ਪ੍ਰਾਪਤੀ ਹੋ ਚੁੱਕੀ ਹੈ। ਲੁਧਿਆਣਾ, ਅੰਮ੍ਰਿਤਸਰ, ਜਲੰਧਰ, ਪਟਿਆਲਾ ਤੇ ਰੋਪੜ ਡਿਵੀਜ਼ਨਾਂ ਦੀ ਸਰਗਰਮ ਸ਼ਮੂਲੀਅਤ ਸ਼ਲਾਘਾਯੋਗ ਹੈ। ਇਨ੍ਹਾਂ ਪ੍ਰਮੁੱਖ ਜ਼ਿਲ੍ਹਿਆਂ ਤੋਂ ਮਿਲਿਆ ਭਰਵਾਂ ਹੁੰਗਾਰਾ ਸਕੀਮ ਦੇ ਵੱਡੇ ਵਿੱਤੀ ਲਾਭਾਂ ਬਾਰੇ ਵੱਧ ਰਹੀ ਜਾਗਰੂਕਤਾ ਨੂੰ ਦਰਸਾਉਂਦਾ ਹੈ। ਇੱਕ ਜ਼ੋਰਦਾਰ ਅਪੀਲ ਜਾਰੀ ਕਰਦਿਆਂ ਉਨ੍ਹਾਂ ਕਿਹਾ ਕਿਉਂਕਿ ਇਹ ਸਕੀਮ 31 ਮਾਰਚ, 2026 ਨੂੰ ਆਪਣੇ ਅੰਤਿਮ ਪੜਾਅ 'ਤੇ ਪਹੁੰਚ ਰਹੀ ਹੈ, ਇਸ ਲਈ ਸਾਰੇ ਯੋਗ ਟੈਕਸਦਾਤਾਵਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਅਤੇ ਸੂਬੇ ਦੇ ਵਿਕਾਸ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਕਾਰੋਬਾਰੀਆਂ ਨੂੰ ਓ ਟੀ ਐੱਸ ਖਿੜਕੀ ਪੱਕੇ ਤੌਰ 'ਤੇ ਬੰਦ ਹੋਣ ਤੋਂ ਪਹਿਲਾਂ ਲੰਬਿਤ ਵੈਟ ਬਕਾਏ ਹੱਲ ਕਰਨ ਅਤੇ ਸੂਬੇ ਦੇ ਟੈਕਸ ਢਾਂਚੇ ਨਾਲ ਸਹਿਜੇ ਹੀ ਜੁੜਨ ਦੇ ਇਸ ਆਖਰੀ ਮੌਕੇ ਨੂੰ ਨਹੀਂ ਗੁਆਉਣਾ ਚਾਹੀਦਾ। ਇਸ ਸਕੀਮ ਤਹਿਤ ਦਿੱਤੀ ਗਈ ਬੇਮਿਸਾਲ ਨਰਮੀ ਅਤੇ ਵੱਡੀਆਂ ਛੋਟਾਂ ਪੂਰੀ ਤਰ੍ਹਾਂ ਸਮਾਂਬੱਧ ਹਨ।



# ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਪਿੰਡ ਬਾੜੀਆਂ ਕਲਾਂ ਵਿਖੇ ਸੰਤ ਸਮਾਗਮ ਅੱਜ

**ਜੈਜੋਂ ਦੋਆਬਾ ( ਨਿਰਮਲ ਸਿੰਘ ਮੁੱਗੋਵਾਲ)**-ਨਿਰਮਲ ਆਸ਼ਰਮ ਡੇਰਾ ਪ੍ਰੇਮਸਰ ਪਿੰਡ ਬਾੜੀਆ ਕਲਾਂ ਜ਼ਿਲਾ ਹੁਸ਼ਿਆਰਪੁਰ ਵਿਖੇ ਪਰਮ ਪੂਜੀਆ ਸ੍ਰੀਮਾਨ 108 ਸੰਤ ਬਾਬਾ ਪ੍ਰੇਮ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਪੰਡਿਤ ਈਸ਼ਰ ਸਿੰਘ ਕਲਯੁਗ, ਸ੍ਰੀਮਾਨ 108 ਸੰਤ ਬਾਬਾ ਦਲੀਪ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਪਿਆਰਾ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਬਿਕਰ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਅਰਜਨ ਸਿੰਘ ਮਹਾਰਾਜ, ਸ੍ਰੀਮਾਨ 108 ਸੰਤ ਬਾਬਾ ਅਮਰ ਸਿੰਘ ਮਹਾਰਾਜ ਤੇ ਬੀਬੀ ਰਸ਼ਪਾਲ ਕੌਰ ਭਾਗੋ ਦੀ ਸਾਲਾਨਾ ਬਰਸੀ ਤੇ ਸੰਤ ਸਮਾਗਮ 24 ਮਾਰਚ ਦਿਨ ਮੰਗਲਵਾਰ ਨੂੰ ਨਿਰਮਲ ਭੇਖ ਦੀ ਮਰਿਆਦਾ ਅਨੁਸਾਰ ਪਿੰਡ ਬਾੜੀਆਂ ਕਲਾਂ ਵਿਖੇ ਸਮੂਹ ਸੰਗਤ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹੰਤ ਪ੍ਰੀਤਮ ਸਿੰਘ ਤੇ ਮਹੰਤ ਬਲਜੀਤ ਸਿੰਘ ਡੇਰਾ ਨਿਰਮਲ ਆਸ਼ਰਮ ਪ੍ਰੇਮਸਰ ਨੇ ਦੱਸਿਆ ਕਿ ਅੱਜ ਸ੍ਰੀ ਅਖੰਡ ਪਾਠਾਂ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਮਹੰਤ ਪ੍ਰੀਤਮ ਸਿੰਘ ਅਤੇ ਮਹੰਤ ਬਲਜੀਤ ਸਿੰਘ ਨੇ ਇਲਾਕਾ ਨਿਵਾਸੀ ਸੰਗਤਾਂ ਨੂੰ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਬੇਨਤੀ ਕੀਤੀ। ਗੁਰੂ ਕੇ ਲੰਗਰ ਤੋਂ ਅਟੁੱਟ ਚੱਲਣਗੇ।

# ਨੈਸ਼ਨਲ ਮੈਰਾਥਨ 'ਚ ਕਿਰਨ ਸੋਢੀ ਨੇ ਜਿੱਤ ਦੇ ਝੰਡੇ ਗੱਡੇ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੀ ਫਿਟਨੈਸ ਕੋਚ ਕਿਰਨ ਸੋਢੀ ਨੇ ਇੱਕ ਵਾਰ ਫਿਰ ਗੁਰੂ ਨਗਰੀ ਦਾ ਨਾਮ ਰੋਸ਼ਨ ਕਰ ਦਿੱਤਾ। ਪੰਜਾਬ ਸਰਕਾਰ ਵੱਲੋਂ ਕਰਵਾਈ ਗਈ ਨੈਸ਼ਨਲ ਮੈਰਾਥਨ ਵਿੱਚ ਉਸਨੇ



10 ਕਿਲੋਮੀਟਰ ਦੌੜ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਵੱਡੀ ਪ੍ਰਾਪਤੀ ਦਰਜ ਕੀਤੀ। ਇਹ ਮੈਰਾਥਨ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਨਾਨਕਾ ਪਿੰਡ ਖਾਲਸਾ ਕਾਲਜ ਮਾਹਿਲਪੁਰ ਵਿਖੇ ਆਯੋਜਿਤ ਕੀਤੀ ਗਈ ਸੀ, ਜਿਸ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਹਜ਼ਾਰਾਂ ਦੌੜਾਕਾਂ ਨੇ ਭਾਗ ਲਿਆ। ਮੁਕਾਬਲੇ ਦੌਰਾਨ ਕਿਰਨ ਸੋਢੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਤੀਸਰਾ ਸਥਾਨ ਹਾਸਲ ਕੀਤਾ ਤੇ ਸ੍ਰੀ ਅਨੰਦਪੁਰ ਸਾਹਿਬ ਦਾ ਮਾਣ ਵਧਾਇਆ। ਇਸ ਉਪਲਬਧੀ ਲਈ ਉਸਨੂੰ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਸਿੰਘ ਰੋੜੀ ਵੱਲੋਂ ਨਗਦ ਇਨਾਮ ਅਤੇ ਮੋਮੈਂਟੋ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਿਰਨ ਸੋਢੀ ਨੇ ਕਿਹਾ ਕਿ ਉਸ ਨੂੰ ਮਾਣ ਹੈ ਕਿ ਉਹ ਆਪਣੇ ਸ਼ਹਿਰ ਦਾ ਨਾਮ ਉੱਚਾ ਕਰਨ ਵਿੱਚ ਯੋਗਦਾਨ ਪਾ ਸਕੀ ਹੈ। ਉਸ ਨੇ ਨੌਜਵਾਨਾਂ ਨੂੰ ਸੰਦੇਸ਼ ਦਿੱਤਾ ਕਿ ਉਹ ਆਪਣੇ ਰੋਜ਼ਾਨਾ ਜੀਵਨ ਵਿੱਚ ਫਿਟਨੈਸ ਨੂੰ ਅਪਣਾਉਣ ਅਤੇ ਸਿਹਤਮੰਦ ਸਮਾਜ ਦੀ ਰਚਨਾ ਵੱਲ ਕਦਮ ਵਧਾਉਣ। ਉਸ ਨੇ ਕਿਹਾ ਕਿ ਮਿਹਨਤ ਅਤੇ ਲਗਨ ਨਾਲ ਹਰ ਕੋਈ ਆਪਣੇ ਮਾਤਾ-ਪਿਤਾ ਅਤੇ ਇਲਾਕੇ ਦਾ ਨਾਂਅ ਰੋਸ਼ਨ ਕਰ ਸਕਦਾ ਹੈ। ਇਸ ਮੌਕੇ ਜੈ ਸਿੰਘ ਰੋੜੀ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਪਹਿਲੀ ਵਾਰ ਇਸ ਪੱਧਰ ਦੀ ਨੈਸ਼ਨਲ ਮੈਰਾਥਨ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਸ ਸਮਾਗਮ ਲਈ ਇੱਕ ਕਰੋੜ ਰੁਪਏ ਦੀ ਰਾਸ਼ੀ ਐਲਾਨੀ ਗਈ ਸੀ। ਉਨ੍ਹਾਂ ਨੇ ਹੋਰ ਦੱਸਿਆ ਕਿ ਮੈਰਾਥਨ ਵਿੱਚ ਪੰਜਾਬ ਤੋਂ ਇਲਾਵਾ ਮਹਾਰਾਸ਼ਟਰ, ਦਿੱਲੀ, ਯੂਪੀ, ਬੰਗਾਲ, ਜੰਮੂ ਕਸ਼ਮੀਰ, ਚੰਡੀਗੜ੍ਹ ਆਦਿ ਤੋਂ ਵੀ ਖਿਡਾਰੀ ਪਹੁੰਚੇ ਸਨ ਅਤੇ ਸਾਰੇ ਪ੍ਰਬੰਧ ਸਰਕਾਰ ਵੱਲੋਂ ਕੀਤੇ ਗਏ ਸਨ।

# ਰਮਜ਼ਾਨ ਤੇ ਈਦ-ਉਲ-ਫਿਤਰ ਲੋੜਵੰਦਾਂ ਲਈ ਹਮਦਰਦੀ ਤੇ ਭਾਈਚਾਰੇ ਦਾ ਪ੍ਰਤੀਕ : ਸਬਾ

**ਫਗਵਾੜਾ (ਰਮਨ)**- ਈਦ-ਉਲ-ਫਿਤਰ ਦਾ ਪਵਿੱਤਰ ਤਿਉਹਾਰ ਫਗਵਾੜਾ ਦੇ ਪਿੰਡ ਪਲਾਹੀ ਵਿੱਚ ਮਦੀਨਾ ਮਸਜਿਦ ਅਤੇ ਨਾਈਆਂ ਵਾਲਾ ਚੌਕ ਵਿੱਚ ਉਮਰ ਮਸਜਿਦ ਵਿੱਚ ਬਹੁਤ ਸ਼ਰਧਾ ਨਾਲ ਮਨਾਇਆ ਗਿਆ। ਸਰਬਰ ਗੁਲਾਮ ਸਬਾ ਦੀ ਅਗਵਾਈ ਵਿੱਚ ਮੌਲਾਨਾ ਜ਼ਿਆ-ਉਲ-ਹੱਕ ਕਾਸਮੀ ਨੇ ਉਮਰ ਮਸਜਿਦ ਵਿੱਚ ਈਦ-ਉਲ-ਫਿਤਰ ਦੀ ਨਮਾਜ਼ ਅਦਾ ਕਰਵਾਈ ਅਤੇ ਮੌਲਾਨਾ ਨਸੀਮ ਅਹਿਮਦ ਕਾਸਮੀ ਨੇ ਪਲਾਹੀ ਦੀ ਮਦੀਨਾ ਮਸਜਿਦ ਵਿੱਚ ਈਦ-ਉਲ-ਫਿਤਰ ਦੀ ਨਮਾਜ਼ ਅਦਾ ਕਰਵਾਈ। ਸਰਬਰ ਗੁਲਾਮ ਸਬਾ ਨੇ ਕਿਹਾ ਕਿ ਈਦ ਦਾ ਤਿਉਹਾਰ ਸਾਨੂੰ ਅੱਲ੍ਹਾ ਦੀ ਇਬਾਦਤ ਕਰਨ ਅਤੇ ਲੋੜਵੰਦਾਂ ਲਈ ਹਮਦਰਦੀ ਦਿਖਾਉਣ ਲਈ ਪ੍ਰੇਰਿਤ ਕਰਦਾ ਹੈ। ਈਦ-ਉਲ-ਫਿਤਰ ਆਪਸੀ ਭਾਈਚਾਰੇ ਦਾ ਪ੍ਰਤੀਕ ਹੈ। ਇਸ ਦਿਨ ਸਾਨੂੰ ਸਾਰੀਆਂ ਸ਼ਿਕਾਇਤਾਂ ਨੂੰ ਭੁੱਲ ਕੇ ਇੱਕ ਦੂਜੇ ਨੂੰ ਗਲੇ ਲਗਾਉਣਾ ਚਾਹੀਦਾ ਹੈ ਅਤੇ ਪਿਆਰ ਦਾ ਸੰਦੇਸ਼ ਫੈਲਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਰਮਜ਼ਾਨ ਦੇ ਪਵਿੱਤਰ ਮਹੀਨੇ ਵਿੱਚ ਰੋਜ਼ੇ ਰੱਖਣਾ ਸਿਰਫ਼ ਭੁੱਖੇ ਰਹਿਣ ਬਾਰੇ ਨਹੀਂ ਹੈ, ਸਗੋਂ ਇਹ ਅੱਲ੍ਹਾ ਨਾਲ ਸਬੰਧਾਂ ਨੂੰ ਮਜ਼ਬੂਤ ? ?ਕਰਨ ਦਾ



ਇੱਕ ਤਰੀਕਾ ਵੀ ਹੈ। ਇਸ ਮੌਕੇ ਮੌਲਾਨਾ ਨਸੀਮ ਅਹਿਮਦ ਕਾਸਮੀ ਨੇ ਕਿਹਾ ਕਿ ਸਾਨੂੰ ਇਹ ਤਿਉਹਾਰ ਇਕੱਠੇ ਮਨਾਉਣਾ ਚਾਹੀਦਾ ਹੈ। ਇਸ ਮੌਕੇ ਮਸਜਿਦ ਉਮਰ ਨਾਈਆਂ ਵਾਲਾ ਚੌਕ ਫਗਵਾੜਾ ਦੇ ਇਮਾਮ ਜ਼ਿਆ-ਉਲ-ਹੱਕ ਕਾਸਮੀ ਨੇ ਰਮਜ਼ਾਨ-ਉਲ-ਮੁਬਾਰਕ ਦੇ ਪਵਿੱਤਰ ਮਹੀਨੇ ਅਤੇ ਈਦ-ਉਲ-ਫਿਤਰ ਦੇ ਤਿਉਹਾਰ ਦੀਆਂ ਖੂਬੀਆਂ ਬਾਰੇ ਜਾਣਕਾਰੀ ਦਿੰਦੇ ਹੋਏ ਲੋਕਾਂ ਨੂੰ ਈਦ ਦੀ ਨਮਾਜ਼ ਤੋਂ ਪਹਿਲਾਂ ਫਿਤਰ ਦੀ ਰਕਮ ਅਦਾ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਦੱਸਿਆ ਕਿ ਅਸੀਂ ਫਿਤਰ ਦੇ ਪੈਸੇ ਨਾਲ ਲੋੜਵੰਦਾਂ ਦੀ ਕਿਵੇਂ ਮਦਦ ਕਰ ਸਕਦੇ ਹਾਂ। ਇਸ ਮੌਕੇ ਪ੍ਰਸਿੱਧ ਪੰਜਾਬੀ ਗਾਇਕ ਫਿਰੋਜ਼ ਖਾਨ ਨੇ ਸੂਬੇ ਅਤੇ ਦੇਸ਼ ਦੇ ਸਾਰੇ ਲੋਕਾਂ ਨੂੰ ਈਦ-ਉਲ-ਫਿਤਰ ਦੀਆਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਨੇ ਨਮਾਜ਼ ਦੌਰਾਨ ਸ਼ਾਨਦਾਰ ਪ੍ਰਬੰਧ ਕੀਤੇ ਜਿਸ ਲਈ ਉਹ ਵਧਾਈ ਦੇ ਹੱਕਦਾਰ ਹਨ। ਇਸ ਮੌਕੇ ਅਬਦੁਲ ਰਸ਼ੀਦ, ਮੁਹੰਮਦ ਕਮਰੁਲ, ਮੁਹੰਮਦ ਕਸ਼ਿਫ, ਮੁਹੰਮਦ ਕੈਸਰ, ਮੁਹੰਮਦ ਆਰਜ਼ੂ, ਕਾਰੀ ਸ਼ੌਕੀਨ, ਪ੍ਰਸਿੱਧ ਪੰਜਾਬੀ ਗਾਇਕ ਇਮਰਾਨ ਖਾਨ ਉਰਫ਼ ਖਾਨ ਸਾਹਿਬ, ਇਕਬਾਲ ਮੁਹੰਮਦ, ਮੁਹੰਮਦ ਜਹਾਂਗੀਰ, ਮੁਹੰਮਦ ਫਰਿਆਦ ਅਤੇ ਮੁਹੰਮਦ ਫਿਰੋਜ਼ ਸਮੇਤ ਵੱਡੀ ਗਿਣਤੀ ਵਿੱਚ ਮੁਸਲਿਮ ਭਾਈਚਾਰੇ ਦੇ ਮੈਂਬਰ ਮੌਜੂਦ ਸਨ।

# ਕੇਂਦਰ ਸਰਕਾਰ ਨੇ ਘਰੇਲੂ ਗੈਸ, ਪੈਟਰੋਲ ਦੀਆਂ ਕੀਮਤਾਂ ਵਧਾ ਕੇ ਗਰੀਬਾਂ ਦੀ ਕਮਰ ਤੋੜੀ : ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਹਿਗੜ੍ਹ ਤੇ ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ ਦੀ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਇਸ ਵੇਲੇ ਜੰਗ ਦੌਰਾਨ ਘਰੇਲੂ ਗੈਸ, ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਧਾ ਕੇ, ਕੇਂਦਰ ਸਰਕਾਰ ਨੇ ਗਰੀਬਾਂ ਦੀ ਕਮਰ ਤੋੜੀ ਹੈ । ਉਹਨਾਂ ਕਿਹਾ ਕਿ ਸਰਕਾਰ ਨੂੰ ਸੰਕਟ ਦੇ ਇਸ ਸਮੇਂ ਵਿੱਚ ਗਰੀਬਾਂ ਤੇ ਬੋਝ ਨਹੀਂ ਪਾਉਣਾ ਚਾਹੀਦਾ ਸੀ । ਉਹਨਾਂ ਉਨ੍ਹਾਂ ਕਿਹਾ ਕਿ ਇਸ ਮੌਕੇ ਲੋਕਾਂ ਨੂੰ ਸਮੇਂ ਸਿਰ ਗੈਸ ਸਿਲੰਡਰਾ ਦੀ ਡਿਲੀਵਰੀ ਵੀ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਛੋਟੇ ਅਤੇ ਦਰਮਿਆਨੇ ਉਦਯੋਗਾਂ ਨੂੰ ਬਰਬਾਦ ਕਰਨ ਤੇ ਤੁਲੀ ਹੋਈ ਹੈ ਅਤੇ ਵੱਡੀਆਂ ਕੰਪਨੀਆਂ ਨੂੰ ਲਾਭ ਪਹੁੰਚਾ ਰਹੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ਼ਤੀਸ਼ ਕੁਮਾਰ ਸ਼ੇਰਗੜ੍ਹ, ਬਿੱਟੂ ਬਿਰਦੀ ਸ਼ੇਰਗੜ੍ਹ, ਮਨਪ੍ਰੀਤ ਕਲੋਤਾ, ਸਾਬੀ ਸ਼ੇਰਗੜ੍ਹ, ਮੋਹਿਤ ਵਿਰਦੀ ਸ਼ੇਰਗੜ੍ਹ,ਕਾਕਾ ਲੰਬੜਦਾਰ ਸ਼ੇਰਗੜ੍ਹ, ਰਾਮਜੀ ਮਹੇ ਸ਼ੇਰਗੜ੍ਹ, ਨਰਿੰਦਰ ਕੁਮਾਰ ਸਰੋਆ, ਸੋਨੂ ਇਲੈਕਟਰੀਸ਼ਨ ਸ਼ੇਰਗੜ੍ਹ, ਹੇਮੰਤ ਵਿਰਦੀ, ਮਲਕੀਤ ਲਾਲ ਵਿਰਦੀ, ਗੁਰਮੇਲ ਸਿੰਘ ਫੋਜੀ, ਹੰਸ ਰਾਜ ਫੌਜੀ, ਰਵੀ ਸੁੰਦਰ ਨਗਰ ਸ਼ਮੀ ਪੁਰਹੀਰਾ ਆਦਿ ਹਾਜ਼ਰ ਸਨ।

# ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਨੇ ਮਨਾਇਆ ਵਿਸ਼ਵ ਜੰਗਲਾਤ ਦਿਵਸ



**ਫਗਵਾੜਾ (ਡਾ. ਰਮਨ)**- ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਵਲੋਂ ਹੋਟਲ ਹੇਅਰ ਪੈਲੇਸ ਦੇ ਸਹਿਯੋਗ ਨਾਲ ਵਿਸ਼ਵ ਜੰਗਲਾਤ ਦਿਵਸ ਐਸੋਸੀਏਸ਼ਨ ਦੇ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ 'ਚ ਹਰ ਸਾਲ ਦੀ ਤਰ੍ਹਾਂ ਪੂਰੇ ਉਤਸ਼ਾਹ ਨਾਲ ਮਨਾਇਆ। ਹੋਟਲ ਹੇਅਰ ਪੈਲੇਸ ਦੇ ਸੰਸਥਾਪਕ ਹਰਭਜਨ ਸਿੰਘ ਹੇਅਰ ਨੂੰ ਸਮਰਪਿਤ ਸਮਾਗਮ ਦਾ ਸ਼ੁੱਭ ਆਰੰਭ ਮੁੱਖ ਮਹਿਮਾਨ ਸੁਸ਼ੀਲ ਮੈਨੀ ਨੇ ਦੀਪ ਰੌਸ਼ਨ ਕਰਕੇ ਕੀਤਾ। ਉਹਨਾਂ ਦਾ ਸਾਥ ਸੁਖਵਿੰਦਰ ਸਿੰਘ ਹੇਅਰ, ਪ੍ਰਿੰਸੀਪਲ ਨਰੋਤਮ ਖੇਤੀ, ਮਹਿੰਦਰ ਸਿੰਘ ਸੋਢੀ ਅਤੇ ਮਦਨ ਲਾਲ ਕੋਰੋਟਾਨੀਆ ਵਲੋਂ ਦਿੱਤਾ ਗਿਆ। ਮਲਕੀਅਤ ਸਿੰਘ ਰਘਬੋਤਰਾ ਨੇ ਜੰਗਲਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਹਨਾਂ ਨੇ ਦਰਖਤਾਂ ਦੀ ਸਾਂਭ ਸੰਭਾਲ ਤੇ ਇਸ ਸਾਲ ਦੇ ਥੀਮ ਜੰਗਲ ਅਤੇ ਅਰਥ ਵਿਵਸਥਾਵਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ। ਪੰਜਾਬੀ ਲੇਖਕ ਮਹਿੰਦਰ ਸਿੰਘ ਸੋਢੀ, ਪ੍ਰਿੰਸੀਪਲ ਨਰੋਤਮ ਖੇਤੀ ਤੇ ਮੁੱਖ ਮਹਿਮਾਨ ਸੁਸ਼ੀਲ ਮੈਨੀ ਨੇ ਵੱਧ ਤੋਂ ਵੱਧ ਦਰਖਤ ਲਗਾਉਣ ਅਤੇ ਦਰਖਤਾਂ ਨੂੰ ਬਚਾਉਣ ਲਈ ਲੋੜੀਂਦੇ ਉਪਰਾਲੇ ਕਰਨ ਦੀ ਅਪੀਲ ਕੀਤੀ। ਸਮਾਗਮ ਦੌਰਾਨ ਪਹੁੰਚੇ ਆਦਰਸ਼ ਬਾਲ ਵਿਦਿਆਲਿਆ ਦੇ ਵਿਦਿਆਰਥੀਆਂ ਨੇ ਦਰਖ਼ਤਾਂ ਨੂੰ ਬਚਾਉਣ ਦਾ ਸੰਕਲਪ ਲਿਆ। ਵਿਦਿਆਰਥੀਆਂ ਦੇ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ।

ਸਮਾਗਮ ਦੇ ਅਖੀਰ ਵਿੱਚ ਹਾਜ਼ਰੀਨ ਵਾਤਾਵਰਣ ਪ੍ਰੇਮੀਆਂ ਨੂੰ ਸਨਮਾਨ ਵਜੋਂ ਬੂਟੇ ਵੀ ਵੰਡੇ ਗਏ। ਇਸ ਮੌਕੇ ਹੋਟਲ ਦੇ ਮੈਨੇਜਰ ਜੋਗਿੰਦਰ ਪਾਲ, ਮੋਹਨ ਲਾਲ ਤਨੇਜਾ, ਸੁਭਾਸ਼ ਮੈਨੀ, ਦੀਪਕ ਮੈਨੀ, ਪੰਡਿਤ ਜੁਗਲ ਭਨੋਟ, ਕਸ਼ਮੀਰੀ ਲਾਲ, ਰਾਜੀਵ ਸ਼ਰਮਾ, ਰਵੀ ਮੈਨੀ ਆਦਿ ਹਾਜਰ ਸਨ।

# ਕਾਂਸ਼ੀ ਰਾਮ ਦੇ ਨਾਂਅ 'ਤੇ ਰਾਜਨੀਤੀ ਕਰਨ ਦੀ ਕੀਤੀ ਨਿੰਦਾ

**ਆਦਮਪੁਰ (ਪਰਮਜੀਤ ਸਿੰਘ)**- ਬਹੁਜਨ ਸਮਾਜ ਪਾਰਟੀ (ਬਸਪਾ) ਦੇ ਆਗੂਆਂ ਵੱਲੋਂ ਇੱਥੇ ਕੀਤੀ ਪ੍ਰੈਸ ਕਾਨਫਰੰਸ ਵਿਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਵਨ ਕੁਮਾਰ ਟੀਨੂ ਤੇ ਕਾਂਗਰਸ ਦੇ ਵਿਧਾਇਕ ਸੁਖਵਿੰਦਰ ਕੋਟਲੀ ਵਲੋਂ ਬਸਪਾ ਸੰਸਥਾਪਕ ਸਾਹਿਬ ਕਾਂਸ਼ੀ ਰਾਮ ਜੀ ਦੇ ਨਾਂ 'ਤੇ ਕੀਤੀ ਜਾ ਰਹੀ ਹੋਛੀ ਰਾਜਨੀਤੀ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ । ਪ੍ਰੈਸ ਨਾਲ ਗੱਲਬਾਤ ਕਰਦਿਆਂ ਬਸਪਾ ਸੂਬਾ ਜਨਰਲ ਸਕੱਤਰ ਤੇ ਹਲਕਾ ਆਦਮਪੁਰ ਇੰਚਾਰਜ ਬਲਵਿੰਦਰ ਕੁਮਾਰ ਐਡਵੋਕੇਟ, ਸੂਬਾ ਸਕੱਤਰ ਇੰਜ ਜਸਵੰਤ ਰਾਏ, ਪਾਰਟੀ ਦੇ ਸੀਨੀਅਰ ਆਗੂ ਤੇ ਕੌਂਸਲਰ ਮਦਨ ਲਾਲ ਮੱਦੀ, ਬਲਦੇਵ ਸਲਾਲਾ, ਹਰਜਿੰਦਰ ਬਿੱਲਾ ਨੇ ਕਿਹਾ ਕਿ ਪਵਨ ਕੁਮਾਰ ਟੀਨੂੰ ਤੇ ਸੁਖਵਿੰਦਰ ਕੋਟਲੀ ਵਲੋਂ ਸਾਹਿਬ ਕਾਂਸ਼ੀ ਰਾਮ ਜੀ ਦੇ ਨਾਂ 'ਤੇ ਕੀਤੀ ਜਾ ਰਹੀ ਹੋਛੀ ਰਾਜਨੀਤੀ ਨੂੰ ਲੈ ਕੇ ਸਾਹਿਬ ਕਾਂਸ਼ੀ ਰਾਮ ਦੇ ਪੈਰੋਕਾਰਾਂ ਵਿੱਚ ਕਾਫੀ ਗੁੱਸਾ ਤੇ ਰੋਸ ਹੈ ਉਹਨਾਂ ਕਿਹਾ ਕਿ ਇਹਨਾਂ ਦੋਵੇਂ ਆਗੂਆਂ ਦਾ ਸਾਹਿਬ ਕਾਂਸ਼ੀ ਰਾਮ ਵੱਲੋਂ ਸਥਾਪਿਤ ਪਾਰਟੀ ਤੇ ਵਿਚਾਰਧਾਰਾ ਨਾਲ ਕੋਈ ਲੈਣਾ ਦੇਣਾ ਨਹੀਂ ਤੇ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਇਹ ਦੋਵੇਂ ਆਗੂ ਉਹਨਾਂ ਨੂੰ ਸਾਲਾਂ ਤੋਂ ਹੀ ਛੱਡ ਚੁੱਕੇ ਹਨ। ਇਹ ਜਾਣਦੇ ਹਨ ਕਿ ਖਾਸ ਕਰ ਹਲਕਾ



ਆਦਮਪੁਰ ਵਿੱਚ ਸਾਹਿਬ ਕਾਂਸ਼ੀ ਰਾਮ ਜੀ ਦੇ ਵੱਡੀ ਗਿਣਤੀ ਦੇ ਵਿੱਚ ਪੈਰੋਕਾਰ ਹਨ ਇਸ ਕਰਕੇ ਸਿਰਫ ਵੋਟਾਂ ਦੇ ਲਾਲਚ ਵਿੱਚ ਹੀ ਉਨਾਂ ਦੇ ਨਾਂਅ 'ਤੇ ਰਾਜਨੀਤੀ ਕਰਨ ਲੱਗੇ ਹੋਏ ਆ ਜਿਸ ਨੂੰ ਬਸਪਾ ਕਦੇ ਮਨਜ਼ੂਰ ਨਹੀਂ ਕਰੇਗੀ। ਉਹਨਾਂ ਇਹ ਵੀ ਕਿਹਾ ਕਿ ਕਾਂਗਰਸ ਲਗਾਤਾਰ ਪਹਿਲਾਂ ਬਾਬਾ ਸਾਹਿਬ ਦਾ ਵਿਰੋਧ ਕਰਦੀ ਰਹੀ ਤੇ ਉਹ ਸਾਹਿਬ ਕਾਂਸ਼ੀ ਰਾਮ ਦਾ ਵੀ ਕਦੇ ਸਨਮਾਨ ਨਹੀਂ ਕਰ ਸਕੀ ਇਥੋਂ ਤੱਕ ਕੀ ਕਾਂਗਰਸ ਆਗੂ ਰਾਹੁਲ ਗਾਂਧੀ ਸਾਹਿਬ ਕਾਂਸ਼ੀ ਰਾਮ ਦੇ ਖਿਲਾਫ ਬੋਲਦੇ ਰਹੇ ਹਨ ਪਰ ਹੁਣ ਜਦੋਂ ਇਹਨਾਂ ਨੂੰ ਲੱਗਦਾ ਕਿ ਇਹਨਾਂ ਤੋਂ ਬਹੁਜਨ ਸਮਾਜ ਦੂਰ ਹੋ ਰਿਹਾ ਹੈ ਇਹ ਸਿਰਫ ਆਪਣੀ ਰਾਜਨੀਤੀ ਲਈ ਨਾਂਅ ਲੈ ਰਹੇ ਹਨ। ਇਸ ਤਰਾਂ ਹੀ ਆਪ ਨੇ ਪਹਿਲਾਂ ਬਾਬਾ ਸਾਹਿਬ ਤੇ ਭਗਤ ਸਿੰਘ ਦੇ ਨਾਂਅ 'ਤੇ ਰਾਜਨੀਤੀ ਕੀਤੀ ਪਰ ਇਹਨਾਂ ਦੇ ਅਸੂਲਾਂ 'ਤੇ ਪੂਰੀ ਨਹੀਂ ਉਤਰੀ ਤੇ ਹੁਣ ਆਪ ਦੇ ਆਗੂ ਸਿਰਫ ਨਿਜੀ ਹਿੱਤਾਂ ਦੇ ਲਈ ਸਾਹਿਬ ਕਾਂਸ਼ੀ ਰਾਮ ਦਾ ਨਾਂ ਲੈ ਰਹੇ ਹਨ ਜਦ ਕਿ ਅਸਲ ਵਿੱਚ ਇਹ ਲੋਕ ਇਹਨਾਂ ਦੀ ਸਮੁੱਚੇ ਲੋਕਾਂ ਦੇ ਭਲੇ ਦੀ ਵਿਚਾਰਧਾਰਾ ਦੇ ਖਿਲਾਫ ਹਨ। ਪਾਰਟੀ ਦੇ ਕੌਂਸਲਰ ਮਦਨ ਲਾਲ ਮੱਦੀ ਨੇ ਕਿਹਾ ਕਿ ਉਹ ਜਦੋਂ ਅਲਾਵਲਪੁਰ ਨਗਰ ਕੌਂਸਲ ਦੇ ਉਪ ਪ੍ਰਧਾਨ ਸਨ ਤਾਂ ਉਸ ਵੇਲੇ ਬਾਬਾ ਸਾਹਿਬ ਦੇ ਨਾਂ 'ਤੇ ਪਾਰਕ ਦਾ ਮਤਾ ਪਾਇਆ ਸੀ ਪਰ ਜਦੋਂ ਸੁਖਵਿੰਦਰ ਕੋਟਲੀ ਕਾਂਗਰਸ ਤੋਂ ਵਿਧਾਇਕ ਬਣੇ ਤਾਂ ਇਹਨਾਂ ਨੇ ਇਹ ਮਤਾ ਰੱਦ ਕਰਵਾ ਦਿੱਤਾ। ਇਸ ਮੌਕੇ ਬਸਪਾ ਆਗੂ ਸੋਮਪਾਲ ਪ੍ਰਿੰਸੀਪਲ ਤੇ ਸੁਖਵਿੰਦਰ ਚੁਖਿਆਰਾ ਵੀ ਮੌਜੂਦ ਸਨ।

# ਸੁਰਿੰਦਰ ਬਿੱਲਾ ਸੀਨੀਅਰ ਵਾਈਸ ਚੇਅਰਮੈਨ ਐੱਸ ਸੀ ਡਿਪਾਰਟਮੈਂਟ ਨਿਯੁਕਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਆਲ ਇੰਡੀਆ ਕਾਂਗਰਸ ਬ੍ਰਿਗੇਡ ਕਮੇਟੀ ਨੇ ਵਿਮੁਕਤ ਤੇ ਬਾਜ਼ੀਗਰ ਸਮਾਜ ਦੇ ਉੱਘੇ ਸਮਾਜ ਸੇਵੀ ਤੇ ਕਾਂਗਰਸੀ ਵਰਕਰ ਸੁਰਿੰਦਰ ਕੁਮਾਰ ਸੰਧੂ ਉਰਫ ਬਿੱਲਾ ਨੂੰ ਸੀਨੀਅਰ ਵਾਈਸ ਚੇਅਰਮੈਨ ਐੱਸ ਸੀ ਡਿਪਾਰਟਮੈਂਟ ਪੰਜਾਬ ਨਿਯੁਕਤ ਕੀਤਾ ਗਿਆ ਹੈ। ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਸੁਰਿੰਦਰ ਕੁਮਾਰ ਸੰਧੂ ਉਰਫ ਬਿੱਲਾ ਐਸ ਸੀ ਡਿਪਾਰਟਮੈਂਟ ਪੰਜਾਬ ਕਾਂਗਰਸ ਬ੍ਰਿਗੇਡ ਕਮੇਟੀ ਨੇ ਦੱਸਿਆ ਕਿ ਡਾਕਟਰ ਸੰਜੇ ਸਿੰਘ ਵਿਸੇਨ ਨੈਸ਼ਨਲ ਪ੍ਰਧਾਨ ਆਲ ਇੰਡੀਆ ਕਾਂਗਰਸ ਬ੍ਰਿਗੇਡ ਕਮੇਟੀ ਨੇ ਉਨਾਂ ਤੇ ਵਿਸ਼ਵਾਸ ਕਰਕੇ ਇਹ ਅਹੁਦਾ ਦਿੱਤਾ ਹੈ। ਇਸ ਮੌਕੇ ਉਹਨਾਂ ਆਪਣੀ ਹਾਈ ਕਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਉਨਾਂ ਨੂੰ ਪਾਰਟੀ ਵੱਲੋਂ ਦਿੱਤਾ ਗਿਆ ਅਹੁਦਾ ਹੈ ਉਸ ਪ੍ਰਤੀ ਉਹ ਆਪਣੀਆਂ ਸੇਵਾਵਾਂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਵੱਲੋਂ ਕੀਤੇ ਹੋਏ ਭਰੋਸੇ ਨੂੰ ਉਹ ਕਦੇ ਵੀ ਨਹੀਂ ਤੋੜਨਗੇ। ਉਹਨਾਂ ਨੇ ਹੈਪੀ ਖੇੜਾ ਦਫਤਰੀ ਸੈਕਟਰੀ ਪੰਜਾਬ, ਜੱਗਾ ਰਾਮ ਸਾਬਕਾ ਚੇਅਰਮੈਨ ਪੰਜਾਬ ਬਾਜ਼ੀਗਰ ਸੈਲ, ਲੱਖਾ ਰਾਮ ਦਵੇਸਰ ਇੰਚਾਰਜ ਪੰਜਾਬ ਦਾ ਵੀ ਧੰਨਵਾਦ ਕੀਤਾ।ਇਸ ਮੌਕੇ ਵਿਜੇ ਕੁਮਾਰ, ਜਸਬੀਰ ਸਿੰਘ, ਸੁਰਜੀਤ ਸਿੰਘ, ਮੇਵਾ ਰਾਮ ਘਨੌਤ ਸ਼ਿੰਦਰ ਜੋਗਿੰਦਰ ਰਾਮ, ਸੁਰਜੀਤ ਸਿੰਘ ਘਨੌਤ, ਭਜਨ ਰਾਮ, ਜੋਗਿੰਦਰ ਰਾਮ ਮਛਾਲ, ਵੀਰੂ ਰਾਮ, ਡਾਕਟਰ ਕਾਲੇ ਵਕੀਲ ਚੰਦ ਵਿੱਕੀ ਚਰਨ ਦਾਸ, ਸੁਖਚੈਨ ਸਿੰਘ, ਮਹਿੰਦਰ ਰਾਮ, ਛਿੰਦਰ ਰਾਮ ਆਦਿ ਹਾਜ਼ਰ ਸਨ।

# ਐੱਲ ਪੀ ਯੂ ਨੇ ਯੂਥ ਫੈਸਟੀਵਲ 'ਚ 13 ਰਾਸ਼ਟਰੀ ਪੁਰਸਕਾਰ ਜਿੱਤੇ

**ਜਲੰਧਰ (ਸ਼ੈਲੀ ਐਲਬਰਟ)**-ਆਪਣੀਆਂ ਸੱਭਿਆਚਾਰਕ ਪ੍ਰਾਪਤੀਆਂ ਵਿੱਚ ਇੱਕ ਹੋਰ ਅਧਿਆਇ ਜੋੜਦੇ ਹੋਏ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ (ਏ ਆਈ ਯੂ) ਦੀ ਅਗਵਾਈ ਹੇਠ ਚੇਨਈ ਵਿੱਚ ਆਯੋਜਿਤ 39ਵੇਂ ਏਆਈਯੂ ਇੰਟਰ-ਯੂਨੀਵਰਸਿਟੀ ਨੈਸ਼ਨਲ ਯੂਥ ਫੈਸਟੀਵਲ ਕਲਾਈ ਸਰਲ ਵਿੱਚ 13 ਪੁਰਸਕਾਰ ਜਿੱਤੇ। ਇਸ ਫੈਸਟੀਵਲ ਵਿੱਚ 140 ਤੋਂ ਵੱਧ ਯੂਨੀਵਰਸਿਟੀਆਂ ਤੇ ਭਾਰਤ ਭਰ ਤੋਂ 3,000 ਤੋਂ ਵੱਧ ਭਾਗੀਦਾਰਾਂ ਨੇ ਭਾਗ ਲਿਆ।ਸੰਗੀਤ, ਡਾਂਸ, ਸਾਹਿਤ ਅਤੇ ਲਲਿਤ ਕਲਾਵਾਂ ਦੇ ਵੱਖ-ਵੱਖ ਪ੍ਰੋਗਰਾਮਾਂ ਵਿੱਚ ਹਿੱਸਾ ਲੈਂਦੇ ਹੋਏ, ਐੱਲ ਪੀ ਯੂ ਦੇ



ਵਿਦਿਆਰਥੀਆਂ ਨੇ ਇੰਡੀਅਨ ਗਰੁੱਪ ਸੌਂਗ, ਵੈਸਟਰਨ ਗਰੁੱਪ ਸੌਂਗ, ਹਿੰਦੀ ਡਿਬੇਟ, ਪੋਸਟਰ ਮੇਕਿੰਗ ਅਤੇ ਵੈਸਟਰਨ ਵੋਕਲ ਸੋਲੋ ਵਿੱਚ ਪੰਜ ਗੋਲਡ ਮੈਡਲ ਜਿੱਤੇ। ਆਪਣੇ ਪ੍ਰਦਰਸ਼ਨ ਨੂੰ ਹੋਰ ਮਜ਼ਬੂਤ ? ?ਕਰਦੇ ਹੋਏ, ਉਨ੍ਹਾਂ ਨੇ ਕਲਾਸੀਕਲ ਵੋਕਲ ਪਰਕਸ਼ਨ, ਕਲਾਸੀਕਲ ਡਾਂਸ, ਫੋਕ ਡਾਂਸ, ਅਤੇ ਕਲਾਸੀਕਲ ਵੋਕਲ ਵਿੱਚ ਚਾਰ ਚਾਂਦੀ ਦੇ ਤਗਮੇ ਜਿੱਤੇ, ਨਾਲ ਹੀ ਲਾਈਟ ਵੋਕਲ, ਵੈਸਟਰਨ ਇੰਸਟ੍ਰੂਮੈਂਟਲ ਸੋਲੋ ਅਤੇ ਕ੍ਰਿਏਟਿਵ ਡਾਂਸ ਵਿੱਚ ਤਿੰਨ ਕਾਂਸੀ ਦੇ ਤਗਮੇ ਜਿੱਤੇ।ਕੁੱਲ ਮਿਲਾ ਕੇ ਐੱਲ ਪੀ ਯੂ ਨੇ ਡਾਂਸ ਅਤੇ ਕਲਚਰਲ ਪ੍ਰੋਸੈਸ਼ਨ ਵਿੱਚ ਪਹਿਲੀ ਰਨਰ-ਅੱਪ ਪੁਜੀਸ਼ਨ ਪ੍ਰਾਪਤ ਕੀਤੀ, ਨਾਲ ਹੀ ਸੰਗੀਤ ਵਿੱਚ ਦੂਜੀ ਰਨਰ-ਅੱਪ ਪੁਜੀਸ਼ਨ ਪ੍ਰਾਪਤ ਕੀਤੀ ਅਤੇ ਰਾਸ਼ਟਰੀ ਪੱਧਰ 'ਤੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀਆਂ ਯੂਨੀਵਰਸਿਟੀਆਂ ਵਿੱਚ ਐੱਲ ਪੀ ਯੂ ਦੀ ਨਿਰੰਤਰ ਮੌਜੂਦਗੀ ਦਾ ਪ੍ਰਦਰਸ਼ਨ ਕੀਤਾ।ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਜਿੱਤਾਂ 'ਤੇ ਵਧਾਈ ਦਿੰਦੇ ਹੋਏ, ਸੰਸਦ ਮੈਂਬਰ (ਰਾਜ ਸਭਾ) ਤੇ ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਰਾਸ਼ਟਰੀ ਪਲੇਟਫਾਰਮ 'ਤੇ ਨਿਰੰਤਰ ਸਫਲਤਾ, ਅਨੁਸ਼ਾਸਿਤ ਯਤਨਾਂ, ਮਜ਼ਬੂਤ ? ?ਮਾਰਗਦਰਸ਼ਨ ਤੇ ਇੱਕ ਅਜਿਹੇ ਵਾਤਾਵਰਣ ਦਾ ਨਤੀਜਾ ਹੈ ਜੋ ਅਕਾਦਮਿਕ ਉੱਤਮਤਾ ਅਤੇ ਕਲਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਦਾ ਹੈ।

# ਰਾਮਨੌਮੀ ਸ਼ੋਭਾ ਯਾਤਰਾ ਅੱਜ, ਤਿਆਰੀਆਂ ਮੁਕੰਮਲ : ਬਹਿਲ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਭਗਵਾਨ ਸ੍ਰੀ ਰਾਮ ਚੰਦਰ ਦੇ ਜਨਮ ਉਤਸਵ ਸਬੰਧੀ 24 ਮਾਰਚ ਨੂੰ ਕੱਢੀ ਜਾ ਰਹੀ ਵਿਸ਼ਾਲ ਅਲੌਕਿਕ ਸ਼ੋਭਾ ਯਾਤਰਾ ਦੀਆਂ ਮੁਕੰਮਲ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਸਨਾਤਨ ਧਰਮ ਸਭਾ ਦੇ ਪ੍ਰਧਾਨ ਦੀਪਕ ਬਹਿਲ ਦੀ ਅਗਵਾਈ ਵਿੱਚ ਮਹਾਦੇਵ ਮੰਦਰ ਨਜ਼ਦੀਕ ਹਸਪਤਾਲ ਚੌਕ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਇਲਾਕੇ ਦੀਆਂ ਵੱਖ ਵੱਖ ਧਾਰਮਿਕ, ਸਮਾਜਿਕ ਅਤੇ ਸਵੈ ਸੇਵੀ ਸੰਸਥਾਵਾਂ ਤੋਂ ਇਲਾਵਾ ਬ੍ਰਾਹਮਣ ਸਮਾਜ ਦੇ ਆਗੂਆਂ ਨੇ ਹਿੱਸਾ ਲਿਆ।ਮੀਟਿੰਗ 'ਚ ਸ਼ਾਮਲ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਸੁਰਿੰਦਰ ਨਈਅਰ, ਅਸ਼ੋਕ ਬਹਿਲ, ਦਿਲਬਾਗ ਰਾਏ, ਜੀਵਨ ਕੁਮਾਰ ਬਬਲੀ, ਪਵਨ ਚੱਡਾ, ਸੋਨੂੰ ਖੁੱਲਰ, ਅਮਿਤ ਕੁਮਾਰ, ਮੋਹਨ ਸ਼ਰਮਾ, ਨਵੀਨ ਵਰਮਾ, ਵਿਕਾਸ ਮਰਵਾਹਾ, ਗੋਬਿੰਦਾ, ਬਿਮਲ ਅਰੋੜਾ, ਹੈਪੀ ਸਿੰਘ, ਮੋਹਿਤ ਸ਼ਰਮਾ, ਕਪਿਲ ਸੋਂਧੀ, ਜੋਨੀ ਵਸਲ, ਸ਼ਿਵਮ ਵੈਦ, ਵਿਕਾਸ ਜਸਰਾ ਤੋਂ ਇਲਾਵਾ ਹੋਰ ਸੰਸਥਾਵਾਂ



ਦੇ ਆਗੂਆਂ ਨੇ ਸ਼ੋਭਾ ਸਬੰਧੀ ਆਪਣੇ ਵਿਚਾਰ ਸਾਂਝੇ ਕਰਨ ਉਪਰਾਂਤ ਰਮਾਇਣੀ ਮੰਦਰ ਉੜਮੁੜ ਮਹੰਤ ਮੁਰਲੀ ਦਾਸ ਨੂੰ ਇਸ ਸ਼ੋਭਾ ਯਾਤਰਾ ਸਬੰਧੀ ਸੱਦਾ ਪੱਤਰ ਦਿੱਤਾ। ਪ੍ਰਧਾਨ ਦੀਪਕ ਬਹਿਲ ਨੇ ਕਿਹਾ ਕਿ ਰਾਮ ਨੌਮੀ ਨੂੰ ਸਮਰਪਤ 24 ਮਾਰਚ ਨੂੰ ਕੱਢੀ ਜਾ ਰਹੀ ਵਿਸ਼ਾਲ ਸ਼ੋਭਾ ਯਾਤਰਾ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਇਹ ਸ਼ੋਭਾ ਯਾਤਰਾ ਮਹਾਦੇਵ ਮੰਦਰ ਤੋਂ ਚੱਲ ਕੇ ਸ਼ਿਮਲਾ ਪਹਾੜੀ, ਉੜਮੁੜ ਬਾਜ਼ਾਰ, ਬਾਬਾ ਬੂਟਾ ਭਗਤ ਚੌਕ, ਥਾਣਾ ਚੌਕ, ਰੇਲਵੇ ਚੌਕ, ਟਾਂਡਾ ਚੌਕ, ਬੱਸ ਅੱਡਾ ਚੌਕ ਅਤੇ ਹਸਪਤਾਲ ਚੌਕ ਤੋਂ ਹੁੰਦੀ ਹੋਈ ਮਹਾਦੇਵ ਮੰਦਰ ਪਹੁੰਚ ਕੇ ਸੰਪੰਨ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਸ਼ੋਭਾ ਯਾਤਰਾ ਵਿੱਚ ਟਾਂਡਾ ਇਲਾਕੇ ਦੀਆਂ ਵੱਖ-ਵੱਖ ਰਾਮਲੀਲ੍ਹਾ ਕਮੇਟੀਆਂ ਤੋਂ ਇਲਾਵਾ ਦਸਹਿਰਾ ਕਮੇਟੀ ਵੱਲੋਂ ਵੱਖ-ਵੱਖ ਸਰੂਪਾਂ ਨਾਲ ਸਜਾਈਆਂ ਗਈਆਂ ਝਾਕੀਆਂ ਸ਼ਾਮਲ ਹੋਣਗੀਆਂ। ਉਨ੍ਹਾਂ ਕਿਹਾ ਕਿ ਇਸ ਸ਼ੋਭਾ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਪੰਡੋਰੀ ਧਾਮ ਦੇ ਗੱਦੀਨਸ਼ੀਨ ਮਹੰਤ ਰਘੂਵੀਰ ਦਾਸ ਅਤੇ ਮਧੂ ਸੂਧਨ ਮਹਾਰਾਜ ਵਰਿੰਦਾਵਨ ਤੋਂ ਇਲਾਵਾ ਹੋਰ ਸੰਤ ਮਹਾਂਪੁਰਸ਼ ਸ਼ਰਧਾਲੂਆਂ ਨੂੰ ਆਸ਼ੀਰਵਾਦ ਦੇ ਕੇ ਨਿਹਾਲ ਕਰਨਗੇ।

# ਅੱਖਾਂ ਦਾ ਫਰੀ ਅਪ੍ਰੇਸ਼ਨ ਤੇ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਫਗਵਾੜਾ (ਡਾ. ਰਮਨ)**- ਮਾਣਕ ਵੈਲਫੇਅਰ ਸੁਸਾਇਟੀ ਵਲੋਂ ਸੁਸਾਇਟੀ ਦੇ ਪ੍ਰਧਾਨ ਅਮਰਜੀਤ ਸਿੰਘ ਰਿਆਤ ਯੂ.ਕੇ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 15ਵਾਂ ਅੱਖਾਂ ਦਾ ਫਰੀ ਆਪ੍ਰੇਸ਼ਨ ਅਤੇ ਮੈਡੀਕਲ ਚੈਕਅਪ ਕੈਂਪ ਬਾਹੜਾ ਹਸਪਤਾਲ, ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਲਾਇਨਜ ਕਲੱਬ ਫਗਵਾੜਾ ਦੇ ਸਹਿਯੋਗ ਨਾਲ ਸਰਕਾਰੀ ਸਕੂਲ ਪਿੰਡ ਮਾਣਕ ਵਿਖੇ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸ. ਮਲਕੀਤ ਸਿੰਘ ਨੋਤੇ (ਯੂ ਕੇ) ਅਤੇ ਉਹਨਾਂ ਦੇ ਨਾਲ ਪਹੁੰਚੇ ਕੁਲਵਿੰਦਰ ਕੌਰ ਕਿੰਦਰ ਵਲੋਂ ਸਾਂਝੇ ਤੌਰ ਤੇ ਕੀਤਾ ਗਿਆ। ਵਧੇਰੇ ਜਾਣਕਾਰੀ ਦਿੰਦੇ ਹੋਏ ਲਾਇਨਜ਼ ਕਲੱਬ ਫਗਵਾੜਾ ਦੇ ਚਾਰਟਰ ਪ੍ਰਧਾਨ ਲਾਇਨ ਸੁਖਵਿੰਦਰ ਸਿੰਘ ਟੈਰੀ ਨੇ ਦੱਸਿਆ ਕਿ ਇਸ ਕੈਂਪ ਦੀ ਸ਼ੁਰੂਆਤ ਗੁਰਬਖ਼ਸ਼ ਸਿੰਘ ਰਿਆਤ (ਯੂ ਕੇ), ਸਵ. ਪ੍ਰੋ. ਸ਼ੀਤਲ ਸਿੰਘ ਅਤੇ ਸਵ. ਗੁਰਦੀਪ ਸਿੰਘ ਲਾਲੀ ਵਲੋਂ 17 ਸਾਲ ਪਹਿਲਾਂ ਕੀਤੀ ਗਈ ਸੀ। ਕੋਵਿਡ ਮਹਾਮਾਰੀ ਦੇ ਦੋ ਸਾਲ ਨੂੰ ਛੱਡ ਕੇ ਇਹ ਕੈਂਪ ਲਗਾਤਾਰ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਬਾਹੜਾ ਹਸਪਤਾਲ ਦੀ ਟੀਮ ਨੇ ਡਾ. ਚੰਦਨ ਮਹਿਤਾ ਦੀ ਅਗਵਾਈ ਹੇਠ ਕਰੀਬ 575 ਮਰੀਜ਼ਾਂ ਦਾ ਚੈੱਕਅੱਪ ਕੀਤਾ। ਜਦਕਿ ਡਾ. ਸਹਿਜਤਾ ਭੱਟੀ ਦੀ ਟੀਮ ਵਲੋਂ ਮਰੀਜ਼ਾਂ ਦੇ ਸ਼ੂਗਰ, ਬਲੱਡ ਪ੍ਰੈਸ਼ਰ ਅਤੇ



ਹੋਰ ਜਨਰਲ ਬਿਮਾਰੀਆਂ ਦਾ ਚੈਕਅਪ ਕੀਤਾ ਗਿਆ। ਲੋੜਵੰਦ ਮਰੀਜ਼ਾਂ ਨੂੰ ਐਨਕਾਂ ਅਤੇ ਦਵਾਈਆਂ ਫਰੀ ਦਿੱਤੀਆਂ ਗਈਆਂ। ਅੱਖਾਂ ਦੇ ਆਪ੍ਰੇਸ਼ਨ ਲਈ ਚੁਣੇ ਗਏ 80 ਮਰੀਜ਼ਾਂ ਦੇ ਆਪ੍ਰੇਸ਼ਨ ਬਾਹੜਾ ਹਸਪਤਾਲ ਫਗਵਾੜਾ ਵਿਖੇ ਕੀਤੇ ਜਾਣਗੇ। ਮਰੀਜ਼ਾਂ ਲਈ ਲੰਗਰ ਦੀ ਸੇਵਾ ਹਰ ਸਾਲ ਦੀ ਤਰ੍ਹਾਂ ਸਵ. ਮਹਿੰਦਰ ਸਿੰਘ ਰਿਐਤ ਦੇ ਪਰਵਾਰ ਵਲੋਂ ਵਰਤਾਈ ਗਈ। ਲਾਇਨ ਸੁਖਵਿੰਦਰ ਸਿੰਘ ਟੈਰੀ ਨੇ ਇਸ ਕੈਂਪ ਨੂੰ ਸਫਲ ਬਨਾਉਣ ਵਿੱਚ ਆਰਥਕ ਸਹਿਯੋਗ ਲਈ ਐਨ.ਆਰ.ਆਈ. ਰਾਜਬੀਰ ਸਿੰਘ ਮਾਣਕ ਯੂ ਕੇ, ਦਲਬੀਰ ਸਿੰਘ ਸੈਂਡੀ ਯੂ ਕੇ, ਸੁਖਵਿੰਦਰ ਸਿੰਘ ਰਿਆਤ ਯੂ ਕੇ, ਸੁਰਿੰਦਰ ਸਿੰਘ ਮਾਣਕ, ਬਲਜਿੰਦਰ ਸਿੰਘ ਨਿੱਝਰ ਯੂ ਕੇ, ਜਸਵੰਤ ਸਿੰਘ ਲੱਲੀ ਯੂ ਕੇ, ਸੁਰਜੀਤ ਸਿੰਘ ਪੁਰੇਵਾਲ ਯੂ ਕੇ, ਸਰਬਜੀਤ ਸਿੰਘ ਰਿਆਤ ਯੂ ਕੇ, ਅਨੂਪ ਸਿੰਘ ਰਿਆਤ ਯੂ ਕੇ, ਸੁਰਿੰਦਰ ਸਿੰਘ ਰਿਆਤ ਯੂ ਕੇ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਉਹਨਾਂ ਨੇ ਸਮੂਹ ਸਹਿਯੋਗੀਆਂ, ਪਤਵੰਤਿਆਂ ਅਤੇ ਡਾਕਟਰ ਸਾਹਿਬਾਨ ਦਾ ਵੀ ਤਹਿ ਦਿਲੋਂ ਧੰਨਵਾਦ ਕੀਤਾ। ਸਟੇਜ ਦੀ ਸੇਵਾ ਸੁਖਨਿੰਦਰ ਸਿੰਘ ਬੱਬੂ ਵਲੋਂ ਨਿਭਾਈ ਗਈ। ਇਸ ਮੌਕੇ ਲਾਇਨਜ਼ ਕਲੱਬ ਫਗਵਾੜਾ ਦੇ ਪ੍ਰਧਾਨ ਲਾਇਨ ਸਰਬਜੀਤ ਸਿੰਘ ਪ੍ਰੀਤ, ਲਾਇਨ ਨਵਜੋਤ ਸਿੰਘ, ਲਾਇਨ ਹਰਜਿੰਦਰ ਸਿੰਘ ਖਾਲਸਾ, ਲਾਇਨ ਗੁਲਬਹਾਰ ਸਿੰਘ, ਅਮਰਜੀਤ ਸਿੰਘ ਅੰਬੀ, ਗੁਰਦੀਪ ਸਿੰਘ ਦੀਪੂ, ਸੁਖਵਿੰਦਰ ਪੱਪੂ, ਬੀਰੂ ਮਾਣਕ, ਹਰਿੰਦਰ ਸਿੰਘ ਲੱਕੀ, ਜਿੰਦੂ ਮਾਣਕ ਤੋਂ ਇਲਾਵਾ ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤੇ ਹਾਜ਼ਰ ਸਨ।

# ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਵਿਖੇ ਵਹਿਮਾਂ-ਭਰਮਾਂ ਸੰਬੰਧੀ ਸੈਮੀਨਾਰ




**ਕਾਲਾ ਸੰਘਿਆਂ (ਮਨਜੀਤ ਮਾਨ)**

ਸਥਾਨਕ ਕਸਬਾ ਕਾਲਾ ਸੰਘਿਆ ਦੀ ਪ੍ਰਸਿੱਧ ਸੰਸਥਾ ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਦੇ ਐੱਨ ਐੱਸ ਐੱਸ ਵਿਭਾਗ ਤੇ ਰੈਡ ਰਿਬਨ ਕਲੱਬ ਦੇ ਸਾਂਝੇ ਉੱਦਮ ਸਦਕਾ ਵਹਿਮਾਂ ਭਰਮਾਂ ਉੱਪਰ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ । ਇਸ ਸੈਮੀਨਾਰ ਦੇ ਮੁੱਖ ਬੁਲਾਰੇ ਸਨ ਮਾਸਟਰ ਸੁਖਦੇਵ ਸਿੰਘ ਫਗਵਾੜਾ । ਸੈਮੀਨਾਰ ਦੀ ਪ੍ਰਧਾਨਗੀ ਸੰਤ ਹੀਰਾਂ ਦਾਸ ਸਿੱਖਿਆ ਸੰਸਥਾਵਾਂ ਦੇ ਪ੍ਰਧਾਨ ਇੰਜੀ ਸੀਤਲ ਸਿੰਘ ਸੰਘਾ ਤੇ ਡਾਇਰੈਕਟਰ ਡਾ. ਰਾਮ ਮੂਰਤੀ ਨੇ ਸਾਂਝੇ ਤੌਰ ਤੇ ਕੀਤੀ। ਉਹਨਾਂ ਦੇ ਨਾਲ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਸਨ ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਦੀ ਕਾਰਜਕਾਰੀ ਪ੍ਰਿੰਸੀਪਲ ਸ੍ਰੀਮਤੀ ਬਲਜਿੰਦਰ ਕੌਰ ਸੱਚਦੇਵਾ ਤੇ ਸੰਤ ਹੀਰਾ ਦਾਸ ਕਾਲਜੀਏਟ ਸਕੂਲ ਦੀ ਪ੍ਰਿੰਸੀਪਲ ਮੈਡਮ ਰਜਿੰਦਰ ਕੌਰ । ਸਭ ਤੋਂ ਪਹਿਲਾਂ ਸੰਸਥਾ ਦੇ ਪ੍ਰਧਾਨ ਇੰਜੀ ਸੀਤਲ ਸਿੰਘ ਸੰਘਾ ਨੇ ਇਸ ਸੈਮੀਨਾਰ ਵਿੱਚ ਪਹੁੰਚੇ ਬੁਲਾਰਿਆਂ ਅਤੇ ਸਟਾਫ ਮੈਂਬਰਾਂ ਨੂੰ ਰਸਮੀ ਜੀ ਆਇਆ ਆਖਿਆ।ਮਾਸਟਰ ਸੁਖਦੇਵ ਸਿੰਘ ਫਗਵਾੜਾ ਜੋ ਤਰਕਸ਼ੀਲ ਸੋਸਾਇਟੀ ਪੰਜਾਬ ਰਜਿਸਟਰਡ ਜੋਨ ਜਲੰਧਰ ਦੇ ਪ੍ਰਧਾਨ ਹਨ, ਉਹਨਾਂ ਨੇ ਆਪਣੇ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਵਹਿਮਾਂ ਭਰਮਾਂ ਤੋਂ ਉੱਪਰ ਉੱਠ ਕੇ ਆਪਣੇ ਜੀਵਨ ਵਿੱਚ ਵਿਗਿਆਨਕ ਸੋਚ ਤੇ ਤਰਕਸ਼ੀਲਤਾ ਨੂੰ ਅਪਣਾਉਣ ਉੱਪਰ ਜ਼ੋਰ ਦਿੱਤਾ। ਸੰਸਥਾ ਦੇ ਡਾਇਰੈਕਟਰ ਡਾ ਰਾਮ ਮੂਰਤੀ ਨੇ ਵੀ ਅਜੋਕੇ ਯੁੱਗ ਵਿੱਚ ਵਹਿਮ ਭਰਮਾਂ ਦੀ ਅਵਿਗਿਆਨਿਕਤਾ ਉਪਰ ਜੋਰ ਦਿੰਦਿਆਂ ਇਹਨਾਂ ਨੂੰ ਤਿਆਗਣ ਦਾ ਸੰਦੇਸ਼ ਵਿਦਿਆਰਥੀਆਂ ਨੂੰ ਦਿੱਤਾ। ਅੰਤ ਵਿੱਚ ਸੰਸਥਾ ਦੀ ਪ੍ਰਿੰਸੀਪਲ ਬਲਜਿੰਦਰ ਕੌਰ ਸੁਚਦੇਵਾ ਨੇ ਮਾਸਟਰ ਸੁਖਦੇਵ ਸਿੰਘ ਫਗਵਾੜਾ ਦਾ ਧੰਨਵਾਦ ਕੀਤਾ।

# ਸਰਕਾਰ ਮੈਡੀਕਲ ਬਿੱਲ ਤੇ ਡੀ ਏ ਦੀਆਂ ਕਿਸ਼ਤਾਂ ਦਾ ਵਿਆਜ ਸਮੇਤ ਭੁਗਤਾਨ ਕਰੇ : ਭੁੰਗਰਨੀ



**ਜਲੰਧਰ/ਮੇਹਟੀਆਣਾ (ਰਾਜੇਸ਼ ਥਾਪਾ/ ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਪੈਨਸ਼ਨ ਯੂਨੀਅਨ ਜ਼ਿਲ੍ਹਾ ਜਲੰਧਰ ਬ੍ਰਾਂਚ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਯਾਦਗਾਰੀ ਹਾਲ ਵਿਖੇ ਐੱਨ ਆਰ ਆਈ ਦਿਲਬੀਰ ਸਿੰਘ ਅਤੇ ਕਾਮਰੇਡ ਪ੍ਰਦੀਪ ਕੁਮਾਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਸਭ ਤੋਂ ਪਹਿਲ ਅਮਰੀਕਾ-ਇਜ਼ਰਾਈਲ-ਇਰਾਨ ਜੰਗ ਦੌਰਾਨ ਮਾਰੇ ਜਾ ਰਹੇ ਹਜ਼ਾਰਾਂ ਬੇਦੋਸ਼ੇ ਨਾਗਰਿਕਾਂ ਮੌਤ ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਮੌਕੇ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਅਤੇ ਸੀਨੀ : ਮੀਤ ਪ੍ਰਧਾਨ ਦਵਿੰਦਰਪਾਲ ਸਿੰਘ ,ਜਨਰਲ ਸਕੱਤਰ ਵਿਜੇ ਕੁਮਾਰ ਸ਼ਰਮਾ ਅਤੇ ਹਰਿੰਦਰ ਸਿੰਘ ਚੀਮਾ ਵੱਲੋਂ ਕੇਂਦਰ ਸਰਕਾਰ ਵੱਲੋਂ ਮੁਲਾਜ਼ਮਾਂ,ਪੈਨਸ਼ਨਰਾਂ , ਮਜ਼ਦੂਰਾਂ ਅਤੇ ਕਿਸਾਨਾਂ ਵਿਰੋਧੀ ਜੋ ਮਾਰੂ ਨੀਤੀਆਂ ਅਤੇ ਦੇਸ਼ ਨੂੰ ਕਾਰਪੋਰੇਟ ਕੰਪਨੀਆਂ ਹਵਾਲੇ ਕਰਨ ਵਾਲੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਮੀਟਿੰਗਾਂ ਦਾ ਸਮਾਂ ਦੇ ਕੇ ਮੁਕਰ ਜਾਣਾ ਦੀ ਸਖ਼ਤ ਨਿਖੇਧੀ ਕੀਤੀ ਗਈ।ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਡੀ ਏ ਦੀਆਂ ਕਿਸ਼ਤਾਂ ਅਤੇ ਮੈਡੀਕਲ ਬਿੱਲਾਂ ਦਾ ਤੁਰੰਤ ਸਮੇਤ ਵਿਆਜ ਭੁਗਤਾਨ ਕਰੇ ।ਇਸ ਮੌਕੇ ਪੰਜਾਬ ਪੈਨਸ਼ਨ ਯੂਨੀਅਨ ਜਲੰਧਰ ਬ੍ਰਾਂਚ ਵਲੋਂ 70-80 ਸਾਲ ਦੀ ਉਮਰ ਪੂਰੀ ਕਰ ਚੁੱਕੇ ਪੈਨਸ਼ਨਰ ਦੋ ਸਾਥੀ ਕਾਮਰੇਡ ਦਿਲਬੀਰ ਸਿੰਘ ਅਤੇ ਦੂਸਰੇ ਸਾਥੀ ਵੀ ਦਿਲਵੀਰ ਸਿੰਘ ਨੂੰ ਜਥੇਬੰਦੀ ਵੱਲੋਂ ਇੱਕ ਲੋਈ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਹੋਰ ਸਾਥੀਆਂ ਤੋਂ ਇਲਾਵਾ ਗੁਰਜੀਤ ਸਿੰਘ ਸੁਬਾਈ ਮੀਤ ਪ੍ਰਧਾਨ, ਪਰਮਜੀਤ ਸਿੰਘ ਨਡਾਲੋ , ਸੰਤੋਖ ਸਿੰਘ ਕੈਸ਼ੀਅਰ,ਕੇਸ਼ਵ ਚੰਦ, ਹਰਿੰਦਰ ਸਿੰਘ ਢਿਲਵਾਂ,ਰੇਸ਼ਮ ਸਿੰਘ ਕੰਗ ਸਾਬੂ, ਬਲਵਿੰਦਰ ਸਿੰਘ ਮੁਲਤਾਨੀ,ਜਗੀਰ ਸਿੰਘ ਬਾਜਵਾ,ਪ੍ਰਦੀਪ ਕੁਮਾਰ,ਸੰਤੋਖ ਸਿੰਘ, ਗੁਰਦਿਆਲ ਸਿੰਘ ਜਲਵੇਹੜਾ,ਜਗਦੇਵ ਸਿੰਘ ਕੁਕੋਵਾਲ, ਗਿਆਨ ਸਿੰਘ, ਸ਼ਾਮ ਲਾਲ ਨਵਾਂ ਸ਼ਹਿਰ, ਸੁਰਿੰਦਰ ਸਿੰਘ, ਸਾਧੂ ਸਿੰਘ,ਜਸਵੀਰ ਸਿੰਘ, ਸੁਰਜੀਤ ਕਮਾਰ, ਪ੍ਰਤਾਪ ਬਹਾਦਰ ਯੋਗਰਾਜ, ਸੁਰਿੰਦਰ ਸਿੰਘ ਇੰਸਪੈਕਟਰ ਬਲਵੀਰ ਸਿੰਘ ਹੋਰ ਵੱਡੀ ਗਿਣਤੀ ਵਿੱਚ ਸਾਥੀ ਹਾਜ਼ਰ ਸਨ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 14ਵੀਂ ਬੱਸ ਅੰਮ੍ਰਿਤਸਰ ਲਈ ਰਵਾਨਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਹਲਕਾ ਡੇਰਾਬੱਸੀ ਦੇ ਗੁਰੂ ਨਾਨਕ ਕਲੋਨੀ ਤੋਂ ਸੰਗਤ ਨੂੰ ਪਵਿੱਤਰ ਧਰਤੀ ਅੰਮ੍ਰਿਤਸਰ ਵਿਖੇ ਦਰਸ਼ਨ ਲਈ 14ਵੀਂ ਬੱਸ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਸੰਗਤ ਵਿੱਚ ਵਿਸ਼ੇਸ਼ ਉਤਸ਼ਾਹ ਤੇ ਧਾਰਮਿਕ ਜੋਸ਼ ਦੇ ਦਰਸ਼ਨ ਹੋਏ, ਜਿੱਥੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਆਪਣੇ ਪਰਿਵਾਰਕ ਮੈਂਬਰਾਂ ਅਤੇ ਸੱਜਣਾਂ ਨੂੰ ਵਿਦਾ ਕਰਨ ਲਈ ਪਹੁੰਚੇ।ਰਵਾਨਗੀ ਸਮੇਂ ਸੰਗਤ ਨਾਲ ਗੱਲਬਾਤ ਕਰਦੇ ਹੋਏ ਉਨ੍ਹਾਂ ਨੂੰ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਦੀ ਸੁਖਮਈ, ਸੁਰੱਖਿਅਤ ਅਤੇ ਚੜ੍ਹਦੀ ਕਲਾ ਵਾਲੀ ਯਾਤਰਾ ਲਈ ਅਰਦਾਸ ਕੀਤੀ ਗਈ।




ਇਸ ਮੌਕੇ ਧਾਰਮਿਕ ਮਾਹੌਲ ਵਿਚ ਗੁਰਬਾਣੀ ਦੇ ਕੀਰਤਨ ਨਾਲ ਸੰਗਤ ਨੂੰ ਆਤਮਿਕ ਖੁਸ਼ੀ ਦਾ ਅਨੁਭਵ ਵੀ ਹੋਇਆ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਪੰਜਾਬ ਸਰਕਾਰ ਦੀ ਇੱਕ ਮਹੱਤਵਪੂਰਨ ਲੋਕ-ਹਿਤੈਸ਼ੀ ਪਹਿਲ ਹੈ, ਜਿਸਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਪ੍ਰਦਾਨ ਕਰਨਾ ਹੈ। ਹਲਕਾ ਡੇਰਾਬੱਸੀ ਵਿੱਚ ਇਸ ਯੋਜਨਾ ਨੂੰ ਲੋਕਾਂ ਵੱਲੋਂ ਵੱਡਾ ਸਮਰਥਨ ਮਿਲ ਰਿਹਾ ਹੈ ਅਤੇ ਹੁਣ ਤੱਕ ਕਈ ਬੱਸਾਂ ਰਾਹੀਂ ਸੈਂਕੜਿਆਂ ਸ਼ਰਧਾਲੂਆਂ ਨੂੰ ਪਵਿੱਤਰ ਧਰਤੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਦਰਸ਼ਨ ਕਰਵਾਏ ਜਾ ਚੁੱਕੇ ਹਨ। ਰਵਾਨਾ ਕੀਤੀ ਗਈ 14ਵੀਂ ਬੱਸ ਇਸ ਲੜੀ ਦੀ ਇੱਕ ਹੋਰ ਮਹੱਤਵਪੂਰਨ ਕੜੀ ਹੈ।ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਯੋਜਨਾਵਾਂ ਨਾਲ ਨਾ ਸਿਰਫ਼ ਧਾਰਮਿਕ ਭਾਵਨਾਵਾਂ ਨੂੰ ਮਜ਼ਬੂਤੀ ਮਿਲਦੀ ਹੈ, ਬਲਕਿ ਸਮਾਜ ਵਿੱਚ ਏਕਤਾ ਅਤੇ ਭਾਈਚਾਰੇ ਦੀ ਭਾਵਨਾ ਵੀ ਵਧਦੀ ਹੈ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਪਰਾਲੇ ਜਾਰੀ ਰਹਿਣਗੇ ਤੇ ਵੱਧ ਤੋਂ ਵੱਧ ਲੋਕ ਇਸ ਦਾ ਲਾਭ ਲੈਣਗੇ।

## ਮਾਨ ਸਰਕਾਰ ਕਿਸਾਨਾਂ ਦੀਆਂ ਮੰਗਾਂ ਹੱਲ ਕਰਨ ਲਈ ਵਚਨਬੱਧ : ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਵਿਧਾਇਕ ਕੁਲਵੰਤ ਸਿੰਘ ਨੇ ਐਰੋਪੋਲਿਸ ਪ੍ਰੋਜੈਕਟ ਏ.ਐਫ. ਜੀ. ਐਚ. ਆਈ. ਅਤੇ ਜੇ. ਲਈ ਜ਼ਮੀਨ ਪ੍ਰਾਪਤੀ ਕਰਨ ਲਈ ਪ੍ਰਭਾਵਿਤ ਕਿਸਾਨਾਂ ਦੀਆਂ ਮੰਗਾਂ ਨੂੰ ਪ੍ਰਵਾਨ ਕਰਨ ਉਪਰੰਤ ਹੀ ਭੌਂ ਪ੍ਰਾਪਤ ਕਰਨ ਬਾਰੇ ਮੰਗ ਪੱਤਰ ਦੇਣ ਆਏ, ਭਾਰਤੀ ਕਿਸਾਨ ਮਜ਼ਦੂਰ ਸੰਘਰਸ਼ ਮੋਰਚਾ ਮੁਹਾਲੀ ਦੇ ਵਫਦ ਨੂੰ ਭਰੋਸਾ ਦਿਵਾਇਆ ਕਿ ਉਹ ਇਸ ਸੰਬੰਧੀ ਮੁੱਖ ਮੰਤਰੀ ਪੰਜਾਬ ਅਤੇ ਸੰਬੰਧਿਤ ਵਿਭਾਗ ਦੇ ਮੰਤਰੀ ਨਾਲ ਗੱਲ ਕਰਨਗੇ ਅਤੇ ਇਸ ਮਸਲੇ ਦਾ ਹੱਲ ਇਲਾਕੇ ਦੇ ਕਿਸਾਨਾਂ ਦੀ ਜ਼ਰੂਰਤ ਅਤੇ ਮੰਗਾਂ ਦੇ ਮੁਤਾਬਿਕ ਹੀ ਕੱਢਿਆ ਜਾਵੇਗਾ। ਵਫਦ ਵਿੱਚ ਸ਼ਾਮਿਲ ਪੱਤੋ, ਬੜੀ, ਕੁਰੜੀ, ਕੁਰੜਾ, ਕਿਸ਼ਨਪੁਰਾ, ਚਾਉ ਮਾਜਰਾ, ਰਾਏ ਮਾਜਰਾ ਆਦਿ ਪਿੰਡਾਂ ਦੇ ਕਿਸਾਨ ਆਗੂਆਂ ਨੇ ਵਿਧਾਇਕ ਕੁਲਵੰਤ ਸਿੰਘ ਦੇ ਧਿਆਨ ਵਿੱਚ ਲਿਆਂਦਾ ਕਿ ਪਿੰਡ ਬਾਕਰਪੁਰ, ਛੱਤ, ਕਿਸ਼ਨਪੁਰਾ, ਬੜੀ ,ਮਟਰਾਂ, ਸਿਆਊ, ਕਰੜੀ, ਪੱਤੋਂ ਦੇ ਸਮੂਹ ਪੰਚਾਇਤ ਤੇ ਕਿਸਾਨਾਂ ਵੱਲੋਂ ਮਤਾ ਪਾਸ ਕੀਤਾ ਗਿਆ ਹੈ ਕਿ ਉਹ ਸਾਰੇ ਆਪਣੀਆਂ ਦਫਤਰ ਭੌਂ ਪ੍ਰਾਪਤੀ ਕਲੈਕਟਰ, ਸ਼ਹਿਰੀ ਯੋਜਨਾਬੰਦੀ ਵਿਭਾਗ ਪੰਜਾਬ ਅੱਗੇ ਰੱਖੀਆਂ ਗਈਆਂ 19 ਸ਼ਰਤਾਂ ਪੂਰੀਆਂ ਹੋਣ ਦੀ ਸੂਰਤ ਦੇ ਵਿੱਚ ਦੇਣ ਨੂੰ ਤਿਆਰ ਹਨ। ਜੇਕਰ ਇਹ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਤਾਂ ਜ਼ਮੀਨਾਂ ਨੂੰ ਅਕਵਾਇਰ ਕੀਤੀਆਂ ਜਾਣ ਵਾਲੀਆਂ ਜ਼ਮੀਨਾਂ ਦੇ ਦਾਇਰੇ ਵਿੱਚੋਂ ਬਾਹਰ ਰੱਖਿਆ ਜਾਵੇ।



## ਕਿਰਤੀ ਲੋਕਾਂ ਦੇ ਹੱਕ ਖੋਹਣ ਵਾਲੀਆਂ ਸਰਕਾਰਾਂ ਦਾ ਵਿਰੋਧ ਹੀ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੂੰ ਸੱਚੀ ਸ਼ਰਧਾਂਜਲੀ : ਤਲਵਿੰਦਰ ਹੀਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜਦੋਂ ਸਰਕਾਰਾਂ ਆਪਣੀ ਜ਼ਿੰਮੇਵਾਰੀ ਨਿਭਾਉਣ 'ਚ ਨਾਕਾਮ ਹੋ ਜਾਵਣ ਤਾਂ ਵਿਰੋਧ ਤੇ ਸੰਘਰਸ਼ ਦਾ ਰਾਹ ਹੀ ਲੋਕਾਂ ਨੂੰ ਰਾਹਤ ਪਹੁੰਚਾਉਂਦਾ ਹੈ। ਮੌਜੂਦਾ ਸਮੇਂ ਲੱਕ ਤੋੜਵੀਂ ਮਹਿੰਗਾਈ, ਬੇਰੁਜ਼ਗਾਰੀ ਤੇ ਭ੍ਰਿਸ਼ਟਾਚਾਰ ਦੀ ਚੱਕੀ 'ਚ ਪਿਸ ਰਹੇ ਲੋਕਾਂ ਵਲੋਂ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਤੇ ਸਾਥੀਆਂ ਦੀ ਸ਼ਹਾਦਤ ਨੂੰ ਸੱਚੀ ਸਰਧਾਂਜਲੀ ਅਰਪਿਤ ਕਰਨ ਹਿੱਤ ਨਿਕੰਮੀਆਂ ਸਰਕਾਰਾਂ ਵਿਰੁੱਧ ਨਿਰੰਤਰ ਯੋਜਨਾਬੱਧ ਸੰਘਰਸ਼ ਕਰਨ ਪਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਵਸ ਤੇ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕੀਤਾ । ਸਰਦਾਰ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੀ ਸ਼ਹਾਦਤ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਸਾਰੇ ਇਕੱਠੇ ਹੋ ਕੇ ਦੇਸ਼ ਨੂੰ ਫੁੱਟ ਪਾਊ ਫਿਰਕਾਪ੍ਰਸਤ ਤਾਕਤਾਂ ਤੋਂ ਬਚਾਈਏ ਤੇ ਆਪਣੇਂ ਮਹਾਨ ਸ਼ਹੀਦਾਂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਲਈ ਦੱਬੇ ਕੁਚਲੇ ਲੋਕਾਂ ਦੇ ਸੱਚੇ ਸਾਥੀ ਬਣਕੇ ਲੜੀਏ ।



## ਨਿਰਮਲ ਕੁਮਾਰ ਰਾਜਪੂਤ ਭਾਜਪਾ ਯੁਵਾ ਮੋਰਚਾ ਦੇ ਜ਼ਿਲ੍ਹਾ ਜਨਰਲ ਸਕੱਤਰ ਬਣੇ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਯੁਵਾ ਮੋਰਚਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ) ਦੇ ਸੰਗਠਨ ਨੂੰ ਹੋਰ ਮਜ਼ਬੂਤ ਅਤੇ ਸਰਗਰਮ ਕਰਨ ਲਈ ਜ਼ਿਲ੍ਹਾ ਪ੍ਰਧਾਨ ਪੰਕਜ ਕੁਮਾਰ ਵੱਲੋਂ ਇਕ ਅਹਿਮ ਨਿਯੁਕਤੀ ਕੀਤੀ ਗਈ ਹੈ। ਪਾਰਟੀ ਪ੍ਰਤੀ ਨਿਸ਼ਠਾ ਅਤੇ ਲੰਮੇ ਸਮੇਂ ਦੀ ਮਿਹਨਤ ਨੂੰ ਮੁੱਖ ਰੱਖਦਿਆਂ ਨਿਰਮਲ ਕੁਮਾਰ ਰਾਜਪੂਤ ਨੂੰ ਭਾਜਪਾ ਯੁਵਾ ਮੋਰਚਾ ਦਾ ਜ਼ਿਲ੍ਹਾ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ। ਨਵ-ਨਿਯੁਕਤ ਜਨਰਲ ਸਕੱਤਰ ਨੂੰ ਵਧਾਈ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਪੰਕਜ ਕੁਮਾਰ ਨੇ ਕਿਹਾ ਕਿ ਨਿਰਮਲ ਰਾਜਪੂਤ ਪਾਰਟੀ ਦੇ ਇੱਕ ਸਮਰਪਿਤ ਕਾਰਜਕਰਤਾ ਹਨ। ਉਨ੍ਹਾਂ ਦੀ ਨਿਯੁਕਤੀ ਨਾਲ ਜ਼ਿਲ੍ਹੇ ਵਿੱਚ ਯੁਵਾ ਮੋਰਚਾ ਹੋਰ ਸ਼ਕਤੀਸ਼ਾਲੀ ਹੋਵੇਗਾ ਅਤੇ ਉਹ ਨੌਜਵਾਨਾਂ ਨੂੰ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਨ ਅਤੇ ਸੰਗਠਨਕ ਗਤੀਵਿਧੀਆਂ ਨੂੰ ਤੇਜ਼ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਸਰਕਲ ਪ੍ਰਧਾਨ ਮਨੀਸ਼ ਅਗਨੀਹੋਤਰੀ, ਜ਼ਿਲ੍ਹਾ ਉਪ ਪ੍ਰਧਾਨ ਅਜੈ ਕਟਾਰੀਆ ਅਤੇ ਜ਼ਿਲ੍ਹਾ ਆਈ.ਟੀ. ਇੰਚਾਰਜ ਕੁਲਵਿੰਦਰ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਉਨ੍ਹਾਂ ਨੇ ਨਵ-ਨਿਯੁਕਤ ਅਹੁਦੇਦਾਰ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।



## ਗੰਨਾ ਕਮਿਸ਼ਨਰ ਨਵੀਨਤਾਕਾਰੀ ਪਸਾਰ ਸਿੱਖਿਆ ਸ਼ਾਸਤਰੀ ਪੁਰਸਕਾਰ ਨਾਲ ਸਨਮਾਨਤ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਟਿਕਾਊ ਹਿਮਾਲੀਅਨ ਈਕੋਸਿਸਟਮ ਲਈ ਖੇਤੀਬਾੜੀ, ਬਾਗਬਾਨੀ, ਜੰਗਲਾਤ ਅਤੇ ਸਹਾਇਕ ਵਿਗਿਆਨਾਂ ਵਿਸ਼ੇ 'ਤੇ ਕਰਵਾਈ 13ਵੀਂ ਅੰਤਰਰਾਸ਼ਟਰੀ ਕਾਨਫਰੰਸ ਸ਼ਿਮਲਾ ਦੌਰਾਨ ਸਫਲਤਾਪੂਰਵਕ ਸਮਾਪਤ ਹੋਈ, ਜਿਸ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ 1,000 ਤੋਂ ਵੱਧ ਡੈਲੀਗੇਟਾਂ ਦੀ ਭਾਰੀ ਭਾਗੀਦਾਰੀ ਦੇਖਣ ਨੂੰ ਮਿਲੀ। ਡਾ. ਮਨੀਸ਼ਾ ਥਪਲਿਆਲ, ਡਾਇਰੈਕਟਰ,ਹਿਮਾਚਲ ਜੰਗਲਾਤ ਖੋਜ ਕੇਂਦਰ ਸ਼ਿਮਲਾ ਦੀ ਅਗਵਾਈ ਹੇਠ ਆਯੋਜਿਤ ਇਹ ਕਾਨਫਰੰਸ ਹਿਮਾਲੀਅਨ ਖੇਤਰ ਵਿੱਚ ਟਿਕਾਊ ਖੇਤੀਬਾੜੀ ਅਤੇ ਸਹਾਇਕ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਈ। ਇਸ ਮੌਕੇ ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ ਨੂੰ ਕਿਸਾਨੀ ਹਿੱਤ ਵਿਚ ਨਿਭਾਈਆਂ ਜਾ ਰਹੀਆਂ ਵਿਲੱਖਣ ਖੇਤੀ ਪਸਾਰ ਸੇਵਾਵਾਂ ਲਈ ਹਿਮਾਚਲ ਪ੍ਰਦੇਸ਼ ਯੂਨਿਵਰਸਿਟੀ ਸ਼ਿਮਲਾ ਦੇ ਉਪ ਕੁਲਪਤੀ ਡਾਕਟਰ ਮਹਾਂਵੀਰ ਸਿੰਘ ਨੇ ਨਵੀਨਤਾਕਾਰੀ ਪਸਾਰ ਸਿੱਖਿਆ ਸ਼ਾਸਤਰੀ ਪੁਰਸਕਾਰ ਨਾਲ ਸਨਮਾਨਤ ਕੀਤਾ। ਇਹ ਕਾਨਫਰੰਸ ਹਿਮਾਚਲ ਜੰਗਲਾਤ ਖੋਜ ਸੰਸਥਾ ਸ਼ਿਮਲਾ ਅਤੇ ਰਾਸ਼ਟਰੀ ਮੈਡੀਸਨਲ ਪਲਾਂਟ ਬੋਰਡ (ਭਾਰਤ ਸਰਕਾਰ) ਦੁਆਰਾ ਇੰਡੀਅਨ ਸੋਸਾਇਟੀ ਆਫ ਐਗਰੀਕਲਚਰ ਹਾਰਟੀਕਲਚਰ ਸੋਸਾਇਟੀ, ਨਵੀਂ ਦਿੱਲੀ, ਅਤੇ ਜਸਟ ਐਗਰੀਕਲਚਰ ਕਮਿਊਨੀਕੇਸ਼ਨਜ਼ ਗਰੁੱਪ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ ਸੀ।



# ਪੁਲਸ ਵੱਲੋਂ ਰਵੀ ਕਤਲ ਮਾਮਲੇ 'ਚ ਦੋ ਵਿਅਕਤੀ ਗ੍ਰਿਫ਼ਤਾਰ

**ਬਾਕੀਆਂ ਦੀ ਗ੍ਰਿਫ਼ਤਾਰੀ ਤੇ ਪੀੜਤ ਪਰਵਾਰ ਨੂੰ ਮੁਆਵਜ਼ਾ ਦੇਣ ਦੀ ਮੰਗ**

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ ਨੇੜਲੇ ਪਿੰਡ ਜੱਗਾ ਦੇ ਦਲਿਤ ਨੌਜਵਾਨ ਰਵੀ ਦੇ ਕਤਲ ਮਾਮਲੇ ਚ ਸ਼ਾਮਲ ਹਮਲਾਵਰਾਂ ਨੂੰ ਗ੍ਰਿਫ਼ਤਾਰ ਕਰਨ ਤੇ ਕਾਨੂੰਨ ਅਨੁਸਾਰ ਪੀੜਤ ਪਰਿਵਾਰ ਨੂੰ ਮੁਆਵਜ਼ਾ ਦੇਣ ਦੀ ਮੰਗ ਨੂੰ ਲੈ ਕੇ ਥਾਣੇ ਅੱਗੇ ਚੱਲ ਰਹੇ ਅਣਮਿੱਥੇ ਸਮੇਂ ਦੇ ਧਰਨੇ ਮੁਜ਼ਾਹਰੇ ਸਦਕਾ ਆਖ਼ਰ ਸੁਭਾਨਪੁਰ ਪੁਲਿਸ ਨੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਇਸ ਉਪਰੰਤ ਯੂਨੀਅਨ ਨੇ ਥਾਣੇ ਅੱਗੇ ਟੋਕਨ ਤੌਰ 'ਤੇ ਧਰਨਾ ਰੱਖਣ ਦਾ ਫੈਸਲਾ ਕੀਤਾ ਹੈ ਅਤੇ ਅਗਲੀ ਵਿਚਾਰ ਚਰਚਾ ਲਈ ਯੂਨੀਅਨ ਨੇ ਮੀਟਿੰਗ ਬੁਲਾਈ ਹੈ। ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਅਤੇ ਯੂਨੀਅਨ ਦੇ ਯੂਥ ਵਿੰਗ ਆਗੂ ਗੁਰਪ੍ਰੀਤ ਸਿੰਘ ਚੀਦਾ ਨੇ ਧਰਨਾਕਾਰੀਆਂ ਨੂੰ ਸੰਬੋਧਨ ਕਰਦੇ ਹੋਏ ਰਵੀ ਕਤਲ ਮਾਮਲੇ 'ਚ ਪੁਲਿਸ ਵੱਲੋਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਨੂੰ ਸੰਘਰਸ਼ ਦੀ ਜਿੱਤ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਿਹੜੀ ਪੁਲਿਸ ਰਵੀ ਕਤਲ ਮਾਮਲੇ ਨੂੰ ਰਫ਼ਾ ਦਫ਼ਾ ਕਰਨਾ ਚਾਹੁੰਦੀ ਸੀ।ਉਸ ਪੁਲਿਸ ਨੂੰ ਯੂਨੀਅਨ ਵਲੋਂ 13 ਮਾਰਚ ਨੂੰ ਥਾਣਾ ਸੁਭਾਨਪੁਰ ਅੱਗੇ ਧਰਨਾ ਮੁਜ਼ਾਹਰਾ ਸ਼ੁਰੂ ਕਰਨ ਉਪਰੰਤ ਹਮਲਾਵਰਾਂ ਖਿਲਾਫ਼ ਕਤਲ ਅਤੇ ਐੱਸ ਸੀ ਐੱਸ ਟੀ ਐਕਟ ਤਹਿਤ ਮਾਮਲਾ ਦਰਜ ਕਰਨਾ ਪਿਆ ਅਤੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਸੀਖਾਂ ਪਿੱਛੇ ਡੱਕਣਾ ਹੀ ਪਿਆ। ਉਨ੍ਹਾਂ ਕਿਹਾ ਕਿ ਮਰਨ ਵਾਲਾ ਵਿਅਕਤੀ ਦਲਿਤ ਜਾਤੀ ਤੇ ਬੇਜ਼ਮੀਨੇ ਪਰਵਾਰ ਨਾਲ ਸੰਬੰਧਤ ਹੋਣ ਕਰਕੇ ਹੀ ਯੂਨੀਅਨ ਤੇ ਪੀੜਤ ਪਰਵਾਰ ਨੂੰ ਇਨਸਾਫ਼ ਲੈਣ ਲਈ 9 ਦਿਨਾਂ ਤੋਂ ਥਾਣੇ ਅੱਗੇ ਦਿਨ ਰਾਤ ਦਾ ਧਰਨਾ ਪ੍ਰਦਰਸ਼ਨ ਕਰਨਾ ਪਿਆ।



# ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਵੱਲੋਂ ਰਾਮ ਨੌਮੀ ਸ਼ੋਭਾ ਯਾਤਰਾ ਮੌਕੇ ਲਗਾਇਆ ਜਾਵੇਗਾ ਮਿਨਰਲ ਵਾਟਰ ਦਾ ਲੰਗਰ

**ਜਲੰਧਰ (ਸ਼ੈਲੀ ਐਲਬਰਟ)**- ਜਲੰਧਰ ਪ੍ਰੋਫੈਸ਼ਨਲ ਫੋਟੋਗ੍ਰਾਫਰਜ਼ ਐਸੋਸੀਏਸ਼ਨ ਦੀ ਇੱਕ ਅਹਿਮ ਮੀਟਿੰਗ ਐਸੋਸੀਏਸ਼ਨ ਦੇ ਦਫਤਰ ਨਜ਼ਦੀਕ ਗੁਰੂ ਨਾਨਕ ਮਿਸ਼ਨ ਚੌਕ ਵਿਖੇ ਪ੍ਰਧਾਨ ਰਾਜੇਸ਼ ਥਾਪਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਇਸ ਮੀਟਿੰਗ ਵਿੱਚ ਫੈਸਲਾ ਲਿਆ ਗਿਆ ਕਿ 26 ਮਾਰਚ ਨੂੰ ਰਾਮ ਨੌਮੀ ਦੀ ਸ਼ੋਭਾ ਯਾਤਰਾ ਦੇ ਸਬੰਧ ਵਿੱਚ ਐਸੋਸੀਏਸ਼ਨ ਵੱਲੋਂ ਸ਼ਰਧਾਲੂਆਂ ਲਈ ਮਿਨਰਲ ਵਾਟਰ (ਸ਼ੁੱਧ ਪਾਣੀ) ਦਾ ਵਿਸ਼ੇਸ਼ ਲੰਗਰ ਲਗਾਇਆ ਜਾਵੇਗਾ। ਇਸ ਮੌਕੇ ਪ੍ਰਧਾਨ ਰਾਜੇਸ਼ ਥਾਪਾ ਵਲੋਂ ਐਸੋਸੀਏਸ਼ਨ ਦੀ ਨਵੀਂ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ। ਜਿਸ ਉਨਸਾਰ ਪ੍ਰਧਾਨ ਰਾਜੇਸ਼ ਥਾਪਾ, ਜਨਰਲ ਸਕੱਤਰ ਰਮੇਸ਼ ਗਾਬਾ, ਕੈਸ਼ੀਅਰ ਸੰਦੀਪ ਕੁਮਾਰ, ਸੀਨੀਅਰ ਮੀਤ ਪ੍ਰਧਾਨ ਰਿਸ਼ੀ ਸ਼ਰਮਾ ਤੇ ਬਲਦੇਵ ਕ੍ਰਿਸ਼ਨ, ਮੀਤ ਪ੍ਰਧਾਨ ਤਰਲੋਕ ਚੁੱਘ, ਸੁਰਿੰਦਰ ਵਰਮਾ, ਇੰਦਰਜੀਤ ਸਿੰਘ ਸੇਠੀ, ਰਾਜੇਸ਼ ਸ਼ਰਮਾ (ਟਿੰਕੂ) ਤੇ ਬਲਰਾਜ ਸਿੰਘ, ਜੁਆਇੰਟ ਸਕੱਤਰ ਕਮਲ ਗੰਭੀਰ, ਸੁਰਿੰਦਰ ਕੁਮਾਰ, ਉਦੈ ਕੁਮਾਰ, ਓਂਕਾਰ, ਸਾਹਿਲ, ਸੰਦੀਪ ਹੈਪੀ, ਸੂਰਜ ਮਹਿੰਦਰੂ ਤੇ ਜਗਮੋਹਨ ਜੁਲਕਾ, ਦਫ਼ਤਰ ਸਕੱਤਰ ਕਮਲਜੀਤ ਪਵਾਰ ਤੇ ਸੁਨੀਲ ਮਹਿਰਾ, ਪੀ ਆਰ ਓ ਸੁਨੀਲ ਢੀਗਰਾ, ਸੁਭਾਸ਼ ਚੰਦਰ, ਹਰੀਸ਼ ਕੁਮਾਰ ਅਤੇ ਹਰਪ੍ਰੀਤ ਸ਼ੈਲੀ ਤੇ ਸਲਾਹਕਾਰ ਸੁਰਿੰਦਰ ਬੇਰੀ ਅਤੇ ਰਮੇਸ਼ ਹੈਪੀ ਹੋਣਗੇ। ਮੀਟਿੰਗ ਦੌਰਾਨ ਪ੍ਰਧਾਨ ਰਾਜੇਸ਼ ਥਾਪਾ ਨੇ ਕਿਹਾ ਕਿ ਐਸੋਸੀਏਸ਼ਨ ਸਮਾਜਿਕ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਰਹਿੰਦੀ ਹੈ ਤੇ ਨਵੀਂ ਟੀਮ ਪੂਰੀ ਤਨਦੇਹੀ ਨਾਲ ਮੈਂਬਰਾਂ ਅਤੇ ਸਮਾਜ ਦੀ ਸੇਵਾ ਲਈ ਕੰਮ ਕਰੇਗੀ।




## ਔਰਤਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ : ਅਮਰਪ੍ਰੀਤ ਕੌਰ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਮਨਜੀਤ ਮਾਨ ਸੂਬਾ ਪ੍ਰਧਾਨ ਜਰਨਲਿਸਟ ਪ੍ਰੈੱਸ ਕਲੱਬ ਪੰਜਾਬ ਦੀ ਅਗਵਾਈ ਹੇਠ ਚੱਲ ਰਹੇ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ ਲਈ ਔਰਤਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਇਥੇ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਰਨਲਿਸਟ ਪ੍ਰੈੱਸ ਕਲੱਬ ਮਹਿਲਾ ਵਿੰਗ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਮੈਡਮ ਅਮਰਪ੍ਰੀਤ ਕੌਰ ਨੇ ਕਰਦਿਆਂ ਕਿਹਾ ਕਿ ਅੱਜ ਦੇ ਯੁੱਗ ਵਿੱਚ ਔਰਤਾਂ ਤੇ ਦਿਨੋਂ ਦਿਨ ਅੱਤਿਆਚਾਰ ਤੇ ਜ਼ਬਰ ਜ਼ੁਲਮ ਵੱਧ ਰਹੇ ਹਨ ਤੇ ਔਰਤਾਂ ਦਾ ਸ਼ੋਸ਼ਣ ਹੋ ਰਿਹਾ ਹੈ ਜਿਸ ਨੂੰ ਰੋਕਣ ਲਈ ਸੂਬੇ ਅੰਦਰ ਔਰਤਾਂ ਨੂੰ ਇੱਕ ਮੰਚ ਤੇ ਇਕੱਤਰ ਕਰਕੇ ਔਰਤਾਂ ਨੂੰ ਆਪਣੇ ਅਧਿਕਾਰਾਂ ਤੇ ਹੱਕਾਂ ਪ੍ਰਤੀ ਜਾਗਰੂਕ ਕਰਕੇ ਉਨ੍ਹਾਂ ਸੰਗਠਿਤ ਕੀਤਾ ਜਾਵੇਗਾ। ਅਮਰਪ੍ਰੀਤ ਕੌਰ ਨੇ ਕਿਹਾ ਕਿ ਜਿਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰ,ਜ਼ੋਨ ਪੱਧਰੀ ਤੇ ਬਲਾਕ ਪੱਧਰ ਦੀ ਚੋਣ ਬਹੁਤ ਜਲਦੀ ਕੀਤੀ ਜਾਵੇਗੀ। ਇਸ ਮੌਕੇ ਐਡਵੋਕੇਟ ਹਰਜੀਤ ਸਿੰਘ ਫਜਲਾਬਾਦ ਸੂਬਾ ਚੈਅਰਮੈਨ ਜਰਨਲਿਸਟ ਪ੍ਰੈੱਸ ਕਲੱਬ ਪੰਜਾਬ , ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ , ਸੂਬਾ ਮੁੱਖ ਬੁਲਾਰਾ ਪੰਜਾਬ ਰਾਮ ਸਿੰਘ ਭੱਟੀ, ਜ਼ਿਲ੍ਹਾ ਕਪੂਰਥਲਾ ਦੇ ਜਨਰਲ ਸਕੱਤਰ ਸੁਖਵਿੰਦਰ ਸੋਹੀ, ਜੋਗਿੰਦਰ ਸਿੰਘ ਜਾਤੀਕੇ ਜ਼ਿਲ੍ਹਾ ਚੈਅਰਮੈਨ ਕਪੂਰਥਲਾ ਬਰਿੰਦਰ ਚਾਨਾ ਸੀਨੀਅਰ ਆਗੂ ਜਰਨਲਿਸਟ ਪ੍ਰੈੱਸ ਕਲੱਬ ਪੰਜਾਬ ਤੋਂ ਇਲਾਵਾ ਹੋਰ ਆਗੂ ਵੀ ਇਸ ਮੌਕੇ ਤੇ ਹਾਜ਼ਰ ਸਨ।



# ਫਾਲਕਨ ਇੰਟਰਨੈਸ਼ਨਲ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਦਾ ਚੌਥੀ ਤੋਂ ਨੌਵੀਂ ਜਮਾਤ ਦਾ ਸਾਲਾਨਾ ਨਤੀਜਾ ਬਹੁਤ ਹੀ ਸ਼ਾਨਦਾਰ ਰਿਹਾ। ਵਿਦਿਆਰਥੀਆਂ ਨੇ ਵਧੀਆ ਪ੍ਰਦਰਸ਼ਨ ਕਰਦੇ ਹੋਏ ਸਕੂਲ ਦਾ ਨਾਂਅ ਰੌਸ਼ਨ ਕੀਤਾ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਨਵਦੀਪ ਕੌਰ ਢਿੱਲੋ ਨੇ ਵਿਦਿਆਰਥੀਆਂ ਦੀ ਮਿਹਨਤ ਅਤੇ ਲਗਨ ਦੀ ਭਰਪੂਰ ਪ੍ਰਸ਼ੰਸਾ ਕੀਤੀ। ਬਹੁਤ ਸਾਰੇ ਵਿਦਿਆਰਥੀਆਂ ਨੇ ਉੱਚ ਅੰਕ ਹਾਸਲ ਕਰਕੇ ਆਪਣੀ ਯੋਗਤਾ ਦਾ ਪ੍ਰਮਾਣ ਦਿੱਤਾ। ਪਹਿਲੇ, ਦੂਜੇ ਅਤੇ ਤੀਜੇ ਦਰਜੇ ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਵਿੱਚ ਸਾਲਾਨਾ ਹੋਣ ਵਾਲੀਆਂ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਸੀਨੀਅਰ ਵਿੰਗ ਬਲਜੀਤ ਕੌਰ, ਵਾਈਸ ਪ੍ਰਿੰਸੀਪਲ ਜੂਨੀਅਰ ਵਿੰਗ ਰਵਿੰਦਰਜੀਤ ਕੌਰ ਨੇ ਕਿਹਾ ਕਿ ਇਹ ਨਤੀਜਾ ਵਿਦਿਆਰਥੀਆਂ ਦੀ ਲਗਾਤਾਰ ਮਿਹਨਤ, ਅਧਿਆਪਕਾਂ ਦੀ ਸਮਰਪਣ ਭਾਵਨਾ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਮੈਡਮ ਸ਼ਰਨਜੀਤ ਕੌਰ, ਸਿਮਰਨ, ਨੀਤਾ ਕੁਮਾਰੀ, ਕੁਲਵਿੰਦਰ ਕੌਰ, ਤਾਨੀਆ, ਰਾਜਵਿੰਦਰ ਕੌਰ, ਐਕਟੀਵਿਟੀ ਇੰਚਾਰਜ ਚੰਚਲ, ਐੱਨ ਸੀ ਸੀ ਇੰਚਾਰਜ ਗੁਰਬਚਨ ਸਿੰਘ, ਸੁਨੀਲ ਕੁਮਾਰ, ਅਮਨਦੀਪ ਸਿੰਘ, ਸਪੋਰਟਸ ਇੰਚਾਰਜ ਜਤਿੰਦਰ ਸਿੰਘ ਆਦਿ ਹਾਜ਼ਰ ਸਨ।




# ਡਾ. ਅੰਬੇਡਕਰ ਦਾ ਜਨਮ ਦਿਵਸ ਮਨਾਉਣ ਸੰਬੰਧੀ ਮੀਟਿੰਗ

**ਬੰਗਾ (ਅਵਤਾਰ ਕਲੇਰ)**- ਡਾ. ਅੰਬੇਡਕਰ ਚੇਤਨਾ ਸੋਸਾਇਟੀ ਬੰਗਾ ਦੀ ਮੀਟਿੰਗ ਡਾ. ਵੇਦ ਪ੍ਰਕਾਸ਼ ਦੀ ਪ੍ਰਧਾਨਗੀ ਹੇਠ ਬੰਗਾ ਵਿਖੇ ਹੋਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ ਵੇਦ ਪ੍ਰਕਾਸ਼ ਨੇ ਦੱਸਿਆ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਵਸ 14 ਅਪ੍ਰੈਲ ਨੂੰ ਪੂਨੀਆ ਦੇ ਖੇਡ ਮੈਦਾਨ ਵਿੱਚ ਮਨਾਇਆ ਜਾ ਰਿਹਾ ਹੈ। ਜਿਸ ਸਬੰਧੀ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਤੇ ਕੁਲੈਕਸ਼ਨ ਲਈ ਸਲਿਪਾਂ ਦੀ ਵੰਡ ਕੀਤੀ ਗਈ। ਵੱਖ-ਵੱਖ ਜੋਨਾਂ ਦੀਆਂ ਟੀਮਾਂ ਬਣਾਈਆਂ ਗਈਆਂ ਹਨ ਜੋ ਆਪਣੇ ਆਪਣੇ ਜੋਨ ਦੇ ਸਰਪੰਚਾਂ, ਡਾ ਅੰਬੇਡਕਰ ਸਭਾਵਾਂ, ਸ੍ਰੀ ਗੁਰੂ ਰਵਿਦਾਸ ਸਭਾਵਾਂ, ਭਗਵਾਨ ਸ੍ਰੀ ਵਾਲਮੀਕਿ ਸਭਾਵਾਂ ਨਾਲ ਰਾਬਤਾ ਜੋੜਨਗੇ ਤੇ ਉਹਨਾਂ ਤੋਂ ਸਹਿਯੋਗ ਦੀ ਮੰਗ ਕਰਨਗੇ।ਉਹਨਾਂ ਸਮੂਹ ਸਭਾਵਾਂ ਨੂੰ ਇਸ ਮੇਲੇ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕਰਦਿਆਂ ਦੱਸਿਆ ਕਿ ਇਸ ਜਾਗਰਤੀ ਮੇਲੇ ਵਿੱਚ ਬੱਚਿਆਂ ਦੇ ਪੇਂਟਿੰਗ ਮੁਕਾਬਲੇ, ਕੋਰੀਓਗਰਾਫੀ ਮੁਕਾਬਲੇ, ਅਤੇ ਨਗਰ ਰੰਗ ਮੰਚ ਕਲਾ ਜਥੇ ਵੱਲੋਂ ਨਾਟਕ ਪੇਸ਼ ਕੀਤੇ ਜਾਣਗੇ। ਡਾ ਅਕਸ਼ੇ ਜਲੋਵਾ ਡਾ. ਬੀ ਆਰ ਅੰਬੇਡਕਰ ਸਾਹਿਬ ਦੀ ਜੀਵਨੀ ਤੇ ਚਰਚਾ ਕਰਨਗੇ। ਇਸ ਮੌਕੇ ਡਾ ਵੇਦ ਪ੍ਰਕਾਸ਼ ਪ੍ਰਧਾਨ, ਡਾ ਸੁਖਵਿੰਦਰ ਹੀਰਾ, ਸੁਰਿੰਦਰ ਮੋਹਨ ਮੈਨੇਜਰ, ਲੈਕ ਬਲਿਹਾਰ ਚੰਦ, ਲੈਕ ਕੁਲਵਿੰਦਰ ਬੰਗਾ, ਡਾ ਜਸਵਿੰਦਰ ਰੱਲ, ਮੈਨੇਜਰ ਹਰਜਿੰਦਰ ਸਿੰਘ, ਲੈਕ ਸੁਰਜੀਤ ਸੈਂਪਲੇ, ਪ੍ਰਿਥੀ ਪਾਲ ਭਾਟੀਆ, ਨਿਤਨ ਮੁਕੰਦਪੁਰ, ਰਾਣਾ ਮੁਕੰਦਪੁਰ, ਲੈਕ ਰਵੀ ਬਸਰਾ, ਲੈਕ ਸਰਬਜੀਤ, ਲੈਕ ਸ਼ੰਕਰ ਦਾਸ, ਮਾ ਹਰਬਲਾਸ ਬੰਗਾ, ਲੈਕ ਬਲਦੀਸ਼ ਲੰਗੇਰੀ, ਲਖਵਿੰਦਰ ਭੌਰਾ, ਅਰਵਿੰਦਰ ਬਸਰਾ ਡੀ ਪੀ ਈ, ਰਮੇਸ਼ ਪੀ ਟੀ ਆਈ, ਸਾਹਿਲ ਘਈ, ਡਾ ਬਲਵਿੰਦਰ ਲਾਖਾ ਆਦਿ ਹਾਜ਼ਰ ਸਨ।



# ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਹੈੱਲਥ ਕਾਰਡ ਬਣਾਏ



**ਦਸੂਹਾ (ਕਰਨੈਲ ਮਾਂਗਟ)**-ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਐੱਸ ਐੱਮ ਓ ਮੰਡ ਪੰਧੇਰ ਡਾ. ਰੋਹਿਤ ਬਰੋਟਾ ਦੀ ਯੋਗ ਅਗਵਾਈ ਹੇਠ ਦਸੂਹਾ ਦੇ ਪਿੰਡ ਜਲੋਟਾ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਦੇ ਮੁਫ਼ਤ ਇਲਾਜ਼ ਲਈ ਕਾਰਡ ਬਣਾਉਣ ਲਈ ਕੈਂਪ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਪਿੰਡ ਵਾਸੀਆਂ ਨੇ ਵੱਧ ਚੜ੍ਹਕੇ ਹਿੱਸਾ ਲਿਆ ਤੇ ਆਪਣੇ ਹੈਲਥ ਕਾਰਡ ਬਣਾਏ। ਇਸ ਮੌਕੇ ਤੇ ਸਰਪੰਚ ਹਰਿੰਦਰ ਸਿੰਘ, ਪੰਚ ਰੇਸ਼ਮ ਸਿੰਘ, ਓਂਕਾਰ ਸਿੰਘ ਸੀ ਐੱਚ ਓ ਆਯੁਸ਼ਮਾਨ ਅਰੋਗਿਆ ਕੇਂਦਰ ਜਲੋਟਾ, ਬਲਵੀਰ ਕੌਰ ਏਐਨਐਮ ਆਯੁਸ਼ਮਾਨ ਅਰੋਗਿਆ ਕੇਂਦਰ ਜਲੋਟਾ, ਆਂਗਨਵਾੜੀ ਵਰਕਰ ਪਰਵਿੰਦਰ ਕੌਰ , ਆਸ਼ਾ ਵਰਕਰ ਰਾਜਪਾਲ ਕੌਰ, ਆਸ਼ਾ ਵਰਕਰ ਸੁਮਨ ਰਾਣੀ, ਰੇਸ਼ਮ ਕੌਰ, ਮੋਹਣ ਸਿੰਘ, ਜਸਕਰਨ ਸਿੰਘ, ਜਗਦੀਸ਼ ਸਿੰਘ ਤੋਂ ਇਲਾਵਾ ਪਿੰਡ ਵਾਸੀ ਆਦਿ ਹਾਜ਼ਰ ਸਨ।

# ਚੰਦੀ ਦੀ ਅਗਵਾਈ ਹੇਠ ਸ਼੍ਰੋ.ਅ.ਦ. ਦੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਕੀਤਾ ਸਨਮਾਨਤ



**ਫਗਵਾੜਾ (ਰਮਨ)**- ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਸੂਬੇ ਦੇ ਨਵ-ਨਿਯੁਕਤ ਅਹੁਦੇਦਾਰਾਂ ਦੇ ਸਨਮਾਨ ਵਿਚ ਇੱਕ ਸਮਾਗਮ ਫਗਵਾੜਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਦਿਹਾਤੀ ਹਲਕਾ ਇੰਚਾਰਜ ਰਜਿੰਦਰ ਸਿੰਘ ਚੰਦੀ ਦੀ ਅਗਵਾਈ ਹੇਠ ਪਲਾਹੀ ਰੋਡ ਫਗਵਾੜਾ ਵਿਖੇ ਕਰਵਾਇਆ ਗਿਆ। ਜਿਸ ਵਿਚ ਸ਼੍ਰੋਮਣੀ ਅਕਾਲੀ ਦਲ ਦਿਹਾਤੀ ਦੇ ਪ੍ਰਧਾਨ ਦਲਵਿੰਦਰ ਸਿੰਘ ਸਿੱਧੂ ਅਤੇ ਐਡਵੋਕੇਟ ਜਰਨੈਲ ਸਿੰਘ ਵਾਹਦ ਸ਼ਹਿਰੀ ਪ੍ਰਧਾਨ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਰਜਿੰਦਰ ਸਿੰਘ ਚੰਦੀ ਨੇ ਨਵ-ਨਿਯੁਕਤ ਅਹੁਦੇਦਾਰਾਂ ਕੁਲਦੀਪ ਸਿੰਘ ਬੂਲੇ ਪ੍ਰਧਾਨ ਐਸ. ਸੀ. ਵਿੰਗ ਜ਼ੋਨ ਦੁਆਬਾ, ਸੁਰਿੰਦਰ ਸਿੰਘ ਦੇਸ਼ਲ ਜ਼ਿਲ੍ਹਾ ਪ੍ਰਧਾਨ ਐਸ. ਸੀ. ਵਿੰਗ ਦਿਹਾਤੀ, ਸਰੂਪ ਸਿੰਘ ਖਲਵਾੜਾ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਐਸ. ਸੀ. ਵਿੰਗ, ਠੇਕੇਦਾਰ ਬਲਜਿੰਦਰ ਸਿੰਘ ਸੂਬਾਈ ਮੀਤ ਪ੍ਰਧਾਨ ਐਸ. ਸੀ. ਵਿੰਗ, ਗੁਰਦੀਪ ਸਿੰਘ ਦੀਪੂ ਮਾਨਕ ਸੂਬਾਈ ਜਨਰਲ ਸਕੱਤਰ ਬੀ. ਸੀ. ਵਿੰਗ, ਅਜਾਇਬ ਸਿੰਘ ਜਗਜੀਤਪੁਰ ਸੂਬਾਈ ਆਗੂ ਬੀ.ਸੀ ਵਿੰਗ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਮਿਹਨਤੀ ਵਰਕਰਾਂ ਨੂੰ ਬਿਨਾਂ ਭੇਦਭਾਵ ਪੂਰਾ ਮਾਣ ਸਤਿਕਾਰ ਦਿੱਤਾ ਹੈ। ਵੱਖ ਵੱਖ ਬੁਲਾਰਿਆਂ ਨੇ ਨਿਯੁਕਤੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ 2027 ਵਿਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨੀ ਤੈਅ ਹੈ। ਇਸ ਮੌਕੇ ਨਵਨਿਯੁਕਤ ਅਹੁਦੇਦਾਰਾਂ ਨੇ ਆਖਿਆ ਕਿ ਉਨ੍ਹਾਂ ਨੇ ਪਾਰਟੀ ਦੀ ਬਿਹਤਰੀ ਲਈ ਪਹਿਲਾਂ ਵੀ ਕੋਈ ਕਸਰ ਨਹੀ ਛੱਡੀ ਅਤੇ ਅਗਾਂਹ ਵੀ ਪਾਰਟੀ ਦੀ ਚੜ੍ਹਦੀ ਕਲਾ ਲਈ ਕੋਈ ਕਸਰ ਨਹੀ ਛੱਡਣਗੇ। ਇਸ ਮੌਕੇ ਸੁਰਜੀਤ ਸਿੰਘ ਸੁਲਤਾਨਪੁਰ, ਸਤਵਿੰਦਰ ਸਿੰਘ ਘੁੰਮਣ, ਬਿੰਦਰ ਸਿੰਘ ਰਾਵਲਪਿੰਡੀ, ਸਰਨਜੀਤ ਸਿੰਘ ਅਟਵਾਲ, ਗੁਰਦੀਪ ਸਿੰਘ ਖੇੜਾ, ਪਰਮਿੰਦਰ ਸਿੰਘ ਲਾਡੀ, ਬਲਜਿੰਦਰ ਸਿੰਘ ਫਤਹਿਗੜ੍ਹ, ਸੁਰਿੰਦਰ ਸਿੰਘ ਦਰਵੇਸ਼ ਪਿੰਡ, ਜੋਗਾ ਸਿੰਘ ਢੱਡੇ, ਰਜਿੰਦਰ ਸਿੰਘ ਨੰਗਲ, ਰਣਜੀਤ ਸਿੰਘ ਜੀਤੀ, ਸੰਨੀ ਸਾਹਨੀ, ਸੁਖਦੇਵ ਸਿੰਘ ਬਾਂਸਲ, ਨਛੱਤਰ ਸਿੰਘ, ਤੀਰਥ ਸਿੰਘ, ਵਿੱਕੀ ਪਾਸ਼ਟਾ, ਗਿਆਨ ਸਿੰਘ ਦੁੱਗ, ਪਰਮਜੀਤ ਸਿੰਘ ਜਗਜੀਤਪੁਰ, ਸੁਖਨਿੰਦਰ ਸਿੰਘ ਮਾਨਕ, ਅਮਰਜੀਤ ਸਿੰਘ ਮਾਨਕ, ਵਲੈਤੀ ਰਾਮ, ਜਸਵੀਰ ਸਿੰਘ ਰਾਣੀਪੁਰ, ਮੋਹਨ ਸਿੰਘ ਵਾਹਦ, ਬਿੰਦਰ ਸਿੰਘ ਨੰਗਲ ਮੱਝਾ, ਲਖਵਿੰਦਰ ਸਿੰਘ ਮਲਕਪੁਰ, ਕੁਲਦੀਪ ਸਿੰਘ ਮਾਹੀ, ਜੰਗ ਬਹਾਦਰ ਸਿੰਘ ਭਾਖੜੀਆਣਾ, ਚਰਨ ਸਿੰਘ ਮੌਲੀ, ਰਣਜੀਤ ਸਿੰਘ ਹਰਦਾਸਪੁਰ, ਸੁਰਜੀਤ ਸਿੰਘ ਗੰਡਵਾ, ਬਲਵੀਰ ਖਲਵਾੜਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਅਕਾਲੀ ਵਰਕਰ ਅਤੇ ਆਗੂ ਹਾਜ਼ਰ ਸਨ।

# ਆਲ ਇੰਡੀਆ ਆਦਿ ਧਰਮ ਮਿਸ਼ਨ ਨੇ ਸੁਖਵੀਰ ਦੁਗਾਲ ਨੂੰ ਪਟਿਆਲਾ ਜ਼ਿਲ੍ਹੇ ਦਾ ਪ੍ਰਧਾਨ ਬਣਾਇਆ

**ਹੁਸ਼ਿਆਰਪੁਰ (ਓ ਪੀ ਰਾਣਾ)**- ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਦੀ ਪਟਿਆਲਾ ਜ਼ਿਲ੍ਹੇ ਦੀ ਵਿਸ਼ੇਸ਼ ਮੀਟਿੰਗ ਜੱਗੀ ਪਾਤੜਾਂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਰਾਸ਼ਟਰੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਸ ਮੌਕੇ ਆਦਿ ਧਰਮ ਮਿਸ਼ਨ ਨੂੰ ਪੰਜਾਬ ਅਤੇ ਪਟਿਆਲੇ ਅੰਦਰ ਮਜਬੂਤ ਕਰਨ ਤੇ ਮਿਸ਼ਨ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਸਬੰਧੀ ਵੱਖ ਵੱਖ ਆਗੂਆਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਹਾਜ਼ਰ ਇਕੱਠ ਵੱਲੋਂ ਸਰਬਸੰਮਤੀ ਨਾਲ ਫੈਂਸਲਾ ਕਰਕੇ ਮਾਸਟਰ ਸੁਖਵੀਰ ਦੁਗਾਲ ਨੂੰ ਆਲ ਇੰਡੀਆ ਆਦਿ ਧਰਮ ਮਿਸ਼ਨ ਜ਼ਿਲਾ ਪਟਿਆਲਾ ਅਤੇ ਜੱਗੀ ਪਾਤੜਾਂ ਨੂੰ ਤਹਿਸੀਲ ਪਾਤੜਾਂ,ਮਾਸਟਰ ਗੁਰਮੁੱਖ ਸਿੰਘ ਨੂੰ ਸ਼ੋਸ਼ਲ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ ਜਿਸ ਦਾ ਸਮੂਹ ਆਗੂਆਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਤੇ ਕੌਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਅੰਬੇਡਕਰ, ਬਾਬੂ ਕਾਂਸ਼ੀ ਰਾਮ, ਬਾਬਾ ਬੰਤਾ ਰਾਮ ਘੇੜਾ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਪੰਜਾਬ ਦੇ ਹਰ ਜ਼ਿਲੇ, ਤਹਿਸੀਲਾਂ ਅਤੇ ਬਲਾਕ ਪੱਧਰ ਤੇ ਆਦਿ ਧਰਮ ਮਿਸ਼ਨ ਦੀਆਂ ਇਕਾਈਆਂ ਸਥਾਪਤ ਕੀਤੀਆਂ ਜਾਣਗੀਆਂ। ਉਨਾਂ ਕਿਹਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਵਿਖੇ 11 ਅਪ੍ਰੈਲ ਅੰਮ੍ਰਿਤ ਧਾਰਾ ਪ੍ਰਗਟ ਦਿਵਸ ਤੇ 14 ਅਪ੍ਰੈਲ ਨੂੰ ਡਾ.ਅੰਬੇਡਕਰ ਜਯੰਤੀ ਅਤੇ ਨਵੇਂ ਵਰ੍ਹੇ 2027 ਵਿੱਚ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸ਼ਤਾਬਦੀ ਮਨਾਉਣ ਲਈ ਤਿਆਰੀਆਂ ਪੂਰੇ ਜੋਰਾਂ ਨਾਲ ਚੱਲ ਰਹੀਆਂ ਹਨ ਜਿਸ ਲਈ ਸੰਗਤਾਂ ਅੰਦਰ ਭਾਰੀ ਉਤਸ਼ਾਹ ਹੈ। ਇਸ ਮੌਕੇ ਪ੍ਰਿੰਸ ਪਾਤੜਾਂ, ਬਲਕਾਰ ਪੇਂਟਰ ਹਮਝਿੜੀ ਵੀ ਹਾਜ਼ਰ ਸਨ।



# ਵਿਸ਼ਵ ਓਰਲ ਹੈੱਲਥ ਦਿਵਸ ਮਨਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਤੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਸਸੋਲੀ ਦੇ ਸਰਕਾਰੀ ਮਿਡਲ ਤੇ ਪ੍ਰਾਇਮਰੀ ਸਕੂਲ ਵਿਖੇ ਡਾ. ਸੰਦੀਪ ਡਮਾਣਾ ਐੱਮ ਓ (ਡੈਂਟਲ) ਦੀ ਅਗਵਾਈ ਹੇਠ ਵਿਸ਼ਵ ਓਰਲ ਹੈਲਥ ਦਿਵਸ ਮਨਾਇਆ ਗਿਆ। ਵਿਸ਼ਵ ਓਰਲ ਹੈਲਥ ਦਿਵਸ ਮੌਕੇ ਡਾ. ਡਮਾਣਾ ਵਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਦਿਵਸ ਨੂੰ ਮਨਾਉਣ ਦਾ ਉਦੇਸ਼ ਲੋਕਾਂ ਨੂੰ ਦੰਦਾਂ ਦੀ ਸਾਂਭ-ਸੰਭਾਲ ਕਰਨ ਲਈ ਗਿਆਨ, ਸਾਧਨਾਂ ਅਤੇ ਵਿਸ਼ਵਾਸ ਨਾਲ ਸਸ਼ਕਤ ਬਣਾਉਣਾ ਹੈ। ਉਨਾਂ ਕਿਹਾ ਕਿ ਦੰਦਾਂ ਦੀ ਸਿਹਤ ਸੰਭਾਲ ਵੀ ਉਨੀ ਹੀ ਜ਼ਰੂਰੀ ਹੰਦੀ ਹੈ ਜਿਨ੍ਹੀ ਕੀ ਸਰੀਰ ਦੇ ਬਾਕੀ ਅੰਗਾਂ ਦੀ। ਦੰਦਾਂ ਦੇ ਮਸੂੜਿਆਂ ਨੂੰ ਸਿਹਤਮੰਦ ਅਤੇ ਰੋਗ ਮੁਕਤ ਰੱਖਣਾ ਜ਼ਰੂਰੀ ਹੁੰਦਾ ਹੈ ਤਾਂ ਜੋ ਮਸੂੜੇ ਦੰਦਾਂ ਨੂੰ ਸਾਰੀ ਉਮਰ ਚੰਗੀ ਤਰਾਂ ਜਕੜ ਕੇ ਰੱਖ ਸਕਣ। ਉਹਨਾਂ ਦੱਸਿਆ ਕਿ ਦੰਦਾਂ ਵਿੱਚ ਜੋ ਭੋਜਨ ਫਸ ਜਾਂਦਾ ਹੈ ਜਿਸ ਨਾਲ ਦੰਦਾਂ ਵਿੱਚ ਸਾੜ ਪੈਦਾ ਹੋ ਜਾਂਦਾ ਹੈ ਜਿਸ ਕਾਰਣ ਮਸੂੜਿਆਂ ਵਿੱਚ ਸੋਜਸ਼ ਅਤੇ ਬਰੱਸ਼ ਕਰਨ ਨਾਲ ਖੂਨ ਆਉਣ ਲੱਗ ਪੈਦਾ ਹੈ । ਉਨਾਂ ਦੱਸਿਆ ਜੇਕਰ ਦੰਦਾਂ ਦੀ ਸਖਤ ਪੀਲੀ ਪਾਪੜੀ ਨੂੰ ਸਾਫ ਨਾ ਕੀਤਾ ਜਾਵੇ ਤਾਂ ਇਹ ਦੰਦਾਂ ਅਤੇ ਮਸੂੜਿਆਂ ਦੀ ਬੀਮਾਰੀ ਦਾ ਮੁੱਖ ਕਾਰਨ ਬਣਦੀ ਹੈ। ਇਸ ਲਈ ਸਾਨੂੰ ਦੰਦਾਂ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ।ਦੰਦਾਂ ਦੀ ਸਾਂਭ-ਸੰਭਾਲ ਪ੍ਰਤੀ ਬੱਚਿਆਂ ਦੇ ਸਹਿਯੋਗ ਨਾਲ ਜਾਗਰੂਕਤਾ ਰੈਲੀ ਵੀ ਕੱਢੀ ਗਈ, ਜਿਸ ਰਾਹੀਂ ਬੱਚਿਆਂ ਨੂੰ ਦੰਦਾਂ ਦੀ ਸਾਂਭ-ਸੰਭਾਲ ਪ੍ਰਤੀ ਜਾਗਰੂਕ ਕੀਤਾ ਗਿਆ।




# ਗੁਰਦੁਆਰਾ ਹਰੀਸਰ ਸਾਹਿਬ ਮੰਨਣਹਾਨਾ ਵਿਖੇ ਜੇ ਬੀ ਸਿੰਘ ਪਰਮਾਰ ਨਮਿਤ ਸ਼ਰਧਾਂਜਲੀ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜੰਗ ਬਹਾਦਰ ਸਿੰਘ ਪਰਮਾਰ ਜੋ ਕਿ ਬੀਤੇ ਸਾਲ ਨਿਊ ਜਰਸੀ (ਯੂ.ਐਸ.ਏ.) 'ਚ ਆਪਣੀ ਜੀਵਨ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਹਨਾਂ ਨਮਿਤ ਸ਼ਰਧਾਂਜਲੀ ਸਮਾਗਮ ਗੁਰਦੁਆਰਾ ਹਰੀਸਰ ਸਾਹਿਬ ਮੰਨਣਹਾਨਾ ਵਿਖੇ ਸੰਤ ਬਾਬਾ ਅਮਰੀਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਦੇਸ਼-ਵਿਦੇਸ਼ ਵਿੱਚ ਵੱਸਦੇ ਸਵ. ਜੇ.ਬੀ. ਸਿੰਘ ਪਰਮਾਰ ਦੇ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੋਂ ਇਲਾਵਾ ਖੇਡ, ਸਮਾਜਿਕ ਅਤੇ ਧਾਰਮਿਕ ਖੇਤਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਨੇ ਉਹਨਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਰਾਗੀ ਜਥਿਆਂ ਵਲੋਂ ਬੈਰਾਗਮਈ ਕੀਰਤਨ ਸਰਵਣ ਕਰਵਾਇਆ ਗਿਆ। ਸਵ. ਜੇ.ਬੀ. ਸਿੰਘ ਪਰਮਾਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਹਨਾਂ ਦੇ ਸਪੁੱਤਰ ਯੋਗਰਾਜ ਸਿੰਘ ਯੂ.ਐਸ.ਏ., ਸਾਬਕਾ ਅੰਤਰਰਾਸ਼ਟਰੀ ਕੁਸ਼ਤੀ ਕੋਚ ਪੀ.ਆਰ. ਸੌਂਧੀ, ਪ੍ਰਿੰਸੀਪਲ ਬਲਵੀਰ ਸਿੰਘ ਗਿੱਲ, ਰਿਟਾ. ਬੈਂਕ ਮੈਨੇਜਰ ਬੀ.ਐਸ. ਬਾਗਲਾ ਅਤੇ ਹੋਰਨਾਂ ਸ਼ਖਸੀਅਤਾਂ ਨੇ ਕਿਹਾ ਕਿ ਜੰਗ ਬਹਾਦਰ ਸਿੰਘ ਪਰਮਾਰ ਇੱਕ ਵਿਲੱਖਣ ਸ਼ਖਸੀਅਤ ਦੇ ਮਾਲਕ ਸਨ। ਜੰਗ ਬਹਾਦਰ ਸਿੰਘ ਛੋਟੀ ਉਮਰ ਤੋਂ ਹੀ ਸੰਤ ਬਾਬਾ ਹਰੀ ਸਿੰਘ ਜੀ ਨੈਕੀ ਵਾਲੇ ਮਹਾਂਪੁਰਸ਼ਾਂ ਉਤੇ ਬਹੁਤ ਵਿਸ਼ਵਾਸ ਰੱਖਦੇ ਸਨ।ਉਹਨਾਂ ਇੱਕ ਸਫਲ ਕਾਰੋਬਾਰੀ ਬਣ ਕੇ ਆਪਣੀ ਸਾਰੀ ਜ਼ਿੰਦਗੀ ਸੰਤ ਬਾਬਾ ਹਰੀ ਸਿੰਘ ਜੀ ਅਤੇ ਸਿੱਖੀ ਨੂੰ ਸਮਰਪਤ ਕਰ ਦਿੱਤੀ। ਸਾਲ 1970 ਵਿੱਚ ਅਮਰੀਕਾ ਅਤੇ ਫਿਰ ਉਥੋਂ ਕੁਵੈਤ ਚਲੇ ਗਏ। ਉਥੇ ਜਾ ਕੇ ਇਮਾਰਤਾਂ ਬਣਾਉਣ ਦਾ ਕੰਮ ਸ਼ੁਰੂ ਕਰਕੇ ਸੈਕੜੇ ਲੋਕਾਂ ਨੂੰ ਰੁਜ਼ਗਾਰ ਦਿੱਤਾ। ਪਹਿਲਾਂ ਇਹਨਾਂ ਨੇ ਮੰਨਣਹਾਨਾ ਪਿੰਡ ਵਿਖੇ ਏਸ਼ੀਆ ਦੇ ਸਭ ਤੋਂ ਵੱਡੇ ਗੁਰਦੁਆਰਾ ਹਰੀਸਰ ਸਾਹਿਬ ਦੀ ਇਮਾਰਤ ਦਾ ਨਿਰਮਾਣ ਕਰਵਾਇਆ।ਸਾਲ 1983 ਤੋਂ 11,12,13 ਮਾਰਚ ਨੂੰ ਭਾਰਤ ਕੇਸਰੀ ਕੁਸ਼ਤੀ ਮੁਕਾਬਲੇ ਸ਼ੁਰੂ ਕਰਵਾਏ। ਪੰਜਾਬ ਵਿੱਚ ਸੰਤ ਬਾਬਾ ਹਰੀ ਸਿੰਘ ਜੀ ਦੀ ਯਾਦ ਵਿੱਚ ਸੰਤ ਸਮਾਗਮ ਸ਼ੁਰੂ ਕਰਵਾਇਆ। ਪਿੰਡ ਚੇਲਾ-ਮਖਸੂਸਪੁਰ ਵਿਖੇ ਸੰਤਾਂ ਦੀ ਯਾਦ ਵਿੱਚ ਲੜਕੀਆਂ ਲਈ ਕਾਲਜ ਅਤੇ ਸਕੂਲ ਦੀ ਉਸਾਰੀ ਵੀ ਆਪ ਵਲੋਂ ਕਰਵਾਈ ਗਈ। ਪਿੰਡ ਪੰਜੌੜਾ ਵਿਖੇ ਹਸਪਤਾਲ ਅਤੇ ਗੁਰਦੁਆਰਾ ਸਾਹਿਬ ਦੀ ਉਸਾਰੀ ਕਰਵਾਈ, ਪਾਕਿਸਤਾਨ ਵਿੱਚ 2001 ਵਿੱਚ ਗੁਰਦੁਆਰਾ ਕਰਤਾਰਪੁਰ ਸਾਹਿਬ ਜੀ ਦੀ ਸਾਰੀ ਇਮਾਰਤ ਦੀ ਮੁਰੰਮਤ ਅਤੇ ਹੋਰ ਉਸਾਰੀ ਵੀ ਜੰਗ ਬਹਾਦਰ ਸਿੰਘ ਪਰਮਾਰ ਵਲੋਂ ਕਰਵਾਈ ਗਈ। ਗੁਰਦੁਆਰਾ ਕਰਤਾਰਪੁਰ ਸਾਹਿਬ ਦੇ ਨਾਲ ਲਗਦੀ 47 ਏਕੜ ਜ਼ਮੀਨ ਖਰੀਦ ਕੇ ਗੁਰਦੁਆਰਾ ਸਾਹਿਬ ਦੇ ਨਾਮ ਕਰਵਾਈ। ਉਹਨਾਂ ਕਿਹਾ ਕਿ ਪਰਮਾਰ ਦੇ ਅਕਾਲ ਚਲਾਣਾ ਕਰ ਜਾਣ ਨਾਲ ਸਿਰਫ ਪਰਵਾਰ ਹੀ ਨਹੀਂ ਬਲਕਿ ਸਮਾਜ ਅਤੇ ਸਿੱਖ ਪੰਥ ਨੂੰ ਵੀ ਕਦੇ ਪੂਰਾ ਨਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਜੇ.ਬੀ. ਸਿੰਘ ਪਰਮਾਰ ਦੀ ਧਰਮ ਪਤਨੀ ਹਰਸ਼ਰਨ ਕੌਰ, ਭਰਾ ਗੁਰਮੇਲ ਸਿੰਘ ਯੂ.ਐਸ.ਏ., ਬੀਬੀ ਵਰਿੰਦਰ ਪਰਮਾਰ, ਰਾਜਪਾਲ ਪਰਮਾਰ ਅਤੇ ਨਜ਼ਦੀਕੀ ਸਾਥੀ ਭੁਪਿੰਦਰ ਸਿੰਘ ਸਿਆਣ ਲੁਧਿਆਣਾ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਸੰਦੀਪ ਸਿੰਘ ਸੈਂਡੀ, ਸਾਬਕਾ ਅੰਤਰਰਾਸ਼ਟਰੀ ਕੋਚ ਰਵਿੰਦਰ ਨਾਥ, ਅਮਰੀਕ ਸਿੰਘ ਮੇਹਲੀ ਪਹਿਲਵਾਨ ਅਤੇ ਰੀਤ ਪ੍ਰੀਤ ਪਾਲ ਸਿੰਘ ਜਨਰਲ ਸਕੱਤਰ ਰੈਸਲਿੰਗ ਐਸੋਸੀਏਸ਼ਨ ਜ਼ਿਲ੍ਹਾ ਕਪੂਰਥਲਾ ਆਦਿ ਹਾਜ਼ਰ ਸਨ ।




# ਸਰਕਾਰੀ ਅਧਿਕਾਰੀ ਦੀ ਖ਼ੁਦਕੁਸ਼ੀ ਕਾਰਨ ਹੋਈ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਮਹਿਤਪੁਰ (ਰਾਜਾ)**- ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ, ਜਨਰਲ ਸਕੱਤਰ ਐੱਨ ਡੀ ਤਿਵਾੜੀ ਤੇ ਸੀਨੀਅਰ ਮੀਤ ਪ੍ਰਧਾਨ ਨਵਪ੍ਰੀਤ ਬੱਲੀ ਨੇ ਅੰਮ੍ਰਿਤਸਰ ਦੇ ਵੇਅਰ-ਹਾਉਸ ਦੇ ਜ਼ਿਲ੍ਹਾ ਮੈਨੇਜਰ ਵੱਲੋਂ ਖ਼ੁਦਕੁਸ਼ੀ ਕਰ ਲਏ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇੱਥੇ ਜਾਰੀ ਕੀਤੇ ਇੱਕ ਬਿਆਨ ਵਿੱਚ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਜਥੇਬੰਦੀ ਇਸ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ। ਉਨ੍ਹਾਂ ਇਸ ਦੁੱਖ ਦੀ ਘੜੀ ਵਿੱਚ ਗਗਨਦੀਪ ਸਿੰਘ ਰੰਧਾਵਾ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਜਥੇਬੰਦੀ ਪਰਵਾਰ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਇਸ ਮਾਮਲੇ ਦੀ ਅਦਾਲਤੀ ਜਾਂਚ ਹੋਣੀ ਚਾਹੀਦੀ ਹੈ। ਇਸ ਮੌਕੇ ਤੇ ਭੁਪਿੰਦਰ ਕੌਰ, ਬਿੱਕਰ ਸਿੰਘ ਮਾਖਾ, ਗੁਲਜ਼ਾਰ ਖਾਨ, ਸੁਰਿੰਦਰ ਕੰਬੋਜ, ਕੰਵਲਜੀਤ ਸੰਗੋਵਾਲ, ਸੋਮ ਸਿੰਘ, ਕੰਵਲਜੀਤ ਅੰਮ੍ਰਿਤਸਰ, ਪਰਗਟ ਸਿੰਘ ਜੰਬਰ, ਸੁਖਵਿੰਦਰ ਸਿੰਘ ਦੋਦਾ, ਅਮਨਦੀਪ ਬਾਗਪੁਰ, ਅਮਨਦੀਪ ਲੰਬੀ, ਚਰਨਜੀਤ ਸਿੰਘ ਸਿੱਧੂ ਆਦਿ ਮੁਲਾਜ਼ਮ ਆਗੂ ਹਾਜ਼ਰ ਸਨ। ਇਹ ਜਾਣਕਾਰੀ ਸੂਬਾ ਪ੍ਰੈੱਸ ਸਕੱਤਰ ਕੰਵਲਜੀਤ ਸੰਗੋਵਾਲ ਨੇ ਪ੍ਰੈੱਸ ਬਿਆਨ ਰਾਹੀਂ ਦਿੱਤੀ ।



## ਮੈਡੀਕਲ ਕੈਂਪ ਦੌਰਾਨ 500 ਮਰੀਜ਼ਾਂ ਦਾ ਕੀਤਾ ਮੁਫ਼ਤ ਚੈੱਕਅੱਪ




**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸ਼ਹੀਦੇ ਆਜ਼ਮ ਸਰਦਾਰ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਤੇ ਆਦਰਸ਼ ਐਜੂਕੇਸ਼ਨਲ ਸੁਸਾਇਟੀ ਸ਼ੁਤਰਾਨਾ ਵੱਲੋਂ ਸਾਂਝੇ ਉਪਰਾਲੇ ਨਾਲ ਆਦਰਸ਼ ਪਬਲਿਕ ਸਕੂਲ ਸ਼ੁਤਰਾਨਾ ਵਿਖੇ ਲਗਾਏ ਦੂਜੇ ਮੁਫ਼ਤ ਮਲਟੀ-ਸਪੈਸ਼ਲਟੀ ਮੈਡੀਕਲ ਕੈਂਪ ਦੌਰਾਨ 500 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ।ਪ੍ਰਿੰਸੀਪਲ ਜਤਿੰਦਰ ਸਿੰਘ ਨੇ ਦੱਸਿਆ ਕਿ ਮੈਡੀਕਲ ਕੈਂਪ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਕਿਉਂਕਿ ਆਧੁਨਿਕ ਜੀਵਨ ਸ਼ੈਲੀ ਵਿੱਚ ਲੋਕ ਆਪਣੀ ਸਿਹਤ ਨੂੰ ਨਜ਼ਰਅੰਦਾਜ਼ ਕਰ ਰਹੇ ਹਨ।ਕੈਂਪ ਦੌਰਾਨ ਡਾ. ਅਮਨਦੀਪ ਗਰਗ ਅੱਖਾਂ ਦੇ ਮਾਹਿਰ, ਡਾ. ਸ਼ਿਮੋਨਾ ਗਰਗ ਚਮੜੀ ਰੋਗ ਮਾਹਰ, ਡਾ. ਕੇ ਐੱਸ ਗਰੋਵਰ ਹੱਡੀਆਂ ਦੇ ਮਾਹਰ, ਡਾ. ਸਿਮਰ ਸ਼ਰਮਾ ਫਿਜ਼ਿਓਥੈਰੇਪਿਸਟ, ਡਾ. ਅਸਦ ਮੈਡੀਸਨ ਮਾਹਰ, ਡਾ. ਸੋਨਾਲੀ ਤੇ ਡਾ. ਅੰਗਦ ਵੱਲੋਂ 500 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ।ਇਸ ਦੌਰਾਨ ਜ਼ਰੂਰੀ ਟੈਸਟ ਤੇ ਦਵਾਈਆਂ ਮੁਫ਼ਤ ਪ੍ਰਦਾਨ ਕੀਤੀਆਂ ਗਈਆਂ।ਇਸ ਤੋਂ ਇਲਾਵਾ ਮਿਜ਼ਾ ਲੈਬ ਪ੍ਰਾਈਵੇਟ ਲਿਮਟਿਡ ਵੱਲੋਂ ਚਮੜੀ ਸੰਬੰਧੀ ਦਵਾਈਆਂ ਵੀ ਮੁਫ਼ਤ ਵੰਡੀਆਂ ਗਈਆਂ।ਡਾਕਟਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਟਰੱਸਟ ਵੱਲੋਂ ਅਮਰ ਹਸਪਤਾਲ ਪਟਿਆਲਾ ਤੇ ਗਰਗ ਆਈ ਹਸਪਤਾਲ ਪਟਿਆਲਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਮੰਡੇਰ ਕਲਾਂ 'ਚ ਪਹਿਲਾ ਕਬੱਡੀ ਟੂਰਨਾਮੈਂਟ 2 ਨੂੰ



**ਲੌਂਗੋਵਾਲ (ਪ੍ਰਦੀਪ ਸੱਪਲ)**-ਬ੍ਰਹਮ ਗਿਆਨੀ ਬਾਬਾ ਗਿਆਨ ਸਿੰਘ ਯੂਥ ਕਲੱਬ ਮੰਡੇਰ ਕਲਾਂ ਵੱਲੋਂ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਹਿਲਾ ਕਬੱਡੀ ਟੂਰਨਾਮੈਂਟ 2 ਅਪ੍ਰੈਲ ਨੂੰ ਨਿਊ ਸਟੇਡੀਅਮ ਨੇੜੇ ਅਨਾਜ ਮੰਡੀ ਮੰਡੇਰ ਕਲਾਂ ਵਿਖੇ ਕਰਵਾਇਆ ਜਾ ਰਿਹਾ ਹੈ।ਜਾਣਕਾਰੀ ਦਿੰਦੇ ਹੋਏ ਸਰਪੰਚ ਜਗਰਾਜ ਸਿੰਘ ਸੰਸਾਰੀ, ਕਲੱਬ ਪ੍ਰਧਾਨ ਜੀਵਨ ਸਿੰਘ ਬੜਿੰਗ ਤੇ ਖਜ਼ਾਨਚੀ ਹਰਵਿੰਦਰ ਸਿੰਘ ਮੰਡੇਰ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਕਬੱਡੀ 75 ਕਿਲੋ ਤੇ ਕਬੱਡੀ ਇੱਕ ਪਿੰਡ ਓਪਨ ਦੇ ਮੁਕਾਬਲੇ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ ਓਪਨ ਕਬੱਡੀ ਵਿੱਚ ਪਹਿਲਾ ਇਨਾਮ ਇੱਕ ਲੱਖ ਰੁਪਏ ਤੇ ਦੂਸਰਾ 75000 ਰੁਪਏ ਰੱਖਿਆ ਗਿਆ ਹੈ, ਜਦਕਿ 75 ਕਿੱਲੋ ਵਰਗ ਵਿੱਚ ਪਹਿਲਾ ਇਨਾਮ 21 ਹਜ਼ਾਰ ਤੇ ਦੂਜਾ ਇਨਾਮ 15 ਹਜ਼ਾਰ ਰੁਪਏ ਰੱਖਿਆ ਗਿਆ ਹੈ।ਓਪਨ ਵਰਗ ਦੇ ਬੈਸਟ ਰੇਡਰ ਤੇ ਬੈਸਟ ਸਟੌਪਰ ਨੂੰ ਮੋਟਸਾਈਕਲਾਂ ਨਾਲ ਸਨਮਾਨਤ ਕੀਤਾ ਜਾਵੇਗਾ, ਜਦਕਿ 75 ਕਿੱਲੋ ਵਰਗ ਦੇ ਬੈਸਟ ਰੇਡਰ ਤੇ ਬੈਸਟ ਸਟੌਪਰ ਨੂੰ ਐੱਲ.ਸੀ.ਡੀ. ਨਾਲ ਸਨਮਾਨਤ ਕੀਤਾ ਜਾਵੇਗਾ।ਇਸ ਟੂਰਨਾਮੈਂਟ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

## ਹਰਮੰਦਰ ਸਿੰਘ ਦੀ ਸਰੀ (ਕੈਨੇਡਾ) 'ਚ ਪ੍ਰਧਾਨ ਵਜੋਂ ਚੋਣ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਨਾਲ ਸੰਬੰਧਤ ਉੱਘੇ ਕਾਰੋਬਾਰੀ, ਬੁੱਧੀਜੀਵੀ ਤੇ ਚਿੰਤਨ ਮਾਹਰ ਹਰਮੰਦਰ ਸਿੰਘ ਅੱਜਕੱਲ੍ਹ ਕੈਨੇਡਾ ਦੇ ਸਰੀ ਸ਼ਹਿਰ ਵਿੱਚ ਰਹਿ ਰਹੇ ਹਨ।ਬੀਤੇ ਦਿਨੀਂ ਉਨ੍ਹਾਂ ਦੇ ਰਿਹਾਇਸ਼ੀ ਇਲਾਕੇ ਵਿੱਚ ਹੋਈ ਸੁਸਾਇਟੀ ਦੀ ਚੋਣ ਮੌਕੇ ਉਨ੍ਹਾਂ ਨੂੰ ਸਰਬਸੰਮਤੀ ਨਾਲ ਬਤੌਰ ਪ੍ਰਧਾਨ ਚੁਣਿਆ ਗਿਆ।ਜਾਣਕਾਰੀ ਦਿੰਦਿਆਂ ਉਨ੍ਹਾਂ ਦੇ ਕਰੀਬੀ ਤੇ ਸਮਾਜ ਸੇਵਕ ਪੰਮਾ ਸੰਧੂ ਉਦੇਕਰਨ ਨੇ ਦੱਸਿਆ ਕਿ ਉਹ ਪੰਜਾਬ ਵਿੱਚ ਰਹਿੰਦਿਆਂ ਵੀ ਆਪਣੇ ਕਾਰੋਬਾਰ ਦੇ ਨਾਲ ਨਾਲ ਸਮਾਜ ਸੇਵਾ ਦੇ ਕਾਰਜਾਂ ਵਿੱਚ ਆਪਣੀ ਬਣਦੀ ਭੂਮਿਕਾ ਨਿਭਾਉਂਦੇ ਰਹੇ ਹਨ।ਉਨ੍ਹਾਂ ਦੱਸਿਆ ਕਿ ਇਸ ਚੋਣ ਮੌਕੇ ਹਰ ਵਰਗ ਦੇ ਲੋਕ ਮੌਜੂਦ ਸਨ ਤੇ ਉਨ੍ਹਾਂ ਨੇ ਆਪਣੀ ਰਜ਼ਾਮੰਦੀ ਨਾਲ ਹਰਮੰਦਰ ਸਿੰਘ ਨੂੰ ਭਾਰੀ ਬਹੁਮੱਤ ਨਾਲ ਜਿਤਾਇਆ।ਹਰਮੰਦਰ ਸਿੰਘ ਨੇ ਸਾਰੇ ਲੋਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਦੀ ਕੋਸ਼ਿਸ਼ ਕਰਨਗੇ।

## ਹੋਲੀ ਹਾਰਟ ਦੇ ਬੱਚਿਆਂ ਨੂੰ ਦੋਸਤੀ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਦੋਸਤੀ ਦੀ ਮਹੱਤਤਾ ਬਾਰੇ ਦੱਸਿਆ ਗਿਆ।ਸਕੂਲ ਵਿੱਚ ਅੱਜ ਛੋਟੇ ਬੱਚਿਆਂ ਲਈ ਇੱਕ ਖਾਸ ਤੇ ਪਿਆਰ ਭਰੀ ਕਲਾਸ ਨਾਲ ਆਯੋਜਨ ਕੀਤਾ ਗਿਆ।ਇਸ ਮੌਕੇ ਅਧਿਆਪਕਾਂ ਨੇ ਮਿੱਠੇ ਸ਼ਬਦਾਂ ਤੇ ਦਿਲ ਛੂਹਣ ਵਾਲੀਆਂ ਕਹਾਣੀਆਂ ਰਾਹੀਂ ਸਮਝਾਇਆ ਕਿ ਦੋਸਤੀ ਜੀਵਨ ਦਾ ਸਭ ਤੋਂ ਕੀਮਤੀ ਰਿਸ਼ਤਾ ਹੈ।ਇੱਕ ਐਸਾ ਰਿਸ਼ਤਾ, ਜੋ ਦਿਲ ਨੂੰ ਜੋੜਦਾ ਹੈ, ਖੁਸ਼ੀਆਂ ਨੂੰ ਦੁੱਗਣਾ ਕਰਦਾ ਹੈ, ਗਮਾਂ ਨੂੰ ਅੱਧਾ ਕਰਦਾ ਹੈ। ਉਨ੍ਹਾਂ ਨੇ ਬੱਚਿਆਂ ਨੂੰ ਦੱਸਿਆ ਕਿ ਅਸਲ ਦੋਸਤ ਹੁੰਦੇ ਹਨ, ਜੋ ਹਰ ਹਾਲਤ ਵਿੱਚ ਸਾਥ ਨਿਭਾਉਂਦੇ ਹਨ, ਨਾ ਕੇਵਲ ਸੁੱਖ ਦੇ ਸਮੇਂ ਹੱਸਦੇ ਹਨ, ਬਲਕਿ ਦੁੱਖ ਦੇ ਵੇਲੇ ਸਹਾਰਾ ਵੀ ਹੁੰਦੇ ਹਨ।ਸੱਚੀ ਦੋਸਤੀ ਵਿੱਚ ਕੋਈ ਸਵਾਰਥ ਨਹੀਂ ਹੁੰਦਾ।ਇਹ ਪਿਆਰ, ਭਰੋਸੇ, ਸਹਿਯੋਗ ਤੇ ਇੱਜ਼ਤ ਦੇ ਆਧਾਰਤ ਹੁੰਦੀ ਹੈ।ਬੱਚਿਆਂ ਨੇ ਆਪਣੇ ਦੋਸਤਾਂ ਨਾਲ ਜੁੜੀਆਂ ਯਾਦਾਂ ਤੇ ਮਨਮੋਹਕ ਕਹਾਣੀਆਂ ਸਾਂਝੀਆਂ ਕੀਤੀਆਂ, ਜਿਨ੍ਹਾਂ ਨੂੰ ਸੁਣ ਕੇ ਸਾਰਾ ਮਾਹੌਲ ਹੱਸਿਆ ਤੇ ਪਿਆਰ ਨਾਲ ਭਰ ਗਿਆ। ਸਕੂਲ ਵਿੱਚ ਇਸ ਮੌਕੇ ਤੇ ਰੰਗ ਬਿਰੰਗੇ ਪੋਸਟਰ ਬਣਾਉਣ ਦੋਸਤੀ ਦੇ ਗੀਤ ਗਾਉਣਾ, ਕਵਿਤਾ ਪਾਠ ਤੇ ਟੀਮ ਵਰਗੀਆਂ ਰਸ ਭਰੀਆਂ ਗਤੀਵਿਧੀਆਂ ਕਰਵਾਈਆਂ ਗਈਆਂ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੇਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਨੇ ਬੱਚਿਆਂ ਨੂੰ ਦੋਸਤੀ ਦੇ ਖਾਸ ਰਿਸ਼ਤੇ ਬਾਰੇ ਵਿਚਾਰ ਸਾਂਝੇ ਕੀਤੇ।

## ਸ਼ਹੀਦਾਂ ਦੀ ਯਾਦ 'ਚ 'ਪਰਿਵਰਤਨ' ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ




**ਧੂਰੀ (ਸੁਖਦੇਵ ਧੂਰੀ)**-ਮਾਨਵਤਾ ਦੀ ਸੇਵਾ ਨੂੰ ਸਮਰਪਤ ਸੰਸਥਾ ਪਰਿਵਰਤਨ (ਮਾਲਵਾ ਫਰੈਂਡਜ਼ ਵੈੱਲਫੇਅਰ ਸੋਸਾਇਟੀ ਰਜਿ:) ਧੂਰੀ ਵੱਲੋਂ ਅਮਰ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਸਨਾਤਨ ਧਰਮ ਸਭਾ ਧੂਰੀ ਵਿਖੇ ਲਗਾਇਆ ਗਿਆ।ਇਸ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਡਾਕਟਰ ਨਰਾਇਣ (ਐੱਸ.ਐੱਮ.ਓ. ਧੂਰੀ ਇੰਚਾਰਜ) ਤੇ ਡਾਕਟਰ ਹਿਤੇਸ਼ ਜਿੰਦਲ ਧੂਰੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਕੈਂਪ ਵਿੱਚ 200 ਯੂਨਿਟ ਇਕੱਠੇ ਹੋਏ।ਕੈਂਪ ਦੀ ਅਗਵਾਈ ਗੁਰਦਰਸ਼ਨ ਸਿੰਘ ਡਿੰਪੀ ਵੱਲੋਂ ਕੀਤੀ ਗਈ ਤੇ ਸਮਾਗਮ ਦੀ ਪ੍ਰਧਾਨਗੀ ਸੰਸਥਾ ਦੇ ਪ੍ਰਧਾਨ ਗੁਰਤੇਜ ਸਿੰਘ ਮਾਨ ਵੱਲੋਂ ਕੀਤੀ ਗਈ।ਕੈਂਪ ਦੌਰਾਨ ਕੈਂਪ ਇੰਚਾਰਜ ਤੇ ਪ੍ਰਧਾਨ ਵੱਲੋਂ ਸਾਰੇ ਖ਼ੂਨਦਾਨੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।ਇਸ ਮੌਕੇ ਕੈਂਪ ਨੂੰ ਸਫ਼ਲ ਬਣਾਉਣ ਵਿੱਚ ਜਗਰੂਪ ਸਿੰਘ ਬੱਬੂ, ਜਸਵਿੰਦਰ ਸਿੰਘ, ਜਸਵਿੰਦਰ ਕੁਮਾਰ, ਕਿਰਨਦੀਪ, ਕਮਲਜੀਤ ਕੌਰ, ਰੀਟਾ ਗੋਇਲ, ਦਲਜੀਤ ਕੌਰ, ਰਾਜੂ ਰਿਸ਼ੀ, ਸੁਰੇਸ਼ ਰਾਧੇ, ਸੁਖਪਾਲ ਸਿੰਘ, ਜੋਗਿੰਦਰ ਸਿੰਘ, ਪੁਨੀਤ ਗੋਇਲ, ਮਨੋਜ ਸ਼ਰਮਾ ਤੇ ਧਰਮ ਸਿੰਘ, ਸੁਖਬੀਰ ਸਿੰਘ, ਸੁੰਦਰ ਲਾਲ, ਵਰਿੰਦਰ ਸਿੰਗਲਾ, ਅਮਨਪ੍ਰੀਤ ਸਿੰਘ, ਮਨਵੀਰ, ਜਤਨ, ਵਿਜੇ ਸ਼ਰਮਾ, ਬੂਟਾ ਸਿੰਘ, ਜਗਸੀਰ ਸਿੰਘ ਜੱਗੀ ਢੀਂਡਸਾ ਨੇ ਅਹਿਮ ਯੋਗਦਾਨ ਪਾਇਆ।ਕੈਂਪ ਵਿੱਚ ਐੱਨ ਐੱਸ ਐੱਸ ਯੂਨਿਟ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧੂਰੀ ਪਿੰਡ, ਲਾਈਫ ਗਾਰਡ ਨਰਸਿੰਗ ਇੰਸਟੀਟਿਊਟ ਦੇ ਵਲੰਟੀਅਰਾਂ ਨੇ ਵੀ ਕੈਂਪ ਵਿੱਚ ਭਰਪੂਰ ਸਹਿਯੋਗ ਦਿੱਤਾ।ਖ਼ੂਨਦਾਨ ਕਰਨ ਵਾਲੇ ਸਾਰੇ ਸੱਜਣਾਂ ਨੂੰ ਸੰਸਥਾ ਵੱਲੋਂ ਸਨਮਾਨ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।

## ਕਲੱਬ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ



**ਮੱਖੂ (ਰਛਪਾਲ ਸਿੰਘ ਸੰਧੂ)**-ਦਸ਼ਮੇਸ਼ ਯੂਥ ਕਲੱਬ ਫੇਮੀਵਾਲਾ, ਲਕਸ਼ੇ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਫੇਮੀਵਾਲਾ ਵੱਲੋਂ ਸ਼ਹੀਦ-ਏ-ਆਜ਼ਮ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ।ਕਲੱਬਾਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਫੋਟੋ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਵੱਲੋਂ ਦਿੱਤੀ ਲਾਮਿਸਾਲ ਕੁਰਬਾਨੀ ਨੂੰ ਸਿਜਦਾ ਕੀਤਾ।ਕਲੱਬਾਂ ਦੇ ਅਹੁਦੇਦਾਰਾਂ ਨੇ ਕਿਹਾ ਕਿ ਸ਼ਹੀਦਾਂ ਦੀ ਬਦੌਲਤ ਹੀ ਅੱਜ ਅਸੀਂ ਆਜ਼ਾਦੀ ਦਾ ਆਨੰਦ ਮਾਣ ਰਹੇ ਹਾਂ।ਨੌਜਵਾਨਾਂ ਨੂੰ ਦੇਸ਼ ਉੱਪਰ ਜਾਨ ਵਾਰਨ ਵਾਲੇ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਣਾ ਚਾਹੀਦਾ ਹੈ।

# 27 ਦੇ ਮੁਹਾਲੀ ਧਰਨੇ 'ਚ ਨਰੇਗਾ ਕਾਮੇ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਕਸ਼ਮੀਰ ਗਦਾਈਆ



**ਨਾਭਾ (ਵਰਿੰਦਰ ਵਰਮਾ)**-ਉਸਾਰੀ ਕਾਮਿਆਂ ਦੀ ਜਥੇਬੰਦੀ ਕੰਸਟ੍ਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਏਟਕ ਦੀ ਤਰਫੋਂ 27 ਮਾਰਚ ਨੂੰ ਪ੍ਰਿੰਸੀਪਲ ਸਕੱਤਰ ਤੇ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੇ ਸਕੱਤਰ ਦਫ਼ਤਰ ਕਿਰਤ ਭਵਨ ਮੁਹਾਲੀ ਅੱਗੇ ਲੱਗਣ ਵਾਲੇ ਵਿਸ਼ਾਲ ਧਰਨੇ ਵਿੱਚ ਵੱਡੀ ਗਿਣਤੀ 'ਚ ਨਰੇਗਾ ਕਾਮੇਂ ਵੀ ਸ਼ਾਮਲ ਹੋਣਗੇ, ਕਿਉਂਕਿ 100 ਦਿਨ ਕੰਮ ਜੋ ਨਰੇਗਾ 'ਚ ਗਾਰੰਟੀ ਕੰਮ ਹੈ, ਜੋ ਕਿ ਨਰੇਗਾ ਕਿਰਤੀਆਂ ਦੇ ਸੰਘਰਸ਼ ਕਰਨ ਦੇ ਬਾਵਜੂਦ ਕਦੇ ਵੀ 100 ਦਿਨ ਕੰਮ ਨਸੀਬ ਨਹੀਂ ਹੋਇਆ ਹੈ ਤੇ ਬਾਕੀ ਸਾਰਾ ਸਾਲ ਇਹ ਪੇਂਡੂ ਕਾਮੇਂ ਉਸਾਰੀ ਵਿੱਚ ਕੰਮ ਕਰਕੇ ਆਪਣਾ ਗੁਜ਼ਾਰ ਕਰਦੇ ਹਨ ਤੇ ਆਪਣੇ ਪਰਵਾਰ ਪਾਲਦੇ ਹਨ। ਇਸ ਲਈ ਨਰੇਗਾ ਕਾਮੇ ਵੀ ਇਸ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇੱਥੇ ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ. ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਤੇ ਸੂਬਾ ਸਕੱਤਰ ਕਾਮਰੇਡ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਨਰੇਗਾ ਕਿਰਤੀ ਵੱਡੀ ਗਿਣਤੀ ਵਿੱਚ ਕੰਸਟ੍ਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੇ ਮੈਂਬਰ ਹਨ, ਜਦੋਂ ਨਰੇਗਾ ਦਾ ਕੰਮ ਨਹੀਂ ਮਿਲਦਾ ਤਾਂ ਇਹ ਕਾਮੇ ਵੀ ਉਸਾਰੀ ਵਿੱਚ ਕੰਮ ਕਰਕੇ ਗੁਜ਼ਾਰਾ ਕਰਦੇ ਹਨ, ਜਿਵੇਂ ਨਰੇਗਾ 2005 ਨੂੰ ਸਾਡੀਆਂ ਸਰਕਾਰਾਂ ਨਰੇਗਾ ਨੂੰ ਪਾਰਦਰਸ਼ੀ ਢੰਗ ਨਾਲ਼ ਲਾਗੂ ਨਹੀਂ ਕਰ ਸਕੀਆਂ, ਉਸੇ ਤਰ੍ਹਾਂ ਪ੍ਰਿੰਸੀਪਲ ਸਕੱਤਰ ਤੇ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੇ ਸਕੱਤਰ ਵੱਲੋਂ ਬੋਰਡ ਦੇ ਮੈਂਬਰਾਂ ਨਾਲ਼ ਵਾਰ ਵਾਰ ਮੀਟਿੰਗਾਂ ਕਰਨ ਤੋਂ ਬਾਅਦ ਕਾਮਿਆਂ ਨੂੰ ਇਨਸਾਫ਼ ਨਹੀਂ ਦਿੱਤਾ ਗਿਆ। ਪ੍ਰਿੰਸੀਪਲ ਸਕੱਤਰ ਤੇ ਬੋਰਡ ਦੇ ਸਕੱਤਰ ਆਪਹੁਦਰੇ ਤਰੀਕੇ ਨਾਲ ਵਰਕਰਜ਼ ਨੂੰ ਮਿਲਣ ਵਾਲੀਆਂ ਸਹੂਲਤਾਂ ਵਿੱਚ ਤਬਦੀਲੀਆਂ ਕਰ ਦਿੰਦੇ ਹਨ, ਜਿਵੇਂ ਬੋਰਡ ਕੋਲ ਰਜਿ. ਕਾਮੇ ਦੀ ਮੌਤ ਤੋਂ ਬਾਅਦ ਮਿਲ਼ਣ ਵਾਲੀ ਐਗਸਗ੍ਰੇਸ਼ੀਆ ਗਰਾਂਟ ਜਾਰੀ ਨਾ ਕਰਨਾ, ਕਾਮਿਆਂ ਦੇ ਐੱਲ ਟੀ ਸੀ ਕੇਸ ਨੂੰ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਕਰਨਾ, ਸਰਜਰੀ ਦੇ ਕੇਸਾਂ 'ਚ ਬਕਾਇਆ ਰਾਸ਼ੀ ਨੂੰ ਸਿਹਤ ਬੀਮਾ ਨਾਲ਼ ਜੋੜ ਕੇ ਕਿਰਤੀਆਂ ਨੂੰ ਨਜਾਇਜ਼ ਤੌਰ 'ਤੇ ਪ੍ਰੇਸ਼ਾਨ ਕਰਨਾ, ਕਾਮਿਆਂ ਦੇ ਵੱਖ ਵੱਖ ਸਕੀਮੀ ਲਾਭ ਲੈਣ ਲਈ ਭਰੇ ਫਾਰਮਾਂ 'ਤੇ ਵਾਰ ਵਾਰ ਅਬਜੈਕਸ਼ਨ ਕਰਕੇ ਕਿਰਤੀਆਂ ਨੂੰ ਪ੍ਰੇਸ਼ਾਨ ਕਰਨਾ ਤਾਂ ਕਿ ਉਹ ਸਕੀਮਾਂ ਲੈਣ ਲਈ ਫ਼ਾਰਮ ਹੀ ਨਾ ਭਰਨ, ਕਾਮਿਆਂ ਵੱਲੋਂ ਆਪਣੀ ਰਜਿਸਟਰੇਸ਼ਨ ਨਵਿਆਉਣ ਸਮੇਂ ਕਾਮਿਆਂ ਅੱਗੇ ਮੁਸ਼ਕਲਾਂ ਖੜੀਆਂ ਕਰਨਾ, ਦੇਸ਼ ਦੀ ਉਸਾਰੀ ਵਿੱਚ ਅਹਿਮ ਭੂਮਿਕਾ ਅਦਾ ਕਰਨ ਵਾਲੇ ਇਨ੍ਹਾਂ ਕਿਰਤੀਆਂ ਨੂੰ ਬੋਰਡ ਵੱਲੋਂ ਮਿਲ਼ਣ ਵਾਲੀਆਂ ਸਹੂਲਤਾਂ ਦੇਣ ਲਈ ਤੰਗ ਪ੍ਰੇਸ਼ਾਨ ਕਰਨਾ ਇਹ ਅਫ਼ਸਰਸ਼ਾਹੀ ਨੂੰ ਬਹੁਤ ਮਹਿੰਗਾ ਪਵੇਗਾ। ਨਰੇਗਾ ਆਗੂਆਂ ਨੇ ਮਜ਼ਦੂਰਾਂ ਨੂੰ ਸੱਦਾ ਦਿੱਤਾ ਕਿ ਇਹੋ ਜਿਹੀ ਹੰਕਾਰੀ ਤੇ ਦੂਸਰੀ ਅਫਸ਼ਾਹੀ ਨੂੰ ਸਬਕ ਸਿਖਾਉਣ ਲਈ ਹੁੰਮ ਹੁਮਾ ਕੇ ਕਿਰਤ ਭਵਨ ਮੁਹਾਲੀ ਵਿਖੇ ਪਹੁੰਚੋ।

## ਲਇਨਜ਼ ਕਲੱਬ ਵੱਲੋਂ ਕੈਂਸਰ ਡਿਟੈਕਸ਼ਨ ਤੇ ਅੱਖਾਂ ਦਾ ਚੈੱਕਅੱਪ ਕੈਂਪ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਸ਼ਵ ਕੈਂਸਰ ਕੇਅਰ ਦਿਵਸ ਮੌਕੇ ਲਇਨਜ਼ ਕਲੱਬ ਫਾਜ਼ਿਲਕਾ ਵੱਲੋਂ ਕੈਂਸਰ ਡਿਟੈਕਸ਼ਨ ਤੇ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ। ਇਸ ਦੌਰਾਨ ਵਿਧਾਇਕ ਫਾਜ਼ਿਲਕਾ ਸ਼੍ਰੀ ਨਰਿੰਦਰ ਪਾਲ ਸਿੰਘ ਸਵਨਾ ਤੇ ਮੈਡਮ ਖੁਸ਼ਬੂ ਸਵਨਾ ਨੇ ਸ਼ਿਰਕਤ ਕੀਤੀ। ਉਨ੍ਹਾਂ ਕੈਂਪ ਦਾ ਉਦਘਾਟਨ ਕਰਦਿਆਂ ਕਿਹਾ ਕਿ ਕੈਂਸਰ ਅਜਿਹੀਆਂ ਨਾਮੁਰਾਦ ਬਿਮਾਰੀਆਂ ਤੋਂ ਬਚਣ ਲਈ ਸਾਨੂੰ ਆਪਣੀ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ ਤੇ ਸਮੇਂ ਸਮੇਂ ਸਿਰ ਆਪਣੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਜਦੋਂ ਵੀ ਸਰੀਰਕ ਪੱਖੋਂ ਕੋਈ ਤਕਲੀਫ ਹੁੰਦੀ ਹੈ ਤਾਂ ਨਾਲ ਦੀ ਨਾਲ ਮਾਹਰ ਡਾਕਟਰ ਕੋਲ ਪਹੁੰਚ ਕਰਨੀ ਚਾਹੀਦੀ ਹੈ ਤਾਂ ਜੋ ਸ਼ੁਰੂਆਤੀ ਦੌਰ 'ਤੇ ਹੀ ਬਿਮਾਰੀ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਧਿਆਨ ਨਾ ਦਿੱਤਾ ਜਾਵੇ ਤਾਂ ਛੋਟਾ ਜਿਹਾ ਦਰਦ ਭਵਿੱਖ ਵਿੱਚ ਵੱਡਾ ਨੁਕਸਾਨ ਕਰ ਸਕਦਾ ਹੈ। ਉਨ੍ਹਾਂ ਲਾਇਨਜ਼ ਕਲੱਬ ਵੱਲੋਂ ਕੀਤੇ ਜਾ ਰਹੇ ਸ਼ਲਾਘਾਯੋਗ ਉਪਰਾਲਿਆਂ ਦੀ ਸਰਾਹਨਾ ਕੀਤੀ।ਇਸ ਮੌਕੇ ਡਾਕਟਰਾਂ ਦੀਆਂ ਮਾਹਰ ਟੀਮਾਂ ਵੱਲੋਂ ਲੋਕਾਂ ਦੀਆਂ ਮੁਫ਼ਤ ਅੱਖਾਂ ਦਾ ਚੈੱਕਅਪ ਕੀਤਾ।ਇਸ ਮੌਕੇ ਲੋਕਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।

## ਸਰਸ ਮੇਲੇ ਦੀ ਫ਼ਿਜ਼ਾ 'ਚ ਘੁਲੀ ਆਰ ਨੇਤ ਦੇ ਗੀਤਾਂ ਦੀ ਮਹਿਕ, ਹਜ਼ਾਰਾਂ ਦਰਸ਼ਕਾਂ ਨੇ ਗੀਤਾਂ ਭਰੀ ਸ਼ਾਮ ਦਾ ਮਾਣਿਆ ਅਨੰਦ



**ਮਾਨਸਾ (ਆਤਮਾ ਸਿੰਘ ਪਮਾਰ)**-ਸਰਸ ਮੇਲੇ ਦੀ ਸੱਭਿਆਚਾਰਕ ਸਟੇਜ ਉਦੋਂ ਪੂਰੀ ਤਰ੍ਹਾਂ ਰੌਚਕ ਬਣ ਗਈ, ਜਦੋਂ ਪੰਜਾਬ ਦੇ ਮਸ਼ਹੂਰ ਗਾਇਕ ਆਰ ਨੇਤ ਨੇ ਆਪਣੀ ਦਮਦਾਰ ਗਾਇਕੀ ਰਾਹੀਂ ਸਰੋਤਿਆਂ ਨੂੰ ਆਪਣੇ ਨਾਲ ਨੱਚਣ ਲਾ ਲਿਆ।ਇਸ ਮੌਕੇ ਹਜ਼ਾਰਾਂ ਦੀ ਗਿਣਤੀ 'ਚ ਪਹੁੰਚੇ ਦਰਸ਼ਕਾਂ ਨੇ ਆਰ ਨੇਤ ਦੇ ਹਿੱਟ ਗੀਤਾਂ ਦਾ ਭਰਪੂਰ ਆਨੰਦ ਮਾਣਿਆ।ਪੰਜਾਬੀ ਸੱਭਿਆਚਾਰ ਦੇ ਰੰਗ 'ਚ ਰੰਗੇ ਇਸ ਮੇਲੇ ਨੂੰ ਲੋਕਾਂ ਦਾ ਬੇਮਿਸਾਲ ਹੁੰਗਾਰਾ ਮਿਲ ਰਿਹਾ ਹੈ।ਗੀਤ ਸੰਗੀਤ ਅਧਾਰਤ ਸ਼ਾਮ ਦੌਰਾਨ ਵਿਧਾਇਕ ਡਾ. ਵਿਜੈ ਸਿੰਗਲਾ, ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਡਿਪਟੀ ਕਮਿਸ਼ਨਰ ਨਵਜੋਤ ਕੌਰ, ਐੱਸ.ਐੱਸ.ਪੀ. ਭਾਗੀਰਥ ਸਿੰਘ ਮੀਨਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ, ਏ.ਡੀ.ਸੀ. ਆਕਾਸ਼ ਬਾਂਸਲ, ਮੁੱਖ ਮੰਤਰੀ ਫੀਲਡ ਅਫਸਰ ਡਾ. ਗੁਰਲੀਨ ਕੌਰ ਸਿੱਧੂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਨ੍ਹਾਂ ਸ਼ਖ਼ਸੀਅਤਾਂ ਵੱਲੋਂ ਗਾਇਕ ਆਰ ਨੇਤ ਨੂੰ ਉਨ੍ਹਾਂ ਦੀ ਬਿਹਤਰੀਨ ਗਾਇਕੀ ਤੇ ਸੱਭਿਆਚਾਰਕ ਸੇਵਾਵਾਂ ਲਈ ਵਿਸ਼ੇਸ਼ ਤੌਰ ਉੱਤੇ ਸਨਮਾਨਤ ਵੀ ਕੀਤਾ ਗਿਆ।ਇਸ ਦੌਰਾਨ ਮੀਰਾ ਨੇ ਵੀ ਆਰ ਨੇਤ ਨਾਲ ਸਟੇਜ ਸਾਂਝੀ ਕੀਤੀ ਤੇ ਲੋਕਾਂ ਦਾ ਪਿਆਰ ਬਟੋਰਿਆ।ਆਰ ਨੇਤ ਨੇ ਮੇਲੇ ਦੇ ਸਫਲ ਆਯੋਜਨ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੇਲੇ ਸਾਡੀ ਅਮੀਰ ਵਿਰਾਸਤ ਨੂੰ ਜਿਉਂਦਾ ਰੱਖਣ 'ਚ ਅਹਿਮ ਭੂਮਿਕਾ ਨਿਭਾਉਂਦੇ ਹਨ।

## ਸਵਨਾ ਵੱਲੋਂ ਮੌਜਮ ਵਿਖ਼ੇ ਵਿਕਾਸ ਕਾਰਜਾਂ ਦਾ ਦਘਾਟਨ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡ ਰਹੀ।

ਪਿੰਡਾਂ ਦੇ ਸਰਵਪਖੀ ਵਿਕਾਸ ਲਈ ਪੰਜਾਬ ਸਰਕਾਰ ਜਿੱਥੇ ਨਵੇਂ ਨਵੇਂ ਪ੍ਰੋਜੈਕਟ ਉਲੀਕ ਰਹੀ ਹੈ, ਉਥੇ ਪ੍ਰੋਜੈਕਟਾ ਦੀ ਉਸਾਰੀ ਨਾਲ ਪਿੰਡਾਂ ਨੂੰ ਨਵੀ ਦਿਸ਼ਾ ਮਿਲ ਰਹੀ ਹੈ। ਇਸੇ ਲੜੀ ਤਹਿਤ ਫਾਜ਼ਿਲਕਾ ਦੇ ਵਿਧਾਇਕ ਸ਼੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਮੌਜਮ ਵਿਖ਼ੇ 9 ਲੱਖ 50 ਹਜ਼ਾਰ ਨਾਲ ਸੱਥ ਤੇ 2 ਇੰਟਰ ਲੋਕ ਸੜਕਾਂ ਦਾ ਉਦਘਾਟਨ ਕੀਤਾ। ਵਿਧਾਇਕ ਸਵਨਾ ਨੇ ਕਿਹਾ ਕਿ ਸੱਥ ਬਣਨ ਨਾਲ ਜਿੱਥੇ ਇਕੱਠੇ ਬੈਠ ਲੋਕਾਂ ਵਿੱਚ ਮੇਲਜੋਲ ਵਧੇਗਾ ਤੇ ਸੱਥ ਵਿੱਚ ਸਰਵਸੰਮਤੀ ਨਾਲ ਲੋਕ ਹਿੱਤ ਫੈਸਲੇ ਲਏ ਜਾਣਗੇ ਤੇ ਕਾਰਜ ਉਲੀਕੇ ਜਾਣਗੇ। ਉਨ੍ਹਾਂ ਕਿਹਾ ਕਿ ਬਜ਼ੁਰਗ ਅਵਸਥਾ ਦੇ ਲੋਕ ਸੱਥ ਵਿੱਚ ਬੈਠ ਕੇ ਜਿੱਥੇ ਆਪਣਾ ਸਮਾਂ ਵੀ ਬਤੀਤ ਕਰਦੇ ਹਨ, ਉੱਥੇ ਨੌਜਵਾਨ ਪੀੜ੍ਹੀ ਨੂੰ ਅਨੇਕਾਂ ਗੱਲਾਂ ਬਾਤਾਂ ਵੀ ਸਿੱਖਣ ਨੂੰ ਮਿਲਦੀਆਂ ਹਨ, ਜੋ ਭਵਿੱਖ ਵਿੱਚ ਕੰਮ ਆਉਂਦੀਆਂ ਹਨ। ਇਸ ਤੋਂ ਇਲਾਵਾ ਇੰਟਰਲੌਕ ਸੜਕਾਂ ਦੇ ਉਦਘਾਟਨ ਨਾਲ ਲੋਕਾਂ ਦੀ ਆਵਾਜਾਈ ਵੀ ਸੁਖਾਲੀ ਹੋਵੇਗੀ। ਲੋਕਾਂ ਨੂੰ ਆਉਣ ਜਾਣ ਵਿੱਚ ਕੋਈ ਪਰੇਸ਼ਾਨੀ ਨਹੀਂ ਹੋਵੇਗੀ। ਉਨ੍ਹਾ ਕਿਹਾ ਕਿ ਪਿੰਡਾਂ ਵਿਖੇ ਬੁਨਿਆਦੀ ਸਹੂਲਤਾਂ ਦੀ ਪੂਰਤੀ ਕਰਵਾਈ ਜਾ ਰਹੀ ਹੈ ਤਾਂ ਜੋ ਪਿੰਡਾਂ ਦੀ ਨੁਹਾਰ ਬਦਲੀ ਜਾ ਸਕੇ ਤੇ ਪਿੰਡਾਂ ਨੂੰ ਮਾਡਲ ਪਿੰਡ ਵਜੋਂ ਉਭਾਰਿਆ ਜਾ ਸਕੇ।

## ਬਹਿਣੀਵਾਲ ਦੀ ਪੰਜਾਬੀ ਫੱਟੀ ਤੋਂ ਖੁਸ਼ ਹੋਏ ਡਾ. ਗੁਰਦੇਵ ਸਿੰਘ ਖੁਸ਼

### ਕਿਹਾ; ਇਹ ਫੱਟੀ ਪੜ੍ਹ-ਲਿਖ ਹੀ ਬਣਿਆ ਹਾਂ ਵਿਗਿਆਨੀ



**ਮਾਨਸਾ (ਆਤਮਾ ਸਿੰਘ ਪਮਾਰ)**-ਸਮਾਜਸੇਵੀ ਹਰਪ੍ਰੀਤ ਸਿੰਘ ਬਹਿਣੀਵਾਲ ਨੇ ਪੰਜਾਬੀ ਮਾਂ ਬੋਲੀ ਦੀ ਸੇਵਾ ਮਿਸ਼ਨ ਦੇ ਤਹਿਤ ਅਮਰੀਕਾ ਵਸਦੇ ਪੰਜਾਬੀ ਮੂਲ ਦੇ ਖੇਤੀਬਾੜੀ ਵਿਗਿਆਨੀ ਡਾ. ਗੁਰਦੇਵ ਸਿੰਘ ਖੁਸ਼ ਨੂੰ ਪੰਜਾਬੀ ਖੇਤੀਬਾੜੀ ਲੁਧਿਆਣਾ ਵਿਖੇ ਪੰਜਾਬੀ 41 ਅੱਖਰੀ ਫੱਟੀ ਭੇਟ ਕੀਤੀ। ਇਸ ਨੂੰ ਡਾ. ਗੁਰਦੇਵ ਸਿੰਘ ਖੁਸ਼ ਨੇ ਆਪਣੇ ਜੀਵਨ, ਪੜ੍ਹਾਈ ਤੇ ਤਰੱਕੀ ਦਾ ਮਾਰਗ ਦੱਸਦਿਆਂ ਕਿਹਾ ਕਿ ਇਹ ਫੱਟੀ ਉਨ੍ਹਾਂ ਲਈ ਅਨਮੋਲ ਤੋਹਫਾ ਹੈ।ਉਨ੍ਹਾਂ ਫੱਟੀ ਨੂੰ ਮੱਥੇ ਨਾਲ ਲਗਾਇਆ ਤੇ ਕਿਹਾ ਕਿ ਇਸ ਫੱਟੀ ਦੀ ਬਦੌਲਤ ਉਹ ਅੱਜ ਇਥੋਂ ਤੱਕ ਪਹੁੰਚੇ ਹਨ।ਉਹ ਰੁੜਕੀ ਪਿੰਡ ਦੇ ਜੰਮਪਲ ਹਨ ਤੇ ਸਕੂਲੋਂ ਆਉਂਦੇ ਹੀ ਫੱਟੀ ਗਾਚਣੀ ਨਾਲ ਪੋਚ ਕੇ ਅਗਲੇ ਦਿਨ ਲਈ ਤਿਆਰ ਕਰ ਲੈਂਦੇ ਸਨ।ਉਹ ਅਮਰੀਕਾ ਤੋਂ ਹਰ ਵਰ੍ਹੇ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਇਸੇ ਕਰਕੇ ਆਉਂਦੇ ਹਨ ਕਿ ਪੰਜਾਬੀ ਬੋਲੀ ਦਾ ਮੋਹ, ਫੱਟੀਆਂ ਦੀ ਸਾਂਝ ਇਥੋਂ ਦੇ ਪੰਜਾਬੀ ਭੈਣ-ਭਰਾਵਾਂ ਨਾਲ ਜੁੜੀ ਹੋਈ ਹੈ।ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਜਨਮ ਭਾਸ਼ਾ ਕਦੇ ਨਹੀਂ ਭਲਾਉਣੀ ਚਾਹੀਦੀ ਤੇ ਜੜ੍ਹ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ।ਹਰਪ੍ਰੀਤ ਬਹਿਣੀਵਾਲ ਦਾ ਉਨ੍ਹਾਂ ਇਸ ਲਈ ਧੰਨਵਾਦ ਤੇ ਇਸ ਮੁਹਿੰਮ 'ਚ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਵੀ ਵਾਅਦਾ ਕੀਤਾ। ਇਸ ਮੌਕੇ ਉਨ੍ਹਾਂ ਦੀ ਧਰਮ ਪਤਨੀ ਹਰਬੰਤ ਕੌਰ ਖੁਸ਼, ਉਨ੍ਹਾਂ ਦੇ ਹਰ ਖੋਜ 'ਚ ਸਾਥੀ ਰਹੇ ਸਵ. ਦਰਸ਼ਨ ਸਿੰਘ ਬਰਾੜ ਦਾ ਪਰਿਵਾਰ ਵੀ ਮੌਜੂਦ ਸੀ।

## ਗੌਰਵ ਸੰਧੂ ਕਾਲੀ ਮਾਤਾ ਮੰਦਰ ਵਿਖੇ ਹੋਏ ਨਤਮਸਤਕ



**ਸਨੌਰ (ਰਜਿੰਦਰ ਸਿੰਘ ਥਿੰਦ)**-ਕਾਂਗਰਸ ਦੇ ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਉੱਪ ਪ੍ਰਧਾਨ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਸਨੌਰ ਸਥਿਤ ਕਾਲੀ ਮਾਤਾ ਮੰਦਰ ਵਿੱਚ ਆਪਣੇ ਪਰਿਵਾਰ ਸਮੇਤ ਪਹੁੰਚ ਕੇ ਨਵਰਾਤਿਆਂ ਦੇ ਪਵਿੱਤਰ ਮੌਕੇ 'ਤੇ ਮਾਤਾ ਰਾਣੀ ਅੱਗੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮੰਦਰ ਦੇ ਪੁਜਾਰੀ ਤੇ ਹਾਜ਼ਰ ਸੰਗਤ ਵੱਲੋਂ ਗੌਰਵ ਸੰਧੂ ਦਾ ਸਨਮਾਨ ਕੀਤਾ ਗਿਆ।ਗੌਰਵ ਸੰਧੂ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਇਸ ਮੰਦਰ ਦੀ ਕਾਫੀ ਮਾਨਤਾ ਹੈ ਤੇ ਦੂਰ-ਦੂਰ ਤੋਂ ਸ਼ਰਧਾਲੂ ਇੱਥੇ ਮੱਥਾ ਟੇਕਣ ਲਈ ਆਉਂਦੇ ਹਨ।ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਨੇ ਆਪਣੇ ਪਰਿਵਾਰ ਸਮੇਤ ਹਲਕਾ ਸਨੌਰ ਦੇ ਲੋਕਾਂ ਦੀ ਚੜ੍ਹਦੀ ਕਲਾ ਤੇ ਖੁਸ਼ਹਾਲੀ ਲਈ ਮਾਤਾ ਰਾਣੀ ਅੱਗੇ ਅਰਦਾਸ ਕੀਤੀ ਹੈ।ਉਨ੍ਹਾਂ ਕਿਹਾ ਕਿ ਹਲਕਾ ਸਨੌਰ ਉਨ੍ਹਾਂ ਲਈ ਪਰਿਵਾਰ ਵਰਗਾ ਹੈ ਤੇ ਉਹ ਦਿਨ-ਰਾਤ ਲੋਕਾਂ ਵਿਚ ਰਹਿ ਕੇ ਉਨ੍ਹਾਂ ਦੀ ਸੇਵਾ ਕਰਦੇ ਰਹਿਣਗੇ।ਇਸ ਦੇ ਨਾਲ ਹੀ ਉਨ੍ਹਾਂ ਸਮੂਹ ਹਲਕੇ ਤੇ ਦੇਸ਼ ਵਾਸੀਆਂ ਨੂੰ ਨਵਰਾਤਿਆਂ ਦੀਆਂ ਦਿਲੋਂ ਵਧਾਈਆਂ ਦਿੱਤੀਆਂ।

## ਸਿਰਜਣਾਤਮਕ ਮੇਲਾ 'ਸਹੁੰ ਪੰਜਾਬ ਦੀ' ਸਫਲਤਾਪੂਰਵਕ ਸੰਪੰਨ ਸੂਫ਼ੀ ਗਾਇਕ ਮੰਨਾ ਸਿੰਘ ਨੇ ਰੰਗ ਬੰਨ੍ਹਿਆ



**ਦਿੜ੍ਹਬਾ (ਜਸਵੀਰ ਲਾਡੀ)**-ਸੂਬੇ ਦੇ ਨੌਜਵਾਨਾਂ ਨੂੰ ਪੰਜਾਬ ਦੇ ਪੁਰਾਤਨ ਵਿਰਸੇ ਨਾਲ ਜੋੜਨ ਦੇ ਮਕਸਦ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਸੀਬਾ ਕੈਂਪਸ ਲਹਿਰਾਗਾਗਾ ਵਿਖੇ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਦੇ ਚੇਅਰਮੈਨ ਸਵਰਨਜੀਤ ਸਿੰਘ ਸਵੀ ਤੇ ਸੀਬਾ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਪੰਜਾਬ ਦੀਆਂ 32 ਲੋਕ ਕਲਾਵਾਂ, ਦਸਤਕਾਰੀ, ਲੋਕ ਗਾਇਕੀ, ਲੋਕ ਨਾਚਾਂ ਤੇ ਲਲਿਤ ਕਲਾਵਾਂ ਨੂੰ ਸਮਰਪਤ ਤਿੰਨ ਰੋਜ਼ਾ ਸਿਰਜਣਾਤਮਕ ਮੇਲਾ 'ਸਹੁੰ ਪੰਜਾਬ ਦੀ' ਸਫਲਤਾਪੂਰਵਕ ਸੰਪੰਨ ਹੋ ਗਿਆ।ਮੁੱਖ-ਮਹਿਮਾਨ ਵਜੋਂ ਪਹੁੰਚੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਲੋਕ-ਕਲਾਵਾਂ, ਲਲਿਤ ਕਲਾਵਾਂ ਤੇ ਪੰਜਾਬ ਦੀ ਦਿਹਾਤੀ ਦਸਤਕਾਰੀ ਦੀਆਂ ਪ੍ਰਦਰਸ਼ਨੀਆਂ ਵੇਖਦਿਆਂ ਪੰਜਾਬ ਕਲਾ ਪ੍ਰੀਸ਼ਦ ਤੇ ਲਲਿਤ ਕਲਾ ਅਕਾਦਮੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ-ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਮੁੜ 'ਰੰਗਲੇ-ਪੰਜਾਬ' ਦੇ ਸੰਕਲਪ ਲਈ ਸੁਹਿਰਦ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਲਈ ਵਿਸ਼ੇਸ਼ ਫੰਡ ਜਾਰੀ ਕਰਨ ਦਾ ਉਪਰਾਲਾ ਕਰੇਗੀ।ਉਨ੍ਹਾਂ ਮੇਲੇ ਵਿੱਚ ਕਲਾਵਾਂ ਵਿਖਾਉਣ ਵਾਲੇ ਕਲਾਕਾਰਾਂ ਨੂੰ ਸਨਮਾਨਤ ਕਰਦਿਆਂ ਹੌਸਲਾ ਅਫਜ਼ਾਈ ਕੀਤੀ।ਸੂਫ਼ੀ ਗਾਇਕ ਮੰਨਾ ਸਿੰਘ ਨੇ ਖੂਬ ਰੰਗ ਬੰਨ੍ਹਿਆ।ਇਸ ਮੇਲੇ ਵਿਚ ਨੌਜਵਾਨ ਕਲਾਕਾਰਾਂ ਦੀਆਂ ਵਰਕਸ਼ਾਪਾਂ ਤੋਂ ਇਲਾਵਾ ਦਿਹਾਤੀ ਦਸਤਕਾਰੀ, ਖੱਡੀ ਬੁਨਣਾ, ਦਰੀਆਂ ਬੁਨਣਾ, ਚਰਖਾ ਕੱਤਣਾ, ਪੱਖੀਆਂ ਛਿੱਕੂ ਆਦਿ ਬਣਾਉਣਾ ਤੇ ਕਸੀਦਾਕਾਰੀ ਦੀ ਗਤੀਸ਼ੀਲ ਪ੍ਰਦਰਸ਼ਨੀ ਵੀ ਸ਼ਾਮਲ ਸੀ।ਪਨਸੀਡ ਦੇ ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਮਹਾਰਾਜਾ ਭੁਪਿੰਦਰ ਸਿੰਘ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਵਾਇਸ ਚਾਂਸਲਰ ਡਾ. ਪੁਸ਼ਵਿੰਦਰ ਸਿੰਘ ਗਿੱਲ, ਪੰਜਾਬ ਕਲਾ ਪ੍ਰੀਸ਼ਦ ਦੇ ਪ੍ਰੀਤਮ ਰੁਪਾਲ, ਪੰਜਾਬ ਲਲਿਤ ਕਲਾ ਅਕਾਦਮੀ ਦੇ ਪ੍ਰਧਾਨ ਗੁਰਦੀਪ ਧੀਮਾਨ, ਸੁਮੇਲ ਸਿੰਘ, ਚੇਅਰਮੈਨ ਪੀਤੂ ਛਾਹੜ, ਚੇਅਰਮੈਨ ਹਰਵਿੰਦਰ ਸਿੰਘ ਛਾਜਲੀ ਤੇ ਗੁਰਦੀਪ ਸਿੰਘ ਗਾਗਾ ਸਮੇਤ ਹੋਰ ਹਾਜ਼ਰ ਸਨ।ਮੰਚ ਸੰਚਾਲਨ ਜਗਦੀਸ਼ ਪਾਪੜਾ ਨੇ ਕੀਤਾ।

# ਸੰਧਵਾਂ ਦੀ ਅਗਵਾਈ 'ਚ ਵਿਧਾਇਕਾਂ ਦੇ ਵਫ਼ਦ ਵੱਲੋਂ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ

### ਸਖ਼ਤ ਕਾਨੂੰਨ ਤਹਿਤ 'ਬੇਅਦਬੀ' ਦੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ : ਪੰਨੂ, ਨਿੱਜਰ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਧਾਇਕਾਂ ਦੇ ਵਫ਼ਦ ਨੂੰ ਨਾਲ ਲੈ ਕੇ ਸਮਾਣਾ ਟਾਵਰ ਮੋਰਚੇ ਦੀ ਸੰਗਤ ਨਾਲ ਮੁਲਾਕਾਤ ਕੀਤੀ।ਇਸ ਮੌਕੇ ਸਪੀਕਰ ਸੰਧਵਾਂ ਨੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿਖੇ ਸੰਗਤ ਦੇ ਵਿਸ਼ਾਲ ਇਕੱਠ ਵਿੱਚ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ-2008 ਵਿੱਚ ਸੋਧ ਕਰਨ ਤੇ ਸਖ਼ਤ ਕਾਨੂੰਨ ਲਿਆਉਣ ਲਈ 13 ਅਪ੍ਰੈਲ ਨੂੰ ਸੱਦੇ ਵਿਧਾਨ ਸਭਾ ਦੇ ਵਿਸ਼ੇਸ਼ ਸੈਸ਼ਨ ਵਿੱਚ ਪਾਸ ਕੀਤੇ ਗਏ ਕਾਨੂੰਨ ਦਾ ਖਰੜਾ ਲੈ ਕੇ ਉਹ 14 ਅਪ੍ਰੈਲ ਨੂੰ ਸਮਾਣਾ ਮੋਰਚੇ ਵਿੱਚ ਪੁੱਜਣਗੇ।ਇਸ ਮੌਕੇ ਉਹ ਖੁਦ ਇਸ ਪਾਸ ਕਾਨੂੰਨ ਦਾ ਖਰੜਾ ਅਕਤੂਬਰ 2024 ਤੋਂ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੂੰ ਸੌਂਪਣਗੇ।ਇਸ ਦੌਰਾਨ ਸਪੀਕਰ ਕੁਲਤਾਰ ਸਿੰਘ ਸੰਧਵਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ, ਸੰਤ ਸਮਾਜ ਵੱਲੋਂ ਬਾਬਾ ਭੁਪਿੰਦਰ ਸਿੰਘ ਰਾਮਪੁਰ ਖੇੜੇ ਵਾਲੇ, ਵਿਧਾਨ ਸਭਾ ਦੀ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ, ਚੇਤਨ ਸਿੰਘ ਜੌੜਾਮਾਜਰਾ, ਅਜੀਤਪਾਲ ਸਿੰਘ ਕੋਹਲੀ, ਗੁਰਲਾਲ ਘਨੌਰ, ਨਰਿੰਦਰ ਕੌਰ ਭਰਾਜ, ਗੁਰਦੇਵ ਸਿੰਘ ਦੇਵ ਮਾਨ ਅਤੇ ਕੁਲਵੰਤ ਸਿੰਘ ਬਾਜ਼ੀਗਰ ਮੌਜੂਦ ਸਨ। ਇਸ ਤੋਂ ਪਹਿਲਾਂ ਮੋਰਚੇ ਦੇ ਆਗੂਆਂ ਨਾਲ ਕੀਤੀ ਗਈ ਬੈਠਕ ਵਿੱਚ ਸਮਾਣਾ ਮੋਰਚੇ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ, ਅਮਿਤੋਜ ਸਿੰਘ ਮਾਨ, ਪੁਸ਼ਪਿੰਦਰ ਸਿੰਘ ਕਾਕਾ, ਤਲਵਿੰਦਰ ਸਿੰਘ ਔਲਖ, ਅਮਰਜੀਤ ਸਿੰਘ ਮਰਿਆਦਾ ਤੇ ਕਾਕਾ ਸਿੰਘ ਕੋਟੜਾ ਸ਼ਾਮਲ ਸਨ।ਇਸ ਦੌਰਾਨ ਟਾਵਰ ਉੱਤੇ ਬੈਠੇ ਭਾਈ ਗੁਰਜੀਤ ਸਿੰਘ ਖ਼ਾਲਸਾ ਨੇ ਮੋਬਾਇਲ 'ਤੇ ਸਪੀਕਰ ਸੰਧਵਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਵਿਰੋਧੀ ਸਖ਼ਤ ਕਾਨੂੰਨ ਬਣਾਉਣ ਲਈ ਇਹ ਵਿਸ਼ੇਸ਼ ਸੈਸ਼ਨ ਸੱਦਣ 'ਤੇ ਧੰਨਵਾਦ ਕੀਤਾ, ਉੱਥੇ ਹੀ ਕਿਹਾ ਕਿ ਉਹ ਇਸ ਕਾਨੂੰਨ ਦੇ ਪਾਸ ਹੋਣ ਤੋਂ ਬਾਅਦ ਟਾਵਰ ਤੋਂ ਹੇਠਾਂ ਉੱਤਰ ਆਉਣਗੇ।ਇਸ ਦੌਰਾਨ ਆਪ ਦੇ ਸੂਬਾ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਤੇ ਸਿਲੈਕਟ ਕਮੇਟੀ ਦੇ ਚੇਅਰਮੈਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਕਿਹਾ ਕਿ 'ਬੇਅਦਬੀ' ਦੇ ਕਿਸੇ ਵੀ ਦੋਸ਼ੀ ਨੂੰ ਬਖਸ਼ਿਆ ਨਹੀਂ ਜਾਵੇਗਾ।ਇਸ ਘਿਨਾਉਣੇ ਅਪਰਾਧ ਦੇ ਦੋਸ਼ੀਆਂ ਲਈ ਮਿਸਾਲੀ ਸਜ਼ਾ ਯਕੀਨੀ ਬਣਾਉਣ ਲਈ ਇਸ ਕਾਨੂੰਨ ਦਾ ਖਰੜਾ ਤਿਆਰ ਕਰਦੇ ਸਮੇਂ ਦੇਸ਼ ਭਰ ਦੇ ਉੱਘੇ ਵਕੀਲਾਂ ਤੋਂ ਵੀ ਰਾਏ ਲਈ ਜਾਵੇਗੀ। ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਐਲਾਨ ਅਨੁਸਾਰ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ ਨੇ ਅੱਜ ਸਮਾਣਾ ਦਾ ਦੌਰਾ ਕਰਕੇ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਆਪਣਾ ਵਿਰੋਧ ਪ੍ਰਦਰਸ਼ਨ ਖਤਮ ਕਰਨ ਲਈ ਮਨਾਉਣ ਤੇ ਉਨ੍ਹਾਂ ਨੂੰ ਵਿਧਾਨ ਸਭਾ ਦੇ ਵਿਸ਼ੇਸ਼ ਅਜਲਾਸ ਵਿੱਚ ਸ਼ਾਮਲ ਹੋਣ ਲਈ ਵੀ ਸੱਦਾ ਦਿੱਤਾ ਹੈ।ਇਸ ਮੌਕੇ ਏਡੀਸੀ ਦਮਨਜੀਤ ਸਿੰਘ ਮਾਨ, ਐੱਸ ਪੀ ਵੈਭਵ ਚੌਧਰੀ, ਐੱਸ ਡੀ ਐੱਮ ਰਿਚਾ ਗੋਇਲ, ਡੀ ਐੱਸ ਪੀ ਫ਼ਤਿਹ ਸਿੰਘ ਬਰਾੜ ਹਾਜ਼ਰ ਸਨ।

## ਨਵੀਂ ਬਣ ਰਹੀ ਸੜਕ ਦਾ ਉਦਘਾਟਨ ਕੀਤਾ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਛੀਕੇ 'ਚ ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਨਿਹਾਲ ਸਿੰਘ ਵਾਲਾ ਤੇ ਪਰਮਜੀਤ ਸਿੰਘ ਬੁੱਟਰ ਚੇਅਰਮੈਨ ਮਾਰਕੀਟ ਬੱਧਨੀ ਕਲਾਂ ਨੇ ਪਿੰਡ ਦੀ ਫਿਰਨੀ ਤੋਂ ਮੰਦਰ ਤੇ ਮਾਛੀਕੇ ਤੋਂ ਗਹਿਲਾ ਵਾਲੀ ਬਣ ਰਹੀ ਨਵੀਂ ਸੜਕ ਦਾ ਉਦਘਾਟਨ ਕੀਤਾ। ਇਸ ਸਮੇਂ ਜਸਵੀਰ ਸਿੰਘ ਐਸ.ਡੀ.ਓ, ਡਾ ਜਗਦੇਵ ਸਿੰਘ ਬੱਬੂ ਮਾਛੀਕੇ ਸੋਸਸ਼ਲ ਮੀਡੀਆ ਹਲਕਾ ਇੰਚਾਰਜ, ਸਰਪੰਚ ਜਗਮੋਹਨ ਸਿੰਘ, ਪੰਚਾਇਤ ਮੈਂਬਰ ਚੰਦ ਸਿੰਘ, ਪੰਚਾਇਤ ਮੈਂਬਰ ਪਰਮਿੰਦਰ ਸਿੰਘ ਕਾਲਾ ਵੜਿੰਗ, ਪੰਚਾਇਤ ਮੈਂਬਰ ਹਾਕਮ ਸਿੰਘ, ਪੰਚਾਇਤ ਮੈਂਬਰ ਭੋਲਾ ਸਿੰਘ, ਬਲਕਰਨ ਸਿੰਘ ਚਹਿਲ, ਅਮਨਦੀਪ ਸਿੰਘ ਕਾਨੂੰਨਗੋ, ਹਰਦੀਪ ਸਿੰਘ ਸੱਤੂ ਬਲਾਕ ਪ੍ਰਧਾਨ ਕਿਸਾਨ ਵਿੰਗ ਸਨਦੀਪ ਵਾਲੀਆਂ ਬਲਾਕ ਪ੍ਰਧਾਨ ਸੋਸਲ ਮੀਡੀਆ, ਬੂਟਾ ਧਾਲੀਵਾਲ ਸੁਸਾਇਟੀ ਪ੍ਰਧਾਨ, ਕਰਮਜੀਤ ਸਿੰਘ ਕੰਮਾ ਪੰਚਾਇਤ ਮੈਂਬਰ ਆਪ ਆਗੂ, ਬੰਟੀ ਨੰਬਰਦਾਰ, ਹਾਕਮ ਸੈਕਟਰੀ ਨਵਾਂ ਮਾਛੀਕੇ, ਕਾਲਾ ਨਵਾਂ ਮਾਛੀਕੇ, ਗੁਰਚਰਨ ਨਵਾਂ ਮਾਛੀਕੇ, ਸੁਖਦੇਵ ਨਵਾਂ ਮਾਛੀਕੇ, ਮਾਸਟਰ ਗੁਰਬਖਸ ਸਿੰਘ, ਸਤਪਾਲ ਬੀਟਾ ਪ੍ਰਧਾਨ, ਬਲਜੀਤ ਸਿੰਘ ਠੇਕੇਦਾਰ, ਡਾਕਟਰ ਹਰਦੀਪ ਵਾਲੀਆ, ਹਰਮਨ ਸਿੰਘ, ਜਗਸੀਰ ਸਿੰਘ ਸੀਰਾ, ਮਨਪ੍ਰੀਤ ਕੱਪੜੇ ਵਾਲਾ, ਵਿਜੇ ਮੁਨੀਮ, ਜੱਗੀ ਖਾਈ ਵਾਲਾ ਕਲੱਬ ਪ੍ਰਧਾਨ ਸਮਾਜ ਸੇਵੀ, ਮਨਦੀਪ ਵਾਲੀਆਂ ਤੇ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਰ ਸਨ।

# ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਵਜੀਦਕੇ ਖੁਰਦ ਵਿਖੇ ਬਾਬਾ ਸਾਹਿਬ ਡਾ. ਭੀਮ ਯੂਥ ਵੈੱਲਫੇਅਰ ਕਲੱਬ ਵੱਲੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਕਰਵਾਏ ਗਏ ਵਿਸ਼ਾਲ ਧਾਰਮਿਕ ਸਮਾਗਮ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਬਾਬਾ ਕਰਮ ਚੰਦ ਗਿੱਲ (ਪੱਤੀ ਬਠਿੰਡੇ ਵਾਲੇ) ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਉਨ੍ਹਾਂ ਦੇ ਸੰਘਰਸ਼ਮਈ ਇਤਿਹਾਸ 'ਤੇ ਵਿਸਥਾਰ ਨਾਲ ਚਾਨਣਾ ਪਾਇਆ।ਉਨ੍ਹਾਂ ਦੱਸਿਆ ਕਿ ਗੁਰੂ ਰਵਿਦਾਸ ਜੀ ਨੇ ਉਸ ਸਮੇਂ ਵਿੱਚ ਜਨਮ ਲਿਆ, ਜਦੋਂ ਸਮਾਜ ਵਿੱਚ ਛੂਆਛੂਤ ਤੇ ਜਾਤ-ਪਾਤ ਦੀਆਂ ਵੱਡੀਆਂ ਵੰਡਾਂ ਸਨ, ਪਰ ਉਨ੍ਹਾਂ ਨੇ ਸਾਰੀ ਜ਼ਿੰਦਗੀ ਇਸ ਭੇਦਭਾਵ ਦੇ ਖਿਲਾਫ ਅਵਾਜ਼ ਉਠਾਈ।ਉਨ੍ਹਾਂ ਆਪਣੀ ਬਾਣੀ ਤੇ ਕਰਮਾਂ ਰਾਹੀਂ ਮਨੁੱਖਤਾ, ਸਮਾਨਤਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਨੇ ਆਪਣੇ ਜੀਵਨ ਦੌਰਾਨ ਬੇਇਨਸਾਫ਼ੀ, ਅਪਮਾਨ ਤੇ ਸਮਾਜਕ ਰੁਕਾਵਟਾਂ ਦਾ ਡੱਟ ਕੇ ਸਾਹਮਣਾ ਕੀਤਾ, ਪਰ ਕਦੇ ਵੀ ਆਪਣੇ ਸਿਧਾਂਤਾਂ ਤੋਂ ਪਿੱਛੇ ਨਹੀਂ ਹਟੇ। ਬੇਗਮਪੁਰਾ ਵਰਗੇ ਸੁਪਨੇ ਰਾਹੀਂ ਉਨ੍ਹਾਂ ਨੇ ਇੱਕ ਅਜਿਹੇ ਸਮਾਜ ਦੀ ਕਲਪਨਾ ਕੀਤੀ, ਜਿੱਥੇ ਨਾ ਕੋਈ ਜਾਤ-ਪਾਤ ਹੋਵੇ, ਨਾ ਕੋਈ ਦੁੱਖ-ਦਰਦ ਇਹੀ ਉਨ੍ਹਾਂ ਦੀ ਵੱਡੀ ਕੁਰਬਾਨੀ ਤੇ ਸੋਚ ਸੀ ਜੋ ਅੱਜ ਵੀ ਸਾਡੇ ਲਈ ਪ੍ਰੇਰਨਾ ਸਰੋਤ ਹੈ।ਇਸ ਮੌਕੇ ਬੁਲਾਰਿਆਂ ਨੇ ਡਾ. ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ ਨੂੰ ਵੀ ਯਾਦ ਕਰਦਿਆਂ ਕਿਹਾ ਕਿ ਬਾਬਾ ਸਾਹਿਬ ਨੇ ਗੁਰੂ ਰਵਿਦਾਸ ਜੀ ਦੇ ਸੰਦੇਸ਼ ਨੂੰ ਅੱਗੇ ਵਧਾਉਂਦਿਆਂ ਸਮਾਜ ਨੂੰ ਸਿੱਖਿਆ, ਏਕਤਾ ਤੇ ਸੰਘਰਸ਼ ਦਾ ਰਾਹ ਦਿਖਾਇਆ।ਉਨ੍ਹਾਂ ਕਿਹਾ ਕਿ ਅੱਜ ਦੇ ਪੜ੍ਹੇ-ਲਿਖੇ ਲੋਕਾਂ ਨੂੰ ਆਪਣੀ ਪਛਾਣ 'ਤੇ ਮਾਣ ਕਰਨਾ ਚਾਹੀਦਾ ਹੈ ਤੇ ਆਪਣੀਆਂ ਜਾਤਾਂ ਨੂੰ ਲੁਕਾਉਣ ਦੀ ਬਜਾਏ ਸਵੈ-ਸਨਮਾਨ ਨਾਲ ਜੀਵਨ ਬਤੀਤ ਕਰਨਾ ਚਾਹੀਦਾ ਹੈ।ਇਸ ਦੌਰਾਨ ਬਾਬਾ ਸਰਨਜੀਤ ਸਿੰਘ ਹਰੀਗੜ੍ਹ ਵਾਲਿਆਂ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਆਤਮਕ ਰੰਗ ਵਿੱਚ ਰੰਗਿਆ।ਸਮਾਗਮ ਵਿੱਚ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ ਆਗੂਆਂ ਤੇ ਨੌਜਵਾਨਾਂ ਨੇ ਵੀ ਭਾਗ ਲੈ ਕੇ ਗੁਰੂ ਘਰ ਦੀਆਂ ਖੁਸ਼ੀਆਂ ਵਿੱਚ ਸਾਂਝ ਪਾਈ।ਅੰਤ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕਾਰਡ ਬਣਾਉਣ ਲਈ ਕੈਂਪ ਲਾਇਆ



**ਨਾਭਾ (ਵਰਿੰਦਰ ਵਰਮਾ)**-ਹਲਕਾ ਵਿਧਾਨ ਸਭਾ ਨਾਭਾ ਦੇ ਵਾਰਡ ਨੰਬਰ 12 ਵਿਖੇ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸਕੀਮ ਤਹਿਤ ਹਰ ਪਰਵਾਰ ਨੂੰ 10 ਲੱਖ ਰੁਪਏ ਦਾ ਫ੍ਰੀ ਸਿਹਤ ਯੋਜਨਾ ਬੀਮਾ ਕਾਰਡ ਬਣਾਉਣ ਲਈ ਰਣਜੀਤ ਨਗਰ ਵਿਖੇ ਕੈਂਪ ਲਾਇਆ ਗਿਆ। ਕੈਂਪ ਇਸ ਕਰਕੇ ਲਾਏ ਜਾ ਰਹੇ ਹਨ ਕਿ ਹਰ ਪਰਵਾਰ ਆਪਣਾ ਕਾਰਡ ਅਸਾਨੀ ਨਾਲ ਬਣਾਉਣ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ।ਬਲਾਕ ਪ੍ਰਧਾਨ ਸੰਦੀਪ ਸ਼ਰਮਾ ਨੇ ਕਿਹਾ ਕਿ ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਇਸ ਕੈਂਪ ਨੂੰ ਲਾਇਆ ਗਿਆ ਹੈ। ਕੈਂਪ ਲਾਉਣ ਦਾ ਮੁੱਖ ਮਕਸਦ ਕਿਸੇ ਦਾ ਕੋਈ ਕਾਰਡ ਬਣਾਉਣ ਤੋਂ ਰਹਿ ਨਾ ਜਾਵੇ।ਸੰਦੀਪ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਮਿਆਰੀ ਤੇ ਮੁਫ਼ਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸਿਹਤ ਯੋਜਨਾ ਦੀ ਨਿਵੇਕਲੀ ਪਹਿਲ ਦੀ ਸ਼ੁਰੂਆਤ ਕੀਤੀ ਗਈ, ਜੋ ਲੋਕਾਂ ਲਈ ਵਰਦਾਨ ਸਾਬਤ ਹੋਵੇਗੀ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਪਹਿਲ ਨਾਲ ਹਰੇਕ ਵਿਅਕਤੀ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਾ ਲਾਭ ਮਿਲੇਗਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਦੇਸ਼ ਭਰ 'ਚ ਪਹਿਲਾ ਸੂਬਾ ਬਣ ਗਿਆ ਹੈ।ਉਨ੍ਹਾਂ ਕਿਹਾ ਕਿ ਸਿਹਤ ਬੀਮਾ ਯੋਜਨਾ ਨਾਲ ਲੋਕਾਂ ਨੂੰ ਸਿਹਤ ਸੰਭਾਲ 'ਚ ਬਹੁਤ ਵੱਡਾ ਲਾਭ ਮਿਲੇਗਾ ਤੇ ਉਹ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣਾ ਮੁਫ਼ਤ ਇਲਾਜ ਕਰਾ ਸਕਣਗੇ।

# ਪੰਜਾਬ ਬਚਾਓ ਮੁਹਿੰਮ ਤਹਿਤ ਸੁਖਬੀਰ ਬਾਦਲ ਵੱਲੋਂ ਮੋਗਾ 'ਚ ਵਿਸ਼ਾਲ ਰੈਲੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਤਵਾਰ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਹੁਣ ਸਰਕਾਰੀ ਕਰਮਚਾਰੀਆਂ 'ਤੇ ਹਮਲਾ ਕਰ ਚੁੱਕੀ ਹੈ ਤੇ ਉਨ੍ਹਾਂ ਨੂੰ ਸਰੀਰਕ ਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਕੇ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਖਤਮ ਕਰਨ ਦੀਆਂ ਧਮਕੀਆਂ ਦੇ ਕੇ ਆਪਣੇ ਗੈਰ-ਕਾਨੂੰਨੀ ਹੁਕਮ ਮੰਨਣ ਲਈ ਮਜਬੂਰ ਕਰ ਰਹੀ ਹੈ।ਸੰਜੀਤ ਸਿੰਘ ਸੰਨੀ ਗਿੱਲ ਦੇ ਨਾਲ ਪੰਜਾਬ ਬਚਾਓ ਮੁਹਿੰਮ ਦੇ ਹਿੱਸੇ ਵਜੋਂ ਇੱਥੇ ਇੱਕ ਵਿਸ਼ਾਲ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਬਾਘਾ ਪੁਰਾਣਾ ਦੇ ਐੱਸਡੀਐੱਮ ਬਬਨਦੀਪ ਸਿੰਘ ਵਾਲੀਆ 'ਤੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕਰਨ ਤੇ ਤਸ਼ੱਦਦ ਦੇ ਨਵੇਂ ਮਾਮਲੇ ਨੇ ਸਾਬਿਤ ਕਰ ਦਿੱਤਾ ਹੈ ਕਿ ਆਮ ਆਦਮੀ ਪਾਰਟੀ ਕਾਨੂੰਨ ਦੇ ਰਾਜ ਵਿੱਚ ਵਿਸ਼ਵਾਸ ਨਹੀਂ ਰੱਖਦੀ ਤੇ ਜਾਲ੍ਹੀ ਚੋਣਾਂ 'ਚ ਜਿੱਤਾਂ ਪ੍ਰਾਪਤ ਕਰਨ ਲਈ ਕੁਝ ਵੀ ਕਰ ਸਕਦੀ ਹੈ। ਸ੍ਰੀ ਬਾਦਲ ਨੇ ਕਿਹਾ ਕਿ ਇਹ ਬਹੁਤ ਹੀ ਹੈਰਾਨੀ ਵਾਲੀ ਗੱਲ ਹੈ ਕਿ ਬਾਘਾ ਪੁਰਾਣਾ ਦੇ ਐੱਸਡੀਐੱਮ ਨੇ ਮੁੱਖ ਸਕੱਤਰ ਨੂੰ ਉਨ੍ਹਾਂ ਨਾਲ ਹੋ ਰਹੀ ਧੱਕੇਸ਼ਾਹੀ ਬਾਰੇ ਦੱਸਿਆ ਸੀ ਤੇ ਇਹ ਵੀ ਖੁਲਾਸਾ ਕੀਤਾ ਸੀ ਕਿ ਕਿਵੇਂ ਮੋਗਾ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਉਨ੍ਹਾਂ ਨੂੰ ਬਾਘਾ ਪੁਰਾਣਾ ਬਲਾਕ ਸੰਮਤੀ ਦੇ ਚੇਅਰਮੈਨ ਤੇ ਵਾਈਸ ਚੇਅਰਮੈਨ ਦੇ ਦਫ਼ਤਰਾਂ ਵਿੱਚ ਜ਼ਬਰਦਸਤੀ 'ਆਪ' ਉਮੀਦਵਾਰਾਂ ਨੂੰ ਚੁਣਨ ਲਈ ਮਜਬੂਰ ਕਰ ਰਹੇ ਸਨ।ਉਨ੍ਹਾਂ ਕਿਹਾ ਕਿ ਮੁੱਖ ਸਕੱਤਰ ਨੂੰ ਅਧਿਕਾਰਤ ਤੌਰ 'ਤੇ ਭੇਜੇ ਜਾਣ ਦੇ ਬਾਵਜੂਦ ਐੱਸਡੀਐੱਮ ਨੂੰ ਇਨਸਾਫ਼ ਨਹੀਂ ਮਿਲ ਰਿਹਾ ਸੀ ਤੇ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਲਗਾਤਾਰ ਉਨ੍ਹਾਂ 'ਤੇ 'ਆਪ' ਆਗੂਆਂ ਨੂੰ ਬਲਾਕ ਸੰਮਤੀ ਦੇ ਉੱਚ ਅਹੁਦਿਆਂ 'ਤੇ ਚੁਣਨ ਲਈ ਦਬਾਅ ਪਾ ਰਹੇ ਸਨ, ਭਾਵੇਂ ਪਾਰਟੀ ਘੱਟ ਗਿਣਤੀ ਵਿੱਚ ਸੀ।

ਇਸ ਮੌਕੇ ਪੰਜਾਬ ਲਈ ਆਪਣਾ ਦ੍ਰਿਸ਼ਟੀਕੋਣ ਪੇਸ਼ ਕਰਦੇ ਹੋਏ ਸ੍ਰੀ ਬਾਦਲ ਨੇ ਕਿਹਾ ਕਿ ਅਕਾਲੀ ਦਲ ਰਾਜਸਥਾਨ ਨਹਿਰ ਵਿੱਚ ਪਾਣੀ ਨਹੀਂ ਵਗਣ ਦੇਵੇਗਾ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਉਹ ਉਦਯੋਗਿਕ ਜਾਂ ਸੀਵਰੇਜ ਦੇ ਗੰਦੇ ਪਾਣੀ ਦੀ ਇੱਕ ਵੀ ਬੂੰਦ ਸਤਲੁਜ ਤੇ ਬਿਆਸ ਦਰਿਆਵਾਂ ਵਿੱਚ ਨਹੀਂ ਜਾਣ ਦੇਵੇਗਾ ਤੇ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ।ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਪਿਛਲੀ ਅਕਾਲੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਰਾਹਤ' ਸਕੀਮ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ, ਨੌਜਵਾਨਾਂ ਨੂੰ 10 ਲੱਖ ਰੁਪਏ ਦਾ ਵਿਆਜ ਮੁਕਤ ਕਰਜ਼ਾ ਦਿੱਤਾ ਜਾਵੇਗਾ, ਇੱਕ ਵਧੀ ਹੋਈ ਆਟਾ ਦਾਲ ਸਕੀਮ ਨੂੰ ਮੁੜ ਸ਼ੁਰੂ ਕੀਤਾ ਜਾਵੇਗਾ ਤੇ ਬੁਢਾਪਾ ਪੈਨਸ਼ਨ 3,100 ਰੁਪਏ ਪ੍ਰਤੀ ਮਹੀਨਾ ਅਤੇ ਸ਼ਗਨ ਭੱਤਾ 1 ਲੱਖ ਰੁਪਏ ਕੀਤਾ ਜਾਵੇਗਾ, ਟਿਊਬਵੈੱਲ ਕੁਨੈਕਸ਼ਨ ਤੋਂ ਵਾਂਝੇ ਸਾਰੇ ਕਿਸਾਨਾਂ ਨੂੰ ਇਹ ਸਹੂਲਤ ਦਿੱਤੀ ਜਾਵੇਗੀ, ਇਸ ਤੋਂ ਇਲਾਵਾ ਦਿਨ ਵਿੱਚ 12 ਘੰਟੇ ਬਿਜਲੀ ਸਪਲਾਈ, ਹਰੇਕ ਜ਼ਿਲ੍ਹੇ ਵਿੱਚ ਇਸ ਨਾਲ ਸਬੰਧਤ ਕਾਲਜਾਂ ਵਾਲੀ ਇੱਕ ਵਿਸ਼ਵ ਹੁਨਰ ਯੂਨੀਵਰਸਿਟੀ ਦੀ ਸਥਾਪਨਾ ਤੇ ਸਿਰਫ਼ ਪੰਜਾਬੀਆਂ ਲਈ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ।ਇਸ ਮੌਕੇ ਕੋਰ ਕਮੇਟੀ ਮੈਂਬਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆ, ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸਨੀ ਗਿੱਲ, ਜ਼ਿਲ੍ਹਾ ਸ਼ਹਿਰੀ ਪ੍ਰਧਾਨ ਖਣਮੁਖ ਭਾਰਤੀ ਪੱਤੋ, ਰਣਵਿੰਦਰ ਸਿੰਘ ਪੱਪੂ ਰਾਮੂਵਾਲਾ, ਰਾਜਵਿੰਦਰ ਸਿੰਘ ਧਰਮਕੋਟ ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ, ਤਰਸੇਮ ਸਿੰਘ ਰੱਤੀਆਂ ਮੈਂਬਰ ਸ਼੍ਰੋਮਣੀ ਕਮੇਟੀ, ਰਜਿੰਦਰ ਸਿੰਘ ਡੱਲਾ ਸੀਨੀਅਰ ਆਗੂ, ਗੁਰਮੀਤ ਸਿੰਘ ਗਗੜਾ ਸੀਨੀਅਰ ਆਗੂ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਸਟੇਜ ਦਾ ਸੰਚਾਲਨ ਸੀਨੀਅਰ ਆਗੂ ਰਾਜਵੰਤ ਸਿੰਘ ਮਾਹਲਾ ਨੇ ਬਾਖ਼ੂਬੀ ਨਿਭਾਇਆ।

## ਸਿਹਤ ਮੰਤਰੀ ਨੇ ਨਵੇਂ ਆਮ ਆਦਮੀ ਕਲੀਨਿਕ ਦੇ ਕਾਰਜਾਂ ਦਾ ਲਿਆ ਜਾਇਜ਼ਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨੂੰ ਘਰਾਂ ਦੇ ਨੇੜੇ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਾਉਣ ਲਈ ਲਗਾਤਾਰ ਆਮ ਆਦਮੀ ਕਲੀਨਿਕਾਂ ਦਾ ਵਿਸਥਾਰ ਕਰ ਰਹੀ ਹੈ।ਪੰਜਾਬ ਅੰਦਰ ਪਿੰਡਾਂ ਵਿੱਚ 565 ਅਤੇ ਸ਼ਹਿਰੀ ਖੇਤਰਾਂ 'ਚ 318 ਆਮ ਆਦਮੀ ਕਲੀਨਿਕ ਲੋਕਾਂ ਨੂੰ ਮੁਫ਼ਤ ਤੇ ਮਿਆਰੀ ਸਿਹਤ ਸੁਵਿਧਾਵਾਂ ਮੁਹੱਈਆ ਕਰਾ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਸਰਹਿੰਦ ਮੰਡੀ ਨੇੜੇ ਐੱਮ.ਸੀ.ਪਾਰਕ ਵਿਖੇ ਬਣ ਰਹੇ ਨਵੇਂ ਆਮ ਆਦਮੀ ਕਲੀਨਿਕ ਦੇ ਚੱਲ ਰਹੇ ਕਾਰਜਾਂ ਦਾ ਅਚਨਚੇਤ ਜਾਇਜ਼ਾ ਲੈਂਦਿਆਂ ਕੀਤਾ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਅੰਦਰ 100 ਹੋਰ ਨਵੇਂ ਆਦਮੀ ਕਲੀਨਿਕ ਬਣ ਕੇ ਤਿਆਰ ਹੋ ਚੁੱਕੇ, ਜਿਨ੍ਹਾਂ ਦਾ ਭਗਵੰਤ ਸਿੰਘ ਮਾਨ ਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ 28 ਮਾਰਚ ਨੂੰ ਉਦਘਾਟਨ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਤੋਂ 107 ਕਿਸਮ ਦੀਆਂ ਦਵਾਈਆਂ ਤੇ 47 ਤਰ੍ਹਾਂ ਦੇ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕਾਂ ਤੋਂ ਹੁਣ ਤੱਕ 5 ਕਰੋੜ ਤੋਂ ਵੱਧ ਮਰੀਜ਼ ਆਪਣਾ ਇਲਾਜ ਕਰਾ ਚੁੱਕੇ ਹਨ ਅਤੇ 2.72 ਕਰੋੜ ਤੋਂ ਵੱਧ ਮੁਫ਼ਤ ਟੈਸਟ ਕੀਤੇ ਜਾ ਚੁੱਕੇ ਹਨ।ਸਿਹਤ ਮੰਤਰੀ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕਰਕੇ ਸੂਬੇ ਦੇ ਲੋਕਾਂ ਦੀ ਭਲਾਈ ਵਿੱਚ ਵੱਡਾ ਕਦਮ ਚੁੱਕਿਆ ਹੈ, ਜਿਸਦੇ ਨਾਲ ਸੂਬੇ ਦੇ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਮਿਲੇਗਾ।ਇਹ ਸੁਵਿਧਾ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀ ਹੋਵੇਗੀ, ਸਗੋ ਇਸ ਵਿੱਚ ਸਰਕਾਰ ਵੱਲੋਂ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ।ਸਿਹਤ ਬੀਮਾ ਯੋਜਨਾ ਆਰਥਿਕ ਪੱਖੋਂ ਕਮਜ਼ੋਰ ਵਰਗ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗੀ।

# ਆਲ ਇੰਡੀਆ ਆਸ਼ਾ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ ਛੇਵੇਂ ਦਿਨ ਵੀ ਜਾਰੀ




ਪੱਟੀ, (ਬਲਦੇਵ ਸਿੰਘ ਸੰਧੂ)-ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਯੂਨੀਅਨ ਪੰਜਾਬ ਏਟਕ ਗਰੁੱਪ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਅੱਜ ਛੇਵੇ ਦਿਨ 'ਚ ਦਾਖ਼ਲ ਹੋ ਚੁੱਕਾ ਹੈ। ਵਰਕਰਾਂ ਵੱਲੋਂ ਹਰੀਕੇ ਸਿਵਲ ਹਸਪਤਾਲ ਦੇ ਬਾਹਰ ਰੋਸ ਪ੍ਰਦਰਸ਼ਨ ਕਰਦਿਆਂ ਸਰਕਾਰ ਖ਼ਿਲਾਫ਼ ਜੰਮ ਕੇ ਭੜਾਸ ਕੱਢੀ ਗਈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਦੱਸਿਆ ਕਿ ਕੱਲ੍ਹ ਮੁੱਖ ਮੰਤਰੀ ਭਗਵੰਤ ਮਾਨ ਜਲਾਲਾਬਾਦ ਵਿਖੇ ਆਏ ਸੀ। ਉਥੇ ਮੰਗਾਂ ਸਬੰਧੀ ਜਾਣੂ ਕਰਵਾਉਣ ਲਈ ਪਹੁੰਚੀਆਂ ਵਰਕਰਾਂ ਨੂੰ ਪੁਲਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ ਜਿਸ ਦੀ ਉਹ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਨ ।ਇਸ ਸਮੇਂ ਆਸ਼ਾ ਵਰਕਰਜ਼ ਆਗੂਆਂ ਮੰਗ ਕੀਤੀ ਕਿ ਆਸ਼ਾ ਵਰਕਰਜ/ਫੈਸਿਲੀਟੇਟਰਜ਼ ਪਿਛਲੇ ਅਠਾਰਾਂ ਸਾਲ ਤੋਂ ਬੜੀ ਮਿਹਨਤ ਨਾਲ ਸਿਹਤ ਵਿਭਾਗ ਵਿਚ ਦਿਨ-ਰਾਤ ਕੰਮ ਕਰਦੀਆਂ ਹਨ ਪਰ ਬਦਲੇ ਵਿਚ ਉਨ੍ਹਾਂ ਨੂੰ ਨਿਗੂਣੇ ਭੱਤੇ ਅਤੇ ਕੇਵਲ 2500 ਰੁਪਏ ਮਹੀਨੇ ਦੇ ਦਿੱਤੇ ਜਾਂਦੇ ਹਨ ਜੋ ਇਕ ਸਰਕਾਰੀ ਵਰਕਰ ਨਾਲ ਕੋਝਾ ਮਜ਼ਾਕ ਹੈ।ਪੰਜਾਬ ਸਰਕਾਰ ਨੇ ਉਨ੍ਹਾਂ ਨਾਲ ਵਾਅਦਾ ਖਿਲਾਫੀ ਕਰਦਿਆਂ ਚਾਰ ਸਾਲ ਬੀਤ ਜਾਣ ਦੇ ਬਾਵਜੂਦ 8 ਮਾਰਚ ਤੋਂ 11 ਮਾਰਚ ਨੂੰ ਪੇਸ਼ ਕੀਤੇ ਬਜਟ ਵਿਚ ਆਸ਼ਾ ਵਰਕਰਾਂ ਲਈ ਕੁੱਝ ਵੀ ਨਹੀਂ ਰੱਖਿਆ, ਜਿਸ ਕਰਕੇ ਸਾਨੂੰ ਮਜਬੂਰ ਹੋ ਕੇ 16 ਮਾਰਚ ਤੋਂ 28 ਮਾਰਚ ਤੱਕ ਸਾਰੇ ਕੰਮਾਂ ਦਾ ਬਾਈਕਾਟ ਕਰਨਾ ਪਿਆ।ਕੇਂਦਰ ਹਰੀਕੇ ਵਿਖੇ ਵੱਡੀ ਗਿਣਤੀ 'ਚ ਇਕੱਠੇ ਹੋ ਕੇ ਨਾਅਰੇਬਾਜ਼ੀ ਕਰਦਿਆਂ ਧਰਨਾ ਪ੍ਰਦਰਸ਼ਨ ਕੀਤਾ ਗਿਆ।ਮਨਜਿੰਦਰ ਕੌਰ ਨੇ ਦੱਸਿਆ ਕਿ 25 ਮਾਰਚ ਨੂੰ ਉਨ੍ਹਾਂ ਨੂੰ ਮੁੱਖ ਮੰਤਰੀ ਨਾਲ ਮੀਟਿੰਗ ਦਾ ਸਮਾਂ ਮਿਲਿਆ ਹੈ, ਜੇਕਰ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕਰਨ ਦਾ ਫ਼ੈਸਲਾ ਲਿਆ ਜਾਵੇਗਾ ।

# ਸ਼ਹੀਦੀ ਦਿਹਾੜੇ ਨੂੰ ਲੋਕਾਂ ਸਾਮਰਾਜ ਵਿਰੋਧੀ ਦਿਵਸ ਵਜੋਂ ਮਨਾਇਆ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਸੰਯੁਕਤ ਕਿਸਾਨ ਮੋਰਚਾ (ਐੱਸਕੇਐੱਮ), ਟਰੇਡ ਯੂਨੀਅਨਾਂ ਤੇ ਖੇਤ ਮਜ਼ਦੂਰ ਸੰਗਠਨਾਂ ਦੇ ਸਾਂਝੇ ਸੱਦੇ 'ਤੇ ਜਮਹੂਰੀ ਕਿਸਾਨ ਸਭਾ ਪੰਜਾਬ, ਕਿਰਤੀ ਕਿਸਾਨ ਯੂਨੀਅਨ ਪੰਜਾਬ, ਕਿਰਤੀ ਕਿਸਾਨ ਯੂਨੀਅਨ ਤੇ ਪੰਜਾਬ ਕਿਸਾਨ ਯੂਨੀਅਨ ਦੇ ਆਗੂਆਂ, ਕਾਰਕੁੰਨਾ ਤੇ ਸੈਂਕੜੇ ਹਮਦਰਦਾਂ ਵੱਲੋਂ ਅਜਨਾਲਾ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਤੇ ਸਾਮਰਾਜ ਵਿਰੋਧੀ ਦਿਵਸ ਵੱਜੋਂ ਇਨਕਲਾਬੀ ਭਾਵਨਾਵਾਂ ਨਾਲ ਮਨਾਇਆ। ਇਸ ਠਾਠਾਂ ਮਾਰਦੇ ਇਕੱਠ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਤੇ ਕਿਸਾਨ ਸਭਾ ਦੇ ਆਗੂ ਗੁਰਨਾਮ ਸਿੰਘ ਉਮਰਪੁਰਾ ; ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੀਨੀਅਰ ਆਗੂ ਸਾਥੀ ਧਨਵੰਤ ਸਿੰਘ ਖਤਰਾਏ ਕਲਾਂ ਤੇ ਵਿਜੇ ਸ਼ਾਹ ਧਾਰੀਵਾਲ ; ਕਿਰਤੀ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਅਵਤਾਰ ਸਿੰਘ ਜੱਸੜ ਤੇ ਦਿਲਬਾਗ ਸਿੰਘ ਮਾਕੋਵਾਲ ਅਤੇ ਪੰਜਾਬ ਕਿਸਾਨ ਯੂਨੀਅਨ ਦੇ ਸੀਨੀਅਰ ਆਗੂ ਮੰਗਲ ਸਿੰਘ ਧਰਮਕੋਟ ਨੇ ਕਿਹਾ ਕਿ ਜਿਸ ਤਰ੍ਹਾਂ ਦਿੱਲੀ ਮੋਰਚੇ ਦਾ ਪ੍ਰਮੁੱਖ ਅਮਲੀ ਨਾਅਰਾ ਗੂੰਜਿਆ ਸੀ ਕਿ ਕਾਰਪੋਰੇਟ ਭਜਾਓ-ਮੋਦੀ ਹਰਾਓ ਤੇ ਦੇਸ਼ ਬਚਾਓ, ਇਸ ਤਰ੍ਹਾਂ ਅੱਜ ਸਮਾਂ ਮੰਗ ਕਰਦਾ ਹੈ ਕਿ ਲੋਕਾਂ ਵਿੱਚ ਸਾਮਰਾਜ ਦੀਆਂ ਨੀਤੀਆਂ ਯਾਨੀ ਕਮਜ਼ੋਰ ਦੇਸ਼ਾਂ ਦੇ ਕੁਦਰਤੀ ਖਜ਼ਾਨੇ ਕੀਮਤੀ ਖਣਿਜ ਪਦਾਰਥ ਤੇਲ-ਗੈਸ ਤੇ ਕਬਜ਼ਾ ਕਰਨ ਲਈ ਉਨ੍ਹਾਂ 'ਤੇ ਹਮਲਾ ਕਰਕੇ ਗੁਲਾਮ ਬਣਾਉਂਦਾ ਜਾਂ ਆਪਣੇ



ਪੱਖ ਦਾ ਰਾਜ ਸਥਾਪਿਤ ਕਰਨਾ ਜਿਸ ਦੀ ਤਾਜ਼ਾ ਮਿਸਾਲ ਅਮਰੀਕਾ ਵੱਲੋਂ ਪਹਿਲਾਂ ਵੈਨੇਜ਼ੂਏਲਾ ਦੇਸ਼ ਦੇ ਤੇਲ ਤੇ ਹੋਰ ਕੀਮਤੀ ਪਦਾਰਥ ਹਥਿਆਉਣ ਲਈ ਉਸ 'ਤੇ ਹਮਲਾ ਕਰਕੇ ਉਸ ਦੇਸ਼ ਦੇ ਰਾਸ਼ਟਰਪਤੀ ਤੇ ਉਸ ਦੀ ਪਤਨੀ ਨੂੰ ਅਗਵਾ ਕਰ ਲਿਆ ਗਿਆ ਤੇ ਵੈਨੇਜ਼ੂਏਲਾ ਵਿਚ ਆਪਣੇ ਪੱਖ ਦਾ ਰਾਜ ਸਥਾਪਿਤ ਕਰਨਾ ਹੈ! ਉਕਤ ਆਗੂਆਂ ਨੇ ਦੱਸਿਆ ਕਿ ਹੁਣ ਅਮਰੀਕਨ ਸਾਮਰਾਜ ਨੇ ਜੰਗਬਾਜ਼ ਇਜ਼ਰਾਈਲ ਨੂੰ ਨਾਲ ਲੈ ਕੇ ਈਰਾਨ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰਨ ਦੀ ਨੀਅਤ ਨਾਲ ਹਮਲਾ ਕਰ ਦਿੱਤਾ। ਇਸ ਜੰਗ ਨੂੰ 24ਵਾਂ ਦਿਨ ਹੋ ਗਿਆ ਹੈ ਪ੍ਰੰਤੂ ਈਰਾਨ ਤੇ ਉਸ ਦੇ ਇਤਿਹਾਦੀ ਦੇਸ਼ਾਂ ਨੇ ਅਮਰੀਕਨ ਸਾਮਰਾਜ ਤੇ ਜੰਗਬਾਜ਼ ਇਜ਼ਰਾਈਲ ਦੇ ਦੰਦ ਖੱਟੇ ਕਰ ਦਿੱਤੇ ਹਨ। ਕਿਸਾਨ -ਮਜ਼ਦੂਰ ਆਗੂਆਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਪ੍ਰਮੁੱਖ ਨਾਅਰੇ ਇਨਕਲਾਬ ਜ਼ਿੰਦਾਬਾਦ ਨੂੰ ਸਾਕਾਰ ਕਰਨ ਲਈ ਸਮਾਜਿਕ ਤਬਦੀਲੀ ਯਾਨੀ ਬਰਾਬਰ ਦਾ ਰਾਜ ਸਥਾਪਿਤ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ! ਇਸ ਸਮੇਂ ਹੋਰਨਾਂ ਤੋਂ ਇਲਾਵਾ ਨੌਜਵਾਨ ਸਭਾ ਦੇ ਆਗੂ ਗੁਰਿੰਦਰ ਸਿੰਘ ਬਾਠ , ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਆਗੂ ਜੱਗਾ ਸਿੰਘ ਡੱਲਾ, ਲੱਖੂਵਾਲ ਦੇ ਕਿਸਾਨ ਆਗੂ ਅੰਗਰੇਜ਼ ਸਿੰਘ ਤੇ ਅਮਰੀਕ ਸਿੰਘ, ਸੁਰਜੀਤ ਸਿੰਘ ਭੂਰੇ ਗਿੱਲ, ਸੁੱਚਾ ਸਿੰਘ ਤੇ ਕੇਵਲ ਸਿੰਘ ਖਤਰਾਏ, ਪ੍ਰੋ. ਮਾਲਕ ਸਿੰਘ ਗੁਰਾਲਾ, ਲਖਬੀਰ ਸਿੰਘ ਤੇੜਾਂ, ਸਰਪੰਚ ਇੰਦਰਜੀਤ ਸਿੰਘ ਅਨੈਤਪੁਰਾ, ਬਲਕਾਰ ਸਿੰਘ ਗੁੱਲਗੜ੍ਹ, ਸੁਖਰਾਜ ਸਿੰਘ, ਨੌਜਵਾਨ ਸਭਾ ਦੇ ਆਗੂ ਜੱਗਪ੍ਰੀਤ ਸਿੰਘ, ਹਰਤੇਜ ਸਿੰਘ ਤੇ ਗਾਇਕ ਗੁਰਪਾਲ ਗਿੱਲ ਸੈਦਪੁਰ, ਚਰਨਜੀਤ ਸਿੰਘ ਤਲਵੰਡੀ ਰਾਏ ਦਾਦੂ, ਹਰਨੇਕ ਸਿੰਘ ਨੇਪਾਲ ਆਦਿ ਨੇ ਵੀ ਸ਼ਹੀਦ ਭਗਤ ਸਿੰਘ ਰਾਜਗੁਰੂ ਤੇ ਸੁਖਦੇਵ ਨੂੰ ਇਨਕਲਾਬੀ ਸ਼ਰਧਾਂਜਲੀਆਂ ਭੇਟ ਕੀਤੀਆਂ! ਇਸ ਮੌਕੇ ਕਿਸਾਨ ਆਗੂ ਰਸ਼ਪਾਲ ਸਿੰਘ ਨੇ ਇਸ ਸ਼ਹੀਦੀ ਦਿਹਾੜੇ ਨੂੰ ਸਾਰੀਆਂ ਜਥੇਬੰਦੀਆ ਨੂੰ ਇਕੱਠੇ ਹੋ ਕੇ ਮਨਾਉਣ ਦੀ ਖੁਸ਼ੀ ਵਿੱਚ ਲੱਡੂਆਂ ਦਾ ਲੰਗਰ ਲਾਇਆ।

# '23 ਮਾਰਚ ਦਾ ਮੁਸਲਿਮ ਜਮਾਤ ਅਹਿਮਦੀਆ ਦੇ ਇਤਿਹਾਸ 'ਚ ਵਿਸ਼ੇਸ਼ ਸਥਾਨ'

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੁਸਲਿਮ ਜਮਾਤ ਅਹਿਮਦੀਆ ਦੇ ਪ੍ਰੈੱਸ ਸਕੱਤਰ ਕੇ. ਤਾਰਿਕ ਅਹਿਮਦ ਨੇ ਜਾਰੀ ਪ੍ਰੈੱਸ ਰਿਲੀਜ਼ ਵਿੱਚ ਦੱਸਿਆ ਕਿ 1889 ਈਸਵੀ ਵਿੱਚ 23 ਮਾਰਚ ਨੂੰ ਹਜ਼ਰਤ ਮਿਰਜ਼ਾ ਗੁਲਾਮ ਅਹਿਮਦ ਸਾਹਿਬ ਕਾਦਿਆਨੀ ਮਸੀਹੇ ਮਾਊਦ ਅਲੈਹਸਲਾਮ ਨੇ ਅੱਲ੍ਹਾ ਦੇ ਹੁਕਮ ਨਾਲ ਮੁਸਲਿਮ ਜਮਾਤ ਅਹਿਮਦੀਆ ਦੀ ਬੁਨਿਆਦ ਰੱਖੀ। ਇਸੇ ਦਿਨ ਚਾਲੀ ਨੇਕ ਲੋਕਾਂ ਨੇ ਜਮਾਤ ਅਹਿਮਦੀਆ ਮੁਸਲਿਮ ਵਿਚ ਸ਼ਾਮਿਲ ਹੁੰਦਿਆਂ ਆਪ ਅਲੈਹ ਸਲਾਮ ਦੇ ਹੱਥਾਂ 'ਤੇ ਬੈਅਤ ਕੀਤੀ ਅਤੇ ਇਹ ਅਹਿਦ ਕੀਤਾ ਕਿ ਉਹ ਇਕ ਮੁਕੱਦਸ ਜ਼ਿੰਦਗੀ ਗੁਜ਼ਾਰਨਗੇ ਅਤੇ ਹਰ ਕਿਸਮ ਦੀ ਬੁਰਾਈ ਤੋਂ ਦੂਰ ਰਹਿਣਗੇ। ਅੱਜ ਮੁਸਲਿਮ ਜਮਾਤ ਅਹਿਮਦੀਆ ਦੀ ਬੁਨਿਆਦ ਦੇ 137 ਸਾਲ ਗੁਜ਼ਰ ਗਏ ਹਨ ਅਤੇ ਇਹ ਜਮਾਤ ਆਪਣੀਆਂ ਅਮਨ ਬਖ਼ਸ਼ ਸਿੱਖਿਆਵਾਂ ਦੇ ਨਤੀਜੇ ਵਿਚ ਦੁਨੀਆ ਦੇ 200 ਤੋਂ ਵੱਧ ਦੇਸ਼ਾਂ ਵਿੱਚ ਫੈਲ ਚੁੱਕੀ ਹੈ ਅਤੇ ਵੱਡੀ ਗਿਣਤੀ ਵਿਚ ਲੋਕ ਇਸ ਜਮਾਤ ਵਿੱਚ ਸ਼ਾਮਲ ਹੋਏ ਹਨ।

23 ਮਾਰਚ ਦਾ ਦਿਨ ਮੁਸਲਿਮ ਜਮਾਤ ਅਹਿਮਦੀਆ ਦੇ ਇਤਿਹਾਸ ਵਿੱਚ ਇੱਕ ਵਿਸ਼ੇਸ਼ ਅਹਿਮੀਅਤ ਰੱਖਦਾ ਹੈ ।ਬਾਨੀ ਜਮਾਤ ਅਹਿਮਦੀਆ ਹਜ਼ਰਤ ਮਿਰਜ਼ਾ ਗੁਲਾਮ ਅਹਿਮਦ ਸਾਹਿਬ ਕਾਦਿਆਨੀ ਅਲੈਹ ਸਲਾਮ ਨੇ ਬਿਨਾਂ ਭੇਦਭਾਵ ਕੌਮ ਅਤੇ ਰੰਗ ਨਸਲ ਦੇ ਇਨਸਾਨੀ ਹਮਦਰਦੀ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ, ਇਕ ਜਗ੍ਹਾ ਆਪਣੇ ਮੰਨਣ ਵਾਲਿਆਂ ਨੂੰ ਨਸੀਹਤ ਕਰਦੇ ਹੋਏ ਫ਼ਰਮਾਉਂਦੇ ਹਨ ਕਿ ਸਾਡਾ ਇਹ ਅਸੂਲ ਹੈ ਕਿ ਇਨਸਾਨਾਂ ਨਾਲ ਹਮਦਰਦੀ ਕਰੋ ਅਤੇ ਜੇਕਰ ਇੱਕ ਵਿਅਕਤੀ ਆਪਣੇ ਹਿੰਦੂ ਗੁਆਂਢੀ ਨੂੰ ਵੇਖਦਾ ਹੈ ਕਿ ਉਸਦੇ ਘਰ ਵਿੱਚ ਅੱਗ ਲੱਗ ਗਈ ਹੈ ਤਾਂ ਅੱਗ ਬੁਝਾਉਣ ਵਿਚ ਉਸਦੀ ਮਦਦ ਕਰੋ।

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਸਾਮਰਾਜ ਵਿਰੁੱਧ ਰੈਲੀ ਤੇ ਮੁਜ਼ਾਹਰਾ

### * ਅਮਰੀਕੀ ਰਾਸ਼ਟਰਪਤੀ ਟਰੰਪ ਦਾ ਸਾੜਿਆ ਪੁਤਲਾ




ਧਾਰੀਵਾਲ (ਗੁਰਦਾਸਪੁਰ), (ਮਨਦੀਪ ਵਿੱਕੀ, ਜਨਕ ਮਹਾਜਨ)-ਰਾਮ ਸਿੰਘ ਦੱਤ ਦੇਸ਼ ਭਗਤ ਯਾਦਗਾਰ ਹਾਲ ਗੁਰਦਾਸਪੁਰ ਵਿਖੇ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਾਮਰਾਜ ਵਿਰੋਧੀ ਦਿਵਸ ਵਜੋਂ ਸਮਰਪਿਤ ਕੀਤਾ ਗਿਆ।ਵਿਸ਼ਾਲ ਰੈਲੀ ਵਿੱਚ ਬੁਲਾਰਿਆਂ ਨੇ ਸਾਮਰਾਜ ਦੇ ਖਾਸੇ ਅਤੇ ਸਾਮਰਾਜ ਜੁੰਡਲੀ ਦੇ ਮੁਖੀ ਅਮਰੀਕਾ ਅਤੇ ਉਸ ਦੇ ਮੌਜੂਦਾ ਰਾਸ਼ਟਰਪਤੀ ਡੋਨਲਡ ਟਰੰਪ ਦੀਆਂ ਕਰਤੂਤਾਂ ਦਾ ਖਾਸਾ ਉਘਾੜਨ ਉਪਰੰਤ ਸ਼ਹਿਰ ਵਿੱਚ ਟਰੰਪ ਵਿਰੁੱਧ ਮਜ਼ਾਹਰਾ ਕਰਕੇ ਉਸ ਦਾ ਪੁਤਲਾ ਫੂਕਿਆ ਗਿਆ।ਇਸ ਮੌਕੇ ਬੁਲਾਰਿਆਂ ਨੇ ਆਖਿਆ ਕਿ ਸਾਮਰਾਜਵਾਦ ਸਮਾਜ ਦੇ ਰਾਜਨੀਤਿਕ ਖਾਸੇ ਦਾ ਆਖਰੀ ਪੜਾਅ ਹੈ ਤੇ ਹੁਣ ਉਹ ਆਪਣੀ ਮਿਆਦ ਵਧਾਉਣ ਲਈ ਭੁੱਖੇ ਬਘਿਆੜ ਵਾਂਗ ਛੋਟੇ ਦੇਸ਼ਾਂ ਤੇ ਕਬਜ਼ਾ ਕਰਕੇ ਉਥੋਂ ਦੇ ਤੇਲ ਤੇ ਹੋਰ ਖਣਿਜ ਪਦਾਰਥਾਂ ਨੂੰ ਹਥਿਆ ਕੇ ਕੁਝ ਅਰਸਾ ਹੋਰ ਜਿਊਣਾ ਲੋਚਦਾ ਹੈ।ਉਸ ਦਾ ਸੰਕਟ ਹੈ ਕਿ ਉਸਦੇ ਕਾਰਪੋਰੇਟਾਂ ਦਾ ਕਾਰਖਾਨਿਆਂ ਦਾ ਬਣਾਇਆ ਮਾਲ ਨਹੀਂ ਵਿਕ ਰਿਹਾ।ਉਹ ਜੰਗਾਂ ਲਵਾ ਕੇ ਹਥਿਆਰ ਵੇਚਣਾ ਵੀ ਲੋਚਦਾ ਹੈ ਤੇ ਦੂਜੇ ਦੇਸ਼ਾਂ ਨੂੰ ਆਪਣੀ ਬਸਤੀ ਬਣਾ ਕੇ ਉਸ ਦੇ ਲੋਕਾਂ ਦੀਆਂ ਜੇਬਾਂ ਦੇ ਡਾਕਾ ਮਾਰਨਾ ਚਾਹੁੰਦਾ ਦਾ ਹੈ।ਬੁਲਾਰਿਆਂ ਨੇ ਈਰਾਨ 'ਤੇ ਅਮਰੀਕੀ ਇਜ਼ਰਾਈਲੀ ਹਮਲੇ ਦੀ ਜ਼ੋਰਦਾਰ ਨਿਖੇਧੀ ਕੀਤੀ ਅਤੇ ਭਾਰਤ ਦੇ ਵਿਰਕਾਪ੍ਰਸਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਸ ਗੱਲ ਤੇ ਜ਼ੋਰਦਾਰ ਨਿੰਦਾ ਕੀਤੀ ਕਿ ਉਸ ਨੇ ਪਹਿਲਾਂ ਗਾਜ਼ਾ ਦੇ 70 ਹਜ਼ਾਰ ਬੇਕਸੂਰ ਲੋਕਾਂ ਦੇ ਕਾਤਲ ਇਜ਼ਰਾਈਲ ਦੀ ਅਤੇ ਇਸ ਵਾਰ ਈਰਾਨ ਉਪਰ ਹਮਲੇ ਦਾ ਕੋਈ ਵਿਰੋਧ ਨਹੀਂ ਕੀਤਾ ।ਇਸ ਵਕਤ ਈਰਾਨ ਦੀ ਹਰ ਤਰ੍ਹਾਂ ਹਮਾਇਤ ਕਰਨੀ ਬਣਦੀ ਹੈ।ਰੈਲੀ ਦੀ ਪ੍ਰਧਾਨਗੀ ਅਤੇ ਬੁਲਾਰੇ ਸਾਂਝੇ ਤੌਰ ਤੇ ਜੋ ਸੰਯੁਕਤ ਕਿਸਾਨ ਮੋਰਚਾ, ਸਾਰੀਆਂ ਟਰੇਡ ਯੂਨੀਅਨਾਂ ਅਤੇ ਬਿਜਲੀ ਕਾਮਿਆਂ ਦੀਆਂ ਜਥੇਬੰਦੀਆਂ ਦੇ ਆਗਆਂ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਤਰਲੋਕ ਸਿੰਘ ਬਹਿਰਾਮਪੁਰ, ਰਘਬੀਰ ਸਿੰਘ ਚਾਹਲ, ਮੰਗਤ ਸਿੰਘ ਜੀਵਨ ਚੱਕ, ਬਲਬੀਰ ਸਿੰਘ ਉਚਾ ਧਕਾਲਾ, ਧਿਆਨ ਸਿੰਘ ਠਾਕੁਰ, ਐੱਸ. ਪੀ. ਸਿੰਘ ਗੋਸਲ, ਬਲਵਿੰਦਰ ਸਿੰਘ ਉਦੀਪੁਰ, ਸੰਜੀਵ ਸੈਣੀ, ਸੰਜੀਵ ਸ਼ਰਮਾ, ਅਮਰ ਕ੍ਰਾਂਤੀ, ਜੋਗਿੰਦਰ ਪਾਲ ਪਨਿਆੜ, ਸਾਹਿਬ ਸਿੰਘ ਚੱਕਅਰਾਈਆਂ, ਬਲਜਿੰਦਰ ਸਿੰਘ ਨਸ਼ਹਿਰਾ ਬਹਾਦਰ, ਗੁਰਵਿੰਦਰ ਸਿੰਘ, ਸੁਰਿੰਦਰ ਸਿੰਘ ਕੋਠੇ, ਤਰਲੋਚਨ ਸਿੰਘ ਲੱਖੋਵਾਲ ਤੇ ਜਗਜੀਵਨ ਲਾਲ ਨੇ ਸਾਂਝੇ ਤੌਰ ਤੇ ਕੀਤੀ।ਇਸ ਮੌਕੇ ਅਜੀਤ ਸਿੰਘ ਹੁੰਦਲ, ਮੱਖਣ ਸਿੰਘ ਤਿੱਬੜ ,ਸੁਖਦੇਵ ਰਾਜ ਬਹਿਰਾਮਪੁਰ, ਤਰਲੋਕ ਸਿੰਘ ਰਾਊਵਾਲ, ਅਮਰਜੀਤ ਸ਼ਾਸਤਰੀ, ਅਬਿਨਾਸ਼ ਸਿੰਘ, ਸੀਤਲ ਗੁੰਨੋਪੁਰੀ, ਬੂਟਾ ਰਾਮ ਆਜ਼ਾਦ, ਜੋਗਿੰਦਰ ਪਾਲ ਘਰਾਲਾ, ਗੁਰਦੇਵ ਸਿੰਘ ਭੁੱਲਰ, ਸੁਭਾਸ਼ ਕੈਰੇ, ਅਮਨਦੀਪ ਚੱਕਅਰਾਈਆਂ ਆਦਿ ਵੀ ਹਾਜ਼ਰ ਸਨ।

## ਗੁਰਦੁਆਰਾ ਸਾਧ ਸੰਗਤ ਵਿਖੇ 29ਵਾਂ ਸਰਬਸਾਂਝਾ ਕੀਰਤਨ ਦਰਬਾਰ

ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)-ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਹੇਠ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਰਬੱਤ ਦੇ ਭਲੇ ਲਈ 29ਵਾਂ



ਸਰਬਸਾਂਝਾ ਕੀਰਤਨ ਦਰਬਾਰ ਸਰਬਸਾਂਝਾ ਕੀਰਤਨ ਦਰਬਾਰ ਸੁਸਾਇਟੀ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਗਿਆ।ਇਹ ਸਮਾਗਮ ਦਾਨਾ ਮੰਡੀ, ਬਟਾਲਾ ਰੋਡ ਵਿਖੇ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੋਇਆ।ਇਸ ਮੌਕੇ ਬਾਬਾ ਬੰਤਾ ਸਿੰਘ (ਮੁੰਡਾ ਪਿੰਡ ਵਾਲੇ), ਸਿੰਘ ਸਾਹਿਬ ਗਿਆਨੀ ਮਾਨ ਸਿੰਘ ਸਾਬਕਾ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਭਾਈ ਭੁਪਿੰਦਰ ਸਿੰਘ ਤੇ ਭਾਈ ਜਸਬੀਰ ਸਿੰਘ ਖ਼ਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਗੁਰਦੇਵ ਸਿੰਘ ਆਸਟਰੇਲੀਆ ਵਾਲੇ, ਪ੍ਰਿੰਸੀਪਲ ਜਸਪਾਲ ਸਿੰਘ ਜਵੱਦੀ ਟਕਸਾਲ, ਭਾਈ ਕੁਲਦੀਪ ਸਿੰਘ ਅਤੇ ਭਾਈ ਮਨਿੰਦਰ ਸਿੰਘ ਫ਼ਤਿਹਗੜ੍ਹ ਚੂੜੀਆਂ ਵਾਲੇ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੁਸਾਇਟੀ ਮੈਂਬਰਾਂ ਨੇ ਦੱਸਿਆ ਕਿ 4 ਅਪ੍ਰੈਲ ਨੂੰ ਗੁਰਦੁਆਰਾ ਸਾਧ ਸੰਗਤ ਸਰਕੂਲਰ ਰੋਡ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ।ਸਮਾਗਮ ਦੌਰਾਨ ਸੰਗਤਾਂ ਲਈ ਵੱਖ-ਵੱਖ ਪਕਵਾਨਾਂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਜਸਵੰਤ ਸਿੰਘ ਰੰਧਾਵਾ, ਗੁਰਜਿੰਦਰ ਸਿੰਘ ਮੱਲੀ, ਗੁਰਸ਼ਰਨਜੀਤ ਸਿੰਘ ਭੁੱਲਰ, ਪ੍ਰੀਤਮ ਸਿੰਘ, ਮਨਜੀਤ ਸਿੰਘ, ਗਗਨਦੀਪ ਸਿੰਘ, ਸਤਵਿੰਦਰ ਸਿੰਘ, ਦਵਿੰਦਰ ਸਿੰਘ, ਮੁਖਤਿਆਰ ਸਿੰਘ, ਬਾਬਾ ਮਨਜਿੰਦਰ ਸਿੰਘ, ਸੁਖਦੇਵ ਸਿੰਘ ਜੱਜ, ਹਰਜਿੰਦਰ ਸਿੰਘ ਵਿਰਦੀ, ਪਰਵਜੀਤ ਸਿੰਘ ਹੈਪੀ, ਮਨਦੀਪ ਸਿੰਘ, ਅਜੀਤ ਸਿੰਘ ਅਤੇ ਹੋਰਨਾਂ ਨੇ ਸੰਗਤ ਨੂੰ ਹੁੰਮ-ਹੁਮਾ ਕੇ ਪਹੁੰਚਣ ਦੀ ਬੇਨਤੀ ਕੀਤੀ।

## ਸ੍ਰੀ ਗੁਰੂ ਰਾਮਦਾਸ ਸੰਸਥਾਵਾਂ ਪੰਧੇਰ ਨੇ ਮੁਫਤ ਮੈਡੀਕਲ ਕੈਂਪ ਲਗਾਇਆ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਰਾਮਦਾਸ ਸੰਸਥਾਵਾਂ ਪੰਧੇਰ ਵੱਲੋਂ ਪੰਧੇਰ ਪਿੰਡ 'ਚ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮੈਡੀਕਲ ਕੈਂਪ ਲਗਾਇਆ ਗਿਆ। ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਫਤਿਹਗੜ੍ਹ ਚੂੜੀਆਂ ਵੱਲੋਂ ਚਲਾਏ ਜਾ ਰਹੇ ਸ੍ਰੀ ਗੁਰੂ ਰਾਮਦਾਸ ਗਰੁੱਪ ਆਫ ਸੰਸਥਾਵਾਂ ਦੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਦੇ ਦਿਸ਼ਾ ਨਿਰਦੇਸ਼ਾ ਅਤੇ ਸੋਸਾਇਟੀ ਦੇ ਪ੍ਰਧਾਨ ਹਰਜਿੰਦਰਪਾਲ ਕੌਰ ਕੰਗ ਦੀ ਅਗਵਾਈ ਹੇਠ ਅਮਰ ਸ਼ਹੀਦ ਸ਼ਹੀਦ



ਭਗਤ ਸਿੰਘ, ਸ਼ਿਵਰਾਮ ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਉਨ੍ਹਾਂ ਦੀ ਯਾਦ ਵਿੱਚ ਪਿੰਡ ਪੰਧੇਰ ਵਿਖੇ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ।ਇਸ ਕੈਂਪ ਵਿੱਚ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੋਸਾਇਟੀ ਵੱਲੋਂ ਮਰੀਜ਼ਾਂ ਦੀ ਫ੍ਰੀ ਸ਼ੂਗਰ ਚੈੱਕ ਕਰਵਾਈ ਗਈ ਤੇ ਮਰੀਜ਼ਾਂ ਨੂੰ ਹਰੇਕ ਬਿਮਾਰੀ ਨਾਲ ਸਬੰਧਿਤ ਮੁਫ਼ਤ ਦਵਾਈਆਂ ਵੰਡੀਆਂ ਗਈਆਂ।ਇਸ ਕੈਂਪ ਦਾ ਪਿੰਡ ਵਾਸੀਆਂ ਨੇ ਭਾਰੀ ਗਿਣਤੀ ਵਿੱਚ ਭਾਗ ਲੈ ਕਿ ਫਾਇਦਾ ਉਠਾਇਆ।ਕੈਂਪ ਵਿੱਚ ਗੁਰੂ ਨਾਨਕ ਦੇਵ ਹਸਪਤਾਲ ਅੰਮ੍ਰਿਤਸਰ ਤੋਂ ਡਾਕਟਰ ਗੁਲਵਤਨ ਸਿੰਘ ਕੰਗ, ਡਾਕਟਰ ਮਨਨ ਨੋਹਾਰਿਆ, ਡਾਕਟਰ ਰਿਸ਼ਭ ਅਗਰਵਾਲ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ।ਕੈਂਪ ਵਿੱਚ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਟਿਊਟ ਪੰਧੇਰ ਦੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਸ਼ਾਮਿਲ ਹੋ ਕੇ ਮਰੀਜ਼ਾਂ ਦਾ ਬਲੱਡ ਪਰੈਸ਼ਰ ਅਤੇ ਸ਼ੂਗਰ ਚੈਕ ਕੀਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਦੀਸ਼ ਕੌਰ, ਮਿਸ ਮਾਧਵੀ, ਗੁਰਪਿੰਦਰ ਸਿੰਘ, ਚਰਨਜੀਤ ਸਿੰਘ, ਹਰਲੀਨ ਕੌਰ, ਰੋਹਨ ਨਿਸ਼ਾ ਖਾਨ, ਸੁਖਨੰਦਨ ਜੀਤ ਕੌਰ, ਨਵਜੋਤ ਕੌਰ, ਲਕਸ਼ਮੀ ਦੇਵੀ ਆਦਿ ਸਮੇਤ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਗੁਰੂ ਅਰਜਨ ਦੇਵ ਪਬਲਿਕ ਸਕੂਲ ਵਿਖੇ ਕਰਵਾਇਆ ਸ਼ਹੀਦੀ ਸਮਾਗਮ

**ਚੋਹਲਾ ਸਾਹਿਬ (ਰਮਨ ਚੱਢਾ)**-ਗੁਰੂ ਅਰਜਨ ਦੇਵ ਪਬਲਿਕ ਸਕੂਲ ਵਿਖੇ 23 ਮਾਰਚ ਦੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੀ ਯਾਦ ਨੂੰ ਸਮਰਪਿਤ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ। ਇਸ ਸਮੇਂ ਬੋਲਦਿਆਂ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਖਹਿਰਾ ਨੇ ਕਿਹਾ ਕਿ ਅੱਜ ਕੌਮ ਇਨ੍ਹਾਂ ਸ਼ਹੀਦਾਂ ਦਾ 95ਵਾਂ ਸ਼ਹੀਦੀ ਦਿਵਸ ਪੂਰੇ ਇਨਕਲਾਬੀ ਜੋਸ਼ ਨਾਲ ਮਨ੍ਹਾ ਰਹੀ



ਹੈ। ਉਨ੍ਹਾਂ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਨੇ ਕਿਹਾ ਸੀ ਕਿ ਸਾਮਰਾਜਵਾਦ ਇੱਕ ਭੂਤਰਿਆ ਡਾਕੂ ਹੈ ਜੋ ਪੱਛੜੇ ਅਤੇ ਵਿਕਾਸ ਕਰ ਰਹੇ ਦੇਸ਼ਾਂ ਨੂੰ ਹਮੇਸ਼ਾ ਹਥਿਆਰਾਂ ਦੇ ਜ਼ੋਰ ਨਾਲ ਦਬਾ ਕੇ ਰੱਖਦਾ ਹੈ। ਉਪਰੋਕਤ ਵਿਚਾਰਾਂ ਦੀ ਰੌਸ਼ਨੀ ਵਿੱਚ ਦੇਖੀਏ ਤਾਂ 28 ਫਰਵਰੀ ਨੂੰ ਇਜ਼ਰਾਈਲ-ਅਮਰੀਕੀ ਗੱਠਜੋੜ ਨੇ ਈਰਾਨ 'ਤੇ ਬੰਬਾਂ ਦਾ ਮੀਂਹ ਵਰ੍ਹਾਉਂਦੇ ਹੋਏ ਜਾਨੀ ਮਾਲੀ ਨੁਕਸਾਨ ਤੋਂ ਇਲਾਵਾ 160 ਮਾਸੂਮ ਬੱਚੀਆਂ ਦੀ ਬੇਰਹਿਮ ਹੱਤਿਆ ਕੀਤੀ ਹੈ, ਜਿਸਦੀ ਜਿੰਨੀ ਨਿੰਦਾ ਕੀਤੀ ਜਾਵੇ ਥੋੜੀ ਹੈ। ਇਸ ਮੌਕੇ ਸਕੂਲੀ ਬੱਚਿਆਂ ਨੇ 23 ਮਾਰਚ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਭਾਸ਼ਣਾਂ, ਕਵਿਤਾਵਾਂ ਅਤੇ ਚਿੱਤਰਕਲਾ ਰਾਹੀਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਸਮੇਂ ਸੰਸਥਾ ਦੇ ਪ੍ਰਧਾਨ ਰਵੀਇੰਦਰ ਸਿੰਘ ਸਭਰਾ ਨੇ ਵੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਜ਼ਸਦੀਪ ਕੌਰ, ਹਰਸਿਮਰਨ ਕੌਰ, ਹਰਪ੍ਰੀਤ ਕੌਰ, ਸੰਦੀਪ ਕੌਰ, ਨਵਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਕਾਮਨਪ੍ਰੀਤ ਕੌਰ, ਅਕਾਸ਼ਦੀਪ ਕੌਰ, ਸੰਦੀਪ ਕੌਰ, ਅਰਸ਼ਨੂਰ ਕੌਰ, ਲਵਨੀਤ ਕੌਰ, ਸਮੂਹ ਸਟਾਫ ਨੇ ਵੀ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।

## ਲੋਕ ਭਲਾਈ ਮੰਚ ਪੰਜਾਬ ਵੱਲੋਂ ਭਗਤ ਸਿੰਘ ਤੇ ਸਾਥੀਆਂ ਨੂੰ ਨਮਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੋਕ ਭਲਾਈ ਮੰਚ ਪੰਜਾਬ ਵਲੋਂ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਕੁਲਦੀਪ ਸਿੰਘ ਦੀ ਪ੍ਰਧਾਨਗੀ ਹੇਠ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਦਿਵਸ ਦੇ ਤੌਰ ਤੇ ਮਨਾਇਆ ਗਿਆ।

ਇਸ ਸਮੇਂ ਹੋਈ ਵਿਸ਼ਾਲ ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ, ਬਿਹਾਰੀ ਲਾਲ ਭਾਰਤੀ, ਸੁਖਦੇਵ ਸਿੰਘ, ਵਿਜੇ ਸਿੰਧਰਾ, ਅਮਰਜੀਤ ਸਿੰਘ ਗਿੱਲ ਤੇ ਐਡਵੋਕੇਟ ਮਨਿੰਦਰ ਜੀਤ ਸਿੰਘ ਝਾਮਕਾ ਨੇ ਆਪਣੇ ਵਿਚਾਰ ਪੇਸ਼ ਕੀਤੇ।ਉਪਰੋਕਤ ਤੋਂ ਇਲਾਵਾ ਸੰਦੀਪ ਸਿੰਘ ਝਾਮਕਾ, ਸਿੰਦੀ, ਵਰਿਆਮ ਚੰਦ, ਅਮਰੀਕ ਸਿੰਘ, ਦਵਿੰਦਰ ਸਿੰਘ,ਕਾਲਾ ਸਿੰਘ, ਅਮਰੀਕ ਕੌਰ, ਕੁਲਵੰਤ ਕੌਰ, ਜੀਤ ਲਾਲ, ਅਸ਼ਵਨੀ ਕੁਮਾਰ, ਅਮਰੀਕ ਸਿੰਘ, ਬਲਦੇਵ ਸਿੰਘ, ਤੀਰਥ ਰਾਮ, ਬਿਮਲਾ, ਕੁਲਦੀਪ ਕੌਰ, ਸ਼ੀਲਾ, ਕਿਸ਼ਨ ਲਾਲ, ਦਿਲਬਾਗ ਸਿੰਘ, ਸੁਖਵਿੰਦਰ ਸਿੰਘ, ਕੁਲਦੀਪ ਕੁਮਾਰ ਗੋਲਡੀ, ਸੰਨੀ ਕੁਮਾਰ, ਮਨਜੀਤ ਕੁਮਾਰੀ, ਅਵਤਾਰ ਸਿੰਘ, ਕਸ਼ਮੀਰ ਸਿੰਘ ਢਪੱਈ, ਸਰਦੂਲ ਸਿੰਘ ਢਪੱਈ, ਪ੍ਰਦੀਪ ਸਿੰਘ ਢਪੱਈ, ਦਰਸ਼ਣਾਂ ਰਾਨੀ, ਰਾਜਰਾਣੀ, ਸ਼ਸ਼ੀਭਗਤ, ਸੋਨੂੰ ਸਿਕੰਦਰ, ਕੌਮਲਪਰੀਤ ਕੌਰ, ਪੂਜਾ ਤੇ ਅਰਸ਼ਦੀਪ ਸਿੰਘ ਆਦਿ ਹਾਜ਼ਰ ਸਨ।

## ਸਰਕਾਰੀਆ ਤੇ ਕੱਕੜ ਵੱਲੋਂ ਸ਼ਮਸ਼ੇਰ ਸਿੰਘ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਧਾਨ ਸਭਾ ਹਲਕਾ ਰਾਜਾਸਾਂਸੀ ਦੇ ਬਲਾਕ ਚੋਗਾਵਾਂ ਦੇ ਪਿੰਡ ਕਮਾਸਕਾ ਦੇ ਰਣਜੀਤ ਸਿੰਘ ਕਮਾਸਕਾ ਜਿਸਦੇ ਇਕਲੌਤੇ ਪੁੱਤਰ ਸ਼ਮਸ਼ੇਰ ਸਿੰਘ ਦੀ ਪਿਛਲੇ ਦਿਨੀਂ ਇੱਕ ਸੰਖੇਪ ਬਿਮਾਰੀ ਤੋਂ ਬਾਅਦ ਮੌਤ ਹੋ ਗਈ ਸੀ, ਦੇ ਪਰਿਵਾਰ ਨਾਲ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਅਤੇ ਉਨ੍ਹਾਂ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਸਰਕਾਰੀਆ ਨੇ ਕਿਹਾ ਕਿ ਸ਼ਮਸ਼ੇਰ ਸਿੰਘ ਇੱਕ ਮਿਹਨਤੀ ਅਤੇ ਨਿਧੜਕ ਕਾਂਗਰਸ ਪਾਰਟੀ ਦਾ ਆਗੂ ਸੀ।ਉਸਦੀ ਮੌਤ ਨਾਲ ਕਾਂਗਰਸ ਪਾਰਟੀ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਸੁੱਖਬਿੰਦਰ ਸਿੰਘ ਸਰਕਾਰੀਆ ਅਤੇ ਅਮਨਦੀਪ ਸਿੰਘ ਕੱਕੜ ਨੇ ਸ਼ਮਸ਼ੇਰ ਸਿੰਘ ਦੇ ਪਿਤਾ ਰਣਜੀਤ ਸਿੰਘ, ਮਾਤਾ ਪ੍ਰਮਜੀਤ ਕੌਰ, ਪਤਨੀ ਕੁਲਬੀਰ ਕੌਰ, ਪੁੱਤਰ ਪ੍ਰਭਸ਼ਰਨ ਸਿੰਘ, ਪੁੱਤਰੀ ਸੁਖਲੀਨ ਕੌਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਹਰਭੇਜ ਸਿੰਘ ਵਣੀਏਕੇ, ਫਤਿਹ ਸਿੰਘ, ਸੁਖਦੇਵ ਸਿੰਘ ਵਣੀਏਕੇ, ਲਖਵਿੰਦਰ ਸਿੰਘ ਵਣੀਏਕੇ, ਬਾਬਾ ਦਲਬੀਰ ਸਿੰਘ ਪੱਧਰੀ, ਕੁਲਦੀਪ ਸਿੰਘ ਔਲਖ ਆਦਿ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਵਿਚਾਰਧਾਰਾ ਨੂੰ ਅਪਣਾਉਣ ਦੀ ਲੋੜ: ਪ ਸ ਸ ਫ



ਧਾਰੀਵਾਲ (ਮਨਦੀਪ ਵਿੱਕੀ)-ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਸੱਦੇ 'ਤੇ ਸਥਾਨਕ ਪਿੰਡ ਨਬੀਪੁਰ ਵਿਖੇ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ।ਸਮਾਗਮ ਦੀ ਪ੍ਰਧਾਨਗੀ ਉਘੇ ਲੇਖਕ ਅਤੇ ਵਿਦਵਾਨ ਡਾਕਟਰ ਸੁਰਿੰਦਰ ਸਿੰਘ ਸ਼ਾਂਤ, ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਪ੍ਰਧਾਨ ਅਨਿਲ ਕੁਮਾਰ ਲਾਹੌਰੀਆ, ਪਰੇਮ ਕੁਮਾਰ,ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਆਗੂ ਕੁਲਦੀਪ ਪੂਰੋਵਾਲ, ਦਿਲਦਾਰ ਭੰਡਾਲ, ਲਵਪ੍ਰੀਤ ਰੋੜਾਂਵਾਲੀ ਨੇ ਕੀਤੀ।

ਸਮਾਗਮ ਵਿੱਚ ਬੋਲਦਿਆਂ ਬੁਲਾਰਿਆਂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਸ਼ਹੀਦਾਂ ਦੀ ਵਿਚਾਰਧਾਰਾ ਨੂੰ ਅਪਣਾਉਣ ਦੀ ਲੋੜ ਹੈ। ਮੌਜੂਦਾ ਸਮੇਂ ਦੇ ਰਾਜਨੀਤਕ ਹਾਕਮ ਆਗੂਆਂ ਨੇ ਭਗਤ ਸਿੰਘ ਅਤੇ ਸਾਥੀਆਂ ਨੂੰ ਕੇਵਲ ਪੂਜਿਆ ਹੀ ਹੈ ਉਨ੍ਹਾਂ ਦੀ ਵਿਚਾਰਧਾਰਾ ਅਨੁਸਾਰ ਕੰਮ ਨਹੀਂ ਕੀਤਾ।ਅੱਜ ਵੀ ਸਾਮਰਾਜਵਾਦ ਦੀ ਲੁੱਟ ਜਾਰੀ ਹੈ।ਆਗੂਆਂ ਕਿਹਾ ਕਿ ਸ਼ਹੀਦਾਂ ਦੀ ਸੋਚ ਸੀ ਕਿ ਸਾਡਾ ਦੇਸ਼ ਧਰਮ ਨਿਰਪੱਖ, ਸਮਾਜਵਾਦੀ ਅਤੇ ਜਾਤ ਪਾਤ ਮੁਕਤ ਹੋਵੇ।ਮਨੁੱਖ ਦੀ ਮਨੁੱਖ ਹੱਥੋਂ ਲੁੱਟ ਬੰਦ ਹੋਵੇ ਪਰ ਅੱਜ ਵੀ ਸਾਡੇ ਦੇਸ਼ ਦੇ ਹਾਕਮ ਲੋਕਾਂ ਦੇ ਧਰਮ ਅਤੇ ਜਾਤਪਾਤ ਨੂੰ ਵਰਤ ਕੇ ਸ਼ੋਸ਼ਣ ਕਰ ਰਹੇ ਹਨ।ਨੌਜਵਾਨਾਂ ਲਈ ਰੁਜ਼ਗਾਰ ਗਰੰਟੀ ਨਹੀਂ ਹੈ, ਮੁਲਾਜ਼ਮਾਂ ਦੀ ਪੈਨਸ਼ਨ ਖੋਹ ਲਈ ਗਈ ਹੈ।ਲੋਕਾਂ ਦੀ ਆਵਾਜ਼ ਨੂੰ ਬੰਦ ਕਰਨ ਲਈ ਮੀਡੀਆ 'ਤੇ ਕਬਜ਼ਾ ਕੀਤਾ ਗਿਆ ਹੈ।ਆਗੂਆਂ ਕਿਹਾ ਕਿ ਅੱਜ ਨਿੱਜੀਕਰਨ ਉਦਾਰੀਕਰਨ ਤੇ ਸੰਸਾਰੀਕਰਨ ਦੀਆਂ ਨੀਤੀਆਂ ਲਾਗੂ ਕਰਕੇ ਸ਼ਹੀਦਾਂ ਦੇ ਸੁਪਨਿਆਂ ਨੂੰ ਖਤਮ ਕੀਤਾ ਜਾ ਰਿਹਾ ਹੈ।ਆਗੂਆਂ ਨੇ ਜਥੇਬੰਦੀਆਂ ਨੂੰ ਮਜ਼ਬੂਤ ਕਰਨ ਅਤੇ ਸ਼ਹੀਦਾਂ ਦੀ ਸੋਚ ਨੂੰ ਬਚਾਉਣ ਵਾਸਤੇ ਕੰਮ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਵਧੀਆ ਅਧਿਆਪਕਾਂ ਨਰਿੰਦਰ ਸ਼ਰਮਾ, ਸੁਖਵਿੰਦਰ ਰੰਧਾਵਾ ਅਤੇ ਡਾਕਟਰ ਸੁਰਿੰਦਰ ਸ਼ਾਂਤ ਨੂੰ ਸਮਾਜ ਵਿਚ ਵਧੀਆ ਸੇਵਾਵਾਂ ਦੇਣ ਲਈ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੁਖਵਿੰਦਰ ਰੰਧਾਵਾ, ਮਨਜੀਤ ਸਿੰਘ, ਬਲਕਾਰ ਸਿੰਘ, ਕਪਿਲ ਸ਼ਰਮਾ, ਨਰਿੰਦਰ ਸ਼ਰਮਾ, ਅਰਜੁਨ ਕੁਮਾਰ, ਹਰਪਾਲ ਸਿੰਘ, ਰਾਜਿੰਦਰ ਕੁਮਾਰ, ਕੁਲਵੰਤ ਸਿੰਘ, ਜਤਿੰਦਰ ਕੁਮਾਰ, ਪਲਵਿੰਦਰ ਸਿੰਘ, ਸਲੀਮ ਕੁਮਾਰ, ਜਗਮੇਲ, ਸਿੰਘ, ਮੈਥਿਊ ਮਸੀਹ, ਸਿਮਰਨਜੀਤ ਸਿੰਘ, ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਸ਼ਹਿਰ 'ਚ ਸੀ ਸੀ ਟੀ ਵੀ ਕੈਮਰੇ ਲਗਾਉਣ ਦਾ ਕੀਤਾ ਉਦਘਾਟਨ

ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਦੇ ਇਤਿਹਾਸ ਵਿੱਚ ਇੱਕ ਹੋਰ ਚੈਪਟਰ ਜੋੜਦਿਆਂ ਬਟਾਲਾ ਸ਼ਹਿਰ ਵਿੱਚ ਸੀਸੀਟੀਵੀ ਕੈਮਰੇ ਲਗਾਉਣ ਦਾ ਉਦਘਾਟਨ ਕੀਤਾ ਗਿਆ ਹੈ।ਗਾਂਧੀ ਚੌਕ ਨੇੜੇ ਬਣ ਰਹੇ ਨਵੇਂ ਚੌਕ ਵਿਖੇ ਸੀਸੀਟੀਵੀ ਕੈਮਰੇ ਲਗਾਉਣ ਲਈ ਰੱਖੇ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪ੍ਰੈੱਸ ਨਾਲ ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਸਭ ਤੋਂ ਅੱਜ ਦੇ ਮਹਾਨ ਸ਼ਹੀਦੀ ਦਿਵਸ ਮੌਕੇ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਬਟਾਲਾ ਵਿਖੇ ਕਰਵਾਏ ਜਾ ਰਹੇ ਰਿਕਾਰਡ ਵਿਕਾਸ ਕਾਰਜਾਂ ਦੀ ਲੜੀ ਤਹਿਤ ਬਟਾਲਾ ਸ਼ਹਿਰ ਦੇ ਪ੍ਰਮੁੱਖ 32 ਸਥਾਨਾਂ/ਚੌਕਾਂ ਤੇ ਅੱਜ ਸੀਸੀਟੀਵੀ ਕੈਮਰੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਮਈ 2026 ਤੱਕ ਇਸ ਪ੍ਰੋਜੈਕਟ ਨੂੰ ਮੁਕੰਮਲ ਕਰ ਲਿਆ ਜਾਵੇਗਾ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਸੀਸੀਟੀਵੀ ਕੈਮਰੇ ਲਗਾਉਣ ਦਾ ਮੁੱਖ ਮੰਤਵ ਲੋਕ ਸੁਰੱਖਿਅਤ ਰਹਿਣ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਹੋਰ ਨਕੇਲ ਕੱਸੀ ਜਾਵੇ।ਉਨ੍ਹਾਂ ਦੱਸਿਆ ਕਿ ਇੱਕ ਕੰਟਰੋਲ ਰੂਮ ਸਥਾਪਿਤ ਕੀਤਾ ਜਾਵੇਗਾ ਅਤੇ



ਦਫਤਰ ਐੱਸ.ਐੱਸ.ਪੀ ਬਟਾਲਾ ਵਲੋਂ ਕੰਟਰੋਲ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਹ ਪ੍ਰੋਜੈਕਟ ਚੇਅਰਮੈਨ ਯਸ਼ਪਾਲ ਦੀ ਨਿਗਰਾਨੀ ਹੇਠ ਮੁਕੰਮਲ ਕੀਤਾ ਜਾਵੇਗਾ।ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਅੰਮ੍ਰਿਤ ਕਲਸੀ, ਚੇਅਰਮੈਨ ਮਾਨਿਕ ਮਹਿਤਾ, ਚੇਅਰਮੈਨ ਚਰਨਜੀਤ ਸਿੰਘ ਪਾਰੋਵਾਲ, ਰਮਨਦੀਪ ਸਿੰਘ ਐੱਸ. ਪੀ. ਬਟਾਲਾ, ਗੁਰਮੀਤ ਸਿੰਘ ਡੀਐਸਪੀ, ਲਾਇਨ ਰਾਜੀਵ ਵਿੱਗ, ਰਾਜੀਵ ਬਟਾਲਵੀ, ਸੀਨੀਅਰ ਆਗੂ ਮਾਸਟਰ ਤਿਲਕ ਰਾਜ, ਗੁਰਪ੍ਰੀਤ ਸਿੰਘ ਰਾਜੂ, ਸੰਜੀਵ ਕੁਮਾਰ ਟਰੱਸਟੀ ਸੰਨੀ ਮਸੀਹ, ਪਰਦੀਪ ਕੁਮਾਰ, ਭੁਪਿੰਦਰ ਸਿੰਘ, ਬਲਵਿੰਦਰ ਸਿੰਘ, ਹੈਪੀ ਸਰਪੰਚ, ਦਵਿੰਦਰ ਸਿੰਘ ਸਮੇਤ ਸ਼ਹਿਰ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਮੌਜੂਦ ਸਨ।

# ਰਾਜਗੁਰੂ, ਸੁਖਦੇਵ ਤੇ ਭਗਤ ਸਿੰਘ ਨੂੰ ਭਾਵ-ਭਿੰਨੀ ਸ਼ਰਧਾਂਜਲੀ



ਪੱਟੀ, (ਬਲਦੇਵ ਸਿੰਘ ਸੰਧੂ)-ਮਹਾਨ ਸ਼ਹੀਦਾਂ ਸ਼ਿਵਰਾਮ ਰਾਜਗੁਰੂ ਸੁਖਦੇਵ ਥਾਪਰ ਅਤੇ ਭਗਤ ਸਿੰਘ ਸਮੇਤ ਅਨੇਕਾਂ ਦੇਸ਼ ਭਗਤਾਂ ਨੇ ਆਜ਼ਾਦੀ ਦੀ ਲੜਾਈ ਲੜਦਿਆਂ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ, ਅੱਜ ਉਨ੍ਹਾਂ ਸ਼ਹੀਦਾਂ ਨੂੰ ਪੈਨਸ਼ਨਰ ਸੂਚਨਾ ਕੇਂਦਰ ਪੱਟੀ ਦਫਤਰ ਵਿਖੇ ਹਰਜਿੰਦਰ ਸਿੰਘ ਜੰਡ ਅਤੇ ਦਿਆਲ ਸਿੰਘ ਲੋਹਕਾ ਦੀ ਪ੍ਰਧਾਨਗੀ ਹੇਠ ਇਕੱਤਰਤਾ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪੈਨਸ਼ਨਰਾਂ ਦੇ ਸੂਬਾਈ ਆਗੂ ਜਗਤਾਰ ਸਿੰਘ ਆਸਲ ਨੇ ਕਿਹਾ ਕਿ ਸਾਡਾ ਦੇਸ਼ ਹਜ਼ਾਰਾਂ ਸਾਲ ਵਿਦੇਸ਼ੀਆਂ ਦਾ ਗੁਲਾਮ ਰਿਹਾ ਹੈ, ਇਸੇ ਕਰਕੇ ਬਹੁਤ ਸਾਰੇ ਦੇਸ਼ ਵਾਸੀਆਂ ਦੀ ਅਵਸਥਾ ਮਾਨਸਿਕ ਗੁਲਾਮੀ ਵਾਲੀ ਹੈ। ਮੁਹੰਮਦ ਗੋਰੀ, ਮਹਿਮੂਦ ਗਜ਼ਨਵੀ ਦੇ ਹਮਲਿਆਂ ਤੋਂ ਲੈ ਕੇ ਮੁਗਲਾਂ ਅਤੇ ਅੰਗਰੇਜ਼ਾਂ ਦੀ ਗੁਲਾਮੀ ਹਜ਼ਾਰਾਂ ਸਾਲ ਸਾਡੇ ਦੇਸ਼ ਵਾਸੀਆਂ ਨੇ ਹੰਢਾਈ ਹੈ। ਈਸਟ ਇੰਡੀਆ ਕੰਪਨੀ ਅਤੇ ਬਰਤਾਨਵੀ ਹਕੂਮਤ ਨੇ ਭਾਰਤ ਵਾਸੀਆਂ 'ਤੇ ਅਨੇਕਾਂ ਜ਼ੁਲਮ ਢਾਏ। ਅਨੇਕਾਂ ਦੇਸ਼ ਭਗਤਾਂ, ਗਦਰੀ ਯੋਧਿਆਂ ਅਤੇ ਕੂਕਾ ਲਹਿਰ ਦੇ ਸ਼ਹੀਦਾਂ ਨੇ ਆਜ਼ਾਦੀ ਦੀ ਲਹਿਰ ਵਿੱਚ ਸ਼ਹੀਦੀਆਂ ਪਾਈਆਂ। ਇਸੇ ਕੜੀ ਤਹਿਤ ਸ਼ਹੀਦ ਰਾਜਗੁਰੂ, ਸੁਖਦੇਵ ਅਤੇ ਭਗਤ ਸਿੰਘ ਨੇ ਫਾਂਸੀਆਂ ਦੇ ਰੱਸੇ ਚੁੰਮੇ। ਇਸ ਮੌਕੇ ਧਰਮ ਸਿੰਘ ਪੱਟੀ, ਡਾਕਟਰ ਨਿਰਮਲ ਸਿੰਘ, ਸਤਪਾਲ ਸ਼ਰਮਾ, ਮੋਹਨ ਸਿੰਘ ਚੌਧਰੀ, ਓਮ ਪ੍ਰਕਾਸ਼ ਨੇ ਆਜ਼ਾਦੀ ਦੀ ਲੜਾਈ ਲੜਦਿਆਂ ਸ਼ਹੀਦ ਹੋਏ ਇਨਕਲਾਬੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

ਅੱਜ ਦੇ ਸਮਾਗਮ ਵਿੱਚ ਬਹੁਤ ਸਾਰੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਸ਼ਾਮਿਲ ਹੋਏ ਜਿਨ੍ਹਾਂ ਵਿੱਚ ਗੁਰਮੀਤ ਸਿੰਘ ਮਾਨ, ਬੀਰ ਮਸੀਹ, ਅਵਤਾਰ ਸਿੰਘ, ਰਾਜ ਸਿੰਘ, ਅਨੋਖ ਸਿੰਘ, ਜਸਵੰਤ ਸਿੰਘ, ਜੰਗ ਸਿੰਘ, ਕਾਮਰੇਡ ਦਿਆਲ ਸਿੰਘ ਲਹੂਕਾ, ਗਿਰਧਾਰੀ ਲਾਲ, ਹਰਜਿੰਦਰ ਸਿੰਘ ਜੰਡ, ਧਰਮਪਾਲ, ਸੰਤੋਖ ਸਿੰਘ, ਰਣਜੀਤ ਕੌਰ ਅਤੇ ਹਰੀ ਚੰਦ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।

## ਡੀ ਐੱਮ ਰੰਧਾਵਾ ਦੀ ਮੌਤ ਨਾਲ ਪੰਜਾਬ ਦੀ ਰਾਜਨੀਤੀ 'ਚ ਭੂਚਾਲ ਆਇਆ: ਔਜਲਾ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਕਾਂਗਰਸ ਦੇ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਵੇਅਰਹਾਊਸ ਜ਼ਿਲ੍ਹਾ ਮੈਨੇਜਰ ਦੀ ਮੌਤ ਦੇ ਮਾਮਲੇ 'ਚ ਕਾਫ਼ੀ ਤਿੱਖਾ ਰੁਖ ਅਪਣਾਉਂਦੇ ਹੋਏ ਰਾਜ ਸਰਕਾਰ ਦੇ ਮੰਤਰੀ ਲਾਲਜੀਤ ਸਿੰਘ ਭੁੱਲਰ 'ਤੇ ਗੰਭੀਰ ਦੋਸ਼ ਲਗਾਏ ਹਨ।ਔਜਲਾ ਨੇ ਸਾਫ਼ ਕਿਹਾ ਕਿ ਇਹ ਆਤਮਹੱਤਿਆ ਨਹੀਂ, ਸੱਤਾ ਦੇ ਦਬਾਅ ਹੇਠ ਕੀਤਾ ਗਿਆ ਸਾਜ਼ਸ਼ਿਨ ਕਤਲ ਹੈ ਅਤੇ ਮੰਗ ਕੀਤੀ ਕਿ ਮੰਤਰੀ ਖ਼ਿਲਾਫ਼ ਤੁਰੰਤ ਧਾਰਾ 302 ਹੇਠ ਕੇਸ ਦਰਜ ਕੀਤਾ ਜਾਵੇ।ਸੰਸਦ ਮੈਂਬਰ ਔਜਲਾ ਸਭ ਤੋਂ ਪਹਿਲਾਂ ਉਸ ਹਸਪਤਾਲ ਪਹੁੰਚੇ ਜਿੱਥੇ ਗਗਨਦੀਪ ਸਿੰਘ ਨੂੰ ਮੌਤ ਤੋਂ ਪਹਿਲਾਂ ਦਾਖਲ ਕਰਵਾਇਆ ਗਿਆ ਸੀ।ਇਸ ਤੋਂ ਬਾਅਦ ਉਹ ਪਰਿਵਾਰ ਨੂੰ ਢਾਰਸ ਦੇਣ ਲਈ ਉਨ੍ਹਾਂ ਦੇ ਘਰ ਵੀ ਗਏ ਅਤੇ ਬੱਚਿਆਂ ਸਮੇਤ ਸਾਰੇ ਪਰਿਵਾਰ ਨੂੰ ਹੌਸਲਾ ਦਿੱਤਾ।ਔਜਲਾ ਨੇ ਚੇਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਜੇ ਕਿਸੇ ਵੀ ਅਧਿਕਾਰੀ ਨੇ ਇਸ ਮਾਮਲੇ ਵਿੱਚ ਲੀਪਾਪੋਚੀ ਕਰਨ ਦੀ ਕੋਸ਼ਿਸ਼ ਕੀਤੀ ਜਾਂ ਪਰਿਵਾਰ 'ਤੇ ਸਮਝੌਤੇ ਲਈ ਦਬਾਅ ਬਣਾਇਆ ਗਿਆ ਤਾਂ ਕਾਂਗਰਸ ਸੜਕਾਂ 'ਤੇ ਉਤਰ ਕੇ ਵੱਡਾ ਅੰਦੋਲਨ ਕਰੇਗੀ ਅਤੇ ਜ਼ਿੰਮੇਵਾਰ ਅਧਿਕਾਰੀਆਂ ਦਾ ਘਿਰਾਓ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸੱਤਾ ਦੇ ਦੁਰਪਯੋਗ ਨੇ ਇਕ ਇਮਾਨਦਾਰ ਅਫਸਰ ਦੀ ਜਾਨ ਲੈ ਲਈ ਹੈ।ਸ੍ਰੀ ਔਜਲਾ ਨੇ ਦੋਸ਼ ਲਗਾਇਆ ਕਿ ਵੇਅਰਹਾਊਸ ਟੈਂਡਰ ਵਿਵਾਦ ਹੁਣ ਇੱਕ ਵੱਡੇ ਸਿਆਸੀ ਘੋਟਾਲੇ ਦਾ ਰੂਪ ਲੈ ਚੁੱਕਾ ਹੈ, ਜਿਸ ਵਿੱਚ ਸੱਤਾ ਦਾ ਖੁੱਲ੍ਹਾ ਦੁਰਉਪਯੋਗ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇੱਕ ਇਮਾਨਦਾਰ ਅਧਿਕਾਰੀ ਨੂੰ ਲਗਾਤਾਰ ਮਾਨਸਿਕ ਅਤੇ ਸਰੀਰਕ ਤੌਰ 'ਤੇ ਤੰਗ ਕੀਤਾ ਗਿਆ, ਜਿਸ ਕਾਰਨ ਉਹ ਟੁੱਟ ਗਿਆ।ਉਨ੍ਹਾਂ ਕਿਹਾ ਕਿ ਮਾਮਲਾ ਫੂਡ ਕਾਰਪੋਰੇਸ਼ਨ ਨਾਲ ਸੰਬੰਧਤ ਵੇਅਰਹਾਊਸ ਟੈਂਡਰਾਂ ਨਾਲ ਜੁੜਿਆ ਹੋਇਆ ਹੈ, ਜੋ ਅੰਮ੍ਰਿਤਸਰ ਅਤੇ ਤਰਨਤਾਰਨ ਵਿੱਚ ਜਾਰੀ ਕੀਤੇ ਗਏ ਸਨ।ਦੋਸ਼ ਹੈ ਕਿ ਮੰਤਰੀ ਭੁੱਲਰ ਨੇ ਆਪਣੇ ਪਿਤਾ ਦੇ ਨਾਮ 'ਤੇ ਟੈਂਡਰ ਦਾਖਲ ਕਰਕੇ ਆਪਣੀ ਜ਼ਮੀਨ ਨੂੰ ਫਾਇਦਾ ਪਹੁੰਚਾਉਣ ਦੀ ਕੋਸ਼ਿਸ਼ ਕੀਤੀ, ਜਦੋਂ ਟੈਂਡਰ ਕਿਸੇ ਹੋਰ ਵਿਅਕਤੀ ਨੂੰ ਮਿਲ ਗਿਆ ਤਾਂ ਜ਼ਿਲ੍ਹਾ ਮੈਨੇਜਰ ਗਗਨਦੀਪ ਸਿੰਘ ਰੰਧਾਵਾ ਨੂੰ ਕਥਿਤ ਤੌਰ 'ਤੇ ਬੁਲਾ ਕੇ ਬੇਇੱਜ਼ਤ ਕੀਤਾ ਗਿਆ, ਮਾਰਕੁੱਟ ਕੀਤੀ ਗਈ ਅਤੇ ਇਸ ਘਟਨਾ ਦੀ ਵੀਡੀਓ ਵੀ ਬਣਾਈ ਗਈ।ਔਜਲਾ ਨੇ ਦਾਅਵਾ ਕੀਤਾ ਕਿ ਇਸ ਤੋਂ ਬਾਅਦ ਅਧਿਕਾਰੀ ਨੂੰ ਲਗਾਤਾਰ ਧਮਕੀਆਂ ਮਿਲਦੀਆਂ ਰਹੀਆਂ ਜਿਸ ਕਾਰਨ ਅਧਿਕਾਰੀ ਲਗਾਤਾਰ ਮਾਨਸਿਕ ਤਣਾਅ ਅਤੇ ਡਿਪ੍ਰੈਸ਼ਨ ਵਿੱਚ ਚਲਾ ਗਿਆ ਸੀ।ਉਸਨੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਥਾਂ ਭੇਜ ਦਿੱਤਾ ਅਤੇ ਡਰ ਦੇ ਸਾਏ ਹੇਠ ਜੀ ਰਿਹਾ ਸੀ।ਅੰਤ ਵਿੱਚ ਉਸਨੇ ਜ਼ਹਿਰ ਖਾ ਕੇ ਆਪਣੀ ਜੀਵਨਲੀਲਾ ਸਮਾਪਤ ਕਰ ਲਈ।ਸ੍ਰੀ ਔਜਲਾ ਨੇ ਦੋ ਟੂਕ ਕਿਹਾ ਕਿ ਇਸ ਮਾਮਲੇ ਵਿੱਚ ਸਿਰਫ਼ ਅਸਤੀਫਾ ਕਾਫ਼ੀ ਨਹੀਂ, ਸਗੋਂ ਮੰਤਰੀ ਖ਼ਿਲਾਫ਼ ਕਤਲ ਦਾ ਕੇਸ ਦਰਜ ਹੋਣਾ ਚਾਹੀਦਾ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਨਿਰਪੱਖ ਕਾਰਵਾਈ ਨਾ ਕੀਤੀ, ਤਾਂ ਕਾਂਗਰਸ ਇਸ ਮੁੱਦੇ 'ਤੇ ਪੂਰੇ ਪੰਜਾਬ ਵਿੱਚ ਵੱਡਾ ਅੰਦੋਲਨ ਖੜ੍ਹਾ ਕਰੇਗੀ।

## ਸ਼ਹੀਦਾਂ ਦੇ ਮਾਰਗ ਦਰਸ਼ਨ 'ਤੇ ਚੱਲ ਕੇ ਮੁੜ ਰੰਗਲੇ ਪੰਜਾਬ ਦੀ ਸਿਰਜਣਾ ਮਾਨ ਸਰਕਾਰ ਦਾ ਇੱਕੋ-ਇੱਕ ਪ੍ਰਮੁੱਖ ਏਜੰਡਾ: ਧਾਲੀਵਾਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)—ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਦੀ ਅਗਵਾਈ ਵਾਲੀ ਸੂਬਾ ਮਾਨ ਸਰਕਾਰ ਤੇ ਆਮ ਆਦਮੀ ਪਾਰਟੀ ਦੀ ਪੰਜਾਬ ਇਕਾਈ ਦਾ ਅੱਜ ਦੇਸ਼ ਦੀ ਏਕਤਾ ਦੀ ਮਜ਼ਬੂਤੀ ਅਤੇ ਪੰਜਾਬ ਦੀਆਂ ਸਾਬਕਾ ਕਾਂਗਰਸ, ਅਕਾਲੀ, ਭਾਜਪਾ ਸਰਕਾਰਾਂ ਵਲੋਂ ਕਥਿਤ ਲੋਕ ਮਾਰੂ ਤੇ ਲੁੱਟ ਖਸੁੱਟ ਨੀਤੀਆਂ ਅਪਨਾ ਕੇ ਸੋਨੇ ਦੀ ਚਿੜੀ ਕਹਾਉਂਦੇ ਪੰਜਾਬ ਦੀ ਕੀਤੀ ਦੁਰਗਤੀ ਦੀਆਂ ਅਲਾਮਤਾਂ ਨੂੰ ਨਿਵਿਰਤ ਕਰਕੇ ਰੰਗਲਾ ਪੰਜਾਬ ਦੀ ਮੁੜ ਸਿਰਜਣਾ ਹੀ ਇਕੋ ਇਕ ਪ੍ਰਮੁੱਖ ਏਜੰਡਾ ਹੈ।ਸ. ਧਾਲੀਵਾਲ ਪਾਰਟੀ ਦੇ ਹਲਕਾ ਪੱਧਰੀ ਮੁੱਖ ਦਫਤਰ ਅਜਨਾਲਾ ਵਿਖੇ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਹਿਰੀ ਪ੍ਰਧਾਨ ਤੇ ਚੇਅਰਮੈਨ ਅਮਿਤ ਔਲ ਦੀ ਅਗਵਾਈ 'ਚ ਕਰਵਾਏ ਗਏ ਸਮਾਗਮ ਨੂੰ ਬਤੌਰ ਮੁੱਖ ਮਹਿਮਾਨ ਵੱਜੋਂ ਸੰਬੋਧਨ ਕਰ ਰਹੇ ਸਨ।ਸਮਾਗਮ 'ਚ ਸ਼ਾਮਲ ਹੋਣ ਮੌਕੇ ਇਨਕਲਾਬੀ ਨਾਅਰਿਆਂ ਦੀ ਗੂੰਜ 'ਚ ਧਾਲੀਵਾਲ ਸਮੇਤ ਸਮਾਗਮ 'ਚ ਮੌਜੂਦ ਪ੍ਰਮੁੱਖ ਆਹੁਦੇਦਾਰਾਂ ਵੱਲੋਂ



ਸ਼ਹੀਦੇ ਆਜ਼ਮ ਭਗਤ ਸਿੰਘ ਦੇ ਫੋਟੋ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾਂ ਸੱਦਾ ਦਿੱਤਾ ਕਿ ਪੰਜਾਬ ਸਮੇਤ ਦੇਸ਼ ਵਾਸੀ ਸ਼ਹੀਦੇ ਆਜ਼ਮ ਭਗਤ ਸਿੰਘ ਸਮੇਤ ਅਣਗਿਣਤ ਦੇਸ਼ ਭਗਤਾਂ ਦੀ ਸੋਚ ਦੇ ਵਾਰਿਸ ਬਣਨ ਲਈ ਅੱਗੇ ਆਉਣ ਕਿਉਂਕਿ ਦੇਸ਼ ਭਗਤਾਂ ਵੱਲੋਂ ਆਪਣੀਆਂ ਜਾਨਾਂ ਦੀ ਅਹੂਤੀ ਦੇ ਕੇ ਅਜ਼ਾਦ ਕਰਵਾਇਆ ਗਿਆ ਭਾਰਤ ਫਿਰ ਸਾਮਰਾਜਵਾਦ ਦੇ ਕੋਝੇ ਮਨਸੂਬਿਆਂ ਕਾਰਣ ਰਾਜਨੀਤਿਕ, ਸਮਾਜਿਕ , ਸਭਿਆਚਾਰਕ ਤੇ ਆਰਥਿਕ ਤੌਰ ਤੇ ਸਾਮਰਾਜ ਦੇ ਮੁੱਖ ਅੱਡੇ ਅਮਰੀਕਾ ਅੱਗੇ ਗਹਿਣੇ ਪਾਉਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ ਜਿਸ ਵਿੱਚ ਇਕ ਪ੍ਰਮੁੱਖ ਕੋਸ਼ਿਸ਼ ਵਜੋਂ ਅਮਰੀਕਾ ਵਲੋਂ ਭਾਰਤ ਦੀਆਂ ਵਸਤਾਂ ਤੇ ਠੋਕੇ ਗਏ 18 ਫੀਸਦੀ ਟੈਰਿਫ ਦੇ ਮੁਕਾਬਲੇ ਅਮਰੀਕਾ ਨੂੰ ਭਾਰਤ 'ਚ ਖੇਤੀ ਅਧਾਰਿਤ ਤੇ ਹੋਰ ਆਪਣੀਆਂ ਵਸਤਾਂ ਵੇਚਣ ਲਈ ਜ਼ੀਰੋ ਟੈਰਿਫ ਦੀ ਖੁੱਲ੍ਹ ਦੇਣ ਲਈ ਪ੍ਰਧਾਨ ਮੰਤਰੀ ਮੋਦੀ ਦੀ ਸਰਕਾਰ ਵਲੋਂ ਬਕਾਇਦਾ ਅਮਰੀਕਾ-ਭਾਰਤ ਵਪਾਰ ਸਮਝੌਤਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਮਹਾਨ ਆਜ਼ਾਦੀ ਸੰਗਰਾਮੀਏ ਸ਼ਹੀਦੇ ਆਜ਼ਮ ਭਗਤ ਸਿੰਘ ਸਮੇਤ ਹੋਰ ਕੌਮੀ ਸ਼ਹੀਦਾਂ ਵਲੋਂ ਲਏ ਗਏ ਸੁਪਨਿਆਂ 'ਚੋਂ ਮੁੱਖ ਸਿੱਖਿਆ, ਸਿਹਤ ਤੇ ਰੁਜਗਾਰ ਸੁਪਨੇ ਨੂੰ ਸਾਕਾਰ ਕਰਨ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਚਨਬੱਧ ਹਨ ਅਤੇ ਇਸੇ ਵਚਨਬੱਧਤਾ ਤਹਿਤ ਸਿੱਖਿਆ, ਸਿਹਤ ਤੇ ਰੁਜਗਾਰ ਦੀ ਕ੍ਰਾਂਤੀ ਲਿਆ ਕੇ ਲੋਕਾਂ ਦਾ ਜੀਵਨ ਪੱਧਰ ਉਚਾ ਚੁੱਕਿਆ ਜਾ ਰਿਹਾ ਹੈ। ਸ. ਧਾਲੀਵਾਲ ਨੇ ਐਲਾਨ ਦੁਹਰਾਇਆ ਕਿ ਜਲਦੀ ਹੀ ਅਜਨਾਲਾ ਵਿਖੇ ਮਾਝਾ ਵਿਰਾਸਤ ਟਰੱਸਟ ਤੇ ਨਗਰ ਪੰਚਾਇਤ ਅਜਨਾਲਾ ਦੇ ਸਹਿਯੋਗ ਨਾਲ ਸ਼ਹੀਦੇ ਆਜ਼ਮ ਭਗਤ ਸਿੰਘ ਦਾ ਆਦਮ ਕੱਦ ਬੁੱਤ ਸਥਾਪਿਤ ਕੀਤਾ ਜਾਵੇਗਾ। ਜਿਸ ਵਾਸਤੇ ਬਕਾਇਦਾ ਸਥਾਨ ਦੀ ਚੋਣ ਕਰਨ ਲਈ ਪ੍ਰਕਿਰਿਆ ਜਾਰੀ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਉਪ ਚੇਅਰਮੈਨ ਗੀਤਾ ਗਿੱਲ, ਸ਼ਹਿਰੀ ਪ੍ਰਧਾਨ ਅਮਿਤ ਔਲ, ਸਾਬਕਾ ਕੌਂਸਲਰ ਬਲਜਿੰਦਰ ਸਿੰਘ ਮਾਹਲ, ਸਾਬਕਾ ਕੌਂਸਲਰ ਸੁਰਿੰਦਰ ਬੱਬੂ ਮਹਾਜਨ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ, ਕੌਂਸਲਰ ਅਵਿਨਾਸ਼ , ਕੌਂਸਲਰ ਰਾਜਬੀਰ ਕੌਰ ਚਾਹਲ, ਤੇ ਉਨ੍ਹਾਂ ਦੇ ਪਤੀ ਯੁਵਾ ਆਗੂ ਸ਼ਿਵ ਚਾਹਲ, ਐਡਵੋਕੇਟ ਸੰਦੀਪ ਕੌਸ਼ਲ ਗੱਟੂ, ਜ਼ਿਲ੍ਹਾ ਯੋਜਨਾ ਬੋਰਡ ਮੈਂਬਰ ਹਰਪ੍ਰੀਤ ਸਿੰਘ ਸੋਹਲ, ਸੁਖਦਿਆਲ ਸਿੰਘ ਭੱਖਾ, ਸਾਬਕਾ ਡਾਇਰੈਕਟਰ ਦਲਬੀਰ ਘੁੱਲ੍ਹੀ, ਦਿਲਬਾਗ ਘੁੱਲ੍ਹੀ, ਆਦਿ ਆਗੂਆਂ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ।

# ਆਰ ਐੱਮ ਪੀ ਆਈ ਨੇ ਚੇਤਨਪੁਰਾ 'ਚ ਸ਼ਹੀਦੀ ਦਿਹਾੜਾ ਮਨਾਇਆ

ਚੇਤਨਪੁਰਾ ( ਸੁਖਵੰਤ ਚੇਤਨਪੁਰੀ)-ਸ਼ਹੀਦ ਭਗਤ ਸਿੰਘ ਤੇ ਬਹੁਤ ਹੀ ਕਰੀਬੀ ਸਾਥੀ ਇਨਕਲਾਬੀ ਲਹਿਰਾਂ ਦੇ ਮੋਢੀ ਕਾਮਰੇਡ ਸੋਹਨ ਸਿੰਘ ਜੋਸ਼ ਦੇ ਜੱਦੀ ਪਿੰਡ ਚੇਤਨਪੁਰਾ ਵਿਖੇ ਸ਼ਹੀਦ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ।ਸੰਯੁਕਤ ਕਿਸਾਨ ਮੋਰਚਾ ਅਤੇ ਭਾਰਤ ਦੀਆਂ ਮਜ਼ਦੂਰ ਮੁਲਾਜ਼ਮ ਟਰੇਡ ਯੂਨੀਅਨ ਵੱਲੋਂ ਪੂਰੇ ਦੇਸ਼ ਵਿੱਚ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦਾ ਸ਼ਹੀਦੀ ਦਿਹਾੜਾ ਸਾਮਰਾਜ ਵਿਰੋਧੀ ਕਾਰਪੋਰੇਟ ਵਿਰੋਧੀ ਸਮਰਪਤ ਵਜੋਂ ਮਨਾਇਆ ਗਿਆ ਹੈ, ਜਿਸ ਤਹਿਤ ਪਿੰਡ ਚੇਤਨਪੁਰਾ ਵਿਖੇ ਜਮਹੂਰੀ ਕਿਸਾਨ ਸਭਾ ਅਤੇ ਜਨਤਕ ਜਥੇਬੰਦੀਆਂ ਵੱਲੋਂ ਦੇਸ਼ ਭਗਤ ਬਲਕਾਰ ਸਿੰਘ ਕੰਦੋਵਾਲੀ ਦੀ ਪ੍ਰਧਾਨਗੀ ਵਿੱਚ ਸ਼ਹੀਦਾਂ ਦੀ ਯਾਦ ਵਿੱਚ ਦਿਹਾੜਾ ਮਨਾਇਆ ਗਿਆ। ਇਸ ਮੌਕੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਆਗੂ ਕੁਲਵੰਤ ਸਿੰਘ ਮੱਲੂ ਨੰਗਲ ਅਤੇ ਟਹਿਲ ਸਿੰਘ ਚੇਤਨਪੁਰਾ ਨੇ ਕਿਹਾ ਕਿ ਮੋਦੀ ਸਰਕਾਰ ਅਮਰੀਕਾ ਸਾਮਰਾਜ ਅਤੇ ਦੇਸ਼ ਦੇ ਵੱਡੇ ਪੂੰਜੀਪਤੀ ਅੰਡਾਨੀਆ ਅੰਬਾਨੀਆਂ ਅੱਗੇ ਗੋਡੇ ਟੇਕ ਗਈ ਹੈ ਅਤੇ ਦੇਸ਼ ਦੇ ਗਰੀਬ ਲੋਕਾਂ ਦੇ ਖਿਲਾਫ ਫੈਸਲੇ ਕਰ ਰਹੀ ਹੈ ਜਿਸ ਦੇ ਪ੍ਰਮੁੱਖ ਕਾਨੂੰਨ ਬਿਜਲੀ ਸੋਧ ਬਿਲ 2025 ਸੀਡ ਬਿੱਲ ਅਤੇ ਅਮਰੀਕਾ ਨਾਲ ਖੇਤੀ ਵਸਤਾਂ ਅਤੇ ਖਾਦ ਪਦਾਰਥ ਬਿਨਾਂ ਟੈਕਸ ਦੇ ਸਮਝੌਤੇ ਕਰਨ ਦੀ ਕਾਹਲੀ ਵਿੱਚ ਹੈ ਜਿਸ ਦਾ ਵਿਰੋਧ ਪੂਰੇ ਭਾਰਤ ਵਿੱਚ ਸੰਘਰਸ਼ਸ਼ੀਲ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਹੋਰ ਮਿਹਨਤਕਸ਼ ਲੋਕ ਕਰ ਰਹੇ ਹਨ ਜਿਸ ਤਹਿਤ ਸੰਯੁਕਤ ਕਿਸਾਨ ਮੋਰਚਾ ਭਾਰਤ ਵੱਲੋਂ ਅੱਜ ਦਾ



ਦਿਨ ਸਾਮਰਾਜੀ ਅਤੇ ਕਾਰਪੋਰੇਟ ਵਿਰੋਧੀ ਮਨਾਇਆ ਗਿਆ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਚੇਤਾਵਨੀ ਦਿੱਤੀ ਹੈ ਕਿ ਜੇ ਇਹ ਸਮਝੌਤੇ ਜਾਂ ਬਿੱਲ ਲਾਗੂ ਕੀਤੇ ਤਾਂ ਉਸ ਦਿਨ ਪੂਰੇ ਭਾਰਤ ਵਿੱਚ ਕਾਲੇ ਦਿਵਸ ਵਜੋਂ ਮਨਾਇਆ ਜਾਵੇਗਾ। ਇਸ ਮੌਕੇ ਇੱਕ ਮਤਾ ਪਾਸ ਕੀਤਾ ਗਿਆ ਕਿ 29 ਮਾਰਚ ਨੂੰ ਜੰਡਿਆਲਾ ਵਿਖੇ ਵੱਡਾ ਇਕੱਠ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਇਨ੍ਹਾਂ ਮੁੱਦਿਆਂ ਉਤੇ ਕੀਤਾ ਜਾ ਰਿਹਾ ਹੈ, ਜਿਸ ਵਿੱਚ ਸੈਂਕੜੇ ਕਿਸਾਨ ਮਜ਼ਦੂਰ ਅਤੇ ਹੋਰ ਮਿਹਨਤ ਕਸ਼ ਲੋਕ ਇਸ ਇਲਾਕੇ ਵਿੱਚੋਂ ਸ਼ਾਮਿਲ ਹੋਣਗੇ। ਇਸ ਮੌਕੇ ਗੁਰਜੀਤ ਸਿੰਘ ਦਬੁਰਜੀ, ਨਿਰੰਜਨ ਸਿੰਘ ਦਬੁਰਜੀ, ਚੰਦ ਸਿੰਘ ਜੰਗ ਸਿੰਘ ਦਬੁਰਜੀ, ਜੋਗਾ ਸਿੰਘ ਸੰਤੂ ਨੰਗਲ, ਅਮਰਜੀਤ ਸਿੰਘ ਚੇਤਨਪੁਰਾ, ਦਲਜੀਤ ਸਿੰਘ ਚੇਤਨਪੁਰਾ, ਸੁਰਪਿੰਦਰ ਸਿੰਘ, ਬਾਬਾ ਦਲੇਰ ਸਿੰਘ ਚੇਤਨਪੁਰਾ, ਸਤਪਾਲ ਸਿੰਘ ਫੌਜੀ, ਮਨਜੀਤ ਸਿੰਘ ਅਤੇ ਅਜੀਤ ਸਿੰਘ ਚੇਤਨਪੁਰਾ ਹਾਜ਼ਰ ਸਨ।

# ਸ਼ਹੀਦ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਸਾਮਰਾਜ ਵਿਰੋਧੀ ਦਿਵਸ 'ਤੇ ਰੈਲੀ

ਬਟਾਲਾ (ਤਰਲੋਕ ਬੱਗਾ)-ਇਥੇ ਟਰੇਡ ਯੂਨੀਅਨ, ਮਜ਼ਦੂਰ-ਕਿਸਾਨ ਅਤੇ ਮੁਲਾਜ਼ਮ ਜਥੇਬੰਦੀਆਂ ਵੱਲੋਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਸਾਮਰਾਜ ਵਿਰੋਧੀ ਦਿਵਸ ਰੈਲੀ ਸ਼ਹੀਦ ਸੁੱਖਾ ਸਿੰਘ ਮਹਿਤਾਬ ਸਿੰਘ ਪਾਰਕ ਵਿਖੇ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਰਤੀ ਲੋਕ ਸ਼ਹੀਦਾਂ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ ਕਰਨ ਪਹੁੰਚੇ।ਰੈਲੀ ਨੂੰ ਸੰਬੋਧਨ ਕਰਦਿਆਂ ਰਾਜ ਗੁਰਵਿੰਦਰ ਸਿੰਘ ਲਾਡੀ ਘੁਮਾਣ, ਸ਼ਮਸ਼ੇਰ ਸਿੰਘ ਨਵਾਂ ਪਿੰਡ, ਰਘਬੀਰ ਸਿੰਘ ਪਕੀਵਾਂ, ਰਣਬੀਰ ਸਿੰਘ ਵਿਰਕ, ਬਲਵਿੰਦਰ ਸਿੰਘ ਰਾਜੂ ਔਲਖ, ਲਖਵਿੰਦਰ ਸਿੰਘ ਮਰੜ੍ਹ, ਕਰਨੈਲ ਸਿੰਘ ਸ਼ੇਰਪੁਰ, ਗੁਰਪ੍ਰੀਤ ਸਿੰਘ ਛੀਨਾ, ਨਰਿੰਦਰ ਸਿੰਘ ਕੋਟਲਾ ਬਾਮਾ, ਜਰਨੈਲ ਸਿੰਘ,ਜਨਕ ਰਾਜ ਅਹਿਮਦਾਬਾਦ, ਗੁਲਜ਼ਾਰ ਸਿੰਘ ਭੁੰਬਲੀ, ਬਚਨ ਸਿੰਘ ਭੰਬੋਈ, ਸੁਰਜੀਤ ਸਿੰਘ ਘੁਮਾਣ, ਜਗਤਾਰ ਸਿੰਘ ਖੁੰਡਾਂ, ਬਲਵਿੰਦਰ ਸਿੰਘ ਸਾਬਕਾ ਸੈਨਿਕ, ਅਵਤਾਰ ਸਿੰਘ ਠੱਠਾ, ਗੁਰਵੇਲ ਸਿੰਘ ਬੱਲਪੁਰੀਆ, ਪ੍ਰਿੰਸੀਪਲ ਗੁਰਬਖ਼ਸ਼ ਸਿੰਘ ਘੁਮਾਣ, ਸ਼ੇਰੇ ਪੰਜਾਬ ਸਿੰਘ ਕਾਹਲੋਂ, ਹਰਜਿੰਦਰ ਸਿੰਘ ਵਡਾਲਾ ਬਾਂਗਰ, ਸੋਮ ਸਿੰਘ, ਪ੍ਰਗਟ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਅਤੇ ਉਨ੍ਹਾਂ ਦੇ ਅਨੇਕਾਂ ਸਾਥੀਆਂ ਨੇ ਸਾਮਰਾਜਵਾਦ ਦੇ ਖਿਲਾਫ ਲਹੂ ਵੀਟਵਾਂ ਸੰਘਰਸ਼ ਲੜਿਆ, ਫਾਂਸੀਆਂ ਦੇ ਰੱਸਿਆਂ ਨੂੰ ਚੁੰਮਿਆ, ਕਾਲੇ ਪਾਣੀਆਂ ਦੀਆਂ ਸਜ਼ਾਵਾਂ ਕੱਟੀਆਂ ਅਤੇ ਦੇਸ਼ ਨੂੰ ਆਜ਼ਾਦ ਕਰਾਇਆ।ਉਨ੍ਹਾਂ ਕਿਹਾ ਕਿ ਆਰਐੱਸਐੱਸ ਦੇ ਇਸ਼ਾਰਿਆਂ ਤੇ ਚੱਲ ਰਹੀ ਬੀਜੇਪੀ ਦੀ ਸਰਕਾਰ ਦੇਸ਼ ਨੂੰ ਸਾਮਰਾਜੀ ਮੁਲਕ ਅਮਰੀਕਾ ਅੱਗੇ ਗੋਡੇ ਟੇਕ ਕੇ ਲੋਕ ਅਤੇ ਦੇਸ਼ ਵਿਰੋਧੀ ਸਮਝੌਤੇ ਕਰ ਰਹੀ ਹੈ ਅਤੇ ਕਾਰਪਰੇਟ ਘਰਾਣਿਆਂ ਨੂੰ ਫਾਇਦੇ ਦੇਣ ਲਈ ਬੀਜ ਬਿੱਲ, ਬਿਜਲੀ ਸੋਧ ਬਿੱਲ 2025, ਐੱਮ ਐੱਸ ਪੀ ਗਾਰੰਟੀ ਕਾਨੂੰਨ ਨਾ ਬਣਾਉਣਾ, ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿਚ ਤਬਦੀਲ ਕਰਨਾ, ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵੀ ਬੀ ਜੀ ਰਾਮ ਕਾਨੂੰਨ ਬਣਾਉਣਾ, ਕਿਸਾਨਾਂ-ਮਜ਼ਦੂਰਾ ਦਾ ਕਰਜ਼ਾ ਮੁਆਫ਼ ਨਾ ਕਰਨਾ, ਕੱਚੇ ਕਾਮੇ ਪੱਕੇ ਨਾ ਕਰਨਾ ਆਦਿ ਅਤੇ ਹੋਰ ਲੋਕ ਮਾਰੂ ਸਮਝੌਤੇ ਕੀਤੇ ਜਾ ਰਹੇ ਹਨ।ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਵੀ ਬੀਜੇਪੀ ਸਰਕਾਰ ਦੀਆਂ ਨੀਤੀਆਂ ਤੇ ਚੱਲ ਰਹੀ ਹੈ ਅਤੇ ਨਸ਼ੇ ਗੈਂਗਸਟਰਵਾਦ, ਕਤਲੋਗਾਰਤ, ਲੁੱਟਾਂ ਖੋਹਾਂ ਨੂੰ ਬੜਾਵਾ ਦੇਣ ਲਈ ਪੁਲਸ ਨੂੰ ਖੁੱਲ੍ਹੀਆਂ ਛੁੱਟੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ।ਇਸ ਮੌਕੇ ਨਿਸ਼ਾਨ ਸਿੰਘ ਜੌੜਾ ਸਿੰਘਾ, ਬਲਰਾਜ ਸਿੰਘ, ਜਸਵਿੰਦਰ ਸਿੰਘ ਕੈਲੇ ਕਲਾਂ, ਹਰਭਜਨ ਸਿੰਘ ਆਦਿ ਹਾਜ਼ਰ ਸਨ।



# ਭਗਤ ਸਿੰਘ ਦਾ ਸ਼ਹੀਦੀ ਦਿਵਸ ਸਾਮਰਾਜ ਦੇ ਵਿਰੋਧ ਵਜੋਂ ਮਨਾਇਆ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਸੰਯੁਕਤ ਕਿਸਾਨ ਮੋਰਚੇ ਤੇ ਵੱਖ ਵੱਖ ਟਰੇਡ ਯੂਨੀਅਨਾਂ ਦੇ ਸਾਂਝੇ ਸੱਦੇ ਤੇ ਸਥਾਨਕ ਬੱਸ ਸਟੈਂਡ ਤੇ ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦਾ ਸ਼ਹੀਦੀ ਦਿਨ ਸਾਮਰਾਜਵਾਦ ਵਿਰੋਧ ਦੇ ਤੌਰ ਤੇ ਮਨਾਇਆ। ਇਸ ਮੌਕੇ ਤੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ,ਮੁਲਾਜ਼ਮ, ਮਜ਼ਦੂਰ ਆਗੂਆਂ ਨੇ ਕਿਹਾ ਕਿ ਅੱਜ ਦੇਸ਼ ਪੱਧਰ ਤੇ ਸ਼ਹੀਦਾਂ ਦਾ ਸ਼ਹੀਦੀ ਦਿਨ ਸਾਮਰਾਜਵਾਦ ਦੇ ਵਿਰੋਧ ਵਿੱਚ ਮਨਾਇਆ ਜਾ ਰਿਹਾ ਹੈ।ਜੋ ਸੁਪਨੇ ਸ਼ਹੀਦਾਂ ਨੇ ਦੇਸ਼ ਨੂੰ ਆਜ਼ਾਦ ਕਰਵਾਉਣ ਤੋਂ ਪਹਿਲਾਂ ਲਏ ਸਨ ਅੱਜ ਕੇਂਦਰ ਦੀ ਮੋਦੀ ਸਰਕਾਰ ਉਹਨਾਂ ਸੁਪਨਿਆਂ ਨੂੰ ਨਕਾਰ ਕੇ ਅਮਰੀਕਾ ਸਾਮਰਾਜਵਾਦ ਨਾਲ ਭਾਈਵਾਲੀ ਪਾ ਰਹੀ ਹੈ। ਆਗੂਆਂ ਨੇ ਕਿਹਾ ਕਿ ਅਮਰੀਕਾ ਦਾ ਮੁਖੀ ਟਰੰਪ ਛੋਟੇ ਮੁਲਕਾਂ ਸਮੇਤ ਦੇਸ਼ ਭਰ ਦੇ ਮੁਲਕਾਂ ਨੂੰ ਆਪਣੀ ਮੁੱਠੀ ਵਿੱਚ ਬੰਦ ਕਰਕੇ ਉਹਨਾਂ ਦੇ ਕੁਦਰਤੀ ਸਾਧਨਾਂ ਤੇ ਵੱਡਾ ਹਮਲਾ ਕਰ ਰਿਹਾ ਹੈ।ਜਿਸ ਦੀ ਮਿਸਾਲ ਪਹਿਲਾਂ ਸਮਾਜਵਾਦੀ ਦੇਸ਼ ਵੈਨਜ਼ੂਏਲਾ ਦੇ ਰਾਸ਼ਟਰਪਤੀ ਦੇ ਉਸ ਦੀ ਪਤਨੀ ਨੂੰ ਟਰੰਪ ਆਪਣੇ ਦੇਸ਼ ਲੈ ਗਿਆ, ਇਜ਼ਰਾਇਲ ਨਾਲ ਮਿਲ ਕੇ ਫਲਸਤੀਨ ਵਿੱਚ ਗਾਜ਼ਾ ਲੋਕਾਂ ਦਾ ਵੱਡੇ ਪੱਧਰ ਤੇ ਘਾਣ ਕੀਤਾ ਤੇ ਹੁਣ ਇਰਾਨ ਤੇ ਜੰਗ ਥੋਪ ਦਿੱਤੀ ਹੈ। ਜਿਸ ਨਾਲ ਵੱਡੇ ਪੱਧਰ ਤੇ ਇਰਾਨ ਦੇ ਲੋਕਾਂ ਨੂੰ ਮੌਤ ਦੇ ਘਾਟ ਉਤਾਰਿਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਅਮਰੀਕਾ ਆਪਣੀਆਂ ਚਾਲਾਂ ਤੋਂ ਬਾਜ ਆਵੇ। ਇਸ ਮੌਕੇ ਤੇ ਸੁਰਜੀਤ ਸਿੰਘ ਢੇਰ, ਗੁਰਨਾਮ ਸਿੰਘ ਔਲਖ, ਜੈਮਲ ਸਿੰਘ ਭੜੀ, ਤਰਸੇਮ ਲਾਲ ਬੜਵਾ ,ਦਵਿੰਦਰ ਨੰਗਲੀ, ਜਸਵਿੰਦਰ ਸਿੰਘ ਭੰਗਲ,ਰਕੇਸ਼ ਬਾਲੀ ਕਲਸੇੜਾ,ਭਾਗ ਸਿੰਘ,ਤਿਲਕ ਰਾਜ,ਮਦਨ ਗੋਪਾਲ, ਸੰਤੋਖ ਸਿੰਘ ਰੋਲੀ, ਚਰਨ ਦਾਸ, ਨਰਿੰਦਰ ਸਿੰਘ ਮਾਵੀ, ਸ਼ਮਸ਼ੇਰ ਸਿੰਘ ਸ਼ੇਰਾ, ਮਾਸਟਰ ਵੀਰ ਸਿੰਘ, ਕਰਨੈਲ ਸਿੰਘ ਰੱਕੜ ਨੇ ਜੁੜੇ ਇਕੱਠ ਨੂੰ ਸੰਬੋਧਨ ਕੀਤਾ। ਬੱਸ ਸਟੈਂਡ ਤੋਂ ਪੈਦਲ ਮਾਰਚ ਕਰਦੇ ਹੋਏ ਕਿਸਾਨ ਮਜ਼ਦੂਰ ਮੁਲਾਜ਼ਮ ਕਲਗੀਧਰ ਮਾਰਕੀਟ,ਗੋਲ ਮਾਰਕੀਟ, ਰਵਿਦਾਸ ਚੌਂਕ ਤੋਂ ਮਾਰਚ ਕਰਦੇ ਕਚਹਿਰੀ ਰੋਡ ਦੇ ਟੀ ਪੁਆਇੰਟ ਤੇ ਟਰੰਪ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਬਰਜਿੰਦਰ ਸਿੰਘ ਡੋਡ, ਇੰਦਰਜੀਤ ਸਿੰਘ ਫੌਜੀ, ਗੁਰਦਿਆਲ ਸਿੰਘ ਅਟਵਾਲ, ਚੋਧਰੀ ਵਰਿੰਦਰ ਸਿੰਘ, ਪਰਮਜੀਤ ਸਿੰਘ ਕਾਕੂ, ਸੂਬੇਦਾਰ ਗੁਰਨਾਮ ਸਿੰਘ ਭੰਗਲ, ਕੁਲਵਿੰਦਰ ਸਿੰਘ ਭੰਗਲ, ਰਾਮਪਾਲ ਤਾਰਾਪੁਰ,ਗੁਲਜਾਰ ਸਿੰਘ,ਸੇਵਾ ਸਿੰਘ , ਹਰਵੰਤ ਸਿੰਘ, ਰਿਸ਼ੀ ਕੋਟਲਾ, ਹਰਪਾਲ ਸਿੰਘ ਮੌੜਾ, ਬਲਦੇਵ ਸਿੰਘ ਅਟਵਾਲ, ਜਸਵੀਰ ਸਿੰਘ ਸੋਨੀ ਮਜਾਰਾ,ਸੋਹਣ ਸਿੰਘ ਡੋਡ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਪਾਸ਼ ਦੀ ਧਰਤੀ ਤੋਂ ਈਰਾਨੀ ਲੋਕਾਂ ਦੇ ਹੱਕ 'ਚ ਗੂੰਜੇ ਨਾਅਰੇ

## ਸੀਸ ਤਲੀ 'ਤੇ ਅਤੇ ਇਨਕਲਾਬ ਜ਼ਿੰਦਾਬਾਦ ਨਾਟਕ ਖੇਡੇ ਗਏ

**ਸ਼ਾਹਕੋਟ (ਗਿਆਨ ਸੈਦਪੁਰੀ)**

ਚੋਟੀ ਦੇ ਇਨਕਲਾਬੀ ਕਵੀ ਅਵਤਾਰ ਪਾਸ਼ ਤੇ ਉਸ ਦੇ ਦੋਸਤ ਹੰਸਰਾਜ ਦੀ ਸ਼ਹਾਦਤ ਦੀ 38 ਵੀਂ ਬਰਸੀ ਮੌਕ ਅਤੇ ਕੌਮੀ ਮੁਕਤੀ ਲਹਿਰ ਮਹਾਨ ਸ਼ਹੀਦਾਂ ਭਗਤ ਸਿੰਘ ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਮੌਕੇ, ਤਲਵੰਡੀ ਸਲੇਮ ਵਿਖੇ ਸ਼ਹੀਦੀ ਕਾਨਫਰੰਸ ਕੀਤੀ ਗਈ। ਪਾਸ਼ ਹੰਸਰਾਜ ਸ਼ਹੀਦੀ ਯਾਦਗਾਰ ਕਮੇਟੀ ਵਲੋਂ ਕਰਵਾਏ ਗਏ ਇਸ ਸਮਾਗਮ ਦੀ ਸ਼ੁਰੂਆਤ ਈਰਾਨੀ ਲੋਕੋ ਅਸੀਂ ਤੁਹਾਡੇ ਨਾਲ ਹਾਂ, ਅਤੇ ਜੰਗਬਾਜ਼ ਇਜ਼ਰਾਈਲ ਅਮਰੀਕਾ ਮੁਰਦਾਬਾਦ ਦੇ ਨਾਅਰਿਆਂ ਨਾਲ ਹੋਈ, ਡਾਕਟਰ ਨਵਸ਼ਰਨ, ਡਾਕਟਰ ਪਰਮਿੰਦਰ ਸਿੰਘ, ਅਮੋਲਕ ਸਿੰਘ, ਡਾਕਟਰ ਸੁਖਦੇਵ ਸਿੰਘ ਸਿਰਸਾ, ਸ਼ਾਇਰ ਸੁਰਜੀਤ ਜੱਜ, ਬਲਦੇਵ ਸਿੰਘ ਰਹਿਪਾ, ਅਵਤਾਰ ਪਾਸ਼ ਦੀਆਂ ਭੈਣਾਂ ਪਰਮਿੰਦਰ ਕੌਰ ਗਿੱਲ, ਰਾਜਿੰਦਰ ਕੌਰ, ਪਾਸ਼ ਕੌਮਾਂਤਰੀ ਟਰੱਸਟ ਦੇ ਮੈਂਬਰ ਜਗੀਰ ਜੋਸਨ, ਤਰਕਸ਼ੀਲ ਸੁਸਾਇਟੀ ਆਗੂ ਸੁਮੀਤ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਤੇ ਪਾਸ਼ ਹੰਸਰਾਜ ਸ਼ਹੀਦੀ ਯਾਦਗਾਰ ਕਮੇਟੀ ਦੇ ਸਮੂਹ ਮੈਂਬਰਾਂ ਵਲੋਂ ਸਟੇਜ 'ਤੇ ਬੈਨਰ ਲੈ ਕੇ ਸਾਮਰਾਜੀ ਜੰਗਬਾਜ਼ਾਂ ਦਾ ਵਿਰੋਧ ਕੀਤਾ ਗਿਆ ਅਤੇ ਈਰਾਨੀ ਲੋਕਾਂ ਨਾਲ ਜਗਯਹਿਤੀ ਪ੍ਰਗਟ ਕੀਤੀ ਗਈ। ਇਸ ਮੌਕੇ ਬੋਲਦਿਆਂ ਬੁਲਾਰਿਆਂ ਕਿਹਾ ਕਿ ਭਾਰਤੀ ਹਕੂਮਤ ਸਾਮਰਾਜੀ ਲੁਟੇਰਿਆਂ ਅੱਗੇ ਗੋਡੇ ਟੇਕ ਕੇ ਸਾਮਰਾਜੀ ਭਗਤੀ ਕਰ ਰਹੀ ਹੈ। ਉਨ੍ਹਾਂ ਪੰਜਾਬ ਦੀ ਭਗਵੰਤ ਮਾਨ ਨੂੰ ਵੀ ਸਰਕਾਰ ਮੋਦੀ ਸਰਕਾਰ ਦੇ ਪਦਚਿੰਨ੍ਹਾਂ ਤੇ ਚਲ ਰਹੀ ਹੈ ਕਰਾਰ ਦਿੱਤਾ ਗਿਆ ਜੋ ਕਿ ਹਰ ਸੰਘਰਸ਼ੀਲ ਤਬਕੇ ਨੂੰ ਕੁੱਟ ਰਹੀ ਹੈ। ਉਹਨਾਂ ਕਿਹਾ ਕਿ ਕਿਰਤੀ ਲੋਕਾਂ ਦੀ ਮੁਕਤੀ ਸ਼ਹੀਦਾਂ ਦੀ




ਵਿਚਾਰਧਾਰਾ 'ਤੇ ਚਲ ਕੇ ਹੋਣੀ। ਇਸ ਮੌਕੇ ਗੁਰਸ਼ਰਨ ਭਾਅ ਜੀ ਦੇ ਲਿਖੇ ਨਾਟਕ ਸੀਸ ਤਲੀ 'ਤੇ, ਨੂੰ ਨਵਚਿੰਤਨ ਕਲਾ ਮੰਚ ਬਿਆਸ ਵਲੋਂ ਅਤੇ ਇਨਕਲਾਬ ਜ਼ਿੰਦਾਬਾਦ ਨਾਟਕ ਨੂੰ ਮਲਸੀਆਂ ਪਿੰਡ ਦੀਆਂ ਬੱਚੀਆਂ ਵਲੋਂ ਪੇਸ਼ ਕੀਤਾ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਗੁਰਚਰਨ ਸਿੰਘ ਚਾਹਲ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੁਖਵਿੰਦਰ ਬਾਗਪੁਰ, ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ, ਸਟੇਜ ਸੰਚਾਲਨ ਦੀ ਭੂਮਿਕਾ ਕਮੇਟੀ ਦੇ ਕਨਵੀਨਰ ਮੋਹਨ ਲਾਲ ਬੱਲ ਨੇ ਨਿਭਾਈ।

# ਢੇਸੀ ਪਰਵਾਰ ਦਾ ਦੇਸ਼ ਭਗਤ ਯਾਦਗਾਰ ਹਾਲ ਪਹੁੰਚਣ 'ਤੇ ਸਵਾਗਤ

**ਜਲੰਧਰ (ਕੇਸਰ)**-ਢੇਸੀ ਪਰਿਵਾਰ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਦੀ ਉਸਾਰੀ ਲਈ ਹੋਈਆਂ ਮੁੱਢਲੀਆਂ ਉਗਰਾਹੀਆਂ ਦਾ ਰਿਕਾਰਡ ਦੇਸ਼ ਭਗਤ ਯਾਦਗਾਰ ਕਮੇਟੀ ਦੇ ਦਫ਼ਤਰ ਆ ਕੇ ਕਮੇਟੀ ਦੇ ਜਨਰਲ ਸਕੱਤਰ ਕਾ. ਗੁਰਮੀਤ, ਸਹਾਇਕ ਸਕੱਤਰ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ, ਟਰੱਸਟੀ ਕਾ. ਚਰੰਜੀਲਾਲ ਕੰਗਣੀਵਾਲ ਅਤੇ ਰਣਜੀਤ ਸਿੰਘ ਔਲਖ ਨੂੰ ਸੌਂਪਿਆ ਗਿਆ। ਕਾ. ਗੁਰਮੀਤ ਨੇ ਇਸ ਮੌਕੇ ਢੇਸੀ ਪਰਿਵਾਰ ਵੱਲੋਂ ਆਏ ਹਰਭਜਨ ਸਿੰਘ ਢੇਸੀ, ਪਵਿੱਤਰ ਕੌਰ ਢੇਸੀ, ਸਰਦੂਲ ਸਿੰਘ ਢੇਸੀ ਤੇ ਡਾ. ਸ਼ਰਨਜੀਤ ਸਿੰਘ ਢੇਸੀ ਦਾ ਸਵਾਗਤ ਕਰਦਿਆਂ ਉਹਨਾਂ ਵੱਲੋਂ ਇਤਿਹਾਸਕ ਮਹੱਤਵ ਵਾਲੇ ਇਸ ਰਿਕਾਰਡ ਨੂੰ ਸੰਭਾਲ ਕੇ ਰੱਖਣ ਤੇ ਸੁਰੱਖਿਅਤ ਦੇਸ਼ ਭਗਤ ਯਾਦਗਾਰ ਕਮੇਟੀ ਤੀਕਰ ਪਹੁੰਚਾਉਣ ਲਈ ਧੰਨਵਾਦ ਕੀਤਾ। ਵਰਣਨਯੋਗ ਹੈ ਕਿ ਢੇਸੀ ਪਰਵਾਰ ਜਲੰਧਰ ਦੇ ਪਿੰਡ ਕਾਹਨਾ ਢੇਸੀਆਂ ਤੋਂ ਪਿਛਲੇ 65 ਸਾਲ ਤੋਂ ਯੂ.ਕੇ. ਵਿਖੇ ਨਿਵਾਸ ਕਰ ਰਿਹਾ ਹੈ ਅਤੇ ਪੰਜਾਬ ਦੀ ਮਿੱਟੀ ਪ੍ਰਤੀ ਸਨੇਹ ਤੇ ਸਤਿਕਾਰ ਦਾ ਸੰਬੰਧ ਨਿਰੰਤਰ ਬਣਾਈ ਰੱਖ ਰਿਹਾ ਹੈ।



## ਸ਼ਹੀਦ ਭਗਤ ਸਿੰਘ ਤੇ ਸਾਥੀਆਂ ਨੂੰ ਦਿੱਤੀ ਭਾਵਭਿੰਨੀ ਸ਼ਰਧਾਂਜ਼ਲੀ

**ਜਲੰਧਰ**-ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ 'ਤੇ ਅੱਜ ਦੇਸ਼ ਭਗਤ ਯਾਦਗਾਰ ਹਾਲ ਵਿੱਚ ਲਾਇਬ੍ਰੇਰੀ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਯਾਦ ਕਰਦਿਆਂ ਦੇਸ਼ ਦੇ ਆਜ਼ਾਦੀ ਸੰਗਰਾਮ 'ਚ ਉਨ੍ਹਾਂ ਦੀ ਲਾਮਿਸਾਲ ਕੁਰਬਾਨੀ ਅਤੇ ਦੇਣ ਨੂੰ ਸਿਜਦਾ ਕਰਦਿਆਂ ਸ਼ਰਧਾਂਜ਼ਲੀਆਂ ਭੇਂਟ ਕੀਤੀਆਂ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਕਾਮਰੇਡ ਗੁਰਮੀਤ ਨੇ ਉਨ੍ਹਾਂ ਨਾਲ ਸ਼ਹੀਦ ਭਗਤ ਸਿੰਘ ਦੇ ਫਲਸਫ਼ੇ ਬਾਰੇ ਵਿਚਾਰ ਸਾਂਝੇ ਕੀਤੇ ਤੇ ਇਸ ਮੌਕੇ 'ਤੇ ਐਡਵੋਕੇਟ ਯੁਵਰਾਜ ਸਿੰਘ ਵੱਲੋਂ ਸ਼ਹੀਦ ਭਗਤ ਸਿੰਘ ਦੀਆਂ ਲਿਖਤਾਂ ਬਾਰੇ ਕਿਤਾਬ 'ਇਨਕਲਾਬ ਜ਼ਿੰਦਾਬਾਦ' ਸਾਰੇ ਮੈਂਬਰਾਂ ਨੂੰ ਭੇਟ ਕੀਤੀ। ਇਸ ਮੌਕੇ 'ਤੇ ਦੇਸ਼ ਭਗਤ ਯਾਦਗਾਰ ਕਮੇਟੀ ਸਹਾਇਕ ਸਕੱਤਰ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ, ਟਰੱਸਟੀ ਕਾ. ਚਰੰਜੀਲਾਲ ਕੰਗਣੀਵਾਲ, ਰਣਜੀਤ ਸਿੰਘ ਔਲਖ ਅਤੇ ਗੁਰਦੀਪ ਸਿੰਘ ਹਾਜ਼ਰ ਸਨ।



# ਥਾਂ-ਥਾਂ 'ਤੇ ਗੰਦਗੀ ਦੇ ਢੇਰ ਲੱਗਣ ਕਾਰਨ ਲੋਕ ਨਰਕ 'ਚ ਰਹਿਣ ਲਈ ਮਜਬੂਰ



**ਮੋਰਿੰਡਾ (ਨਿਹਾਲ ਸਿੰਘ ਕਲਸੀ)**

ਨਗਰ ਕੌਂਸਲ ਮੋਰਿੰਡਾ ਨੂੰ ਕੂੜਾ ਕਰਕਟ ਸੁਟਣ ਲਈ ਕੋਈ ਪੱਕੀ ਥਾਂ ਨਾ ਮਿਲਣ ਕਾਰਨ ਸ਼ਹਿਰ ਅੰਦਰ ਥਾਂ ਥਾਂ ਤੇ ਗੰਦਗੀ ਦੇ ਢੇਰ ਲੱਗੇ। ਇਥੋਂ ਤੱਕ ਕਿ ਲੱਖਾਂ ਰੁਪਏ ਦੀ ਲਾਗਤ ਨਾਲ ਬਣੇ ਹੈਂਡ ਬਾਲ ਮੈਦਾਨ ਨੂੰ ਕੂੜੇ ਦਾ ਡੰਪ ਬਣਾਉਣ ਦੀ ਕੋਸ਼ਿਸ਼, ਕੂੜੇ ਦੀਆਂ ਤਿੰਨ,ਚਾਰ ਟਰਾਲੀਆਂ ਮੈਦਾਨ ਵਿੱਚ ਸੁੱਟੀਆਂ। ਇਸ ਕਾਰਨ ਖਿਡਾਰੀਆਂ ਅਤੇ ਉਹਨਾਂ ਦੇ ਮਾਪਿਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਦਸਮੇਸ਼ ਹੈਂਡਬਾਲ ਸਪੋਰਟਸ ਕਲੱਬ ਮੋਰਿੰਡਾ ਦੇ ਮੀਤ ਪ੍ਰਧਾਨ ਕਿਸ਼ਨ ਸਿੰਘ ਰਾਣਾ ਨੇ ਦੱਸਿਆ ਕਿ ਕੂੜੇ ਦੇ ਡੰਪ ਲਈ ਨਗਰ ਕੌਂਸਲ ਮੋਰਿੰਡਾ ਵੱਲੋਂ ਪਿੰਡ ਭਟੇੜੀ ਨੇ ਜ਼ਮੀਨ ਠੇਕੇ ਤੇ ਲਈ ਸੀ। ਡੰਪ ਦੇ ਨਜ਼ਦੀਕੀ ਪਿੰਡਾਂ ਦੇ ਕਿਸਾਨਾਂ ਵਲੋਂ ਇਸ ਡੰਪ ਦਾ ਜਬਰਦਸਤ ਵਿਰੋਧ ਕੀਤਾ ਗਿਆ ਇਥੋਂ ਤੱਕ ਕਿ ਕਈ ਮਹੀਨੇ ਕਿਸਾਨਾਂ ਵਲੋਂ ਧਰਨੇ ਮੁਜ਼ਾਹਰੇ ਕੀਤੇ ਗਏ। ਅੰਤ ਨਗਰ ਕੌਂਸਲ ਮੋਰਿੰਡਾ ਨੂੰ ਡੰਪ ਖਾਲੀ ਕਰਨਾ ਪਿਆ। ਹੁਣ ਫਿਰ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਅੱਜ ਤੱਕ ਨਗਰ ਕੌਂਸਲ ਨੂੰ ਕੂੜਾ ਡੰਪ ਕਰਨ ਲਈ ਕੋਈ ਥਾਂ ਨਹੀਂ ਮਿਲ ਰਹੀ। ਇਸ ਕਾਰਨ ਸ਼ਹਿਰ ਦੇ ਹਰ ਮੋੜ ਤੇ ਕੂੜੇ ਦੇ ਢੇਰ ਲੋਕਾਂ ਦਾ ਸਵਾਗਤ ਕਰਦੇ ਹਨ। ਬੀਮਾਰੀਆਂ ਫੈਲਣ ਦਾ ਡਰ ਸਤਾ ਰਿਹਾ ਹੈ। ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ। ਜਦੋਂ ਨਗਰ ਕੌਂਸਲ ਮੋਰਿੰਡਾ ਦੇ ਕਾਰਜ ਸਾਧਕ ਅਫਸਰ ਰਵੀ ਜਿੰਦਲ ਨੂੰ ਖੇਡ ਦੇ ਮੈਦਾਨ ਵਿੱਚ ਸੁਟੇ ਜਾ ਰਹੇ ਕੂੜੇ ਵਾਰੇ ਪੁੱਛਿਆ ਤਾਂ ਕਾਰਜ ਸਾਧਕ ਅਫਸਰ ਨੇ ਆਖਿਆ ਕਿ ਉਪਰਲੇ ਅਧਿਕਾਰੀ ਕਹਿੰਦੇ ਸਫ਼ਾਈ ਦਾ ਧਿਆਨ ਰੱਖੋ। ਕੂੜਾ ਡੰਪ ਕਰਨ ਲਈ ਕੋਈ ਥਾਂ ਨਹੀਂ ਮਿਲ ਰਹੀ। ਫਿਰ ਮੈਂ ਇਹ ਕੂੜਾ ਕਿੱਥੇ ਸੁਟ ਕੇ ਆਵਾਂ। ਮੈਨੂੰ ਸਮਝ ਨਹੀਂ ਆ ਰਿਹਾ। ਉਹਨਾਂ ਇੱਥੋਂ ਬਦਲੀ ਕਰਵਾਉਣ ਦੀ ਵੀ ਗੱਲ ਆਖੀ। ਦਸਮੇਸ਼ ਸਪੋਰਟਸ ਕਲੱਬ ਮੋਰਿੰਡਾ ਦੇ ਮੀਤ ਪ੍ਰਧਾਨ ਕਿਸ਼ਨ ਸਿੰਘ ਰਾਣਾ ਨੇ ਡਿਪਟੀ ਕਮਿਸ਼ਨਰ ਰੂਪਨਗਰ ਤੋਂ ਜ਼ੋਰਦਾਰ ਮੰਗ ਕੀਤੀ ਕਿ ਖੇਡ ਦੇ ਮੈਦਾਨ ਵਿੱਚ ਸੁਟਿਆ ਕੂੜਾ ਤੁਰੰਤ ਚੁੱਕਿਆ ਜਾਵੇ। ਇਸ ਖੇਡ ਦੇ ਮੈਦਾਨ ਨੂੰ ਖੇਡ ਮੈਦਾਨ ਹੀ ਰਹਿਣ ਦਿੱਤਾ ਜਾਵੇ। ਇਸ ਮੌਕੇ ਵੱਖ ਵੱਖ ਸਮਾਜ ਸੇਵਕਾਂ ਡਾ ਨਿਰਮਲ ਧਿਮਾਨ, ਹਰਵਿੰਦਰ ਸੂਦ, ਸੁਖਦੀਪ ਸਿੰਘ ਭੰਗੂ, ਕੁਲਬੀਰ ਸਿੰਘ ਗੀਹਲ ਨੇ ਜ਼ਿਲ੍ਹਾ ਰੂਪਨਗਰ ਦੇ ਡਿਪਟੀ ਕਮਿਸ਼ਨਰ ਸਾਹਿਬ ਤੋਂ ਜ਼ੋਰਦਾਰ ਮੰਗ ਕੀਤੀ ਹੈ ਕਿ ਮੋਰਿੰਡਾ ਸ਼ਹਿਰ ਦੇ ਕੂੜਾ ਕਰਕਟ ਸੁੱਟਣ ਲਈ ਥਾਂ ਦਾ ਪੱਕਾ ਪ੍ਰਬੰਧ ਕੀਤਾ ਜਾਵੇ। ਗੰਦਗੀ ਦੇ ਢੇਰ ਤੁਰੰਤ ਹਟਾਏ ਜਾਣ।

# ਖਾਲਸਾ ਏਡ ਵੱਲੋਂ ਵਿਦਿਆਰਥੀਆਂ ਲਈ ਫੀਸ ਮੁਆਫੀ ਤੇ ਖੇਡਾਂ 'ਚ ਸ਼ਾਨਦਾਰ ਉਪਰਾਲਾ



**ਮੱਖੂ, (ਰਛਪਾਲ ਸਿੰਘ ਸੰਧੂ)**

ਖਾਲਸਾ ਏਡ ਵੱਲੋਂ ਫਤਿਹਗੜ੍ਹ ਸਭਰਾ ਵਿਖੇ ਇੱਕ ਸਰਾਹਨਯੋਗ ਉਪਰਾਲਾ ਕਰਦਿਆਂ ਸ਼ਹੀਦ ਸ੍ਰ. ਸ਼ਾਮ ਸਿੰਘ ਅਟਾਰੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਲਈ ਵੱਡੀ ਮਦਦ ਕੀਤੀ ਗਈ। ਇਸ ਸਬੰਧੀ ਖਾਲਸਾ ਏਡ ਦੇ ਸੀਨੀਅਰ ਮੈਂਬਰ ਲਖਵੀਰ ਸਿੰਘ ਅਤੇ ਸੰਦੀਪ ਸਿੰਘ ਨੇ ਦੱਸਿਆ ਕਿ ਹੜ੍ਹਾਂ ਕਾਰਨ ਕਈ ਪਰਵਾਰ ਪ੍ਰਭਾਵਿਤ ਹੋਏ ਜਿਸ ਕਰਕੇ ਬੱਚਿਆਂ ਦੀ ਲਗਭਗ 12 ਲੱਖ ਰੁਪਏ ਸਕੂਲ ਫੀਸ ਪੈਂਡਿੰਗ ਹੋ ਗਈ ਸੀ। ਸਕੂਲ ਪ੍ਰਬੰਧਕਾਂ ਤੇ ਸੰਤ ਬਾਬਾ ਛਿੰਦਰ ਸਿੰਘ ਜੀ ਦੇ ਅਸ਼ੀਰਵਾਦ ਨਾਲ 6 ਲੱਖ ਰੁਪਏ ਦੀ ਫੀਸ ਮਾਫ ਕੀਤੀ ਗਈ ਤੇ ਬਾਕੀ 6 ਲੱਖ ਰੁਪਏ ਖਾਲਸਾ ਏਡ ਵੱਲੋਂ ਅਦਾ ਕੀਤੇ ਗਏ ਤਾਂ ਜੋ ਬੱਚਿਆਂ ਦੀ ਪੜ੍ਹਾਈ ਬਿਨਾ ਰੁਕਾਵਟ ਜਾਰੀ ਰਹੇ।ਇਸ ਦੇ ਨਾਲ ਹੀ ਸਕੂਲ ਦੇ ਵਿਦਿਆਰਥੀਆਂ ਨੇ ਪੜ੍ਹਾਈ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚੰਗੀਆਂ ਪੁਜੀਸ਼ਨਾਂ ਨਾਲ ਪਾਸ ਕੀਤਾ। ਖੇਡਾਂ ਵਿੱਚ ਵੀ ਸਕੂਲ ਨੇ ਵੱਡੀ ਉਪਲਬਧੀ ਹਾਸਲ ਕੀਤੀ, ਜਿੱਥੇ ਖੋ-ਖੋ ਅਤੇ ਵਾਲੀਬਾਲ ਦੀਆਂ ਟੀਮਾਂ ਨੇ ਜ਼ਿਲ੍ਹੇ ਵਿੱਚ ਨੰਬਰ ਇੱਕ ਤੇ ਪੰਜਾਬ ਪੱਧਰ 'ਤੇ ਨੰਬਰ ਦੋ ਸਥਾਨ ਹਾਸਲ ਕੀਤਾ। ਇਸ ਮੌਕੇ 'ਤੇ ਸਕੂਲ ਵੱਲੋਂ ਖਾਲਸਾ ਏਡ ਦੇ ਸੀਨੀਅਰ ਮੈਂਬਰ ਲਖਵੀਰ ਸਿੰਘ ਅਤੇ ਸੰਦੀਪ ਸਿੰਘ ਲਹਿਰਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਲਖਵੀਰ ਸਿੰਘ, ਸੰਦੀਪ ਸਿੰਘ ਲਹਿਰਾ ਅਤੇ ਸੰਤ ਬਾਬਾ ਛਿੰਦਰ ਸਿੰਘ ਜੀ ਵੱਲੋਂ ਪੜ੍ਹਾਈ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਖੇਡਾਂ ਵਿੱਚ ਉਪਲਬਧੀ ਹਾਸਲ ਕਰਨ ਵਾਲੀਆਂ ਟੀਮਾਂ ਨੂੰ ਇਨਾਮ ਵੀ ਵੰਡੇ ਗਏ। ਇਹ ਸਮਾਗਮ ਸਿੱਖਿਆ, ਖੇਡਾਂ ਅਤੇ ਸੇਵਾ ਦੇ ਸੁੰਦਰ ਮਿਲਾਪ ਦਾ ਪ੍ਰਤੀਕ ਬਣਿਆ।

## ਸਰਬਸੰਮਤੀ ਨਾਲ ਚੁਣੀਆ ਗਈਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੇ ਚੈੱਕ ਭੇਟ



**ਪੋਜੇਵਾਲ (ਰਾਮ ਲਾਲ)**-ਹਲਕਾ ਬਲਾਚੌਰ ਦੇ ਪਿੰਡਾਂ ਵਿੱਚ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦਿਆਂ ਜਿਨ੍ਹਾਂ ਪਿੰਡਾਂ ਨੇ ਸਰਬਸੰਮਤੀ ਨਾਲ ਆਪਣੀਆਂ ਪੰਚਾਇਤਾਂ ਦੀ ਚੋਣ ਕੀਤੀ ਸੀ, ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਵਿਸ਼ੇਸ਼ ਰਾਸ਼ੀ ਦੇ ਚੈੱਕ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਵੱਲੋਂ ਸਾਂਝੇ ਤੌਰ 'ਤੇ ਭੇਟ ਕੀਤੇ ਗਏ।ਇਸ ਲੜੀ ਤਹਿਤ ਪਿੰਡ ਭੋਲੇਵਾਲ, ਟੋਰੋਵਾਲ, ਰੋੜੀ, ਝੰਡੂਪੁਰ ਤੇ ਕਰੀਮਪੁਰ ਧਿਆਨੀ ਦੀਆਂ ਨਵ-ਨਿਯੁਕਤ ਪੰਚਾਇਤਾਂ ਨੂੰ ਪਿੰਡ ਦੇ ਸਰਬਪੱਖੀ ਵਿਕਾਸ ਲਈ 5-5 ਲੱਖ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਪਿੰਡਾਂ ਵਿੱਚ ਬਿਨਾਂ ਕਿਸੇ ਵਿਰੋਧ ਦੇ ਪੰਚਾਇਤਾਂ ਦੀ ਚੋਣ ਕਰਨਾ ਇੱਕ ਬਹੁਤ ਹੀ ਸ਼ਲਾਘਾਯੋਗ ਕਦਮ ਹੈ, ਜਿਸ ਨਾਲ ਪਿੰਡਾਂ ਵਿੱਚ ਧੜੇਬੰਦੀ ਖਤਮ ਹੁੰਦੀ ਹੈ ਤੇ ਵਿਕਾਸ ਦੀ ਰਫ਼ਤਾਰ ਤੇਜ਼ ਹੁੰਦੀ ਹੈ। ਪ੍ਰੋਗਰਾਮ ਦੇ ਅਖੀਰ ਵਿੱਚ ਸਮੂਹ ਨਗਰ ਨਿਵਾਸੀਆਂ ਅਤੇ ਨਵੇਂ ਚੁਣੇ ਗਏ ਪੰਚਾਇਤ ਨੁਮਾਇੰਦਿਆਂ ਨੂੰ ਮੁਬਾਰਕਬਾਦ ਦਿੱਤੀ ਗਈ।

# ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਕਿਸਾਨ ਜਥੇਬੰਦੀਆਂ ਵੱਲੋਂ ਸ਼ਰਧਾਂਜਲੀਆਂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**-ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਦੇਣ ਲਈ ਕਿਸਾਨ ਜਥੇਬੰਦੀਆਂ ਵੱਲੋਂ ਇਕ ਪ੍ਰਭਾਵਸ਼ਾਲੀ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨਾਂ, ਨੌਜਵਾਨਾਂ ਅਤੇ ਇਲਾਕਾ ਵਾਸੀਆਂ ਨੇ ਹਾਜ਼ਰੀ ਭਰੀ ਅਤੇ ਸ਼ਹੀਦਾਂ ਨੂੰ ਨਮ ਅੱਖਾਂ ਨਾਲ ਸ਼ਰਧਾਂਜਲੀਆਂ ਭੇਂਟ ਕੀਤੀਆਂ।

ਇਸ ਮੌਕੇ ਬੋਲਦੇ ਹੋਏ ਕਿਸਾਨ ਆਗੂਆਂ ਨੇ ਕਿਹਾ ਕਿ ਸ਼ਹੀਦਾਂ ਦੀ ਕੁਰਬਾਨੀ ਸਿਰਫ ਇਤਿਹਾਸ ਦਾ ਹਿੱਸਾ ਨਹੀਂ, ਸਗੋਂ ਅੱਜ ਵੀ ਨੌਜਵਾਨ ਪੀੜ੍ਹੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸ਼ਹੀਦਾਂ ਨੇ ਦੇਸ਼ ਨੂੰ ਆਜ਼ਾਦੀ ਦਿਵਾਉਣ ਲਈ ਆਪਣੇ ਜੀਵਨ ਦੀ ਕੁਰਬਾਨੀ ਦਿੱਤੀ, ਜਿਸਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਸਮਾਗਮ ਦੌਰਾਨ ਸ਼ਹੀਦਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ ਅਤੇ ਦੇਸ਼ ਭਗਤੀ ਭਰਪੂਰ ਨਾਅਰੇ ਲਗਾਏ ਗਏ। ਹਾਜ਼ਰ ਲੋਕਾਂ ਨੇ ਸ਼ਹੀਦਾਂ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਇੱਕਜੁੱਟ ਹੋ ਕੇ ਸੰਘਰਸ਼ ਜਾਰੀ ਰੱਖਣ ਦਾ ਸੰਕਲਪ ਵੀ ਲਿਆ।

ਅਖੀਰ ਵਿੱਚ ਕਿਸਾਨ ਜਥੇਬੰਦੀਆਂ ਵੱਲੋਂ ਇਹ ਐਲਾਨ ਕੀਤਾ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਸਮਾਗਮ ਕਰਵਾ ਕੇ ਨੌਜਵਾਨਾਂ ਨੂੰ ਸ਼ਹੀਦਾਂ ਦੀ ਸੋਚ ਨਾਲ ਜੋੜਿਆ ਜਾਵੇਗਾ ਤਾਂ ਜੋ ਇਨਕਲਾਬੀ ਜਜ਼ਬਾ ਹਮੇਸ਼ਾਂ ਜਿਉਂਦਾ ਰਹੇ।ਇਸ ਮੌਕੇ ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਸ਼ਪਾਲ ਸਿੰਘ , ਬਲਵਿੰਦਰ ਸਿੰਘ ਭੁੱਲਰ, ਮੁਖਤਿਆਰ ਸਿੰਘ ਚੰਦੀ, ਡਾਕਟਰ ਸਵਰਨ ਸਿੰਘ, ਸੁੱਚਾ ਸਿੰਘ ਮਿਰਜਾਪੁਰ, ਮੁਕੰਦ ਸਿੰਘ ਸੈਦੋ ਭਲਾਣਾ, ਸਰਵਨ ਸਿੰਘ ਨੰਬਰਦਾਰ, ਦਿਆਲ ਸਿੰਘ ਦੀਪੇਵਾਲ, ਮਾਸਟਰ ਚਰਨ ਸਿੰਘ ਹੈਬਤਪੁਰ, ਜੈਪਾਲ ਸਿੰਘ ਕਾਮਰੇਡ ਆਦਿ ਵੱਡੀ ਗਿਣਤੀ ਵਿਚ ਆਗੂ ਹਾਜ਼ਰ ਸਨ।

# ਮੁਫ਼ਤ ਮੈਡੀਕਲ ਕੈਂਪ ਲਗਾਇਆ



**ਅੱਡਾ ਸਰਾਂ (ਜਸਵੀਰ ਕਾਜਲ)**-ਦਿੱਲੀ ਫ਼ਤਹਿ ਦਿਵਸ ਨੂੰ ਸਮਰਪਿਤ ਕਰਵਾਏ ਵਾਰਿਸ ਜਥੇਦਾਰ ਬਾਬਾ ਬਘੇਲ ਸਿੰਘ ਵੈਲਫੇਅਰ ਸੁਸਾਇਟੀ ਹਰਿਆਣਾ ਵੱਲੋਂ ਮਹਾਨ ਕੀਰਤਨ ਦਰਬਾਰ ਵਿੱਚ ਯੰਗ ਖਾਲਸਾ ਗਰੁੱਪ ਵੱਲੋਂ ਪੰਜਵਾਂ ਮੁਫ਼ਤ ਮੈਡਿਕਲ ਚੈੱਕਅਪ ਕੈਂਪ ਹਰਿਆਣਾ ਵਿਖੇ ਕੀਰਤਨ ਦਰਬਾਰ ਮੌਕੇ ਲਗਾਇਆ ਗਿਆ ।ਇਸ ਮੌਕੇ ਗੁਰਮੋਹਨ ਮਲਟੀਸਪੈਸ਼ਲਟੀ, ਹਸਪਤਾਲ ਰਾਜਵਿੰਦਰ ਕੌਰ ਲੈਬ ਇੰਚਾਰਜ, ਡਾ. ਓਬਰਾਏ ਸੋਪੈਥਿਕ ਸਟੋਰ, ਡਾ. ਹਰਜਿੰਦਰ ਸਿੰਘ, ਡਾ. ਆਸ਼ੂ ਗੋਅਲ, ਸਿਮਰਨ ਲੈਬ (ਹਰਿਆਣਾ) ਮਿਸਟਰ ਤਰੁਣ ਕੁਮਾਰ, ਡਾ ਸੁਰਜੀਤ ਸਿੰਘ, ਡਾ. ਬਲਜੀਤ ਬਿੰਨੀ ਢੱਟਾਂ , ਡਾ. ਚਰਨਜੀਤ ਸਿੰਘ ਪੜਬੱਗਾ ਨੇ ਆਪਣੀਆਂ ਸੇਵਾਵਾਂ ਨਿਭਾਈਆਂ। ਕੈਂਪ ਵਿੱਚ ਹਰ ਤਰ੍ਹਾਂ ਦੀ ਫ੍ਰੀ ਦਵਾਈ, ਬੀ ਪੀ ਤੇ ਸ਼ੂਗਰ ਦਾ ਟੈਸਟ ਮੁਫਤ ਕੀਤਾ ਗਿਆ।ਇਸ ਮੌਕੇ ਸਰਪ੍ਰਸਤ ਯੰਗ ਖਾਲਸਾ ਗਰੁੱਪ ਜਗਜੀਤ ਸਿੰਘ ਬਤਰਾ, ਅਨਮੋਲ ਸਿੰਘ,ਅਵਤਾਰ ਸਿੰਘ,ਰਮਨਪ੍ਰੀਤ ਕੌਰ, ਮਨੂਰੀਤ, ਰਾਜਵਿੰਦਰ ਕੌਰ ਡਾਕਟਰ ਹਰਜਿੰਦਰ ਸਿੰਘ ਉਬਰਾਏ, ਹਰਮਿੰਦਰ ਸਿੰਘ, ਬਲਜੀਤ ਸਿੰਘ ਅਤੇ ਹੋਰ ਪ੍ਰਬੰਧਕ ਮੌਜੂਦ ਸਨ।

# ਸੀ ਟੀ ਗਰੁੱਪ 'ਚ ਦਸਤਾਰ ਬੰਨ੍ਹਣ ਦਾ ਮੁਕਾਬਲਾ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੂੰ ਨਮਨ ਕਰਦੇ ਹੋਏ ਸੀ ਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਦਸਤਾਰ ਬੰਨ੍ਹਣ ਦਾ ਮੁਕਾਬਲਾ ਕਰਵਾਇਆ ਗਿਆ। ਇਸ ਪ੍ਰੋਗਰਾਮ ਦਾ ਮਕਸਦ ਸਿੱਖ ਦਸਤਾਰ ਨਾਲ ਜੁੜੀ ਸੱਭਿਆਚਾਰਕ ਮਹੱਤਤਾ ਨੂੰ ਉਜਾਗਰ ਕਰਨਾ ਅਤੇ ਵਿਦਿਆਰਥੀਆਂ ਵਿੱਚ ਆਪਣੀ ਵਿਰਾਸਤ ਲਈ ਮਾਣ ਦੀ ਭਾਵਨਾ ਪੈਦਾ ਕਰਨਾ ਸੀ।ਇਸ ਮੁਕਾਬਲੇ ਵਿੱਚ 30 ਤੋਂ ਵੱਧ ਵਿਦਿਆਰਥੀਆਂ ਨੇ ਬੜੇ ਜੋਸ਼ ਨਾਲ ਹਿੱਸਾ ਲਿਆ। ਉਨ੍ਹਾਂ ਨੇ ਮੋਰਨੀ, ਪਟਿਆਲਾ ਸ਼ਾਹੀ, ਵੱਟਾ ਵਾਲੀ ਅਤੇ ਪੂੰਸ਼ਨੀ ਵਰਗੇ ਰਵਾਇਤੀ ਅੰਦਾਜ਼ਾਂ ਵਿੱਚ ਦਸਤਾਰ ਬੰਨ੍ਹਣ ਦੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਨ੍ਹਾਂ ਦੀ ਤੇਜ਼ੀ, ਸਹੀ ਤਰੀਕਾ ਅਤੇ ਪੇਸ਼ਕਾਰੀ ਨੇ ਸਭ ਦਾ ਮਨ ਮੋਹ ਲਿਆ।ਇਸ ਮੁਕਾਬਲੇ ਦਾ ਨਤੀਜਾ ਟਰਬਨ ਅਕੈਡਮੀ ਦੀ ਟੀਮ ਚਨਪ੍ਰੀਤ ਸਿੰਘ, ਜਸ਼ਨਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਭਾਗੀਦਾਰਾਂ ਨੂੰ ਤਕਨੀਕ, ਅੰਦਾਜ਼ ਅਤੇ ਕੁੱਲ ਪੇਸ਼ਕਾਰੀ ਦੇ ਆਧਾਰ 'ਤੇ ਅੰਕ ਦਿੱਤੇ।ਇਸ ਮੌਕੇ 'ਤੇ ਕੈਂਪਸ ਡਾਇਰੈਕਟਰ ਡਾ. ਸ਼ਿਵ ਕੁਮਾਰ, ਡਾਇਰੈਕਟਰ ਅਕੈਡਮਿਕ ਓਪਰੇਸ਼ਨਜ਼ ਡਾ. ਸੰਗਰਾਮ ਸਿੰਘ, ਡੀਨ ਸਟੂਡੈਂਟ ਵੈਲਫੇਅਰ ਡਾ. ਅਰਜਨ ਸਿੰਘ ਅਤੇ ਸੀਟੀ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਦੇ ਪ੍ਰਿੰਸੀਪਲ ਦਿਵੇਯ ਛਾਬੜਾ ਮੌਜੂਦ ਸਨ। ਮੁਕਾਬਲੇ ਦੇ ਅੰਤ ਵਿੱਚ ਸੁਖਦੀਪ ਸਿੰਘ ਨੇ ਪਹਿਲਾ ਸਥਾਨ ਹਾਸਲ ਕਰਦੇ ਹੋਏ 3100 ਦਾ ਇਨਾਮ ਜਿੱਤਿਆ। ਮਨਜਿੰਦਰ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕਰਕੇ ?2100 ਜਿੱਤੇ, ਜਦਕਿ ਪ੍ਰਭਜੀਤ ਸਿੰਘ ਤੀਜੇ ਸਥਾਨ 'ਤੇ ਰਹੇ ਅਤੇ ਉਨ੍ਹਾਂ ਨੂੰ 1100 ਨਾਲ ਸਨਮਾਨਿਤ ਕੀਤਾ ਗਿਆ। ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਗਏ।



## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਉਤਸਵ ਸਮਾਗਮ 14 ਨੂੰ

**ਜਲੰਧਰ (ਰਾਜੇਸ਼ ਥਾਪਾ)**-ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਅੰਬੇਡਕਰ ਮਿਸ਼ਨ ਸੁਸਾਇਟੀ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਸੁਸਾਇਟੀ ਦੇ ਪ੍ਰਧਾਨ ਪ੍ਰੋ. ਬਲਬੀਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਉਤਸਵ ਮੁੱਖ ਸਮਾਗਮ ਬਾਬਾ ਸਾਹਿਬ ਦੀ ਚਰਨ-ਛੋਹ ਪ੍ਰਾਪਤ ਇਤਿਹਾਸਿਕ ਭੂਮੀ ਅੰਬੇਡਕਰ ਭਵਨ, ਡਾ. ਅੰਬੇਡਕਰ ਮਾਰਗ, ਜਲੰਧਰ ਵਿਖੇ ਵਿਸ਼ਾਲ ਪੱਧਰ ਤੇ ਮਨਾਉਣ ਦਾ ਫੈਸਲਾ ਕੀਤਾ ਗਿਆ।ਡਾ. ਅੰਬੇਡਕਰ ਇਸੇ ਜਗ੍ਹਾ 27 ਅਕਤੂਬਰ, 1951 ਨੂੰ ਪਧਾਰੇ ਸਨ ਅਤੇ ਉਨ੍ਹਾਂ ਨੇ ਲੱਖਾਂ ਲੋਕਾਂ ਨੂੰ ਸੰਬੋਧਨ ਕੀਤਾ ਸੀ। ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ ਪਿਛਲੇ 50 ਸਾਲ ਤੋਂ ਬਾਬਾ ਸਾਹਿਬ ਡਾ. ਅੰਬੇਡਕਰ ਦਾ ਜਨਮ ਉਤਸਵ ਇਸ ਇਤਿਹਾਸਿਕ ਸਥਾਨ ਤੇ ਮਨਾਉਂਦੀ ਆ ਰਹੀ ਹੈ। ਬਲਦੇਵ ਭਾਰਦਵਾਜ ਨੇ ਕਿਹਾ ਕਿ ਪ੍ਰਮੁੱਖ ਵਿਦਵਾਨ ਬਾਬਾ ਸਾਹਿਬ ਦੇ ਮਿਸ਼ਨ ਤੇ ਅੱਜ ਦੇ ਹਾਲਾਤਾਂ ਦੇ ਸੰਬੰਧ ਵਿੱਚ ਆਪਣੇ ਵਿਚਾਰ ਪੇਸ਼ ਕਰਨਗੇ। ਭਾਰਦਵਾਜ ਨੇ ਅੱਗੇ ਕਿਹਾ ਕਿ ਇਸ ਸਮਾਗਮ ਮੌਕੇ ਬੁਕ ਸਟਾਲਾਂ ਤੋਂ ਬਾਬਾ ਸਾਹਿਬ ਦਾ ਸਾਹਿਤ ਪ੍ਰਾਪਤ ਕੀਤਾ ਜਾ ਸਕਦਾ ਹੈ। ਇਸ ਮੌਕੇ ਚਰਨ ਦਾਸ ਸੰਧੂ, ਪਰਮਿੰਦਰ ਸਿੰਘ ਖੁੱਤਣ, ਤਿਲਕ ਰਾਜ, ਬਲਦੇਵ ਰਾਜ ਜੱਸਲ, ਜਸਵਿੰਦਰ ਵਰਿਆਣਾ, ਪਰਮਜੀਤ ਜੱਸਲ, ਸੂਰਜ ਬਿਰਦੀ, ਸੰਨੀ ਥਾਪਰ, ਡਾ. ਮਹਿੰਦਰ ਸੰਧੂ ਤੇ ਸਤਨਾਮ ਸਿੰਘ ਬਧਾਵਨ ਹਾਜ਼ਰ ਸਨ।



## ਐੱਲ ਸੀ ਵੀ ਅਪਰੇਟਰ ਯੂਨੀਅਨ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ

**ਲਾਲੜੂ (ਵਿਨੈ ਕੁਮਾਰ ਜੈਨ)**-ਲਾਲੜੂ ਵਿਖੇ ਸਤਨਾਮ ਐੱਲ ਸੀ ਵੀ ਅਪਰੇਟਰ ਯੂਨੀਅਨ ਵੱਲੋਂ ਯੂਨੀਅਨ ਦੀ ਸੁੱਖ-ਸ਼ਾਂਤੀ, ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਲਈ ਸ਼ਰਧਾ ਭਾਵਨਾ ਨਾਲ ਸ੍ਰੀ ਅਖੰਡ ਪਾਠ ਸਾਹਿਬ ਜੀ ਦਾ ਆਯੋਜਨ ਕੀਤਾ ਗਿਆ। ਇਸ ਪਵਿੱਤਰ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਰਸਭਰੀ ਗੁਰਬਾਣੀ ਕੀਰਤਨ ਨਾਲ ਸੰਗਤ ਨੂੰ ਨਿਹਾਲ ਕੀਤਾ ਗਿਆ ਤੇ ਅਖੀਰ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕਰਕੇ ਗੁਰੂ ਘਰ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕੀਤੀਆਂ।ਇਸ ਮੌਕੇ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਹਾਜ਼ਰੀ ਭਰੀ ਅਤੇ ਸੰਗਤ ਨਾਲ ਗੁਰੂ ਘਰ ਦੀਆਂ ਖੁਸ਼ੀਆਂ ਵਿੱਚ ਸਾਂਝ ਪਾਈ। ਉਨ੍ਹਾਂ ਨੇ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਤੇ ਯੂਨੀਅਨ ਦੇ ਮੈਂਬਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਜੇਹੇ ਧਾਰਮਿਕ ਉਪਰਾਲੇ ਸਮਾਜ ਵਿੱਚ ਪਿਆਰ, ਭਾਈਚਾਰੇ ਅਤੇ ਏਕਤਾ ਨੂੰ ਹੋਰ ਮਜ਼ਬੂਤ ਕਰਦੇ ਹਨ।ਉਨ੍ਹਾਂ ਨੇ ਯੂਨੀਅਨ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਦੀ ਸੁੱਖ-ਸ਼ਾਂਤੀ ਅਤੇ ਤਰੱਕੀ ਲਈ ਗੁਰੂ ਘਰ ਨਾਲ ਜੁੜੇ ਰਹਿਣਾ ਬਹੁਤ ਜ਼ਰੂਰੀ ਹੈ।ਇਸ ਮੌਕੇ ਸਤਨਾਮ ਐਲਸੀਵੀ ਅਪਰੇਟਰ ਯੂਨੀਅਨ ਦੇ ਪ੍ਰਧਾਨ, ਮੈਂਬਰ , ਟਰਾਂਸਪੋਰਟਰ ਵੀਰਾਂ, ਇਲਾਕੇ ਦੇ ਮਾਣਯੋਗ ਵਿਅਕਤੀ ਤੇ ਪਾਰਟੀ ਦੇ ਬਲਾਕ ਪ੍ਰਧਾਨ ਸਮੇਤ ਸਮੁੱਚੀ ਟੀਮ ਮੌਜੂਦ ਰਹੀ। ਅੰਤ ਵਿੱਚ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



## ਮੋਰਿੰਡਾ ਵਿਖੇ ਅੱਜ ਬਿਜਲੀ ਬੰਦ ਰਹੇਗੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਪੀ ਐੱਸ ਪੀ ਸੀ ਐੱਲ ਦਫਤਰ ਮੋਰਿੰਡਾ ਵੱਲੋਂ ਮਿਲੀ ਜਾਣਕਾਰੀ ਅਨੁਸਾਰ 220 ਕੇ ਵੀ ਖਰੜ ਗ੍ਰਿਡ ਵਿਖੇ ਨਿਰਧਾਰਤ ਮੁਰੰਮਤ ਕੰਮਾਂ ਕਾਰਨ 66 ਕੇ ਵੀ ਮੋਰਿੰਡਾ, 66 ਕੇ ਵੀ ਕਜਹੌਲੀ ਤੇ 66 ਕੇਵੀ ਘੜੂੰਆਂ ਤੋਂ ਚੱਲ ਰਹੀ ਬਿਜਲੀ ਦੀ ਸਪਲਾਈ, ਸਿਟੀ ਮੋਰਿੰਡਾ ਅਤੇ ਨਜ਼ਦੀਕੀ ਪਿੰਡਾਂ ਦੀ ਬਿਜਲੀ ਦੀ ਸਪਲਾਈ 24 ਮਾਰਚ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬੰਦ ਰਹੇਗੀ।

# ਡਾ. ਵਸੀਮ ਅਹਿਮਦ ਬਣੇ ਮੁਸਲਿਮ ਵਿੰਗ ਫਗਵਾੜਾ ਦੇ ਪ੍ਰਧਾਨ



**ਫਗਵਾੜਾ (ਡਾ. ਰਮਨ)**- ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਈਦ ਉਲ-ਫਿਤਰ ਦੇ ਪਵਿੱਤਰ ਦਿਹਾੜੇ ਮੌਕੇ ਪਾਰਟੀ ਵਿੱਚ ਮੁਸਲਿਮ ਭਾਈਚਾਰੇ ਨੂੰ ਨੁਮਾਇੰਦਗੀ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਸ਼ਹਿਰੀ ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਕੋਰ ਕਮੇਟੀ ਮੈਂਬਰ ਪੰਜਾਬ ਵਲੋਂ ਡਾ. ਵਸੀਮ ਅਹਿਮਦ ਖਾਨ (ਖਾਨ ਹਸਪਤਾਲ) ਨੂੰ ਪਾਰਟੀ ਵਿੱਚ ਸ਼ਾਮਲ ਕਰਦੇ ਹੋਏ ਫਗਵਾੜਾ ਹਲਕੇ ਦਾ ਮੁਸਲਿਮ ਵਿੰਗ ਦਾ ਪ੍ਰਧਾਨ ਐਲਾਨਿਆ। ਇਸ ਨਿਯੁਕਤੀ ਦਾ ਐਲਾਨ ਕਰਦੇ ਹੋਏ ਹਲਕਾ ਇੰਚਾਰਜ ਖੁਰਾਣਾ ਨੇ ਕਿਹਾ ਕਿ ਡਾ. ਵਸੀਮ ਅਹਿਮਦ ਖਾਨ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਹਲਕੇ ਵਿੱਚ ਜਥੇਬੰਦੀ ਹੋਰ ਮਜ਼ਬੂਤ ਹੋਵੇਗੀ ਤੇ ਸਮਾਜ ਦੇ ਹਰ ਵਰਗ ਨਾਲ ਪਾਰਟੀ ਦਾ ਸੰਬੰਧ ਹੋਰ ਨਿਖਰੇਗਾ। ਉਹਨਾਂ ਨੇ ਵੱਧ ਤੋਂ ਵੱਧ ਮੁਸਲਿਮ ਭਾਈਚਾਰੇ ਨੂੰ ਪਾਰਟੀ ਨਾਲ ਜੁੜਨ ਦਾ ਸੱਦਾ ਦਿੰਦੇ ਹੋਏ ਭਰੋਸਾ ਦਿੱਤਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਉਹਨਾਂ ਨੂੰ ਪੂਰਾ ਮਾਣ ਸਤਿਕਾਰ ਮਿਲੇਗਾ। ਉਹਨਾਂ ਨੇ ਸਮੂਹ ਮੁਸਲਿਮ ਭਾਈਚਾਰੇ ਨੂੰ ਈਦ-ਉਲ-ਫਿਤਰ ਦੀਆਂ ਸ਼ੁੱਭ ਇੱਛਾਵਾਂ ਵੀ ਦਿੱਤੀਆਂ। ਇਸ ਦੌਰਾਨ ਡਾ. ਵਸੀਮ ਅਹਿਮਦ ਖਾਨ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬਿਕਰਮ ਸਿੰਘ ਮਜੀਠੀਆ, ਦਲਜੀਤ ਸਿੰਘ ਚੀਮਾ, ਹਲਕਾ ਇੰਚਾਰਜ ਰਣਜੀਤ ਸਿੰਘ ਖੁਰਾਣਾ ਤੇ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਵਾਲੀਆਂ ਤੇ ਸਮੁੱਚੀ ਆਈ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਦੇ ਨਾਲ ਨਿਭਾਉਣਗੇ। ਅਗਲੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਹਲਕੇ ਵਿੱਚ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕਰਨਗੇ ਅਤੇ ਵੱਧ ਤੋਂ ਵੱਧ ਮੁਸਲਿਮ ਭਾਈਚਾਰੇ ਨੂੰ ਪੰਜਾਬ ਪੱਖੀ ਸੋਚ ਰੱਖਦੇ ਹੋਏ ਸ਼੍ਰੋਮਣੀ ਅਕਾਲੀ ਦਲ (ਬ) ਦੇ ਨਾਲ ਜੋੜਨਾ ਉਹਨਾਂ ਦੀ ਪ੍ਰਾਥਮਿਕਤਾ ਹੈ। ਇਸ ਮੌਕੇ ਅਵਤਾਰ ਸਿੰਘ ਭੁੰਗਰਨੀ, ਸਰੂਪ ਸਿੰਘ ਖਲਵਾੜਾ, ਬਲਜੀਤ ਸਿੰਘ ਵਾਲੀਆਂ, ਬਹਾਦਰ ਸਿੰਘ ਸੰਗਤਪੁਰ, ਸੁਖਬੀਰ ਸਿੰਘ ਕਿੰਨੜਾ, ਗੁਰਮੁਖ ਸਿੰਘ ਚਾਨਾ, ਝਿਰਮਲ ਸਿੰਘ ਭਿੰਡਰ, ਪਰਮਿੰਦਰ ਸਿੰਘ ਜੰਡੂ, ਸਰਬਜੀਤ ਸਿੰਘ ਕਾਕਾ, ਜਸਵਿੰਦਰ ਸਿੰਘ ਭਗਤਪੁਰਾ, ਗੁਰਸਿਮਰ ਸਿੰਘ ਅਤੇ ਅਕਾਸ਼ਦੀਪ ਸਿੰਘ ਪਾਹਵਾ ਤੋ ਇਲਾਵਾ ਹੋਰ ਵੀ ਹਾਜ਼ਰ ਸਨ।

# ਬੇਸਹਾਰਾ ਪਸ਼ੂ ਨੂੰ ਬਚਾਉਂਦੀ ਬਲੈਰੋ ਪਿੱਕਅੱਪ ਡਿਵਾਈਡਰ 'ਤੇ ਚੜ੍ਹੀ

**ਬਲਾਚੌਰ (ਜਸਵਿੰਦਰ ਬੈਂਸ)**-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਦੇ ਪਿੰਡ ਰੈਲਮਾਜਰਾ ਦੇ ਅੱਡੇ ਬਲੈਰੋ ਪਿੱਕਅਪ ਜੀਪ ਦਾ ਐਕਸੀਡੈਂਟ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਰਿੰਦਰ ਸ਼ਿੰਦਾ ਪ੍ਰਧਾਨ ਰੈਲਮਾਜਰਾ ਨੇ ਦੱਸਿਆ ਕਿ ਬਲੈਰੋ ਪਿੱਕਅਪ ਜੀਪ ਜਿਸ ਦਾ ਨੰਬਰ ਪੀ ਬੀ 65 ਬੀ ਏ 5140 ਜੋ ਬਲਾਚੌਰ ਸਾਇਡ ਤੋਂ ਰੋਪੜ੍ਹ ਸਾਇਡ ਜਾ ਰਹੀ ਜਦੋਂ ਇਹ ਜੀਪ ਰੈਲਮਾਜਰਾ ਦੇ ਅੱਡੇ ਦੇ ਕੋਲ ਪਹੁੰਚੀ ਤਾਂ ਅਚਾਨਕ ਇਸ ਜੀਪ ਅੱਗੇ ਬੇਸਹਾਰਾ ਪਸ਼ੂ ਆ ਗਿਆ ਜਿਸ ਨੂੰ ਬਚਾਉਣ ਲਈ ਡਰਾਈਵਰ ਨੇ ਬ੍ਰੇਕ ਮਾਰੀ ਤਾਂ ਜੀਪ ਦਾ ਸਤੁੰਲਨ ਵਿਗੜ ਗਿਆ ਜਿਸ ਕਾਰਣ ਜੀਪ ਬੈਕਾਬੂ ਹੋ ਕਿ ਡਿਵਾਈਡਰ ਤੇ ਜਾ ਚੜ੍ਹੀ ਅਤੇ ਰੇਲਿੰਗ ਨਾਲ ਜਾ ਟਕਰਾਈ ਜਿਸ ਨਾਲ ਕਾਫੀ ਦੂਰ ਤੱਕ ਰੇਲਿੰਗ ਟੁੱਟ ਗਈ ਅਤੇ ਜੀਪ ਦੇ ਡਰਾਈਵਰ ਦੇ ਮਾਮੂਲੀ ਸੱਟਾਂ ਵੱਜੀਆਂ ਅਤੇ ਗੱਡੀ ਬੁਰੀ ਤਰ੍ਹਾਂ ਨਾਲ ਨੁਕਸਾਨੀ ਗਈ ਤੇ ਜਾਨੀ ਨੁਕਸਾਨ ਦਾ ਬਚਾਅ ਹੋ ਗਿਆ।



# ਪਰਵਾਸੀ ਲੇਖਕ ਅਮਰਜੀਤ ਚਾਹਲ ਦਾ ਸਨਮਾਨ



**ਜਲੰਧਰ (ਕੇਸਰ)** -ਕਨੇਡਾ ਦੇ ਬ੍ਰਿਟਿਸ਼ ਕੋਲੰਬੀਆ ਦੇ ਸ਼ਹਿਰ ਐਬਟਸਫੋਰਡ ਨਿਵਾਸੀ ਪੰਜਾਬੀ ਗਲਪਕਾਰ ਅਮਰਜੀਤ ਚਾਹਲ ਆਪਣੀ ਭਾਰਤ ਫੇਰੀ ਦੌਰਾਨ ਗ਼ਦਰੀ ਬਾਬਿਆਂ ਨੂੰ ਸ਼ਰਧਾ ਭੇਟ ਕਰਨ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਪਧਾਰੇ। ਉਨ੍ਹਾਂ ਨੇ ਪਰਵਾਸੀ ਜੀਵਨ ਦੇ ਅਨੁਭਵ ਤੇ ਪਰਵਾਸੀ ਪੰਜਾਬੀਆਂ ਦੇ ਪੰਜਾਬ ਬਾਰੇ ਫ਼ਿਕਰ ਦਾ ਖੁੱਲ੍ਹ ਕੇ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਸੀਂ ਆਪਣੀ ਮਿੱਟੀ ਨਾਲ ਦਿਲ ਦੀਆਂ ਡੂੰਘਾਈਆਂ ਤੋਂ ਜੁੜੇ ਹੋਏ ਹਾਂ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਕਾ. ਗੁਰਮੀਤ, ਸਹਾਇਕ ਸਕੱਤਰ ਪ੍ਰੋ. ਡਾ. ਗੋਪਾਲ ਸਿੰਘ ਬੁੱਟਰ, ਟਰੱਸਟੀ ਕਾ. ਚਰੰਜੀਲਾਲ ਕੰਗਣੀਵਾਲ ਤੇ ਪੰਜ ਆਬ ਪ੍ਰਕਾਸ਼ਨ ਦੇ ਕੇਸਰ ਤੇ ਸ਼ੈਲੀ ਤੇਜਾ ਨੇ ਉਨ੍ਹਾਂ ਨੂੰ ਕਮੇਟੀ ਵੱਲੋਂ ਸਨਮਾਨਤ ਕੀਤਾ। ਇਸ ਮੌਕੇ ਕਾ. ਗੁਰਮੀਤ ਨੇ ਉਨ੍ਹਾਂ ਦੀ ਆਮਦ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਦੇ ਸਨੇਹ ਲਈ ਧੰਨਵਾਦ ਕੀਤਾ।

# 5994 ਤੇ 4161 ਅਧਿਆਪਕਾਂ ਨੂੰ ਦਿੱਤਾ ਜਾਵੇ ਬਦਲੀ ਦਾ ਸਪੈਸ਼ਲ ਮੌਕਾ : ਗੌਰਮਿੰਟ ਟੀਚਰਜ਼ ਯੂਨੀਅਨ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੌਰਮਿੰਟ ਟੀਚਰਜ਼ ਯੂਨੀਅਨ ਨੇ ਅਧਿਆਪਕਾਂ ਦੀ ਬਦਲੀ ਕਰਵਾਉਣ ਵਾਲਾ ਟਰਾਂਸਫਰ ਪੋਰਟਲ ਅਪ੍ਰੈਲ ਵਿੱਚ ਖੋਲ੍ਹਣ ਦੀ ਮੰਗ ਕੀਤੀ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੌਰਮਿੰਟ ਟੀਚਰਜ਼ ਯੂਨੀਅਨ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਜ਼ਿਲ੍ਹਾ ਆਗੂ ਪਰਮਜੀਤ ਕਾਤਿਬ ਨੇ ਕੀਤਾ। ਆਗੂਆਂ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਰਕਾਰ ਸਿੱਖਿਆ ਵਿਭਾਗ ਨੂੰ ਬਦਲੀ ਪ੍ਰਕਿਰਿਆ ਅਪ੍ਰੈਲ ਵਿੱਚ ਸ਼ੁਰੂ ਕਰਨ ਲਈ ਪੱਤਰ ਜਾਰੀ ਕਰੇ ਤਾਂ ਜੋ ਦੂਰ ਦੁਰਾਡੇ ਬੈਠੇ ਅਧਿਆਪਕ ਵੀ ਆਪਣੇ ਰਿਹਾਇਸ਼ ਦੇ ਨਜ਼ਦੀਕ ਵਾਲੇ ਸਕੂਲਾਂ ਵਿੱਚ ਬਦਲੀ ਕਰਵਾ ਕੇ ਮਾਨਸਿਕ ਪ੍ਰੇਸ਼ਾਨੀ ਤੋਂ ਮੁਕਤ ਹੋ ਕੇ ਵਿਦਿਆਰਥੀਆਂ ਨੂੰ ਪੜ੍ਹਾਉਣ ਅਤੇ 5994 ਈ.ਟੀ.ਟੀ ਅਧਿਆਪਕਾਂ ਅਤੇ 4161 ਮਾਸਟਰ ਕਾਡਰ ਅਧਿਆਪਕਾਂ ਨੂੰ ਬਦਲੀ ਦਾ ਸਪੈਸ਼ਲ ਮੌਕਾ ਦਿੱਤਾ ਜਾਵੇ।ਆਗੂਆਂ ਕਿਹਾ ਕਿ ਸਿੱਖਿਆ ਵਿਭਾਗ ਬਦਲੀ ਪ੍ਰਕਿਰਿਆ ਨੂੰ ਸਰਲ ਕਰਕੇ ਆਮ ਬਦਲੀਆਂ ਮੌਕੇ ਜ਼ਿਲ੍ਹੇ ਅੰਦਰ ਬਦਲੀਆਂ ਅਤੇ ਜ਼ਿਲ੍ਹੇ ਤੋਂ ਬਾਹਰ ਦੂਜੇ ਜ਼ਿਲ੍ਹਿਆਂ ਵਿੱਚ ਬਦਲੀ ਕਰਵਾਉਣ ਦੇ ਚਾਹਵਾਨ ਅਧਿਆਪਕਾਂ ਲਈ ਦੋ ਤੋਂ ਵੱਧ ਰਾਊਂਡ ਬਦਲੀ ਪ੍ਰਕਿਰਿਆ ਦੇ ਮੌਕੇ ਮੁਹੱਈਆ ਕਰਵਾਏ ਤਾਂ ਜੋ ਬਦਲੀ ਦੇ ਚਾਹਵਾਨ ਅਧਿਆਪਕਾਂ ਨੂੰ ਇਸ ਦਾ ਲਾਭ ਮਿਲ ਸਕੇ।ਇਸ ਮੌਕੇ ਨਰਿੰਦਰ ਅਜਨੋਹਾ, ਪਰਮਜੀਤ ਕਾਤਿਬ, ਮੱਖਣ ਸਿੰਘ, ਮਲਕੀਤ ਸਿੰਘ, ਉਂਕਾਰ ਸਿੰਘ, ਅਜੇ ਕੁਮਾਰ, ਅਮਰਜੀਤ ਸਿੰਘ, ਸਿਮਰਨ ਸਿੰਘ, ਜਤਿੰਦਰ ਕੁਮਾਰ, ਅਭਿਸ਼ੇਕ ਗਰਗ, ਨਰੇਸ਼ ਕੁਮਾਰ, ਸਤਗੁਰ ਸਿੰਘ, ਸਗਲੀ ਰਾਮ, ਸਤੱਪਾਲ ਸਿੰਘ, ਜੋਗਿੰਦਰ ਸਿੰਘ, ਦਵਿੰਦਰ ਸਿੰਘ, ਸੇਠੀ ਰਾਮ, ਹਰਮਨਪ੍ਰੀਤ ਸਿੰਘ, ਇੰਦਰਜੀਤ ਸਿੰਘ, ਬਲਵਿੰਦਰ ਰਾਮ, ਹਰਿੰਦਰ ਸਿੰਘ, ਚਮਨ ਲਾਲ, ਜੈਰਾਮ ਅਤੇ ਰਾਮ ਆਸਰਾ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਦੀ ਸ਼ਹਾਦਤ ਨੂੰ ਸਮਰਪਤ ਨੈਸ਼ਨਲ ਮੈਰਾਥਨ ਕਰਵਾਈ

**ਮਾਹਿਲਪੁਰ (ਸਫ਼ਰੀ)** -ਪੰਜਾਬ ਸਰਕਾਰ ਵਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦੀ ਮਹਾਨ ਸ਼ਹਾਦਤ ਨੂੰ ਸਮਰਪਿਤ ਨੈਸ਼ਨਲ ਮੈਰਾਥਨ ਸਥਾਨਕ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਹੋਈ ਜਿਸ ਵਿਚ ਹਰ ਵਰਗ ਦੇ ਵਿਅਕਤੀਆਂ ਵਲੋਂ ਵੱਧ ਚੜ੍ਹ ਕੇ ਹਿੱਸਾ ਲੈਂਦਿਆਂ ਨਸ਼ਿਆਂ ਵਿਰੁੱਧ ਲੋਕਾਂ ਨੂੰ ਜਾਗਰੂਕ ਅਤੇ ਲਾਮਬੰਦ ਕਰਨ ਦੇ ਨਾਲ-ਨਾਲ ਖੇਡਾਂ ਨੂੰ ਵੱਧ ਤੋਂ ਵੱਧ ਹੁਲਾਰਾ ਦੇਣ ਦਾ ਪ੍ਰਣ ਲਿਆ ਗਿਆ।ਸਵੇਰੇ 4 ਵਜੇ ਤੋਂ ਸ਼ੁਰੂ ਹੋਈ ਮੈਰਾਥਨ ਦੀ ਪ੍ਰਕਿਰਿਆ ਨਾਲ ਪਹਿਲੇ ਵਰਗ 42 ਕਿਲੋਮੀਟਰ ਲਈ ਦੌੜਾਕਾਂ ਨੂੰ 5 ਵਜੇ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਝੰਡੀ ਦੇ ਕੇ ਰਵਾਨਾ ਕਰਦਿਆਂ ਕਿਹਾ ਕਿ ਮੈਰਾਥਨ ਤੇ ਖੇਡਾਂ ਪ੍ਰਤੀ ਪੰਜਾਬੀਆਂ ਦੇ ਉਤਸ਼ਾਹ ਨੂੰ ਸਲਾਮ ਹੈ ਅਤੇ ਪੰਜਾਬੀਆਂ ਦੇ ਜਜ਼ਬੇ ਤੇ ਬਹਾਦਰੀ ਸਾਹਮਣੇ ਨਸ਼ਿਆਂ ਦੀ ਅਲਾਮਤ ਨੂੰ ਖਤਮ ਕਰਨਾ ਕੋਈ ਬਹੁਤ ਵੱਡੀ ਚੁਨੌਤੀ ਨਹੀਂ ਹੈ।

ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ 21 ਕਿਲੋਮੀਟਰ ਤੇ 10 ਕਿਲੋਮੀਟਰ ਵਰਗ ਲਈ ਦੌੜਾਕਾਂ ਨੂੰ ਝੰਡੀ ਦੇ ਕੇ ਰਵਾਨਾ ਕਰਨ ਮੌਕੇ ਕਿਹਾ ਕਿ ਨੌਜਵਾਨਾਂ ਦਾ ਮੈਰਾਥਨ ਪ੍ਰਤੀ ਉਤਸ਼ਾਹ ਕਾਬਿਲੇ ਤਾਰੀਫ਼ ਹੈ ਜਿਨ੍ਹਾਂ ਨੇ ਮਾਹਿਲਪੁਰ ਵਿਖੇ ਏਡੀ ਵੱਡੀ ਪਹਿਲਕਦਮੀ ਵਿਚ ਸ਼ਾਮਲ ਹੋ ਕੇ ਨਸ਼ਿਆਂ ਖਿਲਾਫ਼ ਸੰਦੇਸ਼ ਨੂੰ ਦੂਰ-ਦੁਰਾਡੇ ਤੱਕ ਪੁੱਜਦਾ ਕਰਨ ਦਾ ਸੰਕਲਪ ਲਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਉਪਰਾਲਾ ਕਰ ਰਹੀ ਹੈ ਜਿਸ ਦੇ ਸਿੱਟੇ ਵਜੋਂ ਪਿਛਲੇ ਚਾਰ ਸਾਲਾਂ ਦੌਰਾਨ ਨਸ਼ਿਆਂ ਵਿਰੁੱਧ ਵੱਡੀਆਂ ਕਾਰਵਾਈਆਂ ਨੂੰ ਅੰਜਾਮ ਦਿੱਤਾ ਗਿਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ 5 ਕਿਲੋਮੀਟਰ ਮੈਰਾਥਨ ਦੀ ਸ਼ੁਰੂਆਤ ਕਰਵਾਉਂਦਿਆਂ ਕਿਹਾ ਕਿ ਲੜਕਿਆਂ ਵਾਂਗ ਲੜਕੀਆਂ ਵਲੋਂ ਭਾਰੀ ਗਿਣਤੀ ਵਿਚ ਹਿੱਸਾ ਲੈਣਾ ਸਲਾਹੁਣਯੋਗ ਹੈ। ਡਾ. ਗੁਰਪ੍ਰੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖਾਤਮੇ ਲਈ ਹਰ ਸੰਭਵ ਮਦਦ ਲਈ ਵਚਨਬੱਧ ਹੈ ਅਤੇ ਖੇਡਾਂ ਦੇ ਖੇਤਰ ਵਿਚ ਵਿਸ਼ੇਸ਼ ਪਹਿਲਕਦਮੀਆਂ ਹੋ ਰਹੀਆਂ ਹਨ।

ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ ਦੇ ਭਤੀਜੇ ਕਿਰਨਜੀਤ ਸਿੰਘ ਸੰਧੂ, ਜੋ ਉਚੇਚੇ ਤੌਰ 'ਤੇ ਸਮਾਗਮ ਵਿਚ ਪਹੁੰਚੇ ਸਨ, ਨੇ ਕਿਹਾ ਕਿ ਪੰਜਾਬ ਸਰਕਾਰ ਦਾ ਨੌਜਵਾਨਾਂ ਨੂੰ ਸਿਹਤਮੰਦ ਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਇਹ ਬੇਹੱਦ ਸ਼ਲਾਘਾਯੋਗ ਉਪਰਾਲਾ ਹੈ। ਡਿਪਟੀ ਸਪੀਕਰ ਨੇ ਦੱਸਿਆ ਕਿ 42 ਕਿਲੋਮੀਟਰ ਲਈ 142 ਦੌੜਾਕਾਂ ਨੇ, 21 ਕਿਲੋਮੀਟਰ ਲਈ 350 ਵਿਅਕਤੀਆਂ ਨੇ, 10 ਕਿਲੋਮੀਟਰ ਲਈ 513 ਅਤੇ 5 ਕਿਲੋਮੀਟਰ ਲਈ ਵੱਖ-ਵੱਖ ਉਮਰ ਵਰਗ ਦੇ 2867 ਵਿਅਕਤੀਆਂ ਨੇ ਹਿੱਸਾ ਲਿਆ। ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੈਸ਼ਨਲ ਮੈਰਾਥਨ ਦੇ 42 ਕਿਲੋਮੀਟਰ ਵਰਗ ਵਿਚ ਪੁਰਸ਼ ਤੇ ਮਹਿਲਾ ਵਰਗ ਲਈ ਪਹਿਲਾ ਇਨਾਮ ਇਕ ਲੱਖ ਰੁਪਏ, ਦੂਜਾ ਇਨਾਮ 75 ਹਜ਼ਾਰ ਰੁਪਏ, ਤੀਸਰਾ ਇਨਾਮ 40 ਹਜ਼ਾਰ ਰੁਪਏ, ਚੌਥਾ ਇਨਾਮ 30 ਹਜ਼ਾਰ ਰੁਪਏ, ਪੰਜਵਾਂ ਇਨਾਮ 20 ਹਜ਼ਾਰ ਰੁਪਏ, ਛੇਵਾਂ ਇਨਾਮ 15 ਹਜ਼ਾਰ ਰੁਪਏ, ਸੱਤਵਾਂ ਇਨਾਮ 10 ਹਜ਼ਾਰ ਰੁਪਏ, ਅੱਠਵਾਂ ਇਨਾਮ 8 ਹਜ਼ਾਰ ਰੁਪਏ, ਨੌਵਾਂ ਇਨਾਮ 6 ਹਜ਼ਾਰ ਰੁਪਏ ਅਤੇ ਦਸਵਾਂ ਇਨਾਮ 5 ਹਜ਼ਾਰ ਰੁਪਏ ਪ੍ਰਤੀ ਜੇਤੂ ਤਕਸੀਮ ਕੀਤਾ ਗਿਆ। ਇਸੇ ਤਰ੍ਹਾਂ 21 ਕਿਲੋਮੀਟਰ ਲਈ 19 ਤੋਂ 30 ਸਾਲ, 31 ਤੋਂ 40 ਸਾਲ, 41 ਤੋਂ 50 ਸਾਲ, 51 ਤੋਂ 60 ਸਾਲ ਅਤੇ 60 ਸਾਲ ਤੋਂ ਵੱਧ ਉਮਰ ਦੇ ਪਹਿਲੇ ਤਿੰਨ ਜੇਤੂਆਂ ਲਈ ਕ੍ਰਮਵਾਰ 30 ਹਜ਼ਾਰ, 15 ਹਜ਼ਾਰ ਅਤੇ 10 ਹਜ਼ਾਰ ਰੁਪਏ ਦਾ ਇਨਾਮ ਰੱਖਿਆ ਗਿਆ ਸੀ। ਇਸੇ ਤਰ੍ਹਾਂ 10 ਕਿਲੋਮੀਟਰ ਵਰਗ ਲਈ 19 ਤੋਂ 30 ਸਾਲ, 31 ਤੋਂ 40 ਸਾਲ, 41 ਤੋਂ 50 ਸਾਲ, 51 ਤੋਂ 60 ਸਾਲ ਅਤੇ 60 ਸਾਲ ਤੋਂ ਵੱਧ ਉਮਰ ਦੇ ਪਹਿਲੇ ਤਿੰਨ ਜੇਤੂਆਂ ਲਈ ਕ੍ਰਮਵਾਰ 20 ਹਜ਼ਾਰ, 10 ਹਜ਼ਾਰ ਅਤੇ 5 ਹਜ਼ਾਰ ਰੁਪਏ ਇਨਾਮ ਵਜੋਂ ਤਕਸੀਮ ਕੀਤੇ ਗਏ। 5 ਕਿਲੋਮੀਟਰ ਵਾਲੇ ਵਰਗ ਵਿਚ ਪੁਰਸ਼ ਅਤੇ ਮਹਿਲਾ ਵਰਗ ਲਈ ਪਹਿਲਾ ਇਨਾਮ 5 ਹਜ਼ਾਰ ਰੁਪਏ, ਦੂਜਾ ਇਨਾਮ ਤਿੰਨ ਹਜ਼ਾਰ ਰੁਪਏ, ਤੀਸਰਾ ਇਨਾਮ ਦੋ ਹਜ਼ਾਰ ਰੁਪਏ, ਚੌਥਾ ਇਨਾਮ 1500 ਰੁਪਏ, ਪੰਜਵਾਂ ਇਨਾਮ ਇਕ ਹਜ਼ਾਰ ਰੁਪਏ, ਛੇਵਾਂ ਇਨਾਮ 900 ਰੁਪਏ, ਸੱਤਵਾਂ ਇਨਾਮ 800 ਰੁਪਏ, ਅੱਠਵਾਂ ਇਨਾਮ 700 ਰੁਪਏ, ਨੌਵਾਂ ਇਨਾਮ 600 ਰੁਪਏ ਅਤੇ ਦਸਵਾਂ ਇਨਾਮ 500 ਰੁਪਏ ਪ੍ਰਤੀ ਜੇਤੂ ਤਕਸੀਮ ਕੀਤਾ ਗਿਆ। ਦਿਵਿਆਂਗਜਨਾਂ ਲਈ ਇਕ ਕਿਲੋਮੀਟਰ ਵਰਗ ਵਿਚ ਪੁਰਸ਼ ਅਤੇ ਮਹਿਲਾਵਾਂ ਲਈ ਪਹਿਲਾ ਇਨਾਮ 5 ਹਜ਼ਾਰ ਰੁਪਏ, ਦੂਜਾ ਇਨਾਮ 3 ਹਜ਼ਾਰ ਰੁਪਏ, ਤੀਜਾ ਇਨਾਮ 2 ਹਜ਼ਾਰ ਰੁਪਏ, ਚੌਥਾ ਇਨਾਮ 1500 ਰੁਪਏ, ਪੰਜਵਾਂ ਅਤੇ ਛੇਵਾਂ ਇਨਾਮ 1000 ਰੁਪਏ ਪ੍ਰਤੀ ਜੇਤੂ ਨੂੰ ਤਕਸੀਮ ਕੀਤਾ ਗਿਆ।

